ਸ਼ੁੱਕਰਵਾਰ, 26 ਜੂਨ, 2026
12 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 25

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 26 JUNE, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਜਗਮਨ ਸਮਰਾ ਨੇ ਮਾਸਕ ਲਗਵਾ ਕੇ ਫੇਕ ਵੀਡੀਓ ਬਣਵਾਈ : ਮਾਨ

## 2016 ਤੋਂ ਬਾਅਦ ਕਦੇ ਕੈਨੇਡਾ ਨਹੀਂ ਗਿਆ; ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਦੁਬਾਰਾ ਭੇਜਾਂਗੇ ਵੀਡੀਓ

**ਮੁਹਾਲੀ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਇੱਥੇ ਪ੍ਰੈੱਸ ਕਾਨਫਰੰਸ ਦੌਰਾਨ ਇੱਕ ਵੀਡੀਓ ਜਨਤਕ ਕਰਕੇ ਖੁਲਾਸਾ ਕੀਤਾ ਕਿ ਉਨ੍ਹਾ ਖ਼ਿਲਾਫ਼ ਬਣਾਈ ਗਈ ਜਾਲ੍ਹੀ ਵੀਡੀਓ ਜਗਮਨ ਸਮਰਾ ਵੱਲੋਂ ਬਣਾਈ ਗਈ ਹੈ। ਉਨ੍ਹਾ ਕਿਹਾ ਕਿ ਵੀਡੀਓ ਵਿੱਚ ਜਿਸ ਵਿਅਕਤੀ ਕੋਲੋਂ ਮੇਰੀ ਭੂਮਿਕਾ ਨਿਭਾਈ ਗਈ ਹੈ, ਉਸ ਨੇ ਮਾਸਕ ਲਾਇਆ ਹੋਇਆ ਸੀ। ਉਨ੍ਹਾ ਇਸ ਮੌਕੇ ਕਾਰ ਵਿੱਚ ਬੈਠੇ ਜਗਮਨ ਸਮਰਾ ਦੀ ਇੱਕ ਵੀਡੀਓ ਵੀ ਜਨਤਕ ਕੀਤੀ ਤੇ ਜਿਸ ਵਿੱਚ ਵਿਖਾਇਆ ਗਿਆ ਕਿ ਜਗਮਨ ਸਮਰਾ ਵੱਲੋਂ ਮਾਸਕ ਦੀ ਡਲਿਵਰੀ ਹਾਸਲ ਕੀਤੀ ਗਈ ਹੈ ਅਤੇ ਮਾਸਕ ਨੂੰ ਆਪਣੇ ਹੱਥ ਉਤੇ ਚੜ੍ਹਾ ਕੇ ਹੋਟਲ ਵਿੱਚ ਲੈ ਕੇ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਹੋਟਲ ਦੇ ਕਮਰੇ ਵਿਚ ਗੁਰੂ ਸਾਹਿਬ ਦੀਆਂ ਤਸਵੀਰਾਂ ਨਹੀਂ ਹੁੰਦੀਆਂ। ਮੁੱਖ ਮੰਤਰੀ ਨੇ ਕਿਹਾ ਕਿ ਉਹ ਇਹ ਵੀਡੀਓ ਸ੍ਰੀ ਅਕਾਲ ਤਖਤ ਸਾਹਿਬ ਨੂੰ ਭੇਜਣਗੇ, ਤਾਂ ਕਿ ਇਸ ਸਾਰੇ ਮਾਮਲੇ ਦੀ ਜਾਂਚ ਕਰਾ ਕੇ ਸੱਚਾਈ ਸਾਹਮਣੇ ਆ ਸਕੇ। ਉਨ੍ਹਾ ਕਿਹਾ ਕਿ ਕਿਸੇ ਦੇ ਵੀ ਚਿਹਰੇ ਦਾ ਮਾਸਕ ਬਣ ਜਾਂਦਾ ਹੈ, ਪਰ ਮਾਸਕ ਵਿੱਚ ਅੱਖਾਂ ਨਹੀਂ ਬਣਦੀਆਂ ਇਸੇ ਕਰਕੇ ਜਾਲ੍ਹੀ ਵੀਡੀਓ ਵਿੱਚ ਅੱਖਾਂ ਉੱਤੇ ਐਨਕ ਲਾਈ ਹੋਈ ਹੈ। ਉਹਨਾ ਕਿਹਾ ਕਿ ਸੰਬੰਧਤ ਵੀਡੀਓ ਵਿੱਚ ਉਨ੍ਹਾ ਦੀ ਠੋਡੀ ਸਾਫ਼ ਹੈ, ਜਦੋਂ ਕਿ ਉਨ੍ਹਾਂ ਦੇ ਪੰਜ ਸਾਲ ਦੀ ਉਮਰ ਤੋਂ ਇੱਕ ਨਿਸ਼ਾਨ ਬਣਿਆ ਹੋਇਆ ਹੈ। ਇਸੇ ਤਰ੍ਹਾਂ ਸੰਬੰਧਤ ਵਿਅਕਤੀ ਦਾ ਕੱਦ ਵੀ ਉਹਨਾ ਤੋਂ ਦੋ ਫੁੱਟ ਉੱਚਾ ਹੈ। ਮਾਨ ਨੇ ਨਾਨਕ ਨਾਮ ਲੇਵਾ ਨੂੰ ਅਪੀਲ ਕੀਤੀ ਕਿ ਇਹ ਸਾਰੀ ਸਾਜ਼ਿਸ਼ ਉਨ੍ਹਾ ਨੂੰ ਧਾਰਮਿਕ ਤੌਰ 'ਤੇ ਬਦਨਾਮ ਕਰਨ ਲਈ ਰਚੀ ਗਈ ਹੈ, ਕਿਉਂਕਿ ਸਿਆਸੀ ਤੌਰ 'ਤੇ ਵਿਰੋਧੀ ਪਾਰਟੀਆਂ ਕੋਲ ਕਹਿਣ ਨੂੰ ਕੁਝ ਵੀ ਨਹੀਂ। ਮੁੱਖ ਮੰਤਰੀ ਨੇ ਕਿਹਾ ਕਿ ਵੀਡੀਓ 2018-19 ਦੀ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਹੈ, ਜਦੋਂ ਕਿ ਉਹ ਤਾਂ 2016 ਤੋਂ ਬਾਅਦ ਕਦੇ ਕੈਨੇਡਾ ਹੀ ਨਹੀਂ ਗਏ।





ਜਗਮਨ ਸਮਰਾ

ਮੁੱਖ ਮੰਤਰੀ ਨੇ ਕਿਹਾ ਕਿ ਵੀਡੀਓ ਕਿਸ ਦੇ ਕਹਿਣ 'ਤੇ ਬਣਾਈ ਗਈ, ਇਸ ਦਾ ਪ੍ਰੋਡਿਊਸਰ ਅਤੇ ਡਾਇਰੈਕਟਰ ਕੌਣ ਹੈ, ਇਸ ਦਾ ਵੀ ਜਲਦੀ ਹੀ ਖੁਲਾਸਾ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਜਗਮਨ ਸਮਰਾ ਉਨ੍ਹਾ ਦਾ ਕਦੇ ਦੋਸਤ ਨਹੀਂ ਰਿਹਾ, ਸਿਰਫ਼ ਇੱਕ ਵਾਰ ਜਦੋਂ ਉਹ ਪੀ ਪੀ ਪੀ ਵਿੱਚ ਸਨ, ਉਦੋਂ ਉਹਨਾ ਨੂੰ ਉਹ ਮਿਲੇ ਸਨ। ਉਨ੍ਹਾ ਕਿਹਾ ਕਿ ਉਹ ਬਲੈਕਮੇਲਰ ਹੈ ਅਤੇ ਉਹਨਾ ਖਿਲਾਫ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਵੱਲੋਂ ਬਣਾਏ ਗਏ ਸਾਂਝੇ ਮੋਰਚੇ ਵੱਲੋਂ ਹੀ ਇਹ ਵੀਡੀਓ ਬਣਵਾਈ ਹੋ ਸਕਦੀ ਹੈ।

ਮੁੱਖ ਮੰਤਰੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਸਵਾਲ ਚੁੱਕਦਿਆਂ ਪੁੱਛਿਆ ਕਿ ਜਦੋਂ ਦੋ ਦਸੰਬਰ ਨੂੰ ਸੁਖਬੀਰ ਸਿੰਘ ਬਾਦਲ ਨੇ ਆਪਣੇ ਗੁਨਾਹ ਕਬੂਲ ਕੀਤੇ ਸਨ ਅਤੇ ਉਹਨਾ ਨੂੰ ਤਨਖਾਹੀਆ ਕਰਾਰ ਦਿੱਤਾ ਗਿਆ ਸੀ ਤਾਂ ਸੁਖਬੀਰ ਬਾਦਲ ਤੇ ਉਨ੍ਹਾ ਦੇ ਸਾਥੀਆਂ ਦੇ ਬਾਈਕਾਟ ਕਰਨ ਦੇ ਗੁਰਦੁਆਰਿਆਂ ਦੇ ਬਾਹਰ ਬੋਰਡ ਕਿਉਂ ਨਹੀਂ ਲਗਵਾਏ ਗਏ, ਜਿਹੋ ਜਿਹੇ ਬੋਰਡ ਹੁਣ ਮੁੱਖ ਮੰਤਰੀ ਭਗਵੰਤ ਮਾਨ ਦਾ ਬਾਈਕਾਟ ਕਰਨ ਦੇ ਲਗਵਾਏ ਜਾ ਰਹੇ ਹਨ। ਉਨ੍ਹਾ ਕਾਂਗਰਸ ਵੱਲੋਂ ਮੁੱਖ ਮੰਤਰੀ ਦਾ ਬਾਈਕਾਟ ਕਰਨ ਦੇ ਬਿਆਨ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜਿਹੜੀ ਕਾਂਗਰਸ ਨੇ ਖੁਦ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਾਹਿਆ ਹੋਵੇ, ਤਖਤ ਉੱਤੇ ਤੋਪਾਂ ਚਲਾਈਆਂ ਹੋਣ, ਉਹ ਕਾਂਗਰਸ ਅੱਜ ਅਕਾਲ ਤਖਤ ਸਾਹਿਬ ਦੀ ਮਰਿਆਦਾ ਦੀ ਗੱਲ ਕਰੇ, ਇਹ ਗੱਲ ਸਮਝ ਤੋਂ ਬਾਹਰ ਹੈ। ਅਕਾਲੀ ਦਲ ਖੁਦ ਬੇਅਦਬੀ ਦਾ ਦੋਸ਼ੀ ਹੈ ਅਤੇ ਸਿੱਖ ਨੌਜਵਾਨਾਂ 'ਤੇ ਗੋਲੀਆਂ ਚਲਾਉਂਦਾ ਰਿਹਾ ਹੈ ਤੇ ਉਹ ਕਿਵੇਂ ਉਹਨਾ ਨੂੰ ਗਲਤ ਠਹਿਰਾ ਸਕਦਾ ਹੈ।

ਉਨ੍ਹਾ ਭਾਜਪਾ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਜਿਹੜੀ ਭਾਜਪਾ ਨੇ ਇੰਦਰਾ ਗਾਂਧੀ ਨੂੰ ਹਰਿਮੰਦਰ ਸਾਹਿਬ ਅਤੇ ਅਕਾਲ ਤਖਤ ਸਾਹਿਬ 'ਤੇ ਅਟੈਕ ਕਰਨ ਦੀ ਸਲਾਹ ਦਿੱਤੀ ਸੀ, ਉਹ ਭਾਜਪਾ ਹੁਣ ਸ੍ਰੀ ਅਕਾਲ ਤਖਤ ਦੀਆਂ ਗੱਲਾਂ ਕਿਵੇਂ ਕਰ ਸਕਦੀ ਹੈ। ਉਨ੍ਹਾ ਕਿਹਾ ਕਿ ਦਰਅਸਲ ਸਾਰੀਆਂ ਪਾਰਟੀਆਂ ਉਨ੍ਹਾ ਵੱਲੋਂ ਕੀਤੇ ਜਾ ਰਹੇ ਸਮਾਜਿਕ, ਆਰਥਕ ਅਤੇ ਧਾਰਮਕ ਕੰਮਾਂ ਤੋਂ ਪਰੇਸ਼ਾਨ ਹਨ। ਉਨ੍ਹਾਂ ਨੂੰ ਕੋਈ ਪੰਜਾਬੀ ਮੂੰਹ ਨਹੀਂ ਲਾ ਰਿਹਾ, ਜਿਸ ਕਾਰਨ ਉਹ ਉਹਨਾ ਨੂੰ ਬਦਨਾਮ ਕਰਨ ਲਈ ਅਜਿਹੀਆਂ ਸਾਜਿਸ਼ਾਂ ਰਚ ਰਹੇ ਹਨ। ਉਨ੍ਹਾ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਸਿਰ ਝੁਕਾਉਂਦੇ ਹਨ ਤੇ ਉਸ ਦੀ ਸਰਵਉਚਤਾ ਪ੍ਰਵਾਨ ਕਰਦੇ ਹਨ ਅਤੇ ਜੇਕਰ ਅਕਾਲ ਤਖਤ

• ਬਾਕੀ ਸਫਾ 2 'ਤੇ

# ਵੈਨੇਜ਼ੁਏਲਾ 'ਚ ਭੂਚਾਲ ਨਾਲ 164 ਮੌਤਾਂ, 700 ਤੋਂ ਵੱਧ ਜ਼ਖ਼ਮੀ

**ਕਾਰਾਕਸ** : ਵੈਨੇਜ਼ੁਏਲਾ ਵਿੱਚ ਆਏ 7.2 ਅਤੇ 7.5 ਤੀਬਰਤਾ ਦੇ ਲਗਾਤਾਰ ਦੋ ਸ਼ਕਤੀਸ਼ਾਲੀ ਭੂਚਾਲਾਂ ਨੇ ਭਾਰੀ ਤਬਾਹੀ ਮਚਾਈ ਹੈ। ਵੀਰਵਾਰ ਸਵੇਰੇ ਕਾਰਜਕਾਰੀ ਰਾਸ਼ਟਰਪਤੀ ਡੇਲਸੀ ਰੋਡਰਿਗਜ਼ ਨੇ ਜਾਣਕਾਰੀ ਦਿੱਤੀ ਕਿ ਇਸ ਕੁਦਰਤੀ ਆਫ਼ਤ ਵਿੱਚ 164 ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ 700 ਤੋਂ ਵੱਧ ਲੋਕ ਜ਼ਖ਼ਮੀ ਹਨ। ਉਨ੍ਹਾਂ ਕਿਹਾ ਕਿ ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ। ਸਭ ਤੋਂ ਵੱਧ ਪ੍ਰਭਾਵਿਤ ਰਾਜ 'ਲਾ ਗੁਆਇਰਾ' ਦੱਸਿਆ ਜਾ ਰਿਹਾ ਹੈ, ਜਿੱਥੇ ਦਰਜਨਾਂ ਇਮਾਰਤਾਂ ਢਹਿ-ਢੇਰੀ ਹੋ ਗਈਆਂ ਹਨ। ਅਮਰੀਕੀ ਭੂ-ਵਿਗਿਆਨ ਸਰਵੇਖਣ ਅਨੁਸਾਰ ਪਹਿਲਾ 7.2 ਤੀਬਰਤਾ ਦਾ ਭੂਚਾਲ ਕੈਰੇਬੀਅਨ ਤੱਟ 'ਤੇ ਮੋਰੋਨ ਸ਼ਹਿਰ ਤੋਂ ਪੱਛਮ ਵੱਲ 22 ਕਿਲੋਮੀਟਰ ਦੀ ਡੂੰਘਾਈ 'ਤੇ ਆਇਆ। ਇਸ ਦੇ ਇੱਕ ਮਿੰਟ ਬਾਅਦ ਹੀ 10 ਕਿਲੋਮੀਟਰ ਦੀ ਡੂੰਘਾਈ 'ਤੇ 7.5 ਤੀਬਰਤਾ ਦਾ ਦੂਜਾ ਵੱਡਾ ਝਟਕਾ ਮਹਿਸੂਸ ਕੀਤਾ ਗਿਆ। ਇਹ ਇੱਕ ਸਦੀ ਵਿੱਚ ਵੈਨੇਜ਼ੁਏਲਾ ਵਿੱਚ ਆਏ ਸਭ ਤੋਂ ਭਿਆਨਕ ਭੂਚਾਲ ਮੰਨੇ ਜਾ ਰਹੇ ਹਨ। ਝਟਕੇ ਇੰਨੇ ਤੇਜ਼ ਸਨ ਕਿ ਬ੍ਰਾਜ਼ੀਲ ਦੇ ਐਮਾਜ਼ਾਨ ਖੇਤਰ ਤੱਕ ਇਮਾਰਤਾਂ ਖਾਲੀ ਕਰਵਾਉਣੀਆਂ ਪਈਆਂ। ਭੂਚਾਲ ਤੋਂ ਬਾਅਦ ਕਾਰਾਕਸ ਦੀਆਂ ਸੜਕਾਂ 'ਤੇ ਲੋਕ ਸਹਿਮੇ ਹੋਏ ਨਜ਼ਰ ਆਏ। ਇਮਾਰਤਾਂ ਦੀਆਂ ਕੰਧਾਂ ਡਿੱਗਣ ਕਾਰਨ ਮਲਬੇ ਅਤੇ ਟੁੱਟੇ ਖੰਭਿਆਂ ਨੇ ਸੜਕਾਂ ਜਾਮ ਕਰ ਦਿੱਤੀਆਂ ਹਨ, ਜਦ ਕਿ ਕਈ ਇਲਾਕਿਆਂ ਵਿੱਚ ਬਿਜਲੀ ਅਤੇ ਮੋਬਾਈਲ ਸੇਵਾਵਾਂ ਠੱਪ ਹੋ ਗਈਆਂ ਹਨ। ਗ੍ਰਿਹ ਮੰਤਰੀ ਡਿਓਸਦਾਡੋ ਕੈਬੇਲੋ ਨੇ ਲੋਕਾਂ ਨੂੰ ਚੌਕਸ ਰਹਿਣ ਅਤੇ ਐਮਰਜੈਂਸੀ ਵਾਹਨਾਂ ਨੂੰ ਰਾਹ ਦੇਣ ਦੀ ਅਪੀਲ ਕੀਤੀ ਹੈ।



ਵਿਰੋਧੀ ਧਿਰ ਦੀ ਨੇਤਾ ਮਾਰੀਆ ਕੋਰੀਨਾ ਮਾਚਾਡੋ ਨੇ ਦੁੱਖ ਪ੍ਰਗਟ ਕਰਦਿਆਂ ਲੋਕਾਂ ਨੂੰ ਇੱਕਜੁੱਟ ਰਹਿਣ ਦਾ ਸੱਦਾ ਦਿੱਤਾ ਹੈ। ਇਸ ਤੋਂ ਇਲਾਵਾ, ਅਲ ਸਲਵਾਡੋਰ ਦੇ ਰਾਸ਼ਟਰਪਤੀ ਨਾਇਬ ਬੁਕੇਲੇ ਅਤੇ ਅਮਰੀਕੀ ਸੰਸਦ ਮੈਂਬਰ ਮਾਰੀਆ ਐਲਵੀਰਾ ਸਲਾਜ਼ਾਰ ਨੇ ਵੀ ਵੈਨੇਜ਼ੁਏਲਾ ਦੇ ਲੋਕਾਂ ਨਾਲ ਹਮਦਰਦੀ ਪ੍ਰਗਟਾਈ ਹੈ। ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਵੈਨੇਜ਼ੁਏਲਾ ਨੂੰ ਹਰ ਸੰਭਵ ਮਦਦ ਦੀ ਪੇਸ਼ਕਸ਼ ਕੀਤੀ ਹੈ। ਭੂਚਾਲ ਦੇ ਝਟਕੇ ਕੋਲੰਬੀਆ ਵਿੱਚ ਵੀ ਮਹਿਸੂਸ ਕੀਤੇ ਗਏ, ਪਰ ਉੱਥੇ ਕਿਸੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ। ਅਮਰੀਕੀ ਪੈਸੀਫਿਕ ਸੁਨਾਮੀ ਚੇਤਾਵਨੀ ਕੇਂਦਰ ਨੇ ਵਰਜਿਨ ਆਈਲੈਂਡਜ਼ ਅਤੇ ਡੋਮਿਨਿਕਨ ਰੀਪਬਲਿਕ ਲਈ ਸੁਨਾਮੀ ਦੀ ਚੇਤਾਵਨੀ ਜਾਰੀ ਕੀਤੀ ਹੈ।

# ਪਾਸਪੋਰਟ ਨਿਯਮਾਂ 'ਚ ਸੋਧ, ਫੀਸਾਂ 'ਚ ਵਾਧਾ

**ਨਵੀਂ ਦਿੱਲੀ** : ਭਾਰਤੀ ਪਾਸਪੋਰਟ ਬਣਵਾਉਣ ਵਾਲਿਆਂ ਨੂੰ 1 ਜੁਲਾਈ 2026 ਤੋਂ ਨਵੇਂ ਫ਼ੀਸ ਢਾਂਚੇ ਅਨੁਸਾਰ ਫ਼ੀਸ ਅਦਾ ਕਰਨੀ ਪਵੇਗੀ। ਵਿਦੇਸ਼ ਮੰਤਰਾਲੇ ਨੇ ਪਾਸਪੋਰਟ ਨਿਯਮਾਂ ਵਿੱਚ ਸੋਧ ਕਰਦੇ ਹੋਏ ਨਵੀਂ ਅਧਿਸੂਚਨਾ ਜਾਰੀ ਕੀਤੀ ਹੈ। ਪਾਸਪੋਰਟ (ਸੋਧ) ਨਿਯਮ, 2026 ਤਹਿਤ ਪਾਸਪੋਰਟ ਨਿਯਮ, 1980 ਦੀ ਸੂਚੀ-4 ਨੂੰ ਬਦਲ ਕੇ ਨਵਾਂ ਅਤੇ ਵਿਸਥਾਰਤ ਫ਼ੀਸ ਢਾਂਚਾ ਲਾਗੂ ਕੀਤਾ ਗਿਆ ਹੈ। ਇਸ ਵਿੱਚ ਵੱਖ-ਵੱਖ ਸ਼੍ਰੇਣੀਆਂ ਦੇ ਬਿਨੈਕਾਰਾਂ, ਯਾਤਰਾ ਦਸਤਾਵੇਜ਼ਾਂ ਅਤੇ ਹੋਰ ਪਾਸਪੋਰਟ ਸੇਵਾਵਾਂ ਲਈ ਨਵੀਆਂ ਦਰਾਂ ਨਿਰਧਾਰਤ ਕੀਤੀਆਂ ਗਈਆਂ ਹਨ। ਨਵੇਂ ਨਿਯਮਾਂ ਅਨੁਸਾਰ 8 ਸਾਲ ਤੱਕ ਦੀ ਉਮਰ ਦੇ ਬੱਚਿਆਂ ਅਤੇ 60 ਸਾਲ ਤੋਂ ਵੱਧ ਉਮਰ ਦੇ ਸੀਨੀਅਰ ਸਿਟੀਜ਼ਨ ਨੂੰ ਨਵੇਂ ਪਾਸਪੋਰਟ ਬਣਵਾਉਣ ਲਈ ਅਪਲਾਈ ਕਰਨ 'ਤੇ 10 ਫ਼ੀਸਦੀ ਫ਼ੀਸ ਛੋਟ ਦਿੱਤੀ ਜਾਵੇਗੀ। ਇਹ ਛੋਟ ਸਿਰਫ਼ ਭਾਰਤ ਦੇ ਅੰਦਰ ਦਿੱਤੀਆਂ ਜਾਣ ਵਾਲੀਆਂ ਨਵੀਆਂ ਅਰਜ਼ੀਆਂ 'ਤੇ ਹੀ ਲਾਗੂ ਹੋਵੇਗੀ। ਪਾਸਪੋਰਟ ਦੀ ਰਿ-ਇਸ਼ੂ ਜਾਂ ਨਵੀਨੀਕਰਨ ਅਰਜ਼ੀ 'ਤੇ ਇਹ ਰਿਆਇਤ ਨਹੀਂ ਮਿਲੇਗੀ। ਸਰਕਾਰ ਦਾ ਮੰਨਣਾ ਹੈ ਕਿ ਪਹਿਲੀ ਵਾਰ ਆਪਣੇ ਬੱਚਿਆਂ ਲਈ ਪਾਸਪੋਰਟ ਬਣਵਾਉਣ ਵਾਲੇ ਪਰਿਵਾਰਾਂ ਅਤੇ ਪਹਿਲੀ ਵਾਰ ਪਾਸਪੋਰਟ ਲਈ ਅਰਜ਼ੀ ਦੇਣ ਵਾਲੇ ਬਜ਼ੁਰਗਾਂ ਨੂੰ ਇਸ ਨਾਲ ਆਰਥਿਕ ਰਾਹਤ ਮਿਲੇਗੀ। 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਬਿਨੈਕਾਰਾਂ ਅਤੇ ਬਾਲਗ ਸ਼੍ਰੇਣੀ ਵਿੱਚ ਅਰਜ਼ੀ ਦੇਣ ਵਾਲੇ 15 ਤੋਂ 18 ਸਾਲ ਦੇ ਨਾਬਾਲਗਾਂ ਲਈ 36 ਸਫ਼ਿਆਂ ਵਾਲੇ ਨਵੇਂ ਜਾਂ ਰਿ-ਇਸ਼ੂ ਪਾਸਪੋਰਟ ਦੀ ਫ਼ੀਸ ਭਾਰਤ ਵਿੱਚ ਨਾਰਮਲ ਸ਼੍ਰੇਣੀ ਅਧੀਨ 2,500 ਰੁਪਏ ਅਤੇ ਤਤਕਾਲ ਸ਼੍ਰੇਣੀ ਅਧੀਨ 5,000 ਰੁਪਏ ਹੋਵੇਗੀ। ਵਿਦੇਸ਼ ਵਿੱਚ ਰਹਿਣ ਵਾਲੇ ਭਾਰਤੀ ਬਿਨੈਕਾਰਾਂ ਲਈ ਇਹ ਫ਼ੀਸ ਕ੍ਰਮਵਾਰ 125 ਅਮਰੀਕੀ ਡਾਲਰ ਅਤੇ 250 ਅਮਰੀਕੀ ਡਾਲਰ ਹੋਵੇਗੀ। 60 ਸਫ਼ਿਆਂ ਵਾਲੇ ਪਾਸਪੋਰਟ ਲਈ ਨਾਰਮਲ ਸ਼੍ਰੇਣੀ ਵਿੱਚ 3,500 ਰੁਪਏ ਅਤੇ ਤਤਕਾਲ ਸ਼੍ਰੇਣੀ ਵਿੱਚ 6,000 ਰੁਪਏ ਦੇਣੇ ਪੈਣਗੇ। ਵਿਦੇਸ਼ਾਂ ਵਿੱਚ ਇਹ ਫ਼ੀਸ ਕ੍ਰਮਵਾਰ 175 ਡਾਲਰ ਅਤੇ 300 ਡਾਲਰ ਹੋਵੇਗੀ। 36 ਸੁਫਿਆਂ ਵਾਲਾ ਪਾਸਪੋਰਟ ਗੁੰਮ ਜਾਂ ਖ਼ਰਾਬ ਹੋਣ ਦੀ ਸਥਿਤੀ ਵਿੱਚ ਉਸ ਦੇ ਮੁੜ ਬਣਵਾਉਣ ਲਈ ਭਾਰਤ ਵਿੱਚ ਨਾਰਮਲ ਸ਼੍ਰੇਣੀ ਹੇਠ 5,000 ਰੁਪਏ ਅਤੇ





• ਬਾਕੀ ਸਫਾ 2 'ਤੇ

## 5 ਕਿੱਲੋ ਹੈਰੋਇਨ ਸਣੇ 7 ਗ੍ਰਿਫਤਾਰ

**ਅੰਮ੍ਰਿਤਸਰ** : ਕਮਿਸ਼ਨਰੇਟ ਪੁਲਸ ਨੇ ਇੱਕ ਕੇਂਦਰੀ ਏਜੰਸੀ ਨਾਲ ਸਾਂਝੇ ਅਪਰੇਸ਼ਨ ਵਿੱਚ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ, ਨਸ਼ੀਲੇ ਪਦਾਰਥਾਂ ਅਤੇ ਹਵਾਲਾ ਨੈੱਟਵਰਕ ਦਾ ਪਰਦਾਫਾਸ਼ ਕੀਤਾ। ਜਿਸ ਤਹਿਤ ਇੱਕ ਅਫਗਾਨ ਨਾਗਰਿਕ ਅਤੇ ਇੱਕ ਨਾਬਾਲਗ ਸਮੇਤ 7 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ। ਇਨ੍ਹਾਂ ਦੇ ਕੋਲੋਂ 10 ਆਧੁਨਿਕ ਹਥਿਆਰ ਬਰਾਮਦ ਕੀਤੇ ਹਨ, ਜਿਨ੍ਹਾਂ ਵਿੱਚ ਦੋ ਸਬ-ਮਸ਼ੀਨ ਗੰਨ ਸ਼ਾਮਲ ਹਨ। ਇਸ ਤੋਂ ਇਲਾਵਾ 5.048 ਕਿਲੋਗ੍ਰਾਮ ਹੈਰੋਇਨ ਅਤੇ 30.38 ਲੱਖ ਰੁਪਏ ਹਵਾਲਾ ਮਨੀ ਸ਼ਾਮਲ ਹੈ। ਇਸ ਦਾ ਖੁਲਾਸਾ ਡੀ ਜੀ ਪੀ ਗੌਰਵ ਯਾਦਵ ਨੇ ਕੀਤਾ ਹੈ। ਆਪਣੇ ਸੋਸ਼ਲ ਮੀਡੀਆ ਖਾਤੇ ਐਕਸ ਵਿੱਚ ਇਸ ਬਾਰੇ ਜਾਣਕਾਰੀ ਦਿੰਦਿਆਂ ਉਹਨਾਂ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਕਥਿਤ ਤੌਰ 'ਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਵਿਦੇਸ਼ੀ-ਅਧਾਰਤ ਹੈਂਡਲਰਾਂ ਨਾਲ ਜੁੜੇ ਹੋਏ ਸਨ।

## ਕੈਨੇਡਾ 'ਚ ਭਾਰਤੀ ਦਾਲ-ਰੋਟੀ ਰੈਸਟੋਰੈਂਟ ਦੇ ਬਾਹਰ ਫਾਇਰਿੰਗ

**ਬਰੈਂਪਟਨ** : ਕੈਨੇਡਾ ਦੇ ਸ਼ਹਿਰ ਬਰੈਂਪਟਨ ਵਿੱਚ ਇਕ ਭਾਰਤੀ ਰੈਸਟੋਰੈਂਟ ਦੇ ਬਾਹਰ ਫਾਇਰਿੰਗ ਦੀ ਇੱਕ ਹੋਰ ਘਟਨਾ ਸਾਹਮਣੇ ਆਈ ਹੈ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਇਕ ਪੋਸਟ ਵਿੱਚ ਇਸ ਹਮਲੇ ਦੀ ਜ਼ਿੰਮੇਵਾਰੀ ਲੈਂਦਿਆਂ ਆਪਣੇ ਆਪ ਨੂੰ "ਰਾਜਾ ਪਹਿਲਵਾਨ" ਦੱਸਣ ਵਾਲੇ ਵਿਅਕਤੀ ਨੇ ਦਾਅਵਾ ਕੀਤਾ ਕਿ ਉਸ ਨੇ ਅਤੇ ਉਸ ਦੇ ਸਾਥੀ ਨੇ 'ਦਾਲ ਰੋਟੀ ਰੈਸਟੋਰੈਂਟ' ਦੇ ਬਾਹਰ ਗੋਲੀਆਂ ਚਲਾਈਆਂ। ਪੋਸਟ ਅਨੁਸਾਰ ਇਹ ਹਮਲਾ ਰੈਸਟੋਰੈਂਟ ਮਾਲਕ ਨੂੰ ਚਿਤਾਵਨੀ ਦੇਣ ਲਈ ਕੀਤਾ ਗਿਆ ਹੈ। ਦੋਸ਼ ਲਾਇਆ ਗਿਆ ਕਿ ਉੱਥੇ ਕੰਮ ਕਰਨ ਵਾਲੇ ਕੁੱਝ ਵਿਦਿਆਰਥੀਆਂ ਨੂੰ ਤਨਖ਼ਾਹ ਨਹੀਂ ਦਿੱਤੀ ਗਈ ਅਤੇ ਗੱਲਬਾਤ ਰਾਹੀਂ ਮਾਮਲਾ ਹੱਲ ਕਰਨ ਦੀਆਂ ਕੋਸ਼ਿਸ਼ਾਂ ਵੀ ਨਾਕਾਮ ਰਹੀਆਂ। ਪੁਲਸ ਨੂੰ ਸ਼ੱਕ ਹੈ ਕਿ ਇਸ ਘਟਨਾ ਦੇ ਤਾਰ ਗੈਂਗਸਟਰ ਰੋਹਿਤ ਗੋਦਾਰਾ ਅਤੇ ਗੋਲਡੀ ਬਰਾੜ ਦੇ ਗਰੋਹ ਨਾਲ ਜੁੜੇ ਹੋ ਸਕਦੇ ਹਨ।

## ਮੰਦਰ 'ਚ ਚੋਰੀ

**ਮੋਹਾਲੀ** : ਮੋਹਾਲੀ ਦੇ ਹਲਕਾ ਖਰੜ ਸਥਿਤ ਸੰਨੀ ਇਨਕਲੇਵ ਵਿਚ ਪੈਂਦੇ ਪਿੰਡ ਫਤਿਹ ਉਲਾਪੁਰ ਸਥਿਤ ਮੰਦਰ ਵਿਚ ਚੋਰ ਵਲੋਂ ਅੰਦਰ ਵੜ ਕੇ ਦੇਰ ਰਾਤ ਗੋਲਕ ਦੇ ਤਾਲੇ ਤੋੜ ਕੇ ਚੋਰੀ ਦੀ ਘਟਨਾ ਨੂੰ ਅੰਜਾਮ ਦਿੱਤਾ ਗਿਆ। ਇਹ ਸਾਰੀ ਘਟਨਾ ਸੀ.ਸੀ.ਟੀ.ਵੀ.ਕੈਮਰਿਆਂ ਵਿਚ ਕੈਦ ਹੋ ਗਈ ਹੈ।

# ਕੈਨੇਡਾ 'ਚ ਕਰੋੜਾਂ ਦੀ ਨਕਦੀ, ਹਥਿਆਰ ਤੇ ਨਸ਼ੇ ਬਰਾਮਦ

**ਵੈਨਕੂਵਰ** : ਬ੍ਰਿਟਿਸ਼ ਕੋਲੰਬੀਆ 'ਚ ਪੁਲਸ ਬਲਾਂ ਦੀ ਸਾਂਝੀ ਐਕਸ਼ਨ ਟੀਮ ਨੇ ਲੰਬੀ ਜਾਂਚ ਤੋਂ ਬਾਅਦ ਨਸ਼ਾ ਤਸਕਰੀ ਦੇ ਵੱਡੇ ਮਾਮਲੇ ਦੀ ਪੈੜ ਨੱਪਦਿਆਂ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਦੇ ਠਿਕਾਣਿਆਂ ਦੀ ਤਲਾਸ਼ੀ ਦੌਰਾਨ 15 ਲੱਖ ਡਾਲਰ ਕਰੰਸੀ ਨੋਟ (ਕਰੀਬ 10 ਕਰੋੜ ਰੁਪਏ), ਕਈ ਮਾਰੂ ਹਥਿਆਰ, ਵੱਡੀ ਮਾਤਰਾ 'ਚ ਵੱਖ-ਵੱਖ ਮਹਿੰਗੇ ਨਸ਼ਿਆਂ ਦੀ ਖੇਪ, ਮਹਿੰਗੀਆਂ ਕਾਰਾਂ, ਟਰੱਕ ਅਤੇ ਪੰਜ ਆਲੀਸ਼ਾਨ ਘਰ ਆਪਣੇ ਕਬਜ਼ੇ 'ਚ ਲਏ ਹਨ। ਕਾਬੂ ਕੀਤੇ ਵਿਅਕਤੀਆਂ ਦੇ ਫਰਾਰ ਹੋਏ ਸਾਥੀਆਂ ਦੀ ਭਾਲ ਕੀਤੀ ਜਾ ਰਹੀ ਹੈ। ਬੇਸ਼ੱਕ ਕੁਝ ਕਾਨੂੰਨੀ ਅੜਿੱਕਿਆਂ ਕਾਰਨ ਪੁਲਸ ਨੇ ਫੜੇ ਅਤੇ ਫਰਾਰ ਵਿਅਕਤੀਆਂ ਦੀ ਪਛਾਣ ਜਨਤਕ ਨਹੀਂ ਕੀਤੀ, ਪਰ ਇਹ ਦਾਅਵਾ ਕੀਤਾ ਗਿਆ ਹੈ ਕਿ ਇਸ ਕਾਰਵਾਈ ਨੇ ਸਰੀ ਖੇਤਰ 'ਚ ਵਿਕਦੇ ਨਸ਼ੇ ਦਾ ਲੱਕ ਤੋੜ ਦਿੱਤਾ ਹੈ। ਮੀਡੀਆ ਬੁਲਾਰੀ ਸਰਬਜੀਤ ਕੌਰ ਸੰਘਾ ਨੇ ਦੱਸਿਆ ਕਿ ਫੜੇ ਗਏ ਵਿਅਕਤੀ ਤੋਂ ਹੋਰ ਪੁੱਛਗਿੱਛ ਕੀਤੀ ਜਾਵੇਗੀ, ਤਾਂ ਜੋ ਹੋਰ ਸੰਪਰਕਾਂ ਦਾ ਪਤਾ ਲਗਾਇਆ ਜਾ ਸਕੇ ਅਤੇ ਵੈਨਕੂਵਰ ਖੇਤਰ 'ਚੋਂ ਨਸ਼ਿਆਂ ਦੇ ਖਾਤਮੇ ਲਈ ਹੋਰ ਯਤਨ ਕੀਤੇ ਜਾ ਸਕਣ। ਇਸ ਜਾਂਚ ਦਲ ਨੇ ਇਸ ਨੈੱਟਵਰਕ ਦੀਆਂ ਗਤੀਵਿਧੀਆਂ ਦਾ ਪੂਰਾ ਪਤਾ ਲਾਉਣ ਲਈ ਇੱਕ ਸਾਲ ਦਾ ਸਮਾਂ ਲਾਇਆ। ਫੜੇ ਗਏ ਨਜਾਇਜ਼ ਮਾਰੂ ਹਥਿਆਰਾਂ 'ਚ 27 ਬੰਦੂਕਾਂ ਤੇ ਰਿਵਾਲਵਰਾਂ ਸਮੇਤ ਵੱਡੀ ਮਾਤਰਾ 'ਚ ਗੋਲੀਸਿੱਕਾ ਵੀ ਮਿਲਿਆ ਹੈ, ਜਿਸ ਨੂੰ ਉਹ ਕਥਿਤ ਤੌਰ 'ਤੇ ਵੇਚਣ ਦਾ ਧੰਦਾ ਵੀ ਕਰਦੇ ਸਨ। ਫੜੀਆਂ ਗਈਆਂ ਲਗਜ਼ਰੀ ਕਾਰਾਂ 'ਚ ਮੁਲਜ਼ਮਾਂ ਨੇ ਅਜਿਹੀਆਂ ਥਾਵਾਂ ਬਣਵਾਈਆਂ ਸਨ, ਜਿਨ੍ਹਾਂ 'ਤੇ ਤਲਾਸ਼ੀ ਮੌਕੇ ਪੁਲਸ ਦੀ ਨਜ਼ਰ ਨਹੀਂ ਪੈਂਦੀ ਸੀ। ਪੁਲਸ ਨੇ ਸੰਕੇਤ ਦਿੱਤਾ ਹੈ ਕਿ ਨਸ਼ਿਆਂ ਦੇ ਕਾਰੋਬਾਰ ਨਾਲ ਬਣਾਈਆਂ ਜਾਇਦਾਦਾਂ ਹੁਣ ਦੋਸ਼ੀਆਂ ਕੋਲ ਨਹੀਂ ਰਹਿਣਗੀਆਂ।



# 29 ਨੂੰ ਪੇਸ਼ ਹੋਣ ਲਈ ਸਿੱਖ ਮੰਤਰੀਆਂ ਤੇ ਵਿਧਾਇਕਾਂ ਨੂੰ ਪੱਤਰ ਜਾਰੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਪੰਜਾਬ ਸਰਕਾਰ ਵੱਲੋਂ ਅਪ੍ਰੈਲ 2026 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਖ਼ਾਲਸਾ ਪੰਥ ਨਾਲ ਰਾਏ ਅਤੇ ਸਹਿਮਤੀ ਤੋਂ ਬਿਨਾਂ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਦੇ ਸੰਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ ਅਨੁਸਾਰ ਪੰਜਾਬ ਵਿਧਾਨ ਸਭਾ ਦੇ ਸਮੂਹ ਸਿੱਖ ਮੈਂਬਰਾਂ ਅਤੇ ਸੂਬਾ ਸਰਕਾਰ ਦੇ ਸਿੱਖ ਕੈਬਨਿਟ ਮੰਤਰੀਆਂ ਨੂੰ 29 ਜੂਨ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜਣ ਲਈ ਅਧਿਕਾਰਤ ਪੱਤਰ ਜਾਰੀ ਕੀਤੇ ਜਾ ਚੁੱਕੇ ਹਨ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਬਗੀਚਾ ਸਿੰਘ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਸਿੱਖ ਵਿਧਾਇਕਾਂ ਅਤੇ ਕੈਬਨਿਟ ਮੰਤਰੀਆਂ ਨੂੰ ਪੰਜਾਬ ਵਿਧਾਨ ਸਭਾ ਦੀ ਅਧਿਕਾਰਤ ਵੈੱਬਸਾਈਟ ਉੱਤੇ ਦਰਜ ਉਨ੍ਹਾਂ ਦੇ ਈ-ਮੇਲ ਪਤਿਆਂ ਅਤੇ ਮੋਬਾਇਲ ਨੰਬਰਾਂ ਉੱਤੇ ਵਟਸਐਪ ਰਾਹੀਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰਤ ਪੱਤਰ ਮਿਤੀ 17 ਜੂਨ ਅਤੇ 18 ਜੂਨ ਨੂੰ ਭੇਜੇ ਜਾ ਚੁੱਕੇ ਹਨ। ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਨੂੰ ਪੱਤਰ 23 ਜੂਨ ਨੂੰ ਭੇਜਿਆ ਗਿਆ ਹੈ। ਉਨ੍ਹਾ ਕਿਹਾ ਕਿ ਸਮੂਹ ਵਿਧਾਇਕਾਂ ਅਤੇ ਮੰਤਰੀਆਂ ਨੂੰ ਉਨ੍ਹਾਂ ਦੇ ਸੰਪਰਕ ਨੰਬਰਾਂ ਉੱਤੇ ਸਕੱਤਰੇਤ ਦੇ ਅਧਿਕਾਰੀਆਂ ਵੱਲੋਂ ਫ਼ੋਨ ਕਰਕੇ ਵੀ ਜਾਣਕਾਰੀ ਦਿੱਤੀ ਗਈ ਹੈ ਕਿ ਉਨ੍ਹਾਂ ਨੂੰ ਅਧਿਕਾਰਤ ਪੱਤਰ ਭੇਜੇ ਗਏ ਹਨ। ਬਗੀਚਾ ਸਿੰਘ ਨੇ ਕਿਹਾ ਕਿ ਕਾਨੂੰਨੀ ਸੋਧ ਨਾਲ ਸਬੰਧਤ ਮਾਮਲੇ ਉੱਤੇ ਵਿਚਾਰ ਅਤੇ ਪੱਖ ਸੁਣਨ ਲਈ ਸਮੂਹ ਸਿੱਖ ਵਿਧਾਇਕਾਂ ਅਤੇ ਕੈਬਨਿਟ ਮੰਤਰੀਆਂ ਨੂੰ 29 ਜੂਨ ਨੂੰ ਸਵੇਰੇ 11 ਵਜੇ ਸ੍ਰੀ ਅੰਮ੍ਰਿਤਸਰ ਸਥਿਤ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਬੁਲਾਇਆ ਗਿਆ ਹੈ। ਇਸ ਤੋਂ ਇਲਾਵਾ ਕੈਬਨਿਟ ਦੇ ਗ਼ੈਰ-ਸਿੱਖ ਮੰਤਰੀਆਂ ਨੂੰ ਵੀ ਪੱਤਰ ਭੇਜੇ ਗਏ ਹਨ, ਜਿਨ੍ਹਾਂ ਨੂੰ ਇਸ ਮਾਮਲੇ 'ਤੇ 29 ਜੂਨ ਤੋਂ ਪਹਿਲਾਂ-ਪਹਿਲਾਂ ਆਪਣਾ ਲਿਖਤੀ ਪੱਖ ਭੇਜਣ ਲਈ ਆਖਿਆ ਗਿਆ ਹੈ।

# ਭੱਜਣ ਦੀ ਕੋਸ਼ਿਸ਼ ਦੌਰਾਨ ਟੁੱਟੀਆਂ ਲੱਤਾਂ-ਬਾਹਾਂ

**ਬਠਿੰਡਾ (ਪਰਵਿੰਦਰਜੀਤ ਸਿੰਘ)**

ਮੇਲਾ ਰਾਮ ਰੋਡ ਸਥਿਤ ਡਾਕਟਰ ਤਰਸੇਮ ਗਰਗ ਦੇ ਕਲੀਨਿਕ 'ਤੇ ਪੈਟਰੋਲ ਬੰਬ ਨਾਲ ਹਮਲਾ ਕਰਨ ਦੇ ਮਾਮਲੇ ਨੂੰ ਬਠਿੰਡਾ ਪੁਲਸ ਨੇ ਹੱਲ ਕਰਨ ਦਾ ਦਾਅਵਾ ਕੀਤਾ ਹੈ। ਪੁਲਸ ਨੇ ਇਸ ਸੰਬੰਧੀ ਦੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦ ਕਿ ਇੱਕ ਹੋਰ ਮੁਲਜ਼ਮ ਫਰਾਰ ਹੈ। ਪ੍ਰੈੱਸ ਕਾਨਫਰੰਸ ਦੌਰਾਨ ਡੀ ਆਈ ਜੀ ਹਰਜੀਤ ਸਿੰਘ ਨੇ ਦੱਸਿਆ ਕਿ ਘਟਨਾ ਦੀ ਜਾਂਚ ਲਈ ਪੁਲਸ ਵੱਲੋਂ ਸੀ ਸੀ ਟੀ ਵੀ ਫੁਟੇਜ ਅਤੇ ਹੋਰ ਤਕਨੀਕੀ ਸਬੂਤਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਜਾਂਚ ਦੌਰਾਨ ਸਾਹਮਣੇ ਆਇਆ ਕਿ ਦੋਵੇਂ ਮੁਲਜ਼ਮ ਆਟੋ ਰਿਕਸ਼ਾ ਰਾਹੀਂ ਘਟਨਾ ਵਾਲੀ ਥਾਂ 'ਤੇ ਪਹੁੰਚੇ ਸਨ। ਉਨ੍ਹਾਂ ਨੇ ਪਹਿਲਾਂ ਦਿਨ ਦੌਰਾਨ ਇਲਾਕੇ ਦੀ ਰੇਕੀ ਕੀਤੀ ਅਤੇ ਦੇਰ ਰਾਤ ਕਲੀਨਿਕ 'ਤੇ ਪੈਟਰੋਲ ਬੰਬ ਸੁੱਟ ਕੇ ਫਰਾਰ ਹੋ ਗਏ। ਵਾਰਦਾਤ ਤੋਂ ਬਾਅਦ ਉਹ ਰੇਲ ਗੱਡੀ ਰਾਹੀਂ ਅਬੋਹਰ ਚਲੇ ਗਏ ਸਨ। ਪੁਲਸ ਨੇ ਦੋਵੇਂ ਮੁਲਜ਼ਮਾਂ ਨੂੰ ਅਬੋਹਰ ਤੋਂ ਗ੍ਰਿਫ਼ਤਾਰ ਕਰ ਲਿਆ। ਡੀ ਆਈ ਜੀ ਅਨੁਸਾਰ ਜਦੋਂ ਪੁਲਸ ਉਨ੍ਹਾਂ ਨੂੰ ਬਠਿੰਡਾ ਲੈ ਕੇ ਆ ਰਹੀ ਸੀ ਤਾਂ ਉਨ੍ਹਾਂ ਨੇ ਹਿਰਾਸਤ ਵਿੱਚੋਂ ਭੱਜਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਦੋਵੇਂ ਜ਼ਖ਼ਮੀ ਹੋ ਗਏ। ਇੱਕ ਮੁਲਜ਼ਮ ਦੀ ਲੱਤ ਅਤੇ ਦੂਜੇ ਦੀ ਬਾਂਹ ਟੁੱਟ ਗਈ, ਜਿਨ੍ਹਾਂ ਦਾ ਇਲਾਜ ਕਰਵਾਇਆ ਜਾ ਰਿਹਾ ਹੈ।



## ਫੌਜ ਦੇ ਜਵਾਨਾਂ ਵੱਲੋਂ ਪੁਲਸ ਮੁਲਾਜ਼ਮਾਂ ਨਾਲ ਕੁੱਟਮਾਰ

**ਜੰਮੂ** : ਕਸ਼ਮੀਰ ਪੁਲੀਸ ਨੇ ਜ਼ਿਲ੍ਹਾ ਕਿਸ਼ਤਵਾੜ ਦੇ ਇੱਕ ਪੁਲੀਸ ਥਾਣੇ ਵਿੱਚ ਦਾਖ਼ਲ ਹੋ ਕੇ ਮੁਲਾਜ਼ਮਾਂ ਨਾਲ ਕੁੱਟਮਾਰ ਕਰਨ ਅਤੇ ਸਰਕਾਰੀ ਸੰਪਤੀ ਨੂੰ ਨੁਕਸਾਨ ਪਹੁੰਚਾਉਣ ਦੇ ਦੋਸ਼ ਹੇਠ ਫੌਜ ਦੇ ਇੱਕ ਕਮਾਂਡਿੰਗ ਅਫ਼ਸਰ ਸਮੇਤ ਕਈ ਫੌਜੀ ਕਰਮਚਾਰੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲੀਸ ਮੁਤਾਬਕ ਇਹ ਘਟਨਾ ਉਸ ਵੇਲੇ ਵਾਪਰੀ ਜਦੋਂ ਟਰੈਫਿਕ ਨਿਯਮਾਂ ਦੀ ਉਲੰਘਣਾ ਦੇ ਦੋਸ਼ ਹੇਠ ਫੌਜ ਦੇ ਇੱਕ ਅਧਿਕਾਰੀ ਦੀ ਨਿੱਜੀ ਗੱਡੀ ਜ਼ਬਤ ਕੀਤੀ ਗਈ।

ਐੱਫ ਆਈ ਆਰ ਅਨੁਸਾਰ 17 ਰਾਸ਼ਟਰੀ ਰਾਈਫਲਜ਼ (ਆਰ ਆਰ) ਦੇ ਕਰੀਬ 30-40 ਜਵਾਨ, ਮੇਜਰ ਵਿਕਾਸ ਸ਼ਰਮਾ ਅਤੇ ਨਾਇਬ ਸੂਬੇਦਾਰ ਸ਼ੰਕਰ ਗੁਰਖੇ ਦੀ ਅਗਵਾਈ ਹੇਠ ਥਾਣੇ ਵਿੱਚ ਜ਼ਬਰਦਸਤੀ ਦਾਖ਼ਲ ਹੋਏ ਅਤੇ ਡਿਊਟੀ 'ਤੇ ਤਾਇਨਾਤ ਪੁਲੀਸ ਕਰਮਚਾਰੀਆਂ ਨਾਲ ਮਾਰਕੁੱਟ ਕੀਤੀ।

## ਕੈਦੀ ਨਾਲ ਪ੍ਰੇਮ ਸੰਬੰਧ ਬਣਾਉਣ ਵਾਲੀ ਨੂੰ ਦੋ ਸਾਲ ਦੀ ਸਜ਼ਾ

**ਓਟਾਵਾ** : ਭਾਰਤੀ ਮੂਲ ਦੀ ਬ੍ਰਿਟਿਸ਼ ਕੋਲੰਬੀਆ (ਬੀ.ਸੀ.) ਦੀ ਸਾਬਕਾ ਮਹਿਲਾ ਜੇਲ੍ਹ ਅਧਿਕਾਰੀ ਰਮਨਦੀਪ ਰਾਏ ਨੂੰ ਇੱਕ ਕੈਦੀ ਨਾਲ ਕਥਿਤ ਪ੍ਰੇਮ ਸੰਬੰਧ ਬਣਾਉਣ ਅਤੇ ਉਸ ਨੂੰ ਸੈੱਲ ਫੋਨ ਰੱਖਣ ਵਿੱਚ ਮਦਦ ਕਰਨ ਦੇ ਦੋਸ਼ ਵਿੱਚ ਵਿਸ਼ਵਾਸਘਾਤ ਲਈ ਦੋ ਸਾਲ ਦੀ ਕੰਡੀਸ਼ਨਲ ਸਜ਼ਾ ਸੁਣਾਈ ਗਈ ਹੈ, ਜੋ ਕਿ ਉਸ ਨੂੰ ਕਮਿਊਨਿਟੀ ਵਿੱਚ ਰਹਿ ਕੇ ਭੁਗਤਣੀ ਪਵੇਗੀ। ਵੇਰਵਿਆਂ ਅਨੁਸਾਰ ਕੈਦੀ ਜੇਲ੍ਹ ਦੇ ਅੰਦਰ ਬੈਠ ਕੇ ਹੀ ਸੈੱਲ ਫੋਨ ਰਾਹੀਂ ਨਸ਼ਿਆਂ ਦਾ ਵਪਾਰ ਕਰਦਾ ਸੀ। ਬਚਾਅ ਪੱਖ ਦੇ ਵਕੀਲ ਗਗਨ ਨਾਹਲ ਨੇ ਸਹੂਲਤ ਅੰਦਰ ਕਿਸੇ ਵੀ ਤਰ੍ਹਾਂ ਦੇ ਸੰਬੰਧ ਜਾਂ ਤਸਕਰੀ ਹੋਣ ਦੇ ਸਬੂਤਾਂ ਤੋਂ ਇਨਕਾਰ ਕੀਤਾ। ਮੀਡੀਆ ਨਾਲ ਗੱਲ ਕਰਦਿਆਂ ਨਾਹਲ ਨੇ ਕਿਹਾ, "ਰਾਏ ਨੇ ਕੋਈ ਮੁਨਾਫਾ ਨਹੀਂ ਕਮਾਇਆ, ਪਰ ਹੁਣ ਉਹ ਉਮਰ ਭਰ ਲਈ ਨਤੀਜੇ ਭੁਗਤੇਗੀ, 31 ਸਾਲਾਂ ਦੀ ਇੱਕ ਨੌਜਵਾਨ ਲੜਕੀ ਲਈ ਬਹੁਤ ਵੱਡਾ ਡਰ ਹੈ ਅਤੇ ਇਹ ਸਜ਼ਾ ਉਸ ਨੂੰ ਬਾਕੀ ਦੀ ਉਮਰ ਪਰੇਸ਼ਾਨ ਕਰੇਗੀ।" ਇਸ ਦੌਰਾਨ ਰਾਏ 'ਤੇ ਕਈ ਸ਼ਰਤਾਂ ਲਗਾਈਆਂ ਗਈਆਂ ਹਨ, ਜਿਨ੍ਹਾਂ ਵਿੱਚ ਕਮਿਊਨਿਟੀ ਸਰਵਿਸ ਸ਼ਾਮਲ ਹੈ। ਅਦਾਲਤ ਵਿੱਚ ਰਾਏ ਨੇ ਮੰਨਿਆ ਕਿ ਇਹ ਕੋਈ ਮਾਮੂਲੀ ਗਲਤੀ ਨਹੀਂ ਸੀ ਅਤੇ ਉਸ ਨੇ ਆਪਣੇ ਸਾਥੀਆਂ ਨੂੰ ਖ਼ਤਰੇ ਵਿੱਚ ਪਾਇਆ ਸੀ। ਕੈਦੀ ਨੇ ਫੋਨ ਦੀ ਵਰਤੋਂ ਨਸ਼ਿਆਂ ਦੇ ਵਪਾਰ ਲਈ ਵੀ ਕੀਤੀ ਸੀ, ਪਰ ਰਾਏ ਇਸ ਤੋਂ ਅਣਜਾਣ ਸੀ। ਅਦਾਲਤ ਨੇ ਮੰਨਿਆ ਕਿ ਉਸ ਨੂੰ ਕੋਈ ਵਿੱਤੀ ਲਾਭ ਨਹੀਂ ਹੋਇਆ ਸੀ।

## ਅੱਜ-ਨਾਮਾ

ਐੱਸ ਆਈ ਆਰ ਪੰਜਾਬ 'ਚ ਸ਼ੁਰੂ ਹੋਈ,
ਲੱਗੇ ਘਰੇ ਮੁਲਾਜ਼ਮ ਹਨ ਆਉਣ ਬੇਲੀ।
ਕਿਹੜੇ ਘਰ ਵਿੱਚ ਕਿੰਨੇ ਈ ਯੋਗ ਵੋਟਰ,
ਲੱਗੇ ਫਾਰਮ ਵੀ ਆਪ ਭਰਵਾਉਣ ਬੇਲੀ।
ਬਹੁਤੇ ਉਲਝਣ ਦੇ ਨਹੀਂ ਸਵਾਲ ਕਰਨੇ,
ਲੋਕ ਲੱਗਣ ਨਾ ਕਿਤੇ ਘਬਰਾਉਣ ਬੇਲੀ।
ਇੱਕੋ ਜੀਅ ਹੈ ਟੱਬਰ ਲਈ ਦੱਸ ਸਕਦਾ,
ਲੱਗਾ ਵਾਧੂ ਨਹੀਂ ਕੋਈ ਸਤਾਉਣ ਬੇਲੀ।
ਅੰਕੜੇ-ਵੇਰਵੇ ਕਹਿੰਦੇ ਈ ਠੀਕ ਕਰਨੇ,
ਹੋਇਆ ਕੰਮ ਫਿਰ ਲੱਗੂਗਾ ਪਤਾ ਬੇਲੀ।
ਕਰਨਗੇ ਠੀਕ ਤਾਂ ਕਹਿਣਗੇ ਲੋਕ ਚੰਗਾ,
ਨਿੰਦਾ ਹਊ ਜੇ ਕੀਤੀ ਕੋਈ ਖਤਾ ਬੇਲੀ।

-ਤੀਸ ਮਾਰ ਖਾਂ

# ਤਖ਼ਤ ਸ੍ਰੀ ਹਜ਼ੂਰ ਸਾਹਿਬ 'ਤੇ ਭਾਜਪਾ ਸਰਕਾਰ ਕਬਜ਼ੇ ਦੀ ਕੋਸ਼ਿਸ਼ ਨਾ ਕਰੇ : ਸੁਖਬੀਰ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਮਹਾਰਾਸ਼ਟਰ ਸਰਕਾਰ ਦੇ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਐਕਟ, 1956 ਨੂੰ ਰੱਦ ਕਰਨ ਅਤੇ ਇਸ ਦੀ ਥਾਂ ਨਵਾਂ ਕਾਨੂੰਨ ਲਿਆਉਣ ਦੇ ਪ੍ਰਸਤਾਵ ਨੂੰ ਖਾਰਜ ਕਰਦਿਆਂ 'ਗੁਰਮਤਾ' (ਸਾਂਝਾ ਧਾਰਮਿਕ ਫੈਸਲਾ) ਜਾਰੀ ਕਰਨ ਤੋਂ ਬਾਅਦ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੀਰਵਾਰ ਨੂੰ ਮਹਾਰਾਸ਼ਟਰ ਸਰਕਾਰ ਦੇ ਇਸ ਫੈਸਲੇ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾ ਕਿਹਾ ਕਿ 1956 ਦੇ ਐਕਟ ਨੂੰ ਰੱਦ ਕਰਕੇ ਅਤੇ ਉਸ ਦੀ ਥਾਂ ਨਵਾਂ ਕਾਨੂੰਨ ਲਿਆ ਕੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਖੁਦਮੁਖਤਿਆਰ ਕੰਮਕਾਜ ਵਿੱਚ ਦਖਲਅੰਦਾਜ਼ੀ ਕੀਤੀ ਜਾ ਰਹੀ ਹੈ। ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਪੋਸਟ ਵਿੱਚ ਸੁਖਬੀਰ ਬਾਦਲ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਦੀ ਚਰਨ ਛੋਹ ਪ੍ਰਾਪਤ ਇਹ ਪਵਿੱਤਰ ਤਖ਼ਤ ਸਿੱਖ ਪੰਥ ਦਾ ਹੈ ਅਤੇ ਕਿਸੇ ਵੀ ਸਰਕਾਰ ਨੂੰ ਇਸ 'ਤੇ ਆਪਣਾ ਕੰਟਰੋਲ ਸਥਾਪਤ ਕਰਨ ਦਾ ਕੋਈ ਅਧਿਕਾਰ ਨਹੀਂ ਹੈ। ਅਸੀਂ ਮਹਾਰਾਸ਼ਟਰ ਸਰਕਾਰ ਅਤੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੂੰ ਅਪੀਲ ਕਰਦੇ ਹਾਂ ਕਿ ਉਹ ਇਸ ਪ੍ਰਸਤਾਵ ਨੂੰ ਤੁਰੰਤ ਵਾਪਸ ਲੈਣ ਅਤੇ ਕੋਈ ਵੀ ਅਜਿਹਾ ਕਦਮ ਨਾ ਚੁੱਕਣ ਜੋ ਸਿੱਖ ਸੰਗਤ ਦੀਆਂ ਭਾਵਨਾਵਾਂ ਦੇ ਵਿਰੁੱਧ ਹੋਵੇ। 'ਗੁਰਮਤਾ' ਜਾਰੀ ਕਰਨ ਦਾ ਨਿਰਣਾ ਪੰਜ ਪਿਆਰਿਆਂ ਅਤੇ ਵੱਖ-ਵੱਖ ਸਿੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਇੱਕ ਉੱਚ ਪੱਧਰੀ ਇਕੱਤਰਤਾ 'ਚ ਲਿਆ ਗਿਆ ਹੈ। ਡੂੰਘੀ ਵਿਚਾਰ-ਚਰਚਾ ਤੋਂ ਬਾਅਦ ਸਰਬਸੰਮਤੀ ਨਾਲ ਇੱਕ ਮਤਾ ਪਾਸ ਕੀਤਾ ਗਿਆ, ਜਿਸ ਵਿੱਚ ਮੂਲ 1956 ਦੇ ਐਕਟ ਨੂੰ ਬਰਕਰਾਰ ਰੱਖਣ ਦੀ ਜ਼ੋਰਦਾਰ ਮੰਗ ਕੀਤੀ ਗਈ। ਗੁਰੂ ਦੇ ਨਾਂਅ 'ਤੇ ਲਏ ਗਏ ਇਸ ਸਮੂਹਿਕ ਫੈਸਲੇ (ਗੁਰਮਤੇ) ਨੂੰ ਤਖ਼ਤ ਦੇ ਜਥੇਦਾਰ ਗਿਆਨੀ ਕੁਲਵੰਤ ਸਿੰਘ ਦੀ ਮੌਜੂਦਗੀ ਵਿੱਚ ਸਿੰਘ ਸਾਹਿਬ ਗਿਆਨੀ ਰਾਮ ਸਿੰਘ ਵੱਲੋਂ ਰਸਮੀ ਤੌਰ 'ਤੇ ਪੜ੍ਹ ਕੇ ਸੁਣਾਇਆ ਗਿਆ।



ਮਹਾਰਾਸ਼ਟਰ ਸਰਕਾਰ ਦਾ ਨਵਾਂ ਪ੍ਰਸਤਾਵ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਪ੍ਰਧਾਨਗੀ ਹੇਠ ਮਹਾਰਾਸ਼ਟਰ ਕੈਬਨਿਟ ਨੇ ਹਾਲ ਹੀ ਵਿੱਚ ਸੱਤ ਦਹਾਕੇ ਪੁਰਾਣੇ ਐਕਟ ਨੂੰ ਰੱਦ ਕਰਨ ਅਤੇ "ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਗੁਰਦੁਆਰਾ ਐਕਟ" ਨਾਮਕ ਇੱਕ ਨਵਾਂ ਕਾਨੂੰਨ ਪੇਸ਼ ਕਰਨ ਦੇ ਪ੍ਰਸਤਾਵ ਨੂੰ ਮਨਜ਼ੂਰੀ ਦਿੱਤੀ ਹੈ। ਇਸ ਪ੍ਰਸਤਾਵਿਤ ਕਾਨੂੰਨ ਨੂੰ ਚੱਲ ਰਹੇ ਵਿਧਾਨ ਸਭਾ ਸੈਸ਼ਨ ਵਿੱਚ ਪੇਸ਼ ਕੀਤੇ ਜਾਣ ਦੀ ਸੰਭਾਵਨਾ ਹੈ। ਇੱਕ ਵਾਰ ਪਾਸ ਹੋਣ ਤੋਂ ਬਾਅਦ, ਇਹ ਗੁਰਦੁਆਰਾ ਬੋਰਡ ਨੂੰ ਚਲਾਉਣ ਲਈ ਇੱਕ ਨਵਾਂ ਪ੍ਰਸ਼ਾਸਨਿਕ ਢਾਂਚਾ ਤਿਆਰ ਕਰੇਗਾ, ਜਿਸ ਵਿੱਚ ਚੋਣਾਂ, ਪ੍ਰਬੰਧਨ ਅਤੇ ਉਪ-ਨਿਯਮਾਂ (ਬਾਈ-ਲਾਜ਼) ਲਈ ਸੋਧੇ ਹੋਏ ਨਿਯਮ ਸ਼ਾਮਲ ਹੋਣਗੇ।

# ਡਿਜੀਟਲ ਅਰੈੱਸਟ ਸਕੈਮ ਮਾਮਲਿਆਂ 'ਚ ਪੰਜਾਬ ਸਣੇ 16 ਰਾਜਾਂ 'ਚ ਛਾਪੇਮਾਰੀ

**ਨਵੀਂ ਦਿੱਲੀ (ਨ ਜ਼ ਸ)**

ਡਿਜੀਟਲ ਅਰੈਸਟ ਸਕੈਮ ਨੂੰ ਉਤਸ਼ਾਹਿਤ ਕਰਨ ਵਾਲੇ ਸਾਈਬਰ ਕ੍ਰਾਈਮ ਬੁਨਿਆਦੀ ਢਾਂਚੇ 'ਤੇ ਇੱਕ ਵੱਡੀ ਕਾਰਵਾਈ ਕਰਦੇ ਹੋਏ ਸੈਂਟਰਲ ਬਿਊਰੋ ਆਫ ਇਨਵੈਸਟੀਗੇਸ਼ਨ (ਸੀ ਬੀ ਆਈ) ਨੇ 16 ਰਾਜਾਂ ਵਿੱਚ ਤਲਾਸ਼ੀ ਅਭਿਆਨ ਚਲਾਇਆ। ਵੇਰਵਿਆਂ ਅਨੁਸਾਰ ਪੰਜਾਬ, ਗੁਜਰਾਤ, ਦਿੱਲੀ, ਮਹਾਰਾਸ਼ਟਰ, ਹਰਿਆਣਾ, ਤਾਮਿਲਨਾਡੂ, ਤੇਲੰਗਾਨਾ, ਆਂਧਰਾ ਪ੍ਰਦੇਸ਼, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਰਾਜਸਥਾਨ, ਅਸਾਮ, ਪੱਛਮੀ ਬੰਗਾਲ, ਮਨੀਪੁਰ, ਕਰਨਾਟਕ ਅਤੇ ਉੜੀਸਾ ਵਿੱਚ 80 ਤੋਂ ਵੱਧ ਟਿਕਾਣਿਆਂ 'ਤੇ ਤਲਾਸ਼ੀਆਂ ਲਈਆਂ ਹਨ। ਇਹ ਤਲਾਸ਼ੀਆਂ ਇੱਕ ਚੱਲ ਰਹੀ ਜਾਂਚ ਦੇ ਹਿੱਸੇ ਵਜੋਂ ਕੀਤੀਆਂ ਗਈਆਂ ਹਨ ਜਿਸ ਦਾ ਉਦੇਸ਼ ਡਿਜੀਟਲ ਅਰੈਸਟ ਸਕੈਮ ਦੇ 200 ਤੋਂ ਵੱਧ ਮਾਮਲਿਆਂ ਵਿੱਚ ਸ਼ਾਮਲ ਇੱਕ ਨਿਸ਼ਾਨਾ ਸੰਚਾਲਨ ਨੈੱਟਵਰਕ ਨੂੰ ਤੋੜਨਾ ਸੀ। ਸ਼ੈੱਲ ਕੰਪਨੀਆਂ ਨੂੰ ਸ਼ਾਮਲ ਕਰਨ ਅਤੇ 'ਮਿਊਲ' ਬੈਂਕ ਖਾਤੇ ਖੋਲ੍ਹਣ ਅਤੇ ਚਲਾਉਣ ਵਿੱਚ ਕਥਿਤ ਸ਼ਮੂਲੀਅਤ ਲਈ ਚੇਨੱਈ ਅਤੇ ਕੋਲਕਾਤਾ ਤੋਂ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਖਾਤੇ ਕਥਿਤ ਤੌਰ 'ਤੇ ਅਪਰਾਧ ਤੋਂ ਪ੍ਰਾਪਤ ਲੱਗਭੱਗ 2 ਕਰੋੜ ਰੁਪਏ ਦੀ ਸ਼ੱਕੀ ਰਾਸ਼ੀ ਨੂੰ ਮਨੀ ਲਾਂਡਰਿੰਗ ਲਈ ਵਰਤੇ ਗਏ ਸਨ। ਸੀ ਬੀ ਆਈ ਨੇ ਹਾਲ ਹੀ ਵਿੱਚ ਸੁਪਰੀਮ ਕੋਰਟ ਦੀ ਅਧਿਕਾਰਤ ਵੈਬਸਾਈਟ ਨਾਲ ਮਿਲਦੀ-ਜੁਲਦੀ ਯੂ ਆਰ ਐੱਲ ਵਾਲੀ ਇੱਕ ਫਰਜ਼ੀ ਵੈਬਸਾਈਟ ਦਾ ਪਰਦਾਫਾਸ਼ ਕੀਤਾ ਸੀ। ਧੋਖੇਬਾਜ਼ ਕਥਿਤ ਤੌਰ 'ਤੇ ਡਿਜੀਟਲ ਅਰੈਸਟ ਦੇ ਨਾਂਅ ਹੇਠ ਪੀੜਤਾਂ ਨੂੰ ਧੋਖਾ ਦੇਣ ਲਈ ਇਸ ਗਲਤ ਤਰੀਕੇ ਨਾਲ ਰਜਿਸਟਰਡ ਡੋਮੇਨ ਦੀ ਵਰਤੋਂ ਕਰਦੇ ਸ ਨ।

• ਬਾਕੀ ਸਫਾ 2 'ਤੇ

## ਮਨਦੀਪ ਕੱਕੜ ਸਰਬਸੰਮਤੀ ਨਾਲ ਬਾਘਾ ਪੁਰਾਣਾ ਮਹਾਂ ਵਪਾਰ ਮੰਡਲ ਦੇ ਪ੍ਰਧਾਨ ਚੁਣੇ ਗਏ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਜਦੋਂ ਵੀ ਸ਼ਹਿਰ ਵਿੱਚ ਕਿਸੇ ਲੋੜਵੰਦ ਦੀ ਮਦਦ, ਸਮਾਜ ਭਲਾਈ ਦੇ ਕੰਮਾਂ ਜਾਂ ਲੋਕ ਹਿੱਤਾਂ ਨਾਲ ਜੁੜੇ ਮਸਲਿਆਂ ਦੀ ਗੱਲ ਹੁੰਦੀ ਹੈ ਤਾਂ ਮਨਦੀਪ ਕੱਕੜ ਦਾ ਨਾਮ ਸਭ ਤੋਂ ਪਹਿਲਾਂ ਲਿਆ ਜਾਂਦਾ ਹੈ।ਉਹ ਹਮੇਸ਼ਾਂ ਪਾਰਟੀਬਾਜ਼ੀ ਅਤੇ ਨਿੱਜੀ ਸਵਾਰਥਾਂ ਤੋਂ ਉੱਪਰ ਉੱਠ ਕੇ ਸ਼ਹਿਰ ਵਾਸੀਆਂ, ਵਪਾਰੀਆਂ ਅਤੇ ਆਮ ਲੋਕਾਂ ਦੇ ਹੱਕਾਂ ਲਈ ਡਟ ਕੇ ਖੜ੍ਹੇ ਰਹੇ ਹਨ।ਇਹੀ ਕਾਰਨ ਹੈ ਕਿ ਸਮੁੱਚੇ ਸ਼ਹਿਰ ਨੇ ਇੱਕ ਸੁਰ ਵਿੱਚ ਉਨ੍ਹਾਂ ਨੂੰ ਮਹਾਂ ਵਪਾਰ ਮੰਡਲ ਦੀ ਅਗਵਾਈ ਸੌਂਪਣ ਦਾ ਫੈਸਲਾ ਕੀਤਾ।ਸਮਾਜ ਸੇਵੀ ਮਨਦੀਪ ਕੱਕੜ ਸ਼ਹਿਰ ਦੀ ਹਰ ਸਮਾਜਿਕ, ਧਾਰਮਿਕ ਅਤੇ ਲੋਕ ਭਲਾਈ ਦੀਆਂ ਗਤੀਵਿਧੀਆਂ ਵਿੱਚ ਹਮੇਸ਼ਾ ਅੱਗੇ ਰਹਿਣ ਵਾਲੇ ਅਤੇ ਹਰ ਵਰਗ ਦੇ ਲੋਕਾਂ ਦੇ ਸੁੱਖ-ਦੁੱਖ ਵਿੱਚ ਸ਼ਰੀਕ ਹੋਣ ਵਾਲੇ ਕੌਂਸਲਰ ਹਨ।ਮਨਦੀਪ ਕੱਕੜ ਨੂੰ ਸਰਬਸੰਮਤੀ ਨਾਲ ਬਾਘਾ ਪੁਰਾਣਾ ਮਹਾਂ ਵਪਾਰ ਮੰਡਲ ਦਾ ਪ੍ਰਧਾਨ ਚੁਣਿਆ ਗਿਆ।ਇਹ ਚੋਣ ਪ੍ਰਕਿਰਿਆ ਸੀਨੀਅਰ ਆਗੂਆਂ ਸ੍ਰੀ ਬਾਲ ਕ੍ਰਿਸ਼ਨ ਬਾਲੀ, ਅਸ਼ਵਨੀ ਸ਼ਰਮਾ, ਬਲਵਿੰਦਰ ਗਰਗ ਅਤੇ ਵਿਜੇ ਸ਼ਰਮਾ ਦੀ ਅਗਵਾਈ ਹੇਠ ਬਹੁਤ ਹੀ ਪਾਰਦਰਸ਼ੀ, ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਸੰਪੰਨ ਹੋਈ।ਇਸ ਮੌਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਦੇ ਦੁਕਾਨਦਾਰਾਂ, ਕਾਰੋਬਾਰੀਆਂ ਅਤੇ ਪਤਵੰਤੇ ਸੱਜਣਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਮੀਟਿੰਗ ਦੌਰਾਨ ਜਦੋਂ ਮਨਦੀਪ ਕੱਕੜ ਦਾ ਨਾਮ ਪ੍ਰਧਾਨਗੀ ਲਈ ਪੇਸ਼ ਕੀਤਾ ਗਿਆ ਤਾਂ ਸਮੁੱਚੇ ਹਾਜ਼ਰ ਲੋਕਾਂ ਨੇ ਹੱਥ ਖੜ੍ਹੇ ਕਰਕੇ ਸਰਬਸੰਮਤੀ ਨਾਲ ਆਪਣੀ ਸਹਿਮਤੀ ਪ੍ਰਗਟਾਈ।ਇਸ ਮੌਕੇ ਵਪਾਰੀਆਂ ਵੱਲੋਂ ਇੱਕ ਵਿਸ਼ਾਲ, ਮਜ਼ਬੂਤ ਅਤੇ ਸਰਗਰਮ ਮਹਾਂ ਵਪਾਰ ਮੰਡਲ ਦਾ ਗਠਨ ਵੀ ਕੀਤਾ ਗਿਆ, ਜੋ ਸ਼ਹਿਰ ਦੇ ਵਪਾਰੀਆਂ ਦੇ ਹੱਕਾਂ ਦੀ ਰੱਖਿਆ ਕਰਨ ਦੇ ਨਾਲ-ਨਾਲ ਸਮਾਜਿਕ ਅਤੇ ਲੋਕ ਭਲਾਈ ਦੇ ਕਾਰਜਾਂ ਵਿੱਚ ਵੀ ਅਹਿਮ ਭੂਮਿਕਾ ਨਿਭਾਏਗਾ।ਪ੍ਰਧਾਨ ਚੁਣੇ ਜਾਣ ਤੋਂ ਬਾਅਦ ਮਨਦੀਪ ਕੱਕੜ ਨੇ ਸਮੂਹ ਵਪਾਰੀਆਂ ਅਤੇ ਸ਼ਹਿਰ ਵਾਸੀਆਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਜੋ ਵਿਸ਼ਵਾਸ ਅਤੇ ਸਨਮਾਨ ਉਨ੍ਹਾਂ ਨੂੰ ਦਿੱਤਾ ਹੈ, ਉਹ ਉਸ ਨੂੰ ਆਪਣੀ ਜ਼ਿੰਦਗੀ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਸਮਝਦੇ ਹਨ।

## ਲੋਕ ਕਾਂਗਰਸ ਦੀ ਸਰਕਾਰ ਬਣਾਉਣ ਲਈ ਉਤਾਵਲੇ : ਪੁਨੀਤ ਠੇਕੇਦਾਰ/ਗੁਰਪ੍ਰਤਾਪ



**ਜਗਰਾਉਂ (ਨਛੱਤਰ ਸੰਧੂ)**-ਪੰਜਾਬ ਵਿੱਚ ਕਾਂਗਰਸ ਪਾਰਟੀ ਵੱਲੋਂ ਕੀਤੇ ਵਿਕਾਸ ਕਾਰਜਾਂ ਤੇ ਆਲ ਇੰਡੀਆ ਪਾਰਟੀ ਪ੍ਰਧਾਨ ਸ਼੍ਰੀ ਰਾਹੁਲ ਗਾਂਧੀ ਦੁਆਰਾ ਕੀਤੇ ਗਏ ਲੋਕ ਪੱਖੀ ਫੈਸਲਿਆਂ ਕਾਰਨ 2027 'ਚ ਪੰਜਾਬ ਦੇ ਲੋਕ ਕਾਂਗਰਸ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ। ਇਹ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਠੇਕੇਦਾਰ ਪੁਨੀਤ ਸਿੰਘ ਅਤੇ ਗੁਰਪ੍ਰਤਾਪ ਸਿੰਘ ਸਫੀਪੁਰ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਮਝ ਚੁੱਕੇ ਹਨ ਕਿ ਜੇਕਰ ਪੰਜਾਬ ਦਾ ਕੋਈ ਭਲਾ ਕਰ ਸਕਦਾ ਤਾਂ ਉਹ ਸਿਰਫ ਤੇ ਸਿਰਫ ਕਾਂਗਰਸ ਦੀ ਸਰਕਾਰ ਹੀ ਕਰ ਸਕਦੀ ਹੈ, ਕਿਉਂਕਿ ਪਾਰਟੀ ਨੇ ਹਮੇਸ਼ਾ ਹੀ ਲੋਕ ਹਿੱਤਾਂ ਨੂੰ ਅੱਗੇ ਰੱਖ ਕੇ ਰਾਜਨੀਤੀ ਕੀਤੀ ਹੈ।ਜਦ ਕਿ ਦੂਜੀਆਂ ਸਾਰੀਆਂ ਰਾਜਨੀਤਿਕ ਪਾਰਟੀਆਂ ਸਿਰਫ ਸੱਤਾ ਹਾਸਲ ਕਰਨ ਲਈ ਹੀ ਰਾਜਨੀਤੀ ਕਰਦੇ ਹਨ।ਉਹਨਾਂ ਕਿਹਾ ਕਿ ਝੂਠੇ ਲਾਰੇ ਲਾ ਕੇ ਪੰਜਾਬ ਦੀ ਵਾਗਡੋਰ ਸੰਭਾਲਣ ਲਈ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਧੋਖਾ ਕੀਤਾ ਹੈ।ਸੀਨੀਅਰ ਕਾਂਗਰਸੀ ਆਗੂ ਸਿੰਘ ਚੱਕ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੈ ।ਜਿਸ ਦੇ ਰਾਜ ਵਿੱਚ ਹਰ ਰੋਜ਼ ਅਮਨ ਕਾਨੂੰਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਰੋਜ਼ਾਨਾ ਕਤਲ, ਲੁੱਟ ਖੋਹ, ਫਿਰੌਤੀਆਂ ਦੇ ਮਾਮਲੇ ਲੋਕਾਂ ਸਾਹਮਣੇ ਆ ਰਹੇ ਹਨ।

## ਦੋਰਾਹਾ 'ਚ ਆਪ ਦੀ ਨਵੀਂ ਟੀਮ ਦੇ ਗਠਨ ਨਾਲ ਖੁਸ਼ੀ ਦੀ ਲਹਿਰ



**ਦੋਰਾਹਾ (ਹਰਮਿੰਦਰ ਸੇਠ)**-ਦੋਰਾਹਾ ਨਗਰ ਕੌਂਸਲ ਦੀ ਨਵੀਂ ਕਮੇਟੀ ਦੇ ਗਠਨ ਤੋਂ ਬਾਅਦ ਸ਼ਹਿਰ ਵਾਸੀਆਂ ਅਤੇ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲੀ।ਨੌਜਵਾਨ ਆਗੂ ਅਨਮੋਲ ਸ਼ਰਮਾ ਐਨੀ ਨੂੰ ਨਗਰ ਕੌਂਸਲ ਦੋਰਾਹਾ ਦਾ ਪ੍ਰਧਾਨ ਚੁਣਿਆ ਗਿਆ, ਜਦ ਕਿ ਕਵਲਜੀਤ ਸਿੰਘ ਬਿੱਟੂ ਨੂੰ ਸੀਨੀਅਰ ਮੀਤ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਨਮੋਲ ਸ਼ਰਮਾ ਸਾਬਕਾ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ ਦੇ ਸਪੁੱਤਰ ਹਨ ਅਤੇ ਉਨ੍ਹਾਂ ਨੇ ਹਮੇਸ਼ਾ ਲੋਕਾਂ ਨਾਲ ਜੁੜ ਕੇ ਕੰਮ ਕੀਤਾ ਹੈ।ਹਲਕਾ ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਆਮ ਵਰਕਰਾਂ ਅਤੇ ਨੌਜਵਾਨਾਂ ਨੂੰ ਮੌਕੇ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਦੋਰਾਹਾ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਆਜ਼ਾਦੀ ਤੋਂ ਬਾਅਦ ਨਗਰ ਕੌਂਸਲ ਵਿੱਚ ਪੂਰੀ ਤਰ੍ਹਾਂ ਆਮ ਆਦਮੀ ਪਾਰਟੀ ਦੀ ਕਮੇਟੀ ਦਾ ਗਠਨ ਹੋਇਆ ਹੈ, ਜੋ ਕਿ ਲੋਕਾਂ ਦੇ ਭਰੋਸੇ ਅਤੇ ਪਾਰਟੀ ਦੀ ਲੋਕਪ੍ਰਿਯਤਾ ਦਾ ਪ੍ਰਤੀਕ ਹੈ।ਵਿਧਾਇਕ ਗਿਆਸਪੁਰਾ ਨੇ ਸਾਬਕਾ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਰਾਜਨੀਤਿਕ ਵਿਰਾਸਤ ਅਤੇ ਲੋਕ ਸੇਵਾ ਦੀ ਸੋਚ ਨੂੰ ਅੱਗੇ ਵਧਾਉਂਦਿਆਂ ਨਵੀਂ ਪੀੜ੍ਹੀ ਨੂੰ ਮੌਕਾ ਦਿੱਤਾ ਹੈ।ਨਵੀਂ ਕਮੇਟੀ ਦੇ ਗਠਨ ਮੌਕੇ ਪਾਰਟੀ ਆਗੂਆਂ, ਕੌਂਸਲਰਾਂ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਹਾਜ਼ਰੀ ਭਰੀ ਅਤੇ ਨਵ-ਚੁਣੇ ਅਹੁਦੇਦਾਰਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਅਤੇ ਮਿਠਾਈਆਂ ਵੰਡ ਕੇ ਵਧਾਈ ਦਿੱਤੀ।

## ਖੇਤ ਬਚਾਓ ਅਭਿਆਨ ਤਹਿਤ ਕਿਸਾਨਾਂ ਲਈ ਜਾਗਰੂਕਤਾ ਕੈਂਪ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜੈਂਡਰ ਡਿਸੂਜਾ)**-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਇੰਚਾਰਜ ਡਾ. ਰਾਕੇਸ਼ ਕੁਮਾਰ ਦੀ ਅਗਵਾਈ ਹੇਠ ਅਤੇ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਖੇਤ ਬਚਾਓ ਅਭਿਆਨ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਕਿਸਾਨਾਂ ਲਈ ਜਾਗਰੂਕਤਾ ਕੈਂਪ ਲਾਏ ਗਏ।ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਝੋਨੇ ਦੀ ਵਿਗਿਆਨਕ ਕਾਸ਼ਤ, ਮਿੱਟੀ ਦੀ ਸਿਹਤ ਅਤੇ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਣੂ ਕਰਾਉਣਾ ਸੀ।ਇਸ ਲੜੀ ਤਹਿਤ ਪਿੰਡ ਕੰਮੇਆਣਾ ਤੇ ਰੱਤੀ ਰੋੜੀ ਵਿਖੇ ਝੋਨੇ ਦੀ ਕਾਸ਼ਤ ਸਬੰਧੀ ਜਾਗਰੂਕਤਾ ਕੈਂਪ ਲਾਏ ਗਏ।ਇਸ ਮੌਕੇ ਡਾ. ਗੁਰਦਰਸ਼ਨ ਸਿੰਘ, ਪ੍ਰੋਫੈਸਰ (ਬਾਗਬਾਨੀ), ਕੇ.ਵੀ.ਕੇ. ਫ਼ਰੀਦਕੋਟ ਨੇ ਝੋਨੇ ਦੀ ਕਾਸ਼ਤ ਦੇ ਆਧੁਨਿਕ ਤਰੀਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਡਾ. ਸਵਿਤਾ, ਖੇਤੀਬਾੜੀ ਵਿਕਾਸ ਅਫ਼ਸਰ ਨੇ ਕਿਸਾਨਾਂ ਨੂੰ ਮਿੱਟੀ ਦੀ ਉਤਪਾਦਕਤਾ ਨੂੰ ਬਰਕਰਾਰ ਰੱਖਣ ਲਈ ਜੈਵਿਕ ਤੇ ਹਰੀ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਡਾ. ਪਵਿੱਤਰ ਸਿੰਘ, ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ), ਕੇ.ਵੀ.ਕੇ. ਫ਼ਰੀਦਕੋਟ ਨੇ ਜੈਵਿਕ ਖਾਦਾਂ ਦੀ ਮਹੱਤਤਾ, ਮਿੱਟੀ ਦੀ ਸਿਹਤ ਬਣਾਈ ਰੱਖਣ ਵਿੱਚ ਉਨ੍ਹਾਂ ਦੀ ਭੂਮਿਕਾ ਅਤੇ ਵੱਖ-ਵੱਖ ਫਸਲਾਂ ਵਿੱਚ ਖਾਦਾਂ ਦੀ ਸੰਤੁਲਤ ਵਰਤੋਂ ਬਾਰੇ ਜਾਣਕਾਰੀ ਦਿੱਤੀ।ਡਾ. ਰੁਪਿੰਦਰ ਸਿੰਘ ਗਿੱਲ, ਸਿਖਲਾਈ ਅਧਿਕਾਰੀ, ਕੇ.ਵੀ.ਕੇ. ਫ਼ਰੀਦਕੋਟ ਨੇ ਮਿੱਟੀ ਅਤੇ ਪਾਣੀ ਦੀ ਜਾਂਚ ਦੀ ਮਹੱਤਤਾ ਉਜਾਗਰ ਕਰਦਿਆਂ ਕਿਸਾਨਾਂ ਨੂੰ ਮਿੱਟੀ ਪਰਖ ਰਿਪੋਰਟਾਂ ਅਨੁਸਾਰ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਇਸੇ ਤਰ੍ਹਾਂ ਪਿੰਡ ਮਹਿਮੂਆਣਾ ਅਤੇ ਸ਼ੇਰ ਸਿੰਘ ਵਾਲਾ ਵਿਖੇ ਮਿੱਟੀ ਦੀ ਸਿਹਤ ਸਬੰਧੀ ਜਾਗਰੂਕਤਾ ਕੈਂਪ ਆਯੋਜਤ ਕੀਤੇ ਗਏ।ਡਾ. ਪਵਿੱਤਰ ਸਿੰਘ ਨੇ ਕਿਸਾਨਾਂ ਨੂੰ ਮਿੱਟੀ ਸਿਹਤ ਕਾਰਡ ਦੀ ਮਹੱਤਤਾ ਅਤੇ ਇਸ ਦੀ ਸਹੀ ਵਿਆਖਿਆ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਮਿੱਟੀ ਪਰਖ ਰਿਪੋਰਟ ਅਨੁਸਾਰ ਖਾਦਾਂ ਦੀ ਵਰਤੋਂ ਕਰਨ ਨਾਲ ਖੇਤੀ ਦੀ ਲਾਗਤ ਘਟਦੀ ਹੈ ਅਤੇ ਉਤਪਾਦਨ ਵਿੱਚ ਵਾਧਾ ਹੁੰਦਾ ਹੈ।

## ਅਮਨਦੀਪ ਹਸਪਤਾਲ ਵਿਖੇ 'ਆਯੂਸ਼ਮਾਨ ਤੇ ਮੁੱਖ ਮੰਤਰੀ ਸਿਹਤ ਬੀਮਾ' ਯੋਜਨਾ ਤਹਿਤ ਮਿਲੇਗਾ ਇਲਾਜ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਨੇ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਯੋਗ ਲਾਭਪਾਤਰੀਆਂ ਲਈ 'ਆਯੂਸ਼ਮਾਨ ਭਾਰਤ' ਤੇ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਦੀ ਸ਼ੁਰੂਆਤ ਕੀਤੀ ਹੈ। ਇਸ ਯੋਜਨਾ ਅਧੀਨ ਆਉਣ ਵਾਲੇ ਮਰੀਜ਼ ਹੁਣ ਹਸਪਤਾਲ ਵਿੱਚ ਪ੍ਰਵਾਨਿਤ ਇਲਾਜ ਪ੍ਰਕਿਰਿਆਵਾਂ ਲਈ ਨਕਦ ਰਹਿਤ ਇਲਾਜ ਦੀ ਸਹੂਲਤ ਲੈ ਸਕਦੇ ਹਨ। ਫ਼ਿਰੋਜ਼ਪੁਰ ਦੇ ਮੋਗਾ ਰੋਡ 'ਤੇ ਸਥਿਤ ਅਮਨਦੀਪ ਹਸਪਤਾਲ, ਮੈਡੀਕਲ ਖੇਤਰ ਵਿੱਚ ਨਵੇਂ ਮਾਪਦੰਡ ਸਥਾਪਤ ਕਰਨ ਨੂੰ ਜਾਰੀ ਰੱਖਦਿਆਂ ਭਾਈਚਾਰੇ ਨੂੰ ਅਤਿ-ਆਧੁਨਿਕ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਨਿਰੰਤਰ ਯਤਨਸ਼ੀਲ ਹੈ। ਉਜਾਲਾ ਸਿਗਨਸ ਦੇ ਸਹਿਯੋਗ ਨਾਲ ਚੱਲ ਰਹੇ ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ. ਅਮਨਦੀਪ ਕੌਰ ਨੇ ਕਿਹਾ ਆਯੂਸ਼ਮਾਨ ਭਾਰਤ ਯੋਜਨਾ ਦਾ ਮੁੱਖ ਮਕਸਦ ਹਰ ਵਰਗ ਤੱਕ ਸਿਹਤ ਸੇਵਾਵਾਂ ਦੀ ਪਹੁੰਚ ਬਣਾਉਣਾ ਹੈ। ਅਮਨਦੀਪ ਹਸਪਤਾਲ ਦੀ ਇਹ ਸਾਂਝੇਦਾਰੀ ਲੋੜਵੰਦ ਪਰਵਾਰਾਂ ਨੂੰ ਕਿਫਾਇਤੀ ਤੇ ਮਿਆਰੀ ਇਲਾਜ ਪ੍ਰਦਾਨ ਕਰਨ ਦੀ ਸਾਡੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੀ ਹੈ। ਉਨ੍ਹਾਂ ਦੱਸਿਆ ਕਿ ਮਰੀਜ਼ ਆਪਣੀ ਦਾਖ਼ਲਾ ਪ੍ਰਕਿਰਿਆ ਦੀ ਜਾਣਕਾਰੀ ਲਈ ਆਪਣੇ ਆਯੂਸ਼ਮਾਨ ਕਾਰਡ ਅਤੇ ਆਧਾਰ ਕਾਰਡ/ਆਈ.ਡੀ. ਨਾਲ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਵਿਖੇ ਬਣੇ 'ਆਯੂਸ਼ਮਾਨ ਹੈਲਪਡੈਸਕ' 'ਤੇ ਸੰਪਰਕ ਕਰ ਸਕਦੇ ਹਨ।

## ਸਮਾਜ ਸੇਵੀ ਕ੍ਰਿਸ਼ਨ ਸਿੰਗਲਾ ਦੀ ਯਾਦ 'ਚ ਲਾਇਬ੍ਰੇਰੀ ਬਣਾਈ ਜਾਵੇਗੀ : ਸੰਧਵਾਂ



**ਕੋਟਕਪੂਰਾ (ਰਛਪਾਲ ਭੁੱਲਰ)**

ਅਗਰਵਾਲ ਭਵਨ ਵਿਖੇ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਾਖਰਤਾ ਮੁਹਿੰਮ ਦੇ ਜਰਨੈਲ, ਨਾਮਵਰ ਸਮਾਜ ਸੇਵੀ ਤੇ ਇਲਾਕੇ ਦੀ ਰਾਜਨੀਤਿਕ ਅਤੇ ਵਪਾਰਿਕ ਖੇਤਰ ਦੀ ਪ੍ਰਮੁੱਖ ਸ਼ਖ਼ਸੀਅਤ ਕ੍ਰਿਸ਼ਨ ਸਿੰਗਲਾ ਨੂੰ ਯਾਦ ਕਰਦੇ ਹੋਏ ਸ਼ਰਧਾਂਜਲੀ ਸਮਾਗਮ ਕਰਕੇ ਯਾਦ ਕੀਤਾ ਗਿਆ।ਕ੍ਰਿਸ਼ਨ ਸਿੰਗਲਾ ਵੱਲੋਂ ਸਾਖਰਤਾ ਲਹਿਰ ਤੇ ਸਮਾਜ ਪ੍ਰਤੀ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਨੂੰ ਯਾਦ ਕਰਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮੇਰੀ ਨਿੱਜੀ ਜ਼ਿੰਦਗੀ ਵਿੱਚ ਕ੍ਰਿਸ਼ਨ ਸਿੰਗਲਾ ਦੀ ਸਖਸ਼ੀਅਤ ਦਾ ਬਹੁਤ ਵੱਡਾ ਪ੍ਰਭਾਵ ਹੈ।

ਉਹਨਾਂ ਨੇ ਆਪਣੇ ਸੰਬੋਧਨ ਵਿੱਚ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਸਿੰਗਲਾ ਜੀ ਦੀ ਯਾਦ ਨੂੰ ਚਿਰ ਸਦੀਵੀ ਬਣਾਉਣ ਲਈ ਜਲਦੀ ਹੀ ਕੋਟਕਪੂਰਾ ਸ਼ਹਿਰ ਵਿਖੇ ਥਾਂ ਦੀ ਭਾਲ ਕਰਕੇ ਲਾਇਬ੍ਰੇਰੀ ਦੀ ਸਥਾਪਨਾ ਕੀਤੀ ਜਾਵੇਗੀ।ਸਮਾਗਮ ਨੂੰ ਸੰਬੋਧਨ ਕਰਦਿਆਂ ਓਮਕਾਰ ਗੋਇਲ ਪ੍ਰਧਾਨ ਚੈਂਬਰ ਆਫ ਕਾਮਰਸ ਤੇ ਇੰਡਸਟਰੀ ਕੋਟਕਪੂਰਾ ਅਤੇ ਪ੍ਰਧਾਨ ਆਲ ਇੰਡੀਆ ਕਰਿਆਨਾ ਮਰਚੈਂਟਸ ਫੈਡਰੇਸ਼ਨ, ਸਾਖਰਤਾ ਮੁਹਿੰਮ ਦੇ ਮੋਹਰੀ ਆਗੂ ਡਾਕਟਰ ਤੇਜਬੀਰ ਸਿੰਘ ਸਾਬਕਾ ਡਾਇਰੈਕਟਰ ਖੋਜ ਅਤੇ ਮੈਡੀਕਲ ਸੰਸਥਾ ਪੰਜਾਬ, ਮਨਤਾਰ ਸਿੰਘ ਬਰਾੜ ਸਾਬਕਾ ਮੁੱਖ ਸੰਸਦੀ ਸਕੱਤਰ, ਅਜੇਪਾਲ ਸਿੰਘ ਸੰਧੂ ਕਾਂਗਰਸੀ ਆਗੂ, ਹਰਬੰਸ ਲਾਲ ਸ਼ਰਮਾ ਭਾਰਤੀ ਜਨਤਾ ਪਾਰਟੀ, ਜੋਗਿੰਦਰ ਸਿੰਘ ਬਰਾੜ ਐਡਵੋਕੇਟ, ਐਡਵੋਕੇਟ ਵਿਨੋਦ ਮੈਣੀ , ਪ੍ਰਿੰਸੀਪਲ ਸੇਵਾ ਸਿੰਘ ਚਾਵਲਾ, ਮੁਕੰਦ ਕਮਲ ਬਾਘਾ ਪੁਰਾਣਾ, ਸੀਨੀਅਰ ਪੱਤਰਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਸਮਾਜ ਸੇਵੀ ਬਲਜੀਤ ਸਿੰਘ ਖੀਵਾ, ਗਗਨਦੀਪ ਜਿੰਦਲ , ਰਾਜੂ ਥਾਪਰ ਐਸ ਐਮ ਡੀ ਵਿਦਿਅਕ ਸੰਸਥਾਵਾਂ ਤੇ ਭੁਪਿੰਦਰ ਸਿੰਘ ਸੱਗੂ ਸਾਬਕਾ ਪ੍ਰਧਾਨ ਨਗਰ ਕੌਂਸਲ ਕੋਟਕਪੂਰਾ ਨੇ ਕਿਹਾ ਕਿ ਕ੍ਰਿਸ਼ਨ ਸਿੰਗਲਾ ਸਮਾਜ ਸੇਵੀ ਦੇ ਨਾਲ ਨਾਲ ਆਪਣੀ ਜੁਅਰਤ ਨਾਲ ਆਪਣੀ ਗੱਲ ਵੱਡੇ ਤੋਂ ਵੱਡੇ ਅਧਿਕਾਰੀ ਅਤੇ ਰਾਜਨੀਤਕ ਆਗੂਆਂ ਸਾਹਮਣੇ ਪੇਸ਼ ਕਰਨ ਦੀ ਸਮਰੱਥਾ ਰੱਖਦੇ ਸਨ।ਨਜ਼ਦੀਕੀ ਰਿਸ਼ਤੇਦਾਰ ਕਰਨਲ ਅਮਨਦੀਪ ਸਿੰਗਲਾ ਤੇ ਬੇਟੇ ਐਡਵੋਕੇਟ ਅਨੂਪ ਸਿੰਗਲਾ ਨੇ ਕਿਹਾ ਕਿ ਕ੍ਰਿਸ਼ਨ ਸਿੰਗਲਾ ਨੇ ਆਪਣੇ ਪਰਵਾਰ ਅਤੇ ਬੱਚਿਆਂ ਨੂੰ ਸੈੱਟ ਕਰਨ ਦੇ ਨਾਲ ਨਾਲ ਸਮਾਜ ਸੇਵਾ ਕਰਨ ਨੂੰ ਆਪਣੀਆਂ ਤਰਜੀਹਾਂ ਵਿੱਚ ਸ਼ਾਮਿਲ ਕੀਤਾ।ਉਨ੍ਹਾਂ ਸ਼ਰਧਾਂਜਲੀ ਸਮਾਗਮ ਦੇ ਸਮੂਹ ਪ੍ਰਬੰਧਕਾਂ ਅਤੇ ਸਮਾਗਮ ਵਿੱਚ ਸ਼ਾਮਲ ਸਮੂਹ ਹਾਜ਼ਰੀਨ ਦਾ ਤਹਿ ਦਿਲੋਂ ਧੰਨਵਾਦ ਕੀਤਾ।ਸਮਾਗਮ ਦਾ ਮੰਚ ਸੰਚਾਲਨ ਸਿੰਗਲਾ ਦੇ ਕਰੀਬੀ ਸਾਥੀ ਤੇ ਪੈਨਸ਼ਨਰ ਆਗੂ ਪ੍ਰੇਮ ਚਾਵਲਾ ਵੱਲੋਂ ਬਾਖੂਬੀ ਨਿਭਾਇਆ ਗਿਆ।

## ਨਬਾਲਿਗਾ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ 'ਚ ਨੌਜਵਾਨ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮੱਲਾਂਵਾਲਾ ਵਿਖੇ ਇਕ ਨਬਾਲਿਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ ਵਿੱਚ ਥਾਣਾ ਮੱਲਾਂਵਾਲਾ ਪੁਲਸ ਨੇ ਇਕ ਨੌਜਵਾਨ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਾਬਾਲਿਗ ਲੜਕੀ ਦੇ ਪਿਤਾ ਨੇ ਦੱਸਿਆ ਕਿ ਉਸ ਲੱਕੜ ਮਿਸਤਰੀ ਦਾ ਕੰਮ ਕਰਦਾ ਹੈ ਤੇ ਉਸ ਦੇ 2 ਬੱਚੇ ਹਨ। ਲੜਕੀ ਦੇ ਪਿਤਾ ਨੇ ਦੱਸਿਆ ਕਿ ਉਸ ਦੀ ਨਬਾਲਿਗ ਲੜਕੀ, ਜਿਸ ਦੀ ਉਮਰ 15 ਸਾਲ ਹੈ, ਜੋ ਕੱਸੂਆਣਾ ਸਕੂਲ ਵਿਚ ਪੜ੍ਹਦੀ ਸੀ, ਜੋ ਆਪਣੇ ਨਾਨਕੇ ਪਿੰਡ ਮੀਹਾ ਸਿੰਘ ਵਾਲਾ ਛੱਡ ਗਏ ਸੀ। ਨਬਾਲਿਗ ਲੜਕੀ ਦੇ ਪਿਤਾ ਨੇ ਦੱਸਿਆ ਕਿ 22 ਜੂਨ 2026 ਦੀ ਰਾਤ ਨੂੰ ਉਸ ਦੀ ਨਬਾਲਿਗ ਲੜਕੀ ਕਿਧਰੇ ਚਲੀ ਗਈ ਹੈ। ਲੜਕੀ ਦੇ ਪਿਤਾ ਨੇ ਦੱਸਿਆ ਕਿ ਉਸ ਨੂੰ ਪਤਾ ਲੱਗਾ ਹੈ ਕਿ ਸਮਨਪ੍ਰੀਤ ਸਿੰਘ ਉਰਫ ਸਮਨ ਉਸ ਦੀ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਆਪਣੇ ਨਾਲ ਲੈ ਗਿਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਨੌਜਵਾਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਐੱਸ ਐੱਸ ਚੱਠਾ ਨੇ ਐੱਫ ਸੀ ਆਈ ਦੇ ਕਾਰਜਕਾਰੀ ਨਿਰਦੇਸ਼ਕ (ਉੱਤਰ) ਨਾਲ ਕੀਤੀ ਮੁਲਾਕਾਤ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਲ ਇੰਡੀਆ ਐਫ ਸੀ ਆਈ ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਵੱਲੋਂ ਭਾਰਤੀ ਖਾਦ ਨਿਗਮ ਦੇ ਕਾਰਜਕਾਰੀ ਨਿਰਦੇਸ਼ਕ (ਉੱਤਰ) ਨਾਲ ਇੱਕ ਮੁਲਾਕਾਤ ਕਰਦਿਆਂ ਨਿਗਮ ਦੇ ਮੁਲਾਜ਼ਮਾਂ ਨੂੰ ਦਰਪੇਸ਼ ਆ ਰਹੀਆਂ ਗੰਭੀਰ ਮੁਸ਼ਕਲਾਂ ਤੇ ਉਨ੍ਹਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹੱਕੀ ਮੰਗਾਂ ਨੂੰ ਬੜੀ ਦ੍ਰਿੜਤਾ ਨਾਲ ਪ੍ਰਬੰਧਕਾਂ ਦੇ ਸਾਹਮਣੇ ਰੱਖਿਆ ਗਿਆ।ਮੀਟਿੰਗ ਦੇ ਮੁੱਖ ਏਜੰਡੇ ਬਾਰੇ ਜਾਣਕਾਰੀ ਦਿੰਦਿਆਂ ਯੂਨੀਅਨ ਪ੍ਰਧਾਨ ਸ੍ਰੀ ਚੱਠਾ ਨੇ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਫੀਲਡ ਸਟਾਫ਼ ਉੱਤੇ ਟੀ.ਐਲ. ਤੇ ਐਸ.ਐਲ. ਦੇ ਨਾਂਅ 'ਤੇ ਕੀਤੇ ਜਾ ਰਹੇ ਕਥਿਤ ਉਤਪੀੜਨ ਦਾ ਮੁੱਦਾ ਬੇਹੱਦ ਚਿੰਤਾਜਨਕ ਹੈ, ਜਿਸ ਵੱਲ ਤੁਰੰਤ ਧਿਆਨ ਦੇਣ ਦੀ ਲੋੜ ਹੈ।ਇਸ ਤੋਂ ਇਲਾਵਾ ਆਰ.ਟੀ.ਐਲ. ਦੇ ਆਧਾਰ 'ਤੇ ਮੁਲਾਜ਼ਮਾਂ ਦੀਆਂ ਖੇਤਰ ਤੋਂ ਬਾਹਰ ਕੀਤੀਆਂ ਜਾ ਰਹੀਆਂ ਬਦਲੀਆਂ ਦਾ ਸਖ਼ਤ ਵਿਰੋਧ ਕੀਤਾ ਗਿਆ।ਉਨ੍ਹਾਂ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਪੈਂਡਿੰਗ ਪਈਆਂ ਬਦਲੀਆਂ ਦੀਆਂ ਪ੍ਰਤੀ ਬੇਨਤੀਆਂ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ ਤਾਂ ਜੁ ਕ੍ਰਮਚਾਰੀ ਮਾਨਸਿਕ ਤਣਾਅ ਤੋਂ ਮੁਕਤ ਹੋ ਕੇ ਕੰਮ ਕਰ ਸਕਣ।ਸ੍ਰੀ ਚੱਠਾ ਨੇ ਨਿਗਮ ਦੇ ਅਧਿਕਾਰੀਆਂ ਨਾਲ ਮੁਲਾਜ਼ਮਾਂ ਦੀਆਂ ਰੁਕੀਆਂ ਹੋਈਆਂ ਤਰੱਕੀਆਂ ਦੇ ਮਾਮਲੇ 'ਤੇ ਵੀ ਗੰਭੀਰ ਚਰਚਾ ਕੀਤੀ।ਇਸ ਦੇ ਨਾਲ ਹੀ ਉਨ੍ਹਾਂ ਤਰਸ ਦੇ ਅਧਾਰ 'ਤੇ ਦਿੱਤੀਆਂ ਜਾਣ ਵਾਲੀਆਂ ਨੌਕਰੀਆਂ ਦਾ ਮਾਮਲਾ ਵੀ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ।ਕਾਰਜਕਾਰੀ ਨਿਰਦੇਸ਼ਕ (ਉੱਤਰ) ਨੇ ਯੂਨੀਅਨ ਵੱਲੋਂ ਚੁੱਕੇ ਗਏ ਸਾਰੇ ਨੁਕਤਿਆਂ ਨੂੰ ਬਹੁਤ ਹੀ ਹਮਦਰਦੀ ਰਵੱਈਏ ਨਾਲ ਸੁਣਿਆ।ਉਨ੍ਹਾਂ ਭਰੋਸਾ ਦਿੱਤਾ ਕਿ ਇਨ੍ਹਾਂ ਸਾਰੇ ਮੁੱਦਿਆਂ 'ਤੇ ਜਲਦੀ ਹੀ ਲੋੜੀਂਦੀ ਕਾਰਵਾਈ ਕਰਨ ਬਦਲੀਆਂ ਤੇ ਤਰੱਕੀਆਂ ਦੇ ਹੁਕਮ ਜਲਦ ਜਾਰੀ ਕੀਤੇ ਜਾਣ ਦਾ ਭਰੋਸਾ ਵੀ ਦਿੱਤਾ।ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਦੁਹਰਾਇਆ ਕਿ ਆਲ ਇੰਡੀਆ ਐਫ.ਸੀ.ਆਈ. ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਹਮੇਸ਼ਾ ਕ੍ਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਸਥਾਈ ਹੱਲ ਲਈ ਨਿਰੰਤਰ ਯਤਨਸ਼ੀਲ ਰਹੇਗੀ।

## ਬੱਸ ਦੀ ਉਡੀਕ ਕਰ ਰਹੀ ਬਜ਼ੁਰਗ ਔਰਤ ਦੀਆਂ ਵਾਲੀਆਂ ਲੁੱਟ ਕੇ ਤਿੰਨ ਨੌਜਵਾਨ ਫਰਾਰ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਇਥੋਂ ਦੇ ਅੰਬੇਡਕਰ ਚੌਂਕ ਵਿਖੇ ਪਿੰਡ ਬਿੱਜਲਪੁਰ ਦੀ ਇੱਕ 70 ਸਾਲਾ ਬਜ਼ੁਰਗ ਔਰਤ ਸੁਖਵਿੰਦਰ ਕੌਰ ਬੱਸ ਦੀ ਉਡੀਕ ਕਰ ਰਹੀ ਸੀ ਕਿ ਅਚਾਨਕ ਤਿੰਨ ਨੌਜਵਾਨ ਸਕੂਟਰੀ 'ਤੇ ਆਏ ਤੇ ਆਉਂਦੇ ਹੀ ਉਨ੍ਹਾਂ ਨੇ ਮਾਤਾ ਦੇ ਕੰਨਾਂ ਵਿੱਚੋਂ ਦੋਨੋਂ ਬਾਲੀਆਂ ਲੁੱਟ ਲਈਆਂ ਅਤੇ ਫਰਾਰ ਹੋ ਗਏ।ਮਾਤਾ ਦੇ ਕੰਨ ਫਟ ਗਏ, ਜਿਸ ਕਾਰਨ ਉਹ ਲਹੂ ਲੁਹਾਣ ਹੋ ਗਈ। ਸੂਚਨਾ ਮਿਲਣ 'ਤੇ ਸਿਟੀ ਪੁਲਸ ਦੇ ਥਾਣੇਦਾਰ ਸੁਖਵਿੰਦਰ ਸ਼ਰਮਾ ਨੇ ਮੌਕੇ 'ਤੇ ਪਹੁੰਚ ਕੇ ਮਾਤਾ ਤੋਂ ਦੋਸ਼ੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਅਤੇ ਉਸ ਨੂੰ ਮੁਢਲੀ ਸਹਾਇਤਾ ਲਈ ਸਿਵਲ ਹਸਪਤਾਲ ਦਾਖਲ ਕਰਵਾ ਦਿੱਤਾ। ਉਨ੍ਹਾਂ ਕਿਹਾ ਕਿ ਮਾਮਲਾ ਦਰਜ ਕਰਕੇ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਹੈ।

## ਖਾਦਾਂ ਦੀ ਸੰਤੁਲਿਤ ਵਰਤੋਂ ਸੰਬੰਧੀ ਭਰੂਰ 'ਚ ਕਿਸਾਨ ਸਿਖਲਾਈ ਕੈਂਪ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਮਿੱਟੀ ਦੀ ਸਿਹਤ ਸੰਭਾਲ, ਖੇਤੀ ਲਾਗਤ ਘਟਾਉਣ, ਮਾੜੇ ਪਾਣੀਆਂ ਦੇ ਸਹੀ ਪ੍ਰਬੰਧਨ ਤੇ ਰਸਾਇਣਕ ਖਾਦਾਂ ਦੀ ਸੁਚੱਜੀ ਵਰਤੋਂ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਵੱਲੋਂ ਪਿੰਡ ਭਰੂਰ ਵਿਖੇ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ। ਕੈਂਪ ਵਿੱਚ 50 ਦੇ ਕਰੀਬ ਕਿਸਾਨਾਂ ਨੇ ਭਾਗ ਲਿਆ।ਕੈਂਪ ਦੀ ਪ੍ਰਧਾਨਗੀ ਕਰਦੇ ਹੋਏ ਡਾ. ਅਸ਼ੋਕ ਕੁਮਾਰ ਗਰਗ, ਸੀਨੀਅਰ ਪਸਾਰ ਵਿਗਿਆਨੀ ਨੇ ਕਿਸਾਨਾਂ ਨੂੰ ਮਿੱਟੀ ਪਰਖ ਅਧਾਰਤ ਖਾਦ ਪ੍ਰਬੰਧਨ, ਝੋਨੇ ਤੇ ਬਾਸਮਤੀ ਦੀ ਪੌਦ ਲਈ ਜੀਵਾਣੂ ਖਾਦਾਂ ਦੇ ਟੀਕਿਆਂ ਦੀ ਮਹੱਤਤਾ ਤੇ ਝੋਨੇ ਵਿੱਚ ਫਾਸਫੋਰਸ ਖਾਦ ਦੀ ਬੇਲੋੜੀ ਵਰਤੋਂ ਤੋਂ ਬਚਣ ਸਬੰਧੀ ਵਿਗਿਆਨਕ ਜਾਣਕਾਰੀ ਦਿੱਤੀ ਗਈ।ਡਾ. ਅਸ਼ੋਕ ਕੁਮਾਰ ਗਰਗ ਸੀਨੀਅਰ ਪਸਾਰ ਵਿਗਿਆਨੀ ਨੇ ਕਿਸਾਨਾਂ ਨੂੰ ਮਾੜੇ ਪਾਣੀਆਂ ਦੇ ਸਹੀ ਪ੍ਰਬੰਧਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੂਣੇ ਪਾਣੀ, ਜਿਨ੍ਹਾਂ ਵਿੱਚ ਨਮਕ ਦੀ ਮਾਤਰਾ ਕਾਫ਼ੀ ਜ਼ਿਆਦਾ ਹੁੰਦੀ ਹੈ, ਨੂੰ ਲਗਾਤਾਰ ਵਰਤਣ ਨਾਲ ਜ਼ਮੀਨ ਦੀ ਸਿਹਤ ਘਟਦੀ ਹੈ।ਅਜਿਹੇ ਪਾਣੀਆਂ ਨੂੰ ਕੁਝ ਹੱਦ ਤੱਕ ਨਹਿਰੀ ਪਾਣੀ ਨਾਲ ਰਲਾ ਕੇ ਵਰਤਿਆ ਜਾ ਸਕਦਾ ਹੈ।ਦੂਜੇ ਪਾਸੇ ਖਾਰੇ (ਸੋਡੀਅਮ ਦੇ ਕਾਰਬੋਨੇਟ ਜਾਂ ਬਾਈਕਾਰਬੋਨੇਟ ਵਾਲੇ) ਪਾਣੀਆਂ ਨੂੰ ਜਿਪਸਮ ਪਾ ਕੇ ਵਰਤਿਆ ਜਾ ਸਕਦਾ ਹੈ।ਇਸ ਲਈ ਇਹ ਅਤਿ ਜ਼ਰੂਰੀ ਹੈ ਕਿ ਟਿਊਬਵੈੱਲ ਦੇ ਪਾਣੀ ਦੀ ਜਾਂਚ ਮਿੱਟੀ-ਪਾਣੀ ਪਰਖ ਪ੍ਰਯੋਗਸ਼ਾਲਾ ਤੋਂ ਕਰਵਾਈ ਜਾਏ ਤਾਂ ਕਿ ਇਹ ਪਤਾ ਲੱਗ ਸਕੇ ਇਸ ਵਿੱਚ ਕਿਹੜੀ ਤੇ ਕਿੰਨੀ ਖ਼ਰਾਬੀ ਹੈ।ਉਨ੍ਹਾਂ ਕਿਹਾ ਕਿ ਖਾਦਾਂ ਦੀ ਸੰਤੁਲਿਤ ਵਰਤੋਂ ਨਾਲ ਨਾ ਸਿਰਫ਼ ਖੇਤੀ ਦੀ ਲਾਗਤ ਘਟਦੀ ਹੈ, ਸਗੋਂ ਫਸਲ ਦੀ ਪੈਦਾਵਾਰ ਤੇ ਮਿੱਟੀ ਦੀ ਸਿਹਤ ਵਿੱਚ ਵੀ ਸੁਧਾਰ ਹੁੰਦਾ ਹੈ।ਡਾ. ਗਰਗ ਨੇ ਕਿਸਾਨਾਂ ਨੂੰ ਝੋਨੇ ਅਤੇ ਬਾਸਮਤੀ ਵਿੱਚ ਡੀ.ਏ.ਪੀ. ਖਾਦ ਦੀ ਬੇਲੋੜੀ ਵਰਤੋਂ ਤੋਂ ਬਚਣ ਅਤੇ ਯੂਰੀਆ ਖਾਦ ਦੀ ਵੀ ਸੰਜਮ ਨਾਲ ਵਰਤੋਂ ਕਰਨ ਦੀ ਅਪੀਲ ਕੀਤੀ।ਕੈਂਪ ਦੀ ਸਫਲਤਾ ਵਿੱਚ ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ (ਸਰਪੰਚ) ਨੇ ਵਿਸ਼ੇਸ਼ ਯੋਗਦਾਨ ਪਾਇਆ।

## ਜੌੜਾਮਾਜਰਾ ਵੱਲੋਂ ਆਧੁਨਿਕ ਅਲਟਰਾਸਾਊਂਡ ਮਸ਼ੀਨ ਦਾ ਉਦਘਾਟਨ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਸਿਵਲ ਹਸਪਤਾਲ ਸਮਾਣਾ ਵਿਖੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਆਧੁਨਿਕ ਅਲਟਰਾ ਸਾਊਂਡ ਮਸ਼ੀਨ ਦਾ ਉਦਘਾਟਨ ਕੀਤਾ। ਇਸ ਸਮੇਂ ਅਲਟਰਾ ਸਾਊਂਡ ਦੇ ਮਾਹਰ ਡਾਕਟਰ ਦੀਪਿਕਾ ਬੰਸਲ ਨੇ ਇਸ ਮਸ਼ੀਨ ਦੀਆਂ ਖੂਬੀਆਂ ਬਾਰੇ ਵਿਸਤਾਰ ਪੂਰਵਕ ਜਾਣਕਾਰੀ ਦਿੰਦੇ ਦੱਸਿਆ ਕਿ ਮਰੀਜ਼ਾਂ ਨੂੰ ਇਸ ਆਧੁਨਿਕ ਮਸ਼ੀਨ ਦਾ ਕਾਫੀ ਲਾਭ ਮਿਲੇਗਾ। ਜੌੜਾਮਾਜਰਾ ਨੇ ਦੱਸਿਆ ਕਿ ਪੰਜਾਬ ਸਰਕਾਰ ਭਗਵੰਤ ਮਾਨ ਦੀ ਅਗਵਾਈ ਹੇਠ ਮਰੀਜ਼ਾਂ ਨੂੰ ਇਲਾਜ ਲਈ ਇਸ ਨਵੀਂ ਮਸ਼ੀਨ ਨਾਲ ਕਾਫੀ ਬਿਹਤਰ ਸਹੂਲਤਾਂ ਮਿਲਣਗੀਆਂ ਤੇ ਕਿਹਾ ਕਿ ਮਾਨ ਸਰਕਾਰ ਲੋਕਾਂ ਨੂੰ ਉੱਚ-ਪੱਧਰੀ ਸਿਹਤ ਸਹੂਲਤਾਂ ਦੇਣ ਵਿੱਚ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਸਮੇਂ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨਵੇਂ ਚੁਣੇ ਕੌਂਸਲਰ ਪਾਰਸ ਸ਼ਰਮਾ, ਸੰਜੇ ਸਿੰਘਲਾ, ਐੱਸ ਐੱਮ ਓ ਡਾਕਟਰ ਨੰਦਰੀ ਸ਼ਰਮਾ, ਡਾਕਟਰ ਦਾਰਾ, ਡਾਕਟਰ ਮਨਜਿੰਦਰ ਸਿੰਘ ਸਮੇਤ ਹੋਰ ਸਟਾਫ ਹਾਜ਼ਰ ਸੀ।

## ਸਫਾਈ ਸੇਵਕ 8 ਤੋਂ ਕਰਨਗੇ ਅਣਮਿੱਥੇ ਸਮੇਂ ਲਈ ਹੜਤਾਲ : ਅਸ਼ੋਕ ਸਾਰਵਾਨ




**ਮੋਗਾ (ਇਕਬਾਲ ਸਿੰਘ ਖਹਿਰਾ)**-ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਨਗਰ ਨਿਗਮ ਮੋਗਾ ਵੱਲੋਂ ਖਰੜ ਵਿਖੇ ਮਹਾਂਰੋਸ ਰੈਲੀ ਵਿੱਚ ਸ਼ਮੂਲੀਅਤ ਕੀਤੀ ਗਈ। ਖਰੜ ਵਿਖੇ ਪੂਰੇ ਪੰਜਾਬ ਦੇ ਸਫਾਈ ਸੇਵਕਾਂ ਸੀਵਰਮੈਨ, ਪੰਪ ਆਪ੍ਰੇਟਰ, ਬੇਲਦਾਰ, ਮਾਲੀ ਤੇ ਸਮੂਹ ਆਊਟਸੋਰਸ ਕੰਟਰੈਕਟ ਕਾਮਿਆਂ ਨੂੰ ਬਿਨਾਂ ਸ਼ਰਤ ਪੱਕਾ ਕਰਾਉਣ ਲਈ ਤੇ 10 ਸਾਲਾ ਪੌਲਸੀ ਨੂੰ ਰੱਦ ਕਰਵਾਉਣ ਤੇ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਾਉਣ ਲਈ ਵਡੀ ਗਿਣਤੀ ਵਿੱਚ ਕਰਮਚਾਰੀ ਸ਼ਾਮਲ ਹੋਏ।ਇਸ ਚਲਦੀ ਰੋਸ ਰੈਲੀ ਵਿੱਚ ਪਹੁੰਚ ਕੇ ਸਰਕਾਰ ਦੇ ਨੁਮਾਇੰਦਿਆਂ ਨੇ ਯੂਨੀਅਨ ਦੇ ਆਗੂਆਂ ਨਾਲ ਗੱਲਬਾਤ ਕੀਤੀ ਤੇ 2 ਜੁਲਾਈ 2026 ਨੂੰ ਚੰਡੀਗੜ੍ਹ ਵਿਖੇ ਮੀਟਿੰਗ ਦਾ ਸੱਦਾ ਦਿੱਤਾ।ਇਸ ਰੈਲੀ ਵਿੱਚ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਸ਼ੋਕ ਸਾਰਵਾਨ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਆਖਿਆ ਕੀ ਜੇਕਰ ਇਸ ਮੀਟਿੰਗ ਦੇ ਵਿੱਚ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਦਾ ਨਿਪਟਾਰਾ ਨਹੀਂ ਹੁੰਦਾ ਤਾਂ ਸਫਾਈ ਸੇਵਕ ਯੂਨੀਅਨ ਪੰਜਾਬ 8 ਜੁਲਾਈ 2026 ਤੋਂ ਅਣਮਿੱਥੇ ਸਮੇਂ ਦੀ ਹੜਤਾਲ 'ਤੇ ਜਾਵੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਰੋਸ ਰੈਲੀ ਵਿੱਚ ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਦੇ ਪ੍ਰਧਾਨ ਜਸਵੀਰ ਸਿੰਘ ਗਿੱਲ, ਸਕੱਤਰ ਨਰੋਤਮ ਬਹੁਤ, ਕੈਸ਼ੀਅਰ ਜੋਗਿੰਦਰ ਭੁੱਲਰ, ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੋਮਨਾਥ ਚੋਬੜ, ਜਨਰਲ ਸਕੱਤਰ ਵਿਸ਼ਵਨਾਥ ਜੋਨੀ, ਚੇਅਰਮੈਨ ਰਜਿੰਦਰ ਬੋਹਤ, ਕੈਸ਼ੀਅਰ ਅਜੇ ਪੰਤਮੋਲੀ, ਰਾਜ ਕੁਮਾਰ ਚੰਡਾਲੀਆ, ਅਸ਼ੋਕ ਪੰਤਮੋਲੀ ਤੇ ਹੋਰ ਮੁਲਾਜ਼ਮ ਸਾਥੀਆਂ ਨੇ ਹਿੱਸਾ ਲਿਆ।

## ਡਲਿਵਰੀ ਬੁਆਏ ਤੋਂ ਕਾਰ ਸਵਾਰ ਨੌਜਵਾਨ ਮਹਿੰਗਾ ਫ਼ੋਨ ਖੋਹ ਕੇ ਫ਼ਰਾਰ



**ਰਾਏਕੋਟ (ਸੰਤੋਖ ਗਿੱਲ)**-ਲੁਧਿਆਣਾ-ਬਠਿੰਡਾ ਰਾਜ-ਮਾਰਗ ਉਪਰ ਰਾਏਕੋਟ ਸ਼ਹਿਰ ਦੇ ਪ੍ਰਸਿੱਧ ਕਤਿਆਲ ਪੈਲੇਸ ਸਾਹਮਣੇ ਕੋਰੀਅਰ ਵਾਲੇ ਮੋਟਰਸਾਈਕਲ ਸਵਾਰ ਨੌਜਵਾਨ ਤੋਂ ਸਿਖਰ ਦੁਪਹਿਰ ਕਾਰ ਸਵਾਰ ਨੌਜਵਾਨ ਮਹਿੰਗੇ ਭਾਅ ਦਾ ਮੋਬਾਈਲ ਫ਼ੋਨ ਖੋਹ ਕੇ ਫ਼ਰਾਰ ਹੋ ਗਏ।ਡਲਿਵਰੀ ਬੁਆਏ ਨੇ ਕਾਰ ਦਾ ਪਿੱਛਾ ਕਰਨ ਦੀ ਵੀ ਕੋਸ਼ਿਸ਼ ਕੀਤੀ, ਪਰ ਤੇਜ਼ ਰਫ਼ਤਾਰ ਕਾਰ ਸਾਹਮਣੇ ਤੋਂ ਆ ਰਹੀ ਬੱਸ ਨੂੰ ਟੱਕਰ ਮਾਰਨ ਤੋਂ ਬਚਦਿਆਂ ਅੱਖਾਂ ਤੋਂ ਓਹਲੇ ਹੋ ਗਈ।ਪੁਲਸ ਕੰਟਰੋਲ 'ਤੇ ਫ਼ੋਨ ਕਰਨ ਉੱਪਰ ਫ਼ੌਰੀ ਪੁਲਸ ਮੌਕੇ 'ਤੇ ਪਹੁੰਚ ਗਈ।ਡਲਿਵਰੀ ਬੁਆਏ ਹਰਜੀਤ ਸਿੰਘ ਵਾਸੀ ਪਿੰਡ ਹੇਰਾਂ ਨੇ ਪੁਲਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਗਰਾਉਂ ਦੀ ਆਨਲਾਈਨ ਸ਼ਾਪਿੰਗ ਪੋਰਟਲ ਈਕਾਰਟ ਤੋਂ ਕਿਸੇ ਗੁਰਜੀਤ ਸਿੰਘ ਮੰਡ ਨਾਂ ਦੇ ਵਿਅਕਤੀ ਨੇ ਸੈਮਸੰਗ ਕੰਪਨੀ ਦਾ ਮਹਿੰਗਾ ਫ਼ੋਨ 1 ਲੱਖ 61 ਹਜ਼ਾਰ ਰੁਪਏ ਦਾ ਬੁੱਕ ਕਰਵਾਇਆ ਸੀ।ਵੀਰਵਾਰ ਨੂੰ ਦੁਪਹਿਰ ਡੇਢ ਵਜੇ ਜਦੋਂ ਹਰਜੀਤ ਸਿੰਘ ਫ਼ੋਨ ਦੀ ਡਲਿਵਰੀ ਦੇਣ ਲਈ ਦਿੱਤੇ ਪਤੇ ਕਤਿਆਲ ਪੈਲੇਸ ਰਾਏਕੋਟ ਸਾਹਮਣੇ ਪਹੁੰਚਿਆ ਤਾਂ ਫ਼ੋਨ 'ਤੇ ਸੰਪਰਕ ਕਰਨ ਬਾਅਦ ਜਦੋਂ ਫ਼ੋਨ ਵਾਲਾ ਡੱਬਾ ਕਾਰ ਸਵਾਰ ਨੌਜਵਾਨ ਦੇ ਹਵਾਲੇ ਕੀਤਾ ਤਾਂ ਉਸ ਨੇ ਓ.ਪੀ.ਟੀ. ਦੇਣ ਦੀ ਥਾਂ ਉਹ ਭੱਜ ਕੇ ਕਾਰ ਵਿੱਚ ਬੈਠ ਗਿਆ ਤੇ ਕਾਰ ਵਿੱਚ ਬੈਠੇ ਦੂਜੇ ਨੌਜਵਾਨ ਕਾਰ ਭਜਾ ਕੇ ਲੈ ਗਿਆ।ਥਾਣਾ ਰਾਏਕੋਟ (ਸ਼ਹਿਰੀ) ਦੇ ਐੱਸ ਐੱਚ ਓ ਸੁਰਜੀਤ ਸਿੰਘ ਸਿੱਧੂ ਵੀ ਮੌਕੇ 'ਤੇ ਪਹੁੰਚੇ ਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਪੜਤਾਲ ਸਮੇਂ ਕਾਰ ਸਵਾਰ ਨੌਜਵਾਨ ਲੁਧਿਆਣਾ ਵੱਲ ਭਜਦੇ ਕੈਮਰਿਆਂ ਵਿੱਚ ਕੈਦ ਹੋ ਗਏ ਹਨ।ਥਾਣਾ ਮੁਖੀ ਸਿੱਧੂ ਅਨੁਸਾਰ ਪੀੜਤ ਹਰਜੀਤ ਸਿੰਘ ਦਾ ਬਿਆਨ ਦਰਜ ਕੀਤਾ ਗਿਆ ਹੈ ਤੇ ਪੁਲਸ ਵੱਲੋਂ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਕਾਮਰੇਡ ਪਰਮਜੀਤ ਸਿੰਘ ਦੋਰਾਹਾ ਨਹੀਂ ਰਹੇ

**ਦੋਰਾਹਾ (ਹਰਮਿੰਦਰ ਸੇਠ)**-ਦੋਰਾਹਾ ਅੰਦਰ ਨੌਜਵਾਨ ਸਭਾ ਦੀ ਤੇ ਮਾਰਕਸਵਾਦੀ ਕਮਿਊਨਿਸਟ ਪਾਰਟੀ ਦੀ ਸਥਾਪਨਾ ਕਰਨ ਵਾਲੇ ਮੋਢਿਆਂ 'ਚੋਂ ਇੱਕ, ਨੌਜਵਾਨਾਂ, ਕਿਸਾਨਾਂ, ਮਜ਼ਦੂਰਾਂ ਦੀ ਹਰ ਉਹ ਹੱਕੀ ਮੰਗ ਲਈ ਕੀਤੇ ਜਾਂਦੇ ਸੰਘਰਸ਼ ਵਿੱਚ ਹਿਸਾ ਪਾਉਣ ਵਾਲੇ ਉੱਘੇ ਕਾਮਰੇਡ ਪਰਮਜੀਤ ਸਿੰਘ ਦੋਰਾਹਾ ਨਹੀਂ ਰਹੇ।ਇਸ ਅਹਿਮ ਸ਼ਖਸੀਅਤ ਨੂੰ ਮਾਰਕਸਵਾਦੀ ਕਮਿਊਨਿਸਟ ਪਾਰਟੀ ਆਫ ਇੰਡੀਆ (ਯੂਨਾਇਟਡ) ਵੱਲੋਂ ਭਾਵ-ਭਿੰਨੀ ਸ਼ਰਧਾਂਜਲੀ ਦਿੱਤੀ ਗਈ।

## ਹੱਜ ਯਾਤਰਾ ਲਈ ਆਨਲਾਈਨ ਫਾਰਮ ਭਰਨ ਦੀ ਪ੍ਰਕਿਰਿਆ ਸ਼ੁਰੂ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਭਾਰਤ ਸਰਕਾਰ ਦੇ ਘੱਟ ਗਿਣਤੀ ਮਾਮਲਿਆਂ ਦੇ ਮੰਤਰਾਲੇ ਅਧੀਨ ਹੱਜ ਕਮੇਟੀ ਆਫ਼ ਇੰਡੀਆ ਵੱਲੋਂ ਹੱਜ ਯਾਤਰਾ-2027 (1448 ਹਿਜਰੀ) ਲਈ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਕਰਦਿਆਂ ਆਨਲਾਈਨ ਫਾਰਮ ਭਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।ਇਸ ਸਬੰਧੀ ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਮਾਸਟਰ ਅਬਦੁਲ ਅਜ਼ੀਜ਼, ਜੋ ਹਰ ਸਾਲ ਹੱਜ ਯਾਤਰੀਆਂ ਦੀ ਨਿਸ਼ਕਾਮ ਸੇਵਾ ਕਰਦੇ ਹਨ, ਨੇ ਦੱਸਿਆ ਕਿ ਇਸ ਵਾਰ ਵੀ ਉਹ ਹੱਜ 'ਤੇ ਜਾਣ ਦੇ ਚਾਹਵਾਨ ਯਾਤਰੀਆਂ ਦੇ ਫਾਰਮ ਬਿਲਕੁਲ ਮੁਫ਼ਤ ਭਰਨ ਦੀ ਸੇਵਾ ਨਿਭਾਉਣਗੇ।ਮਾਸਟਰ ਅਬਦੁਲ ਅਜ਼ੀਜ਼ ਨੇ ਸਰਕਾਰੀ ਨੋਟਿਸ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਹੱਜ ਫਾਰਮ ਭਰਨ ਦੀ ਪ੍ਰਕਿਰਿਆ 22 ਜੂਨ 2026 ਤੋਂ ਸ਼ੁਰੂ ਹੋ ਚੁੱਕੀ ਹੈ ਤੇ 20 ਜੁਲਾਈ 2026 (ਰਾਤ 11:59 ਵਜੇ ਤੱਕ) ਚੱਲੇਗੀ।ਚਾਹਵਾਨ ਯਾਤਰੀ ਹੱਜ ਕਮੇਟੀ ਦੀ ਅਧਿਕਾਰਤ ਵੈੱਬਸਾਈਟ ਜਾਂ 'ਹੱਜ ਸੁਵਿਧਾ' ਮੋਬਾਈਲ ਐਪ ਰਾਹੀਂ ਆਨਲਾਈਨ ਅਪਲਾਈ ਕਰ ਸਕਦੇ ਹਨ।ਉਨ੍ਹਾਂ ਦੱਸਿਆ ਕਿ ਜੁਲਾਈ ਦੇ ਆਖਰੀ ਹਫ਼ਤੇ ਡਿਜੀਟਲ ਰੈਂਡਮ ਸਿਲੈਕਸ਼ਨ (ਕੁਰਅ/ਲੱਕੀ ਡਰਾਅ) ਪ੍ਰਕਿਰਿਆ ਰਾਹੀਂ ਹੱਜ ਯਾਤਰੀਆਂ ਦੀ ਚੋਣ ਕੀਤੀ ਜਾਵੇਗੀ।ਸਫਲ ਪਾਏ ਗਏ ਯਾਤਰੀਆਂ ਨੂੰ 10 ਅਗਸਤ 2026 ਜਾਂ ਉਸ ਤੋਂ ਪਹਿਲਾਂ 1,52,300/- ਦੀ ਅਗਾਊਂ ਰਕਮ ਜਮ੍ਹਾਂ ਕਰਵਾਉਣੀ ਪਵੇਗੀ। ਇਨ੍ਹਾਂ ਮਿਤੀਆਂ ਵਿੱਚ ਕੋਈ ਵਾਧਾ ਜਾਂ ਛੋਟ ਨਹੀਂ ਦਿੱਤੀ ਜਾਵੇਗੀ।ਸਮਾਜ ਸੇਵੀ ਮਾਸਟਰ ਅਬਦੁਲ ਅਜ਼ੀਜ਼ ਨੇ ਹੱਜ ਯਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਆਖਰੀ ਦਿਨਾਂ ਦੀ ਭੱਜ-ਦੌੜ ਤੇ ਵੈੱਬਸਾਈਟ ਦੇ ਤਕਨੀਕੀ ਜਾਮ ਤੋਂ ਬਚਣ ਲਈ ਆਪਣੇ ਦਸਤਾਵੇਜ਼ ਜਲਦੀ ਮੁਕੰਮਲ ਕਰਕੇ ਫਾਰਮ ਭਰਵਾਉਣ।ਉਨ੍ਹਾਂ ਕਿਹਾ ਕਿ ਕੋਈ ਵੀ ਚਾਹਵਾਨ ਯਾਤਰੀ ਉਨ੍ਹਾਂ ਨਾਲ ਸੰਪਰਕ ਕਰਕੇ ਬਿਨਾਂ ਕਿਸੇ ਫੀਸ (ਬਿਲਕੁਲ ਮੁਫ਼ਤ) ਦੇ ਆਪਣਾ ਫਾਰਮ ਸਹੀ ਤਰੀਕੇ ਨਾਲ ਭਰਵਾ ਸਕਦਾ ਹੈ।

## ਚੰਨੀ ਨੂੰ ਬਿਨਾਂ ਦੇਰੀ ਕਾਂਗਰਸ ਮੁੱਖ ਮੰਤਰੀ ਦਾ ਚਿਹਰਾ ਐਲਾਨੇ : ਗਿੱਲ ਬੇਰ ਕਲਾਂ

**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਗਰਸ ਮਲੌਦ ਦੇ ਪ੍ਰਧਾਨ ਤੇ ਸ਼ਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਲੋਕ ਭਾਵਨਾਵਾਂ ਨੂੰ ਵੇਖਦੇ ਹੋਏ ਬਿਨਾ ਦੇਰੀ ਕੀਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨ ਕਰੇ ਤਾਂ ਜੁ ਸ਼ਰਾਬੀ ਮੁੱਖ ਮੰਤਰੀ ਭਗਵੰਤ ਮਾਨ ਤੋਂ ਪੰਜਾਬ ਦੀ ਹੋਰ ਦੁਰਦਸ਼ਾ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਨੂੰ ਗਿਰਵੀ ਰੱਖ ਦਿੱਤਾ ਹੈ। ਕੋਈ ਸਰਕਾਰੀ ਇਮਾਰਤ ਅਜਿਹੀ ਨਹੀਂ, ਜਿਹੜੀ ਨਾ ਵੇਚ ਕੇ ਪੰਜਾਬ ਸਰਕਾਰ ਨੇ ਕਰਜ਼ਾ ਨਾ ਚੁੱਕਿਆ ਹੋਵੇ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਡਰਾਮੇਬਾਜ਼ ਚੁਟਕਲੇ ਸੁਣਾਉਣ ਵਾਲੇ ਝੂਠੇ ਲੋਕਾਂ ਦਾ ਟੋਲਾ ਹੈ। ਮੋਬਾਈਲ ਰਿਪੇਅਰ ਕਰਨ ਵਾਲੇ ਸਾਈਕਲ ਨੂੰ ਪੈਂਚਰ ਲਾਉਣ ਵਾਲੇ ਵਿਧਾਇਕ ਅੱਜ ਕਿਵੇਂ ਕਰੋੜਾਂ ਰੁਪਏ ਦੀਆਂ ਆਲੀਸ਼ਾਨ ਕੋਠੀਆਂ ਪਾ ਰਹੇ ਹਨ। ਇਹ ਰੁਪਇਆ ਆਮ ਘਰਾਂ ਦੇ ਮੁੰਡਿਆਂ ਕੋਲ ਕਿੱਥੋਂ ਆਇਆ, ਇਹ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਇਹ ਬਦਲਾਅ ਆਲੇ ਪੰਜਾਬ ਦਾ ਸਿਸਟਮ ਬਦਲਣ ਆਏ ਸੀ, ਪਰ ਇਨ੍ਹਾਂ ਨੇ ਪੰਜਾਬ ਦਾ ਸਿਸਟਮ ਤਾਂ ਕੀ ਬਦਲਣਾ ਸੀ, ਸਗੋਂ ਆਪਣਾ ਹੀ ਸਿਸਟਮ ਬਦਲਣ ਨੂੰ ਤਰਜੀਹ ਦਿੱਤੀ।

## ਸਫਾ 1 ਦੇ ਬਾਕੀ...

### ਜਗਮਨ ਸਮਰਾ ਨੇ ...

ਸਾਹਿਬ ਉਹਨਾ ਨੂੰ ਦੁਬਾਰਾ ਤਖਤ 'ਤੇ ਬੁਲਾਏਗਾ ਤਾਂ ਨਿਰਸੰਕੋਚ ਜਾਣ ਲਈ ਤਿਆਰ ਹਨ। ਉਨ੍ਹਾ ਕਿਹਾ ਕਿ ਉਹ ਪਹਿਲਾਂ ਵੀ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਕਹਿ ਕੇ ਆਏ ਸਨ ਕਿ ਇਸ ਵੀਡੀਓ ਵਿੱਚ ਮੈਂ ਨਹੀਂ ਹਾਂ, ਕੋਈ ਹੋਰ ਹੈ ਅਤੇ ਅੱਜ ਵੀ ਉਹ ਇਸ ਗੱਲ 'ਤੇ ਕਾਇਮ ਹਨ। ਉਨ੍ਹਾ ਕਿਹਾ ਕਿ ਉਹਨਾਂ ਨੇ ਪੰਜਾਬ ਤੇ ਪੰਜਾਬੀਆਂ ਲਈ ਅਨੇਕਾਂ ਕੰਮ ਕੀਤੇ ਹਨ ਤੇ ਇਸੇ ਕਰਕੇ ਅੱਜ ਵੀ ਲੋਕ ਉਹਨਾ ਦੇ ਨਾਲ ਖੜੇ ਹਨ। ਉਨ੍ਹਾ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਆਕਾ ਦੇ ਕਹਿਣ 'ਤੇ ਮੇਰੇ ਖਿਲਾਫ ਫਤਵੇ ਜਾਰੀ ਕਰਵਾ ਰਹੀ ਹੈ। ਉਨ੍ਹਾ ਕਿਹਾ ਕਿ ਅਕਾਲੀ ਦਲ ਧਰਮ ਯੁੱਧ ਦੀ ਗੱਲ ਕਰਦਾ ਹੈ, ਪਰ ਉਹ ਤਾਂ ਹਮੇਸ਼ਾ ਧਰਮ ਵਿਰੁੱਧ ਰਹੇ ਹਨ। ਗੁੜਗਾਓਂ ਵਿਖੇ ਦਰਜ ਹੋਏ ਪਰਚੇ ਸੰਬੰਧੀ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਈ ਡੀ ਅਤੇ ਪੁਲਸ ਨੂੰ ਭੇਜ ਕੇ ਅਤੇ ਦਬਾਅ ਪਾ ਕੇ ਲੈਬੋਰਟਰੀਆਂ ਵਾਲਿਆਂ ਅਤੇ ਹੋਰਨਾਂ ਤੋਂ ਗਲਤ ਬਿਆਨਬਾਜ਼ੀ ਕਰਵਾਈ ਜਾ ਰਹੀ ਹੈ। ਉਨ੍ਹਾ ਕਿਹਾ ਕਿ ਜਗਮਨ ਸਮਰਾ ਨਾਲ ਸੰਬੰਧਤ ਸਮੁੱਚੀ ਤਾਜ਼ਾ ਵੀਡੀਓ ਪੁਲਸ ਕੋਲ ਭੇਜੀ ਜਾਏਗੀ ਅਤੇ ਉਨ੍ਹਾ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਭਾਰਤ ਲਿਆਉਣ ਲਈ ਵੀ ਉਪਰਾਲੇ ਕੀਤੇ ਜਾਣਗੇ।

### ਪਾਸਪੋਰਟ ਨਿਯਮਾਂ 'ਚ ...

ਤਤਕਾਲ ਸ਼੍ਰੇਣੀ ਹੇਠ 7,500 ਰੁਪਏ ਫ਼ੀਸ ਦੇਣੀ ਪਵੇਗੀ। ਵਿਦੇਸ਼ਾਂ ਵਿੱਚ ਰਹਿਣ ਵਾਲੇ ਬਿਨੈਕਾਰਾਂ ਲਈ ਇਹ ਫ਼ੀਸ 250 ਡਾਲਰ ਅਤੇ 375 ਡਾਲਰ ਹੋਵੇਗੀ। 60 ਸਫਿਆਂ ਵਾਲੇ ਪਾਸਪੋਰਟ ਲਈ ਭਾਰਤ ਵਿੱਚ ਨਾਰਮਲ ਸ਼੍ਰੇਣੀ ਹੇਠ 6,000 ਰੁਪਏ ਅਤੇ ਤਤਕਾਲ ਸ਼੍ਰੇਣੀ ਹੇਠ 8,500 ਰੁਪਏ ਫ਼ੀਸ ਨਿਰਧਾਰਤ ਕੀਤੀ ਗਈ ਹੈ। ਵਿਦੇਸ਼ਾਂ ਵਿੱਚ ਇਹ ਫ਼ੀਸ ਕ੍ਰਮਵਾਰ 300 ਡਾਲਰ ਅਤੇ 425 ਡਾਲਰ ਹੋਵੇਗੀ। 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ 36 ਸਫ਼ਿਆਂ ਵਾਲੇ ਨਵੇਂ ਜਾਂ ਰਿ-ਇਸ਼ੂ ਪਾਸਪੋਰਟ ਦੀ ਫ਼ੀਸ ਨਾਰਮਲ ਸ਼੍ਰੇਣੀ ਵਿੱਚ 1,750 ਰੁਪਏ ਅਤੇ ਤਤਕਾਲ ਸ਼੍ਰੇਣੀ ਵਿੱਚ 4,250 ਰੁਪਏ ਹੋਵੇਗੀ।

ਵਿਦੇਸ਼ਾਂ ਵਿੱਚ ਇਹ ਫ਼ੀਸ ਕ੍ਰਮਵਾਰ 90 ਡਾਲਰ ਅਤੇ 215 ਡਾਲਰ ਰਹੇਗੀ। ਜੇਕਰ ਨਾਬਾਲਗ ਦਾ ਪਾਸਪੋਰਟ ਗੁੰਮ ਜਾਂ ਖ਼ਰਾਬ ਹੋ ਜਾਂਦਾ ਹੈ ਤਾਂ ਨਵੇਂ ਲਈ ਭਾਰਤ ਵਿੱਚ 4,250 ਰੁਪਏ (ਨਾਰਮਲ) ਅਤੇ 6,750 ਰੁਪਏ (ਤਤਕਾਲ) ਫ਼ੀਸ ਦੇਣੀ ਪਵੇਗੀ। ਵਿਦੇਸ਼ਾਂ ਵਿੱਚ ਇਹ ਫ਼ੀਸ ਕ੍ਰਮਵਾਰ 215 ਡਾਲਰ ਅਤੇ 340 ਡਾਲਰ ਹੋਵੇਗੀ। ਵਿਦੇਸ਼ਾਂ ਵਿੱਚ ਰਹਿਣ ਵਾਲੇ ਭਾਰਤੀ ਨਾਗਰਿਕਾਂ ਲਈ ਜਾਰੀ ਕੀਤੇ ਜਾਣ ਵਾਲੇ ਐਮਰਜੈਂਸੀ ਸਰਟੀਫਿਕੇਟ ਦੀ ਫ਼ੀਸ 15 ਅਮਰੀਕੀ ਡਾਲਰ ਰੱਖੀ ਗਈ ਹੈ। ਇਸ ਲਈ ਤਤਕਾਲ ਸੇਵਾ ਉਪਲਬਧ ਨਹੀਂ ਹੋਵੇਗੀ। ਸਰਟੀਫਿਕੇਟ ਆਫ਼ ਆਈਡੈਂਟਿਟੀ ਲਈ ਭਾਰਤ ਵਿੱਚ 1,000 ਰੁਪਏ ਅਤੇ ਵਿਦੇਸ਼ਾਂ ਵਿੱਚ 50 ਡਾਲਰ ਫ਼ੀਸ ਨਿਰਧਾਰਤ ਕੀਤੀ ਗਈ ਹੈ। ਇਸ 'ਤੇ ਵੀ ਤਤਕਾਲ ਸੇਵਾ ਨਹੀਂ ਮਿਲੇਗੀ। ਪੁਲੀਸ ਕਲੀਅਰੈਂਸ ਸਰਟੀਫਿਕੇਟ, ਸਰੰਡਰ ਸਰਟੀਫਿਕੇਟ, ਗਲੋਬਲ ਐਂਟਰੀ ਪ੍ਰੋਗਰਾਮ ਤਸਦੀਕ ਅਤੇ ਹੋਰ ਪਾਸਪੋਰਟ ਸਬੰਧੀ ਸਰਟੀਫਿਕੇਟਾਂ ਲਈ ਭਾਰਤ ਵਿੱਚ 750 ਰੁਪਏ ਅਤੇ ਵਿਦੇਸ਼ਾਂ ਵਿੱਚ 40 ਡਾਲਰ ਫ਼ੀਸ ਤੈਅ ਕੀਤੀ ਗਈ ਹੈ। ਇਨ੍ਹਾਂ ਸੇਵਾਵਾਂ ਲਈ ਵੀ ਤਤਕਾਲ ਸ਼੍ਰੇਣੀ ਉਪਲਬਧ ਨਹੀਂ ਹੋਵੇਗੀ। ਨਵੀਂ ਅਧਿਸੂਚਨਾ ਅਨੁਸਾਰ ਬਾਲਗਾਂ ਨੂੰ ਜਾਰੀ ਕੀਤੇ ਜਾਣ ਵਾਲੇ ਪਾਸਪੋਰਟ ਦੀ ਵੱਧ ਤੋਂ ਵੱਧ ਮਿਆਦ 10 ਸਾਲ ਹੀ ਰਹੇਗੀ। ਨਾਬਾਲਗਾਂ ਨੂੰ ਜਾਰੀ ਪਾਸਪੋਰਟ 5 ਸਾਲ ਜਾਂ ਫਿਰ ਉਨ੍ਹਾਂ ਦੇ 18 ਸਾਲ ਦੀ ਉਮਰ ਪੂਰੀ ਹੋਣ ਤੱਕ, ਜੋ ਵੀ ਪਹਿਲਾਂ ਹੋਵੇ,ਯੋਗ ਰਹੇਗਾ।

### ਡਿਜੀਟਲ ਅਰੈਸਟ ...

ਸੁਪਰੀਮ ਕੋਰਟ ਦੀ ਰਜਿਸਟਰੀ ਤੋਂ ਪ੍ਰਾਪਤ ਸ਼ਿਕਾਇਤ ਦੇ ਆਧਾਰ 'ਤੇ ਸੀ ਬੀ ਆਈ ਨੇ ਐੱਫ ਆਈ ਆਰ ਦਰਜ ਕੀਤੀ ਸੀ ਅਤੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ ਸੀ।

ਉੱਨਤ ਫੋਰੈਂਸਿਕ ਟੂਲਸ ਅਤੇ ਤਕਨੀਕੀ ਮੁਹਾਰਤ ਦਾ ਲਾਭ ਉਠਾਉਂਦੇ ਹੋਏ ਸੀ ਬੀ ਆਈ ਨੇ ਭਾਰਤ ਅਤੇ ਵਿਦੇਸ਼ਾਂ ਵਿੱਚ ਕੰਮ ਕਰ ਰਹੇ ਅਪਰਾਧਿਕ ਬੁਨਿਆਦੀ ਢਾਂਚੇ ਦੇ ਮਹੱਤਵਪੂਰਨ ਤੱਤਾਂ ਦੀ ਪਛਾਣ ਕੀਤੀ। ਜਾਂਚ ਤੋਂ ਪਤਾ ਚੱਲਿਆ ਹੈ ਕਿ ਅਪਰਾਧੀਆਂ ਨੇ ਆਪਣੀਆਂ ਧੋਖਾਧੜੀ ਵਾਲੀਆਂ ਗਤੀਵਿਧੀਆਂ ਨੂੰ ਭਰੋਸੇਯੋਗ ਬਣਾਉਣ ਲਈ ਅਦਾਲਤਾਂ ਅਤੇ ਵੱਖ-ਵੱਖ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੁਆਰਾ ਜਾਰੀ ਕੀਤੇ ਗਏ ਫਰਜ਼ੀ ਹੁਕਮਾਂ ਸਮੇਤ ਜਾਅਲੀ ਤੇ ਘੜੇ ਹੋਏ ਦਸਤਾਵੇਜ਼ ਅਪਲੋਡ ਕੀਤੇ ਸਨ। ਤਲਾਸ਼ੀ ਦੌਰਾਨ ਕਈ ਇਤਰਾਜ਼ਯੋਗ ਦਸਤਾਵੇਜ਼, ਡਿਜੀਟਲ ਉਪਕਰਨ, ਮੋਬਾਈਲ ਫੋਨ ਅਤੇ ਬੈਂਕ ਲੈਣ-ਦੇਣ ਨਾਲ ਸੰਬੰਧਤ ਰਿਕਾਰਡ ਜ਼ਬਤ ਕੀਤੇ ਗਏ।

## ਅਕਾਲੀ ਦਲ ਵੱਲੋਂ ਜੇਤੂ ਕੌਂਸਲਰਾਂ ਦਾ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਗਰ ਨਿਗਮ ਮੋਗਾ ਦੀਆਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਸ਼੍ਰੋਮਣੀ ਅਕਾਲੀ ਦਲ ਦੇ ਐੱਮ.ਸੀਜ਼ ਦਾ ਨਿਹਾਲ ਸਿੰਘ ਭੁੱਲਰ ਦੀ ਅਗਵਾਈ ਹੇਠ ਮਾਨ-ਸਨਮਾਨ ਕੀਤਾ ਗਿਆ।ਇਸ ਮੌਕੇ ਸ. ਭੁੱਲਰ ਨੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਵਰਕਰਾਂ ਦਾ ਸਨਮਾਨ ਕਰਦਾ ਹੈ।ਇਹ ਖੁਸ਼ੀ ਦੀ ਗੱਲ ਹੈ ਕਿ ਪਾਰਟੀ ਦੇ ਜੁਝਾਰੂ ਉਮੀਦਵਾਰਾਂ ਨੇ ਚੋਣਾਂ ਜਿੱਤੀਆਂ ਹਨ।ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਵੱਡੀ ਲੀਡ ਨਾਲ ਜਿੱਤ ਕੇ ਪੰਜਾਬ ਵਿੱਚ ਸਰਕਾਰ ਬਣਾਵੇਗਾ।ਕੌਂਸਲਰ ਮਨਜੀਤ ਸਿੰਘ ਧੰਮੂ, ਕੌਂਸਲਰ ਗੁਆਰਦਨ ਪੋਪਲੀ ਤੇ ਨਿੰਮਾ ਬਰਾੜ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਟਿਕਟ ਮਿਲਣ 'ਤੇ ਮਾਣ ਮਹਿਸੂਸ ਕਰਦੇ ਹਨ।ਉਨ੍ਹਾਂ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਇਕ ਕਰਕੇ ਹੋਰ ਮਿਹਨਤ ਕਰਨਗੇ। ਇਸ ਮੌਕੇ ਅਕਾਲੀ ਦਲ ਦੇ ਹੋਰ ਵਰਕਰ ਤੇ ਆਗੂ ਹਾਜ਼ਰ ਸਨ।

## ਸਿਹਤ ਡਾਇਰੈਕਟਰ ਨਾਲ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਮੀਟਿੰਗ, ਭਖਦੀਆਂ ਮੰਗਾਂ 'ਤੇ ਹੋਈ ਚਰਚਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਡਾਇਰੈਕਟਰ ਸਿਹਤ ਨਾਲ ਅਹਿਮ ਮੀਟਿੰਗ ਹੋਈ।ਮੀਟਿੰਗ ਦੀ ਅਗਵਾਈ ਸੂਬਾ ਪ੍ਰਧਾਨ ਸੁਖਦੀਪ ਸ਼ਰਮਾ ਤੇ ਜਨਰਲ ਸਕੱਤਰ ਸੁਨੀਲ ਦੱਤ ਸ਼ਰਮਾ ਨੇ ਕੀਤੀ।ਮੀਟਿੰਗ ਦੌਰਾਨ ਫਾਰਮੇਸੀ ਅਫ਼ਸਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਐਸੋਸੀਏਸ਼ਨ ਦੀ ਪ੍ਰੈੱਸ ਸਕੱਤਰ ਦੀਪਾਂਜਲੀ ਭੱਟੀ ਨੇ ਦੱਸਿਆ ਕਿ ਪੰਜਾਬ ਪੇ ਸਕੇਲ ਸਬੰਧੀ ਹਾਈ ਕੋਰਟ ਦੇ ਫ਼ੈਸਲੇ ਅਨੁਸਾਰ ਜਨਰਲ ਸਪੀਕਿੰਗ ਆਰਡਰ ਜਾਰੀ ਕਰਨ ਦੀ ਮੰਗ ਰੱਖੀ ਗਈ, ਜਿਸ 'ਤੇ ਡਾਇਰੈਕਟਰ ਸਿਹਤ ਨੇ ਕਾਨੂੰਨੀ ਸਲਾਹ ਲੈ ਕੇ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ।ਮੀਟਿੰਗ ਵਿੱਚ ਫਾਰਮੇਸੀ ਅਫ਼ਸਰਾਂ ਦੀਆਂ 454 ਖਾਲੀ ਰੈਗੂਲਰ ਅਸਾਮੀਆਂ ਭਰਨ, ਸੇਵਾਮੁਕਤ ਕਰਮਚਾਰੀਆਂ ਦੇ ਲੀਵ ਇਨਕੈਸ਼ਮੈਂਟ ਕੇਸਾਂ ਦਾ ਨਿਪਟਾਰਾ ਕਰਨ ਤੇ ਅਮਰਨਾਥ ਯਾਤਰਾ 'ਤੇ ਡਿਊਟੀ ਨਿਭਾਉਣ ਵਾਲੇ ਕਰਮਚਾਰੀਆਂ ਦੇ ਟੀ.ਏ./ਡੀ.ਏ. ਸਬੰਧੀ ਮਸਲੇ ਵੀ ਉਠਾਏ ਗਏ।ਡਾਇਰੈਕਟਰ ਸਿਹਤ ਨੇ ਕਿਹਾ ਕਿ ਅਸਾਮੀਆਂ ਜਲਦ ਭਰੀਆਂ ਜਾਣਗੀਆਂ ਤੇ ਬਕਾਇਆ ਮਾਮਲਿਆਂ ਦਾ ਹੱਲ ਕੀਤਾ ਜਾਵੇਗਾ।ਐਸੋਸੀਏਸ਼ਨ ਵੱਲੋਂ ਅਮਰਨਾਥ ਯਾਤਰਾ 'ਤੇ ਜਾਣ ਵਾਲੇ ਫਾਰਮੇਸੀ ਅਫ਼ਸਰਾਂ ਲਈ ਬੀਮਾ ਸਹੂਲਤ ਦੀ ਮੰਗ ਵੀ ਰੱਖੀ ਗਈ, ਜਿਸ 'ਤੇ ਸਕਾਰਾਤਮਕ ਭਰੋਸਾ ਦਿੱਤਾ ਗਿਆ।ਇਸ ਤੋਂ ਇਲਾਵਾ ਜ਼ਿਲ੍ਹਾ ਜੇਲ੍ਹ ਡਿਊਟੀਆਂ, ਫਾਰਮੇਸੀ ਅਫ਼ਸਰਾਂ ਦੀ ਘਾਟ, ਜ਼ਿਲ੍ਹਾ ਪ੍ਰੀਸ਼ਦ ਰੂਰਲ ਫਾਰਮੇਸੀ ਅਫ਼ਸਰਾਂ ਨੂੰ ਰੈਗੂਲਰ ਕਰਨ ਤੇ ਅਸਾਮੀਆਂ ਦੇ ਪੁਨਰਗਠਨ ਸਬੰਧੀ ਵੀ ਚਰਚਾ ਹੋਈ।ਡਾਇਰੈਕਟਰ ਸਿਹਤ ਨੇ ਕਿਹਾ ਕਿ ਨਵੀਆਂ ਭਰਤੀਆਂ ਤੇ ਨੀਤੀਗਤ ਫ਼ੈਸਲਿਆਂ ਰਾਹੀਂ ਇਨ੍ਹਾਂ ਮਸਲਿਆਂ ਦਾ ਹੱਲ ਕੀਤਾ ਜਾਵੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਸਹਿਕਾਰੀ ਖੰਡ ਮਿੱਲ ਸ਼ੇਰੋਂ ਦੀ ਮਾਲਕੀ ਤਬਦੀਲ ਕਰਨ ਵਿਰੁੱਧ ਪੱਕਾ ਮੋਰਚਾ 36ਵੇਂ ਦਿਨ 'ਚ ਸ਼ਾਮਲ

**ਵਲਟੋਹਾ (ਰਣਜੀਤ ਸਿੰਘ)**- ਸੰਯੁਕਤ ਕਿਸਾਨ ਮੋਰਚਾ ਜ਼ਿਲਾ ਤਰਨ ਤਾਰਨ ਵਿੱਚ ਕੰਮ ਕਰਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਸਹਿਕਾਰੀ ਖੰਡ ਮਿੱਲ ਦੀ ਮਾਲਕੀ ਤਬਦੀਲ ਕਰਨ ਵਿਰੁੱਧ ਲਗਾਤਾਰ ਪੱਕਾ ਮੋਰਚਾ ਅੱਜ 36ਵੇਂ ਦਿਨ ਵੀ ਜਾਰੀ ਰਿਹਾ। ਇਸ ਮੌਕੇ ਤਰਸੇਮ ਸਿੰਘ ਲਹੌਰ, ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਪੰਨੂ, ਗੁਰਪ੍ਰੀਤ ਸਿੰਘ ਗੰਡੀਵਿੰਡ, ਇੰਦਰਜੀਤ ਸਿੰਘ ਮਰਹਾਣਾ, ਜੱਸਾ ਸਿੰਘ ਕੰਦਰਗਿੱਲ ਅਤੇ ਅੰਮ੍ਰਿਤਪਾਲ ਸਿੰਘ ਜੌੜਾ, ਸ਼ਮਸ਼ੇਰ ਸਿੰਘ ਬਹੋੜੂ ਕਿਹਾ ਕਿ ਇਹ ਸਹਿਕਾਰੀ ਖੰਡ ਮਿੱਲ ਕਿਸਾਨਾਂ ਦੇ 60 ਫੀਸਦੀ ਸ਼ੇਅਰਾਂ ਨਾਲ ਹੋਂਦ ਵਿੱਚ ਆਈ ਹੈ। ਪੰਜਾਬ ਸਰਕਾਰ ਕਿਸੇ ਵੀ ਕੀਮਤ 'ਤੇ ਇਸ ਦੀ ਮਾਲਕੀ ਤਬਦੀਲ ਕਰਨ ਦਾ ਅਧਿਕਾਰ ਨਹੀਂ ਰੱਖਦੀ। ਅੱਜ ਦੇ ਇਕੱਠ ਵਿੱਚ ਬੀ ਕੇ ਯੂ ਰਾਜੇਵਾਲ ਦੇ ਜ਼ਿਲ੍ਹਾ ਗੁਰਦਾਸਪੁਰ ਤੋਂ ਪ੍ਰਧਾਨ ਪਲਵਿੰਦਰ ਸਿੰਘ ਮਠੋਲਾ ਆਪਣੇ ਸਾਥੀਆਂ ਸਮੇਤ ਮੋਰਚੇ ਵਿੱਚ ਸ਼ਾਮਲ ਹੋਏ। ਉਹਨਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਦਾ ਜ਼ਬਰਦਸਤ ਵਿਰੋਧ ਕਰੇਗਾ, ਕਿਉਂਕਿ ਇਹ ਸਮਝੌਤਾ ਭਾਰਤ ਅੰਦਰ ਵੱਡੀ ਗਿਣਤੀ ਆਬਾਦੀ ਦੀ ਖੇਤੀ 'ਤੇ ਨਿਰਭਰਤਾ 'ਤੇ ਹਮਲਾ ਕਰਦਾ ਹੈ। ਦੇਸ਼ ਅੰਦਰ ਲੋਕਾਂ ਕੋਲੋਂ ਰੁਜ਼ਗਾਰ ਖੁਸ ਰਿਹਾ ਹੈ, ਸਰਕਾਰ ਵਿਰੁੱਧ ਆਵਾਜ਼ ਉਠਾਉਣ ਵਾਲੇ ਕਿਸਾਨ, ਮਜ਼ਦੂਰ, ਮੁਲਾਜ਼ਮ ਸਾਰੇ ਤਬਕਿਆਂ ਉੱਪਰ ਤਾਨਾਸ਼ਾਹੀ ਤਰੀਕੇ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ। ਐਸ ਕੇ ਐਮ ਆਉਣ ਵਾਲੇ ਸਮੇਂ ਵਿੱਚ ਲਗਾਤਾਰ ਸਰਕਾਰੀ ਤਸ਼ੱਦਦ ਦਾ ਡਟ ਕੇ ਮੁਕਾਬਲਾ ਕਰਦਾ ਰਹੇਗਾ। ਸਰਕਾਰੀ ਸੰਪਤੀਆਂ, ਜ਼ਮੀਨਾਂ ਅਤੇ ਸਹਿਕਾਰੀ ਖੰਡ ਮਿੱਲਾਂ ਨੂੰ ਬੰਦ ਕਰਨ ਦੀ ਸਰਕਾਰ ਦੀ ਕੋਈ ਵੀ ਚਾਲ ਸਫਲ ਨਹੀਂ ਹੋਣ ਦਿੱਤੀ ਜਾਏਗੀ । ਕਿਸਾਨ ਆਗੂਆਂ ਨੇ ਜ਼ੋਰ ਦੇ ਕੇ ਕਿਹਾ ਜੇਕਰ ਭਗਵੰਤ ਮਾਨ ਸਰਕਾਰ ਨੇ ਸਮਾਂ ਰਹਿੰਦਿਆਂ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦੇ ਮਸਲੇ ਹੱਲ ਨਾ ਕੀਤੇ ਤਾਂ ਇਹ ਸੰਘਰਸ਼ ਹੋਰ ਤਿੱਖਾ ਕੀਤਾ ਜਾਏਗਾ ਅਤੇ ਸਰਕਾਰੀ ਖੰਡ ਮਿਲ ਸ਼ੇਰੋਂ ਦੀ ਮਾਲਕੀ ਕਿਸੇ ਕੀਮਤ 'ਤੇ ਤਬਦੀਲ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ । ਇਸ ਮੌਕੇ ਹਰਦੇਵ ਸਿੰਘ ਬਲਾਕ ਪ੍ਰਧਾਨ ਧਾਰੀਵਾਲ, ਲਖਵਿੰਦਰ ਸਿੰਘ ਬਲਾਕ ਪ੍ਰਧਾਨ ਗੁਰਦਾਸਪੁਰ, ਵਰਿੰਦਰ ਸਿੰਘ ਜ਼ਿਲ੍ਹਾ ਸਲਾਹਕਾਰ ਸੁਖਦੇਵ ਸਿੰਘ ਬਰਾੜ ਪ੍ਰਧਾਨ ਡੇਰਾ ਬਾਬਾ ਨਾਨਕ ਸੁਖਵਿੰਦਰ ਸਿੰਘ ਰਜਵਾ, ਅਮਰ ਪ੍ਰਗਟ ਸਿੰਘ ਮਰਦੀਪ, ਅਜੀਤ ਸਿੰਘ ਦੀਨਪੁਰ, ਭੁਪਿੰਦਰ ਸਿੰਘ, ਜੱਸਾ ਸਿੰਘ ਕੰਦਰਗਿੱਲ, ਸੁਖਦੇਵ ਸਿੰਘ ਮਹਿਮਾ ਪੰਡੋਰੀ, ਮੇਘ ਸਿੰਘ ਬਿਸ਼ੰਬਰਪੁਰਾ, ਬਲਦੇਵ ਸਿੰਘ ਪ੍ਰਧਾਨ, ਬਲਦੇਵ ਸਿੰਘ ਕੰਬੋਕੇ, ਹਰਜਿੰਦਰ ਸਿੰਘ ਕਾਲੇ, ਸੁਖਬਾਜ ਸਿੰਘ ਸਿੱਧੂ, ਫਲੋਰਾ ਸਿੰਘ, ਖਜ਼ਾਨ ਸਿੰਘ ਸਰਪੰਚ ਵਿਰਸਾ ਸਿੰਘ ਸਰਹਾਲੀ ਖੁਰਦ, ਨਾਜਰ ਸਿੰਘ, ਸੁਖਚੈਨ ਸਿੰਘ ਪ੍ਰਧਾਨ ਬਹੋੜੂ, ਕਸ਼ਮੀਰ ਸਿੰਘ ਸ਼ੇਰੋਂ, ਬਲਦੇਵ ਸਿੰਘ ਸ਼ੇਰੋਂ, ਅਮਰੀਕ ਸਿੰਘ ਫੌਜੀ ਸ਼ੇਰੋਂ ਆਦਿ ਹਾਜ਼ਰ ਸਨ।



# ਖਾਲਸਾ 'ਵਰਸਿਟੀ ਤੇ ਟਾਸਾ ਗਲੋਬਲ ਐਜੂਕੇਸ਼ਨ ਦਰਮਿਆਨ ਸਮਝੌਤਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਖਾਲਸਾ ਯੂਨੀਵਰਸਿਟੀ ਅਤੇ ਅੰਤਰਰਾਸ਼ਟਰੀ ਸੰਸਥਾ ਟਾਸਾ ਗਲੋਬਲ ਐਜੂਕੇਸ਼ਨ ਲਿਮਟਿਡ ਨੇ ਇਕ ਅਹਿਮ ਸਮਝੌਤੇ 'ਤੇ ਦਸਤਖ਼ਤ ਕੀਤੇ ਹਨ, ਜਿਸ ਅਧੀਨ 'ਵਰਸਿਟੀ ਦੇ ਵਿਦਿਆਰਥੀ ਅੰਤਰਰਾਸ਼ਟਰੀ ਡਿਗਰੀ ਬਹੁਤ ਹੀ ਘੱਟ ਫੀਸ 'ਤੇ ਕਰ ਸਕਣਗੇ।ਇਸ ਤੋਂ ਬਾਅਦ ਖਾਲਸਾ ਯੂਨੀਵਰਸਿਟੀ ਵਿਖੇ ਟਾਸਾ ਦਾ ਐਡਮੀਸ਼ਨ ਸੈੱਲ ਸਥਾਪਿਤ ਕੀਤਾ ਗਿਆ ਜਿਸ ਤਹਿਤ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਯੂਨੀਵਰਸਿਟੀਆਂ ਰੋਇਲ ਰੋਡਜ਼ ਯੂਨੀਵਰਸਿਟੀ ਕੈਨੇਡਾ ਅਤੇ ਵਿਟਨਬੋਰਗ ਯੂਨੀਵਰਸਿਟੀ ਆਫ਼ ਅਪਲਾਇਡ ਸਾਇੰਸਜ਼, ਨੀਦਰਲੈਂਡ 'ਚ ਪੋਸਟ ਗ੍ਰੈਜੂਏਟ ਅਤੇ ਅੰਡਰ ਗ੍ਰੈਜੂਏਟ ਕੋਰਸ ਕਰਨ ਦੇ ਮੌਕੇ ਦਿੱਤੇ ਜਾਣਗੇ।ਇਸ ਮੌਕੇ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਇਸ ਕਦਮ ਨੂੰ 'ਵਰਸਿਟੀ ਦਾ ਮੀਲ ਪੱਥਰ ਦੱਸਦਿਆਂ ਉਮੀਦ ਜ਼ਾਹਿਰ ਕੀਤੀ ਕਿ ਆਉਣ ਵਾਲੇ ਸਮੇਂ 'ਚ ਵਿਦਿਆਰਥੀ ਵਿਸ਼ਵ ਦੀਆਂ ਨਾਮੀ ਯੂਨੀਵਰਸਿਟੀਆਂ 'ਚ ਪੜ੍ਹਾਈ ਕਰ ਸਕਣਗੇ।ਇਸ ਸਬੰਧੀ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਨੇ ਜਾਣਕਾਰੀ ਪ੍ਰਦਾਨ ਕਰਦਿਆਂ ਕਿਹਾ ਕਿ ਯੂਨੀਵਰਸਿਟੀ 'ਚ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਦੇ ਮੌਕਿਆਂ ਨਾਲ ਜੋੜਨ ਅਤੇ ਵਿਸ਼ਵ ਵਿਆਪੀ ਕੌਸ਼ਲ 'ਚ ਮੁਹਾਰਤ ਹਾਸਲ ਕਰਵਾਉਣ ਲਈ ਉਕਤ ਸੈੱਲ ਦੀ ਸਥਾਪਨਾ ਕੀਤੀ ਗਈ ਹੈ ਅਤੇ ਇਹ ਦੋਹਾਂ ਸੰਸਥਾਵਾਂ ਦਰਮਿਆਨ ਹੋਏ ਸਿੱਖਿਆ ਸਮਝੌਤੇ ਤਹਿਤ ਕਾਰਜ ਕਰੇਗਾ।ਇਸ ਮੌਕੇ ਰਿਸਰਚ ਡੀਨ ਡਾ. ਆਰ. ਕੇ. ਧਵਨ, ਐਗਜ਼ਾਮੀਨੇਸ਼ਨ ਕੰਟਰੋਲਰ ਡਾ. ਕੰਵਲਜੀਤ ਸਿੰਘ, ਸਕੂਲ ਆਫ਼ ਲਾਅ ਡਾ. ਜਸਪਾਲ ਸਿੰਘ, ਡੀਨ ਸਟੂਡੈਂਟ ਵੈੱਲਫੇਅਰ ਡਾ. ਅਜੇ ਸਹਿਗਲ, ਡਾ. ਰਮਿੰਦਰ ਕੌਰ, ਡਾ. ਮਨਬੀਰ ਕੌਰ, ਡਾ. ਰਿਤੂ ਧਵਨ ਮੌਜੂਦ ਸਨ।

# ਪਾਇਟੈਕਸ ਗਰਾਊਂਡ ਰਣਜੀਤ ਐਵੀਨਿਊ 'ਚ ਭਗਤੀ ਸਮਾਗਮ ਭਲਕੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਨਾਤਨ ਸੇਵਾ ਸਮਿਤੀ ਪੰਜਾਬ ਅਤੇ ਪੰਜਾਬ ਸਰਕਾਰ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਵਿਭਾਗ ਦੇ ਸਾਂਝੇ ਉਪਰਾਲੇ ਨਾਲ 27 ਜੂਨ ਨੂੰ ਪਾਇਟੈਕਸ ਗਰਾਊਂਡ ਰਣਜੀਤ ਐਵੀਨਿਊ ਅੰਮ੍ਰਿਤਸਰ ਵਿਖੇ ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ। ਇਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਸਨਾਤਨ ਸੇਵਾ ਸਮਿਤੀ ਪੰਜਾਬ ਅਤੇ ਪੰਜਾਬ ਸਰਕਾਰ ਵੱਲੋਂ 27 ਜੂਨ ਦੀ ਸ਼ਾਮ 6:30 ਵਜੇ ਪਾਇਟੈਕਸ ਗਰਾਊਂਡ ਰਣਜੀਤ ਐਵੀਨਿਊ ਵਿਖੇ ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ ਜਿਸ ਵਿੱਚ ਪ੍ਰਸਿੱਧ ਭਜਨ ਗਾਇਕ ਹੰਸਰਾਜ ਰਘੂਵੰਸ਼ੀ ਵੱਲੋਂ ਭਗਵਾਨ ਸ਼ਿਵ ਦੇ ਭਜਨਾਂ ਨੂੰ ਗਾਇਨ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਮਾਗਮ ਦੀ ਸਫ਼ਲਤਾ ਲਈ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸੰਗਤਾਂ ਦੀ ਸੁਰੱਖਿਆ, ਪਾਰਕਿੰਗ, ਪਾਣੀ ਅਤੇ ਮੈਡੀਕਲ ਦੇ ਪੁਖਤਾ ਪ੍ਰਬੰਧ ਕੀਤੇ ਗਏ ਜਾਣਗੇ। ਮੀਟਿੰਗ ਦੌਰਾਨ ਸਨਾਤਨ ਸੇਵਾ ਸਮਿਤੀ ਪੰਜਾਬ ਦੇ ਰਾਸ਼ਟਰੀ ਪ੍ਰਧਾਨ ਵਿਜੈ ਸ਼ਰਮਾ ਨੇ ਕਿਹਾ ਕਿ ਇਸ ਸਮਾਗਮ ਰਾਹੀਂ ਅਸੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਆਪਣੇ ਸੱਭਿਆਚਾਰ ਨਾਲ ਜੋੜਨਾ ਚਾਹੁੰਦੇ ਹਾਂ। ਇਹ ਸਮਾਗਮ ਰਾਜਨੀਤੀ ਤੋਂ ਉੱਪਰ ਉੱਠ ਕੇ ਸਮਾਜ ਲਈ ਹੈ। ਮਾਝਾ ਜ਼ੋਨ ਇੰਚਾਰਜ ਪ੍ਰਣਵ ਧਵਨ ਨੇ ਕਿਹਾ ਕਿ ਇਸ ਪ੍ਰੋਗਰਾਮ ਵਿੱਚ ਦਾਖਲਾ ਬਿਲਕੁਲ ਮੁਫ਼ਤ ਹੋਵੇਗਾ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਜਨਰਲ ਮੈਡਮ ਪੱਲਵੀ ਮਿਸ਼ਰਾ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਰਿੰਦਰ ਸਿੰਘ, ਡੀ. ਸੀ.ਪੀ. ਵਿਜੈ ਆਲਮ, ਐਸ.ਡੀ.ਐਮ. ਅੰਮ੍ਰਿਤਸਰ 1 ਮੈਡਮ ਅਲਕਾ ਕਾਲੀਆ, ਐਸ.ਡੀ.ਐਮ. ਅੰਮ੍ਰਿਤਸਰ 2 ਗੁਰਮਿੰਦਰ ਸਿੰਘ, ਟੂਰਿਸਟ ਅਫ਼ਸਰ ਸੁਖਮਿੰਦਰ ਸਿੰਘ ਅਤੇ ਸਨਾਤਨ ਸੇਵਾ ਸਮਿਤੀ ਪੰਜਾਬ ਦੇ ਰਾਸ਼ਟਰੀ ਪ੍ਰਧਾਨ ਵਿਜੈ ਸ਼ਰਮਾ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਮਿਸ਼ਨ-2027 'ਚ ਯੂਥ ਕਾਂਗਰਸ ਨਿਭਾਵੇਗੀ ਅਹਿਮ ਭੂਮਿਕਾ : ਸੱਚਰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਮਜੀਠਾ ਹਲਕੇ ਦੇ ਯੂਥ ਕਾਂਗਰਸ ਦੇ ਨਵ-ਨਿਯੁਕਤ ਆਗੂਆਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਨੂੰ ਨਵੀਆਂ ਜ਼ਿੰਮੇਵਾਰੀਆਂ ਲਈ ਵਧਾਈ ਦਿੱਤੀ।ਇਸ ਮੌਕੇ ਸੱਚਰ ਨੇ ਕਿਹਾ ਕਿ ਯੂਥ ਕਾਂਗਰਸ ਪਾਰਟੀ ਦੀ ਰੀੜ੍ਹ ਦੀ ਹੱਡੀ ਹੈ ਅਤੇ ਨੌਜਵਾਨ ਵਰਗ ਹੀ ਕਾਂਗਰਸ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਸਭ ਤੋਂ ਵੱਡੀ ਭੂਮਿਕਾ ਨਿਭਾਉਂਦਾ ਹੈ।ਜ਼ਿਕਰਯੋਗ ਹੈ ਕਿ ਯੂਥ ਕਾਗਰਸ ਹਲਕਾ ਮਜੀਠਾ ਦੇ ਪ੍ਰਧਾਨ ਸ਼ਰਨਜੀਤ ਸਿੰ ਸੁੱਖ ਕੱਥੂਨੰਗਲ ਖੁਰਦ, ਅੰਮ੍ਰਿਤਪਾਲ ਸਿੰਘ ਔਲਖ ਪਾਖਰਪੁਰ ਯੂਥ ਕਾਂਗਰਸ ਮਜੀਠਾ-2, ਹਰਜੋਤ ਸਿੰਘ ਲਾਡੀ ਮਜੀਠਾ ਯੂਥ ਕਾਗਰਸ ਮਜੀਠਾ-1 ਤੇ ਗੁਰਪਿੰਦਰ ਸਿੰਘ ਮੱਲੀ ਜ਼ਿਲ੍ਹਾ ਜਨਰਲ ਸਕੱਤਰ ਚੁਣੇ ਗਏ ਸਨ। ਇਸ ਸਬੰਧੀ ਸੱਚਰ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਹਮੇਸ਼ਾ ਨੌਜਵਾਨਾਂ ਨੂੰ ਅੱਗੇ ਲਿਆਉਣ ਅਤੇ ਉਨ੍ਹਾਂ ਨੂੰ ਨੇਤ੍ਰਤਵ ਦੇ ਮੌਕੇ ਦੇਣ ਦੀ ਨੀਤੀ ਅਪਣਾਈ ਹੈ। ਉਨ੍ਹਾਂ ਕਿਹਾ ਕਿ ਨਵ-ਨਿਯੁਕਤ ਯੂਥ ਆਗੂ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨਗੇ।ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਬਲਾਕ ਪ੍ਰਧਾਨ ਨਵਤੇਜਪਾਲ ਸਿੰਘ ਸੋਹੀਆ, ਸਵਿੰਦਰ ਸਿੰਘ ਆਕੜ ,ਪ੍ਰਗਟ ਸਿੰਘ ਚੰਨਣਕੇ, ਮਲਕੀਤ ਸਿੰਘ ਪੰਧੇਰ, ਸੁਖਬੀਰ ਸਿੰਘ ਬੋਪਾਰਾਏ, ਦਲਜੀਤ ਸਿੰਘ ਪਾਖਰਪੁਰ, ਸ਼ਮਸ਼ੇਰ ਸਿੰਘ ਬਾਬੋਵਾਲ, ਰੀਟਾ ਸਿੱਧਵਾਂ, ਸੁਲੱਖਣ ਸਿੰਘ ਕੱਥੂਨੰਗਲ, ਸੁਖਵਿੰਦਰ ਸਿੰਘ ਰੰਧਾਵਾ, ਹਰਮਨ ਸਿੰਘ ਮਜੀਠਾ, ਝਿਲਮਿਲ ਸਿੰਘ ਬਾਠ, ਪਰਮਜੀਤ ਸਿੰਘ ਭੇਏਵਾਲ, ਮਹਿਤਾਬ ਸਿੰਘ ਵਡਾਲਾ ਵੀਰਮ, ਤਲਵਿੰਦਰ ਸਿੰ ਢਿੱਲੋਂ, ਬਲਵਿੰਦਰ ਸਿੰਘ ਲੁੱਧੜ, ਮਨੋਹਰ ਗਾਲੋਵਾਲੀ ਤੇ ਹੋਰ ਵੀ ਕਾਂਗਰਸੀ ਆਗੂ, ਯੂਥ ਕਾਂਗਰਸ ਦੇ ਵਰਕਰ ਅਤੇ ਪਾਰਟੀ ਸਮਰਥਕ ਹਾਜ਼ਰ ਸਨ।



# ਸ਼੍ਰੀਜਲ ਗੁਪਤਾ ਦੀ ਪਹਿਲ 'ਤੇ ਸ਼ਹਿਰ ਨੂੰ ਮਿਲੇ ਪੋਰਟੇਬਲ ਟਾਇਲਟ

**ਪਠਾਨਕੋਟ (ਦਵਿੰਦਰ ਸਿੰਘ)** 'ਪਹਿਲਾਂ ਜ਼ਿੰਦਾ ਕਰੋ, ਫਿਰ ਸੁੰਦਰ ਕਰੋ' ਦੇ ਸਿਧਾਂਤ 'ਤੇ ਅਡਿੱਗ ਸਮਾਜ ਸੇਵੀ ਸ਼੍ਰੀਜਲ ਗੁਪਤਾ ਦਾ ਇੱਕ ਹੋਰ ਠੋਸ ਕਦਮ; ਰਾਹਗੀਰਾਂ, ਮਹਿਲਾਵਾਂ, ਬਜ਼ੁਰਗਾਂ ਅਤੇ ਮਜ਼ਦੂਰਾਂ ਨੂੰ ਮਿਲੇਗੀ ਰਾਹਤ।ਪਠਾਨਕੋਟ ਨੂੰ ਸਾਫ਼-ਸੁਥਰਾ, ਸੁਗਮ ਅਤੇ ਸਨਮਾਨਯੋਗ ਸ਼ਹਿਰ ਬਣਾਉਣ ਦੇ ਸੰਕਲਪ ਨਾਲ ਚੱਲ ਰਹੀ ਨਾਗਰਿਕ ਮੁਹਿੰਮ ਸ਼ਹਿਰ ਜ਼ਿੰਦਾ ਕਰੋ ਤਹਿਤ ਸਮਾਜ ਸੇਵੀ ਸ਼੍ਰੀਜਲ ਗੁਪਤਾ ਨੇ ਇੱਕ ਹੋਰ ਅਹਿਮ ਪਹਿਲ ਨੂੰ ਹਕੀਕਤ ਦਾ ਰੂਪ ਦਿੱਤਾ ਹੈ। ਉਨ੍ਹਾਂ ਦੀ ਅਗਵਾਈ ਅਤੇ ਯਤਨਾਂ ਨਾਲ ਸ਼ਹਿਰ ਦੇ ਇਲਾਕਿਆਂ ਵਿੱਚ ਆਮ ਨਾਗਰਿਕਾਂ ਦੀ ਇੱਕ ਬੁਨਿਆਦੀ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਪੋਰਟੇਬਲ ਟਾਇਲਟ ਉਪਲਬਧ ਕਰਵਾ ਦਿੱਤੇ ਗਏ ਹਨ। ਇਹ ਪੋਰਟੇਬਲ ਟਾਇਲਟ ਸ਼ਹਿਰ ਦੇ ਕਿਹੜੇ-ਕਿਹੜੇ ਹਿੱਸਿਆਂ ਵਿੱਚ ਸਥਾਪਿਤ ਕੀਤੇ ਜਾਣਗੇ, ਇਸ ਬਾਰੇ ਵਪਾਰ ਮੰਡਲ ਦੇ ਸਹਿਯੋਗ ਅਤੇ ਮਾਰਗਦਰਸ਼ਨ ਨਾਲ ਫੈਸਲਾ ਕੀਤਾ ਜਾਵੇਗਾ, ਤਾਂ ਜੋ ਜਿੱਥੇ ਨਾਗਰਿਕਾਂ, ਦੁਕਾਨਦਾਰਾਂ ਅਤੇ ਰਾਹਗੀਰਾਂ ਨੂੰ ਇਸ ਦੀ ਸਭ ਤੋਂ ਵੱਧ ਲੋੜ ਹੈ, ਉੱਥੇ ਇਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਲਗਾਇਆ ਜਾ ਸਕੇ।



ਸ਼੍ਰੀਜਲ ਗੁਪਤਾ ਨੇ ਕਿਹਾ ਕਿ ਕਿਸੇ ਵੀ ਸ਼ਹਿਰ ਦੀ ਇੱਜ਼ਤ ਇਸ ਗੱਲ ਨਾਲ ਤੈਅ ਹੁੰਦੀ ਹੈ ਕਿ ਉਹ ਆਪਣੇ ਸਭ ਤੋਂ ਆਮ ਨਾਗਰਿਕ ਦੀ ਕਿੰਨੀ ਪਰਵਾਹ ਕਰਦਾ ਹੈ। ਉਨ੍ਹਾਂ ਕਿਹਾ ਕਿ ਮੇਰਾ ਹਮੇਸ਼ਾ ਇੱਕ ਹੀ ਸਿਧਾਂਤ ਰਿਹਾ ਹੈ ਕਿ ਪਹਿਲਾਂ ਸ਼ਹਿਰ ਨੂੰ ਜ਼ਿੰਦਾ ਕਰੋ, ਫਿਰ ਸੁੰਦਰ ਕਰੋ। ਬਦਲਾਅ ਵੱਡੇ ਭਾਸ਼ਣਾਂ ਨਾਲ ਨਹੀਂ, ਸਗੋਂ ਛੋਟੇ ਅਤੇ ਠੋਸ ਕਦਮਾਂ ਨਾਲ ਆਉਂਦਾ ਹੈ। ਇੱਕ ਸ਼ੌਚਾਲਾ, ਇੱਕ ਸਾਫ਼ ਕੋਨਾ, ਇੱਕ ਸੁਗਮ ਸਹੂਲਤ — ਇਹੀ ਅਸਲ ਵਿੱਚ ਕਿਸੇ ਸ਼ਹਿਰ ਨੂੰ ਜ਼ਿੰਦਾ ਬਣਾਉਂਦੀ ਹੈ।ਸ਼੍ਰੀਜਲ ਗੁਪਤਾ ਨੇ ਕਿਹਾ ਕਿ ਸਥਾਨਾਂ ਦੀ ਚੋਣ ਵਿੱਚ ਵਪਾਰ ਮੰਡਲ ਦੀ ਭਾਗੀਦਾਰੀ ਇਸ ਲਈ ਮਹੱਤਵਪੂਰਨ ਹੈ, ਕਿਉਂਕਿ ਬਾਜ਼ਾਰ ਦੇ ਵਪਾਰੀ ਅਤੇ ਸਥਾਨਕ ਦੁਕਾਨਦਾਰ ਸਭ ਤੋਂ ਚੰਗੀ ਤਰ੍ਹਾਂ ਜਾਣਦੇ ਹਨ ਕਿ ਕਿਹੜੀਆਂ ਥਾਵਾਂ 'ਤੇ ਆਵਾਜਾਈ ਸਭ ਤੋਂ ਵੱਧ ਹੈ ਅਤੇ ਕਿੱਥੇ ਇਸ ਸਹੂਲਤ ਦੀ ਸਭ ਤੋਂ ਜ਼ਿਆਦਾ ਲੋੜ ਹੈ। ਉਹ ਜ਼ਮੀਨੀ ਪੱਧਰ 'ਤੇ ਲੋੜਵੰਦ ਲੋਕਾਂ ਤੱਕ ਪਹੁੰਚ ਕੇ ਉਨ੍ਹਾਂ ਦੀ ਹਰ ਸੰਭਵ ਸਹਾਇਤਾ ਵੀ ਕਰ ਰਹੇ ਹਨ। ਇਸ ਮੌਕੇ ਸ਼ਹਿਰ ਦੇ ਕਈ ਮਾਣਯੋਗ ਨਾਗਰਿਕ ਅਤੇ ਵਪਾਰਕ ਪ੍ਰਤੀਨਿਧੀ ਮੌਜੂਦ ਰਹੇ, ਜਿਨ੍ਹਾਂ ਵਿੱਚ ਵਪਾਰ ਮੰਡਲ ਪਠਾਨਕੋਟ ਦੇ ਪ੍ਰਧਾਨ ਦੀਪਿੰਦਰ ਅਰੋੜਾ, ਪਠਾਨਕੋਟ ਵਪਾਰ ਮੰਡਲ ਦੇ ਪ੍ਰਧਾਨ ਮਨਿੰਦਰ ਸਿੰਘ, ਐਲ. ਆਰ. ਸੋਢੀ, ਸੁਨੀਲ ਮਹਾਜਨ, ਭਾਰਤ ਮਹਾਜਨ, ਅਮਿਤ ਨੈਅਰ, ਡਾ. ਜਪਤੇਜ ਸਿੰਘ, ਮਿੰਟੂ ਪਹਿਲਵਾਨ, ਨਰੇਂਦਰ ਵਾਲੀਆ, ਰਾਕੇਸ਼ ਮਹਾਜਨ, ਰਾਮਪਾਲ ਭੰਡਾਰੀ, ਕਰਨ ਕੁੰਦਰਾ, ਪ੍ਰਿੰਸ ਅਰੋੜਾ ਅਤੇ ਸੁਮਿਤ ਮਹਾਜਨ ਸ਼ਾਮਲ ਸਨ।ਮੌਜੂਦ ਸਾਰੇ ਸੱਜਣਾਂ ਨੇ ਸ਼੍ਰੀਜਲ ਗੁਪਤਾ ਦੀ ਇਸ ਪਹਿਲ ਦੀ ਸਰਾਹਨਾ ਕੀਤੀ ਅਤੇ ਇਸ ਨੂੰ ਸ਼ਹਿਰ ਦੇ ਹਿੱਤ ਵਿੱਚ ਇੱਕ ਪ੍ਰੇਰਨਾਦਾਇਕ ਕਦਮ ਦੱਸਿਆ।ਉਨ੍ਹਾਂ ਕਿਹਾ ਕਿ ਮੇਰਾ ਟੀਚਾ ਪਠਾਨਕੋਟ ਨੂੰ ਇੱਕ ਐਸਾ ਸ਼ਹਿਰ ਬਣਾਉਣਾ ਹੈ ਜੋ ਰੁਕਣ ਯੋਗ ਹੋਵੇ, ਠਹਿਰਨ ਯੋਗ ਹੋਵੇ ਅਤੇ ਜਿਸ 'ਤੇ ਹਰ ਨਾਗਰਿਕ ਮਾਣ ਕਰ ਸਕੇ।ਮੁਸਕੁਰਾਹਟ ਵਾਲਾ ਪਠਾਨਕੋਟ ਬਾਰੇ 'ਮੁਸਕੁਰਾਹਟ ਵਾਲਾ ਪਠਾਨਕੋਟ' ਸ਼੍ਰੀਜਲ ਗੁਪਤਾ ਵੱਲੋਂ ਸ਼ੁਰੂ ਕੀਤੀ ਗਈ ਇੱਕ ਨਾਗਰਿਕ ਪਹਿਲ ਹੈ, ਜਿਸ ਦਾ ਉਦੇਸ਼ ਸ਼ਹਿਰ ਦੀਆਂ ਬੁਨਿਆਦੀ ਸਹੂਲਤਾਂ, ਸਫ਼ਾਈ ਅਤੇ ਜਨਤਕ ਸਨਮਾਨ ਨੂੰ ਬਿਹਤਰ ਬਣਾਉਣਾ ਹੈ।

# ਬਾਜਵਾ ਨੇ ਕਾਂਸਟੇਬਲ ਸੁਖਜੀਤ ਸਿੰਘ ਛਿੱਤ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਪਿੰਡ ਛਿੱਤ ਵਿਖੇ ਪਹੁੰਚ ਕੇ ਕਾਂਸਟੇਬਲ ਸੁਖਜੀਤ ਸਿੰਘ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਪ੍ਰਗਟ ਕੀਤੀ। ਕਾਂਸਟੇਬਲ ਸੁਖਜੀਤ ਸਿੰਘ ਪ੍ਰਤਾਪ ਸਿੰਘ ਬਾਜਵਾ ਦੀ ਸਕਿਉਰਟੀ ਵਿੱਚ ਤਾਇਨਾਤ ਸੀ ਅਤੇ ਬੀਤੇ ਦਿਨੀਂ ਉਸ ਦੀ ਅੰਮ੍ਰਿਤਸਰ ਪਠਾਨਕੋਟ ਮੁੱਖ ਮਾਰਗ 'ਤੇ ਪਿੰਡ ਅਲਕੜੇ ਝੰਡੇ ਨੇੜੇ ਇਕ ਸੜਕ ਹਾਦਸੇ ਦੌਰਾਨ ਮੌਤ ਹੋ ਗਈ ਸੀ।

ਇਸ ਮੌਕੇ ਬਾਜਵਾ ਨੇ ਸੁਖਜੀਤ ਸਿੰਘ ਦੀ ਮਾਤਾ ਮਨਜੀਤ ਕੌਰ, ਪਤਨੀ ਕੰਵਲਜੀਤ ਕੌਰ, ਬੇਟੇ ਸਾਹਿਬਪ੍ਰੀਤ ਸਿੰਘ, ਸਹਿਜਪ੍ਰੀਤ ਸਿੰਘ ਅਤੇ ਭਰਾ ਸਰਬਜੀਤ ਸਿੰਘ ਸਮੇਤ ਸਮੁੱਚੇ ਪਰਵਾਰ ਦੀ ਹਰ ਤਰ੍ਹਾਂ ਨਾਲ ਮਦਦ ਦਾ ਭਰੋਸਾ ਦਿੱਤਾ। ਇਸ ਮੌਕੇ ਪਿੰਡ ਛਿੱਤ ਦੇ ਸਾਬਕਾ ਸਰਪੰਚ ਹਰਜੀਤ ਸਿੰਘ, ਐਡਵੋਕੇਟ ਰਜਿੰਦਰ ਸਿੰਘ ਮਰੜ੍ਹ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਵਿਜੀਲੈਂਸ ਟੀਮ ਵੱਲੋਂ ਨਗਰ ਨਿਗਮ ਇਮਾਰਤ ਸ਼ਾਖਾ ਦਾ ਦੌਰਾ

## ਗੈਰ-ਕਾਨੂੰਨੀ ਉਸਾਰੀ ਮਾਮਲਿਆਂ ਦੀ ਜਾਂਚ ਕਈ ਘੰਟਿਆਂ ਤੱਕ ਜਾਰੀ ਰਹੀ

**ਪਠਾਨਕੋਟ (ਦਵਿੰਦਰ ਸਿੰਘ)** ਪਠਾਨਕੋਟ ਨਗਰ ਨਿਗਮ ਦੀ ਇਮਾਰਤ ਸ਼ਾਖਾ ਵਿੱਚ ਸੋਮਵਾਰ ਨੂੰ ਉਸ ਸਮੇਂ ਹੜਕੰਪ ਮਚ ਗਿਆ ਜਦੋਂ ਵਿਜੀਲੈਂਸ ਵਿਭਾਗ ਦੀ ਟੀਮ ਅਚਾਨਕ ਨਿਰੀਖਣ ਲਈ ਪਹੁੰਚੀ। ਵਿਜੀਲੈਂਸ ਅਧਿਕਾਰੀਆਂ ਵੱਲੋਂ ਕੀਤੀ ਗਈ ਕਾਰਵਾਈ ਦਿਨ ਭਰ ਨਿਗਮ ਦਫ਼ਤਰ ਵਿੱਚ ਚਰਚਾ ਦਾ ਵਿਸ਼ਾ ਬਣੀ ਰਹੀ। ਸਵੇਰੇ 11:00 ਵਜੇ ਦੇ ਕਰੀਬ ਸ਼ੁਰੂ ਹੋਈ ਜਾਂਚ ਅਤੇ ਪੁੱਛਗਿੱਛ ਦੀ ਪ੍ਰਕਿਰਿਆ ਲਗਭਗ 3:00 ਵਜੇ ਤੱਕ ਜਾਰੀ ਰਹੀ। ਇਸ ਦੌਰਾਨ, ਬਿਲਡਿੰਗ ਸ਼ਾਖਾ ਨਾਲ ਸਬੰਧਤ ਵੱਖ-ਵੱਖ ਰਿਕਾਰਡਾਂ, ਫਾਈਲਾਂ ਅਤੇ ਡੇਟਾ ਦੀ ਡੂੰਘਾਈ ਨਾਲ ਜਾਂਚ ਕੀਤੀ ਗਈ।ਸੂਤਰਾਂ ਅਨੁਸਾਰ, ਵਿਜੀਲੈਂਸ ਟੀਮ ਨੇ ਬਿਲਡਿੰਗ ਸ਼ਾਖਾ ਦੇ ਕਈ ਅਧਿਕਾਰੀਆਂ ਅਤੇ ਕਰਮਚਾਰੀਆਂ ਤੋਂ ਵੱਖਰੇ ਤੌਰ ਤੇ ਪੁੱਛਗਿੱਛ ਕੀਤੀ। ਜਾਂਚ ਦੌਰਾਨ, ਮਿਉਂਸਪਲ ਟਾਊਨ ਪਲੈਨਰ (ਐਮਟੀਪੀ), ਸਹਾਇਕ ਟਾਊਨ ਪਲੈਨਰ (ਏਟੀਪੀ), ਬਿਲਡਿੰਗ ਇੰਸਪੈਕਟਰ ਅਤੇ ਡੇਟਾ ਆਪਰੇਟਰ ਨੂੰ ਪੁੱਛਗਿੱਛ ਲਈ ਵੱਖਰੇ ਕਮਰਿਆਂ ਵਿੱਚ ਬੁਲਾਇਆ ਗਿਆ। ਅਧਿਕਾਰੀਆਂ ਤੋਂ ਉਸਾਰੀ ਪ੍ਰਵਾਨਗੀਆਂ, ਸੀਲ ਕੀਤੀਆਂ ਇਮਾਰਤਾਂ ਅਤੇ ਉਨ੍ਹਾਂ ਦੀ ਬਾਅਦ ਦੀ ਸਥਿਤੀ ਬਾਰੇ ਵਿਸਤ੍ਰਿਤ ਜਾਣਕਾਰੀ ਮੰਗੀ ਗਈ ਸੀ।ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਵਿਜੀਲੈਂਸ ਟੀਮ ਨੇ ਬਿਲਡਿੰਗ ਸ਼ਾਖਾ ਨਾਲ ਸਬੰਧਤ ਕੁਝ ਪੁਰਾਣੇ ਮਾਮਲਿਆਂ ਵਿੱਚ ਵਿਸ਼ੇਸ਼ ਦਿਲਚਸਪੀ ਦਿਖਾਈ। ਸੂਤਰਾਂ ਤੋਂ ਪਤਾ ਚੱਲਦਾ ਹੈ ਕਿ ਕੁਝ ਸਮਾਂ ਪਹਿਲਾਂ, ਇੱਕ ਵਿਭਾਗ ਦੇ ਅਧਿਕਾਰੀ ਨੇ ਸ਼ਹਿਰ ਵਿੱਚ 20 ਤੋਂ ਵੱਧ ਗੈਰ-ਕਾਨੂੰਨੀ ਉਸਾਰੀਆਂ ਨੂੰ ਸੀਲ ਕਰ ਦਿੱਤਾ ਸੀ। ਹਾਲਾਂਕਿ, ਇਹਨਾਂ ਵਿੱਚੋਂ ਬਹੁਤ ਸਾਰੇ ਢਾਂਚਿਆਂ ਵਿੱਚ ਵਪਾਰਕ ਗਤੀਵਿਧੀਆਂ ਸ਼ੁਰੂ ਹੋ ਗਈਆਂ ਸਨ, ਅਤੇ ਕਈ ਨਿਰਮਾਣ ਪ੍ਰੋਜੈਕਟ ਵੀ ਪੂਰੇ ਹੋ ਗਏ ਸਨ। ਇਸ ਨਾਲ ਇਹ ਸਵਾਲ ਉੱਠਦੇ ਹਨ ਕਿ ਸੀਲ ਕੀਤੀਆਂ ਉਸਾਰੀਆਂ ਕਿਵੇਂ ਦੁਬਾਰਾ ਸ਼ੁਰੂ ਹੋਈਆਂ ਅਤੇ ਕੀ ਸੰਬੰਧਿਤ ਨਿਯਮਾਂ ਦੀ ਪਾਲਣਾ ਕੀਤੀ ਗਈ।ਵਿਜੀਲੈਂਸ ਟੀਮ ਨੇ ਉਸਾਰੀ ਪਰਮਿਟਾਂ, ਨੋਟਿਸਾਂ, ਸੀਲਿੰਗ ਆਦੇਸ਼ਾਂ ਅਤੇ ਹੋਰ ਪ੍ਰਸ਼ਾਸਕੀ ਰਿਕਾਰਡਾਂ ਨਾਲ ਸਬੰਧਤ ਦਸਤਾਵੇਜ਼ਾਂ ਦੀ ਵੀ ਜਾਂਚ ਕੀਤੀ। ਕਥਿਤ ਤੌਰ ਤੇ ਫਾਈਲਾਂ ਦੀ ਪ੍ਰਗਤੀ, ਕੀਤੀਆਂ ਗਈਆਂ ਕਾਰਵਾਈਆਂ ਦੀ ਸਥਿਤੀ ਅਤੇ ਵਿਭਾਗੀ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਇਕੱਠੀ ਕੀਤੀ ਗਈ ਸੀ। ਜਾਂਚ ਦੌਰਾਨ ਦਫ਼ਤਰ ਆਉਣ ਵਾਲੇ ਸੈਲਾਨੀਆਂ ਦੀਆਂ ਗਤੀਵਿਧੀਆਂ ਦੀ ਵੀ ਨਿਗਰਾਨੀ ਕੀਤੀ ਗਈ।ਹਾਲਾਂਕਿ, ਵਿਜੀਲੈਂਸ ਅਧਿਕਾਰੀਆਂ ਨੇ ਮੀਡੀਆ ਨੂੰ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ, ਨਾ ਹੀ ਉਨ੍ਹਾਂ ਨੇ ਜਾਂਚ ਦੇ ਉਦੇਸ਼ ਬਾਰੇ ਸਪੱਸ਼ਟ ਵੇਰਵੇ ਸਾਂਝੇ ਕੀਤੇ। ਟੀਮ ਦੇ ਮੈਂਬਰਾਂ ਨੇ ਕੋਈ ਜਨਤਕ ਟਿੱਪਣੀ ਕੀਤੇ ਬਿਨਾਂ ਆਪਣੀ ਜਾਂਚ ਅਤੇ ਪੁੱਛਗਿੱਛ ਜਾਰੀ ਰੱਖੀ, ਜਿਸ ਕਾਰਨ ਦਿਨ ਭਰ ਵਿਆਪਕ ਅਟਕਲਾਂ ਲੱਗੀਆਂ। ਨਗਰ ਨਿਗਮ ਦੇ ਸੂਤਰਾਂ ਦਾ ਮੰਨਣਾ ਹੈ ਕਿ ਇਹ ਜਾਂਚ ਹਾਲ ਹੀ ਦੇ ਸਮੇਂ ਵਿੱਚ ਬਿਲਡਿੰਗ ਬ੍ਰਾਂਚ ਤੇ ਲਗਾਏ ਗਏ ਦੋਸ਼ਾਂ ਅਤੇ ਗੈਰ-ਕਾਨੂੰਨੀ ਉਸਾਰੀਆਂ ਨਾਲ ਸਬੰਧਤ ਮੁੱਦਿਆਂ ਕਾਰਨ ਕੀਤੀ ਜਾ ਰਹੀ ਹੈ। ਸ਼ਹਿਰ ਵਿੱਚ ਚੱਲ ਰਹੀਆਂ ਉਸਾਰੀ ਗਤੀਵਿਧੀਆਂ, ਇਮਾਰਤ ਯੋਜਨਾ ਪ੍ਰਵਾਨਗੀ ਪ੍ਰਕਿਰਿਆ ਅਤੇ ਗੈਰ-ਕਾਨੂੰਨੀ ਢਾਂਚਿਆਂ ਵਿਰੁੱਧ ਕੀਤੀਆਂ ਗਈਆਂ ਲਾਗੂ ਕਰਨ ਵਾਲੀਆਂ ਕਾਰਵਾਈਆਂ ਬਾਰੇ ਅਕਸਰ ਸਵਾਲ ਉਠਾਏ ਜਾਂਦੇ ਰਹੇ ਹਨ। ਇਸ ਸੰਦਰਭ ਵਿੱਚ, ਵਿਜੀਲੈਂਸ ਵਿਭਾਗ ਦਾ ਕਦਮ ਮਹੱਤਵਪੂਰਨ ਤੱਥਾਂ ਨੂੰ ਸਾਹਮਣੇ ਲਿਆ ਸਕਦਾ ਹੈ।ਹੁਣ ਤੱਕ, ਵਿਜੀਲੈਂਸ ਵਿਭਾਗ ਨੇ ਸਿੱਟਿਆਂ ਜਾਂ ਅਗਲੀ ਕਾਰਵਾਈ ਬਾਰੇ ਕੋਈ ਜਾਣਕਾਰੀ ਦਾ ਖੁਲਾਸਾ ਨਹੀਂ ਕੀਤਾ ਹੈ। ਹਾਲਾਂਕਿ, ਨਗਰ ਨਿਗਮ ਦਫ਼ਤਰ ਵਿਖੇ ਲੰਮਾ ਪੁੱਛਗਿੱਛ ਸੈਸ਼ਨ ਸਪੱਸ਼ਟ ਤੌਰ ਤੇ ਦਰਸਾਉਂਦਾ ਹੈ ਕਿ ਜਾਂਚ ਏਜੰਸੀਆਂ ਹੁਣ ਗੈਰ-ਕਾਨੂੰਨੀ ਉਸਾਰੀਆਂ ਨਾਲ ਸਬੰਧਤ ਮਾਮਲਿਆਂ ਦੀ ਗੰਭੀਰਤਾ ਨਾਲ ਜਾਂਚ ਕਰ ਰਹੀਆਂ ਹਨ। ਆਉਣ ਵਾਲੇ ਦਿਨਾਂ ਵਿੱਚ ਇਸ ਮਾਮਲੇ ਸੰਬੰਧੀ ਹੋਰ ਮਹੱਤਵਪੂਰਨ ਖੁਲਾਸੇ ਹੋਣ ਦੀ ਉਮੀਦ ਹੈ।

# ਐੱਸ ਆਈ ਆਰ, ਪਠਾਨਕੋਟ ਜ਼ਿਲ੍ਹੇ 'ਚ ਘਰ-ਘਰ ਸਰਵੇ ਸ਼ੁਰੂ

**ਪਠਾਨਕੋਟ (ਦਵਿੰਦਰ ਸਿੰਘ)**- ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ. ਪੱਲਵੀ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਐਸ.ਆਈ.ਆਰ ਪ੍ਰੋਗਰਾਮ ਤਹਿਤ ਘਰ-ਘਰ ਸਰਵੇ 25 ਜੂਨ ਤੋਂ ਜ਼ਿਲ੍ਹੇ ਭਰ ਵਿੱਚ ਸ਼ੁਰੂ ਹੋਵੇਗਾ ਅਤੇ ਮਹੀਨਾ ਭਰ ਚੱਲਣ ਵਾਲੀ ਇਸ ਸਰਵੇ ਦੌਰਾਨ ਬੂਥ ਲੈਵਲ ਅਫਸਰ ਬੀ.ਐਲ.ਓ ਆਪਣੇ-ਆਪਣੇ ਖੇਤਰ ਦੇ ਹਰ ਘਰ ਵਿੱਚ ਤਿੰਨ ਵਾਰ ਜਾਣਗੇ ਤਾਂ ਜੋ ਕੋਈ ਵੀ ਯੋਗ ਵੋਟਰ ਰੀਵਿਜ਼ਨ ਪ੍ਰਕਿਰਿਆ ਤੋਂ ਵਾਂਝਾ ਨਾ ਰਹੇ। ਇਹ ਸਰਵੇ 25 ਜੂਨ ਤੋਂ 24 ਜੁਲਾਈ ਤੱਕ ਚੱਲੇਗਾ।ਡਿਪਟੀ ਕਮਿਸ਼ਨਰ ਕਿਹਾ ਕਿ ਪਹਿਲੇ ਦੌਰੇ ਦੌਰਾਨ ਬੀ.ਐਲ.ਓ ਵੋਟਰਾਂ ਵਿੱਚ ਗਿਣਤੀ ਫਾਰਮ ਵੰਡਣਗੇ ਅਤੇ ਉਨ੍ਹਾਂ ਨੂੰ ਭਰੇ ਹੋਏ ਫਾਰਮ ਇਕੱਠੇ ਕਰਨ ਲਈ ਅਗਲੀ ਮੁਲਾਕਾਤ ਦੀ ਮਿਤੀ ਬਾਰੇ ਜਾਣਕਾਰੀ ਦੇਣਗੇ। ਜੇਕਰ ਪਹਿਲੇ ਦੌਰੇ ਸਮੇਂ ਘਰ ਵਿੱਚ ਕੋਈ ਨਾ ਮਿਲੇ ਤਾਂ ਬੀ.ਐਲ.ਓ ਗਿਣਤੀ ਫਾਰਮ ਦਰਵਾਜ਼ੇ 'ਤੇ ਰੱਖ ਦੇਣਗੇ ਅਤੇ ਬਾਅਦ ਦੇ ਦੌਰਿਆਂ ਦੌਰਾਨ ਉਨ੍ਹਾਂ ਨੂੰ ਇਕੱਠਾ ਕਰ ਲੈਣਗੇ।ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਇਸ ਪ੍ਰਕਿਰਿਆ ਤੋਂ ਘਬਰਾਉਣ ਦੀ ਲੋੜ ਨਹੀਂ, ਸਰਵੇ ਰਾਹੀਂ ਹਰ ਯੋਗ ਵੋਟਰ ਨੂੰ ਸ਼ਾਮਲ ਕੀਤਾ ਜਾਵੇਗਾ। ਪਾਰਦਰਸ਼ਤਾ ਅਤੇ ਨਿਰਪੱਖਤਾ ਯਕੀਨੀ ਬਣਾਉਣ ਲਈ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੀ ਬੀ.ਐਲ.ਓ ਨਾਲ ਬੂਥ ਲੈਵਲ ਏਜੰਟ ਬੀ.ਐਲ.ਏ ਵਜੋਂ ਜੋੜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਵਿਸ਼ਾਲ ਅਭਿਆਨ ਦਾ ਮੰਤਵ ਇਹ ਹੈ ਕਿ ਜ਼ਿਲ੍ਹੇ ਦਾ ਇੱਕ ਵੀ ਯੋਗ ਵੋਟਰ ਐਸ.ਆਈ.ਆਰ ਤੋਂ ਬਾਹਰ ਨਾ ਰਹੇ।ਉਨ੍ਹਾਂ ਐਸ.ਆਈ.ਆਰ ਦਾ ਸ਼ਡਿਊਲ ਸਾਂਝਾ ਕਰਦਿਆਂ ਦੱਸਿਆ ਕਿ ਸਰਵੇ ਤੋਂ ਬਾਅਦ ਡਰਾਫਟ ਵੋਟਰ ਸੂਚੀ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ ਤੱਕ ਦਾਖਲ ਕੀਤੇ ਜਾ ਸਕਦੇ ਹਨ, ਜਿਸ ਤੋਂ ਬਾਅਦ ਅੰਤਿਮ ਵੋਟਰ ਸੂਚੀ 1 ਅਕਤੂਬਰ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਇਸ ਮੌਕੇ ਚੋਣ ਤਹਿਸੀਲਦਾਰ ਸਤਿੰਦਰ ਸਿੰਘ ਅਤੇ ਚੋਣ ਦਫ਼ਤਰ ਦਾ ਸਟਾਫ਼ ਵੀ ਮੌਜੂਦ ਸੀ।



# 24 ਜੁਲਾਈ ਤੱਕ ਬੀ ਐੱਲ ਓਜ਼ ਘਰ-ਘਰ ਜਾ ਕੇ ਭਰਵਾਉਣਗੇ ਗਣਨਾ ਫਾਰਮ

**ਗੁਰਦਾਸਪੁਰ (ਜਨਕ ਮਹਾਜਨ)**- ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਗੁਰਦਾਸਪੁਰ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) ਤਹਿਤ 24 ਜੁਲਾਈ ਤੱਕ ਬੀ.ਐਲ.ਓਜ਼ ਘਰ-ਘਰ ਜਾ ਕੇ ਗਣਨਾ ਫਾਰਮ ਭਰਵਾਉਣਗੇ। ਇਹ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਨੇ ਆਪਣੇ ਦਫ਼ਤਰ ਵਿਖੇ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਸਮੁੱਚੀ ਐਸ.ਆਈ.ਆਰ ਪ੍ਰਕਿਰਿਆ ਨੂੰ ਪੂਰੇ ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਦਾ ਉਦੇਸ਼ ਹਰੇਕ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਿਲ ਕਰਨਾ ਅਤੇ ਅਯੋਗ ਵਿਅਕਤੀਆਂ ਦੇ ਨਾਮ ਹਟਾਉਣਾ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਸ ਕੰਮ ਲਈ ਜ਼ਿਲ੍ਹਾ ਗੁਰਦਾਸਪੁਰ ਵਿੱਚ ਕੁੱਲ 1553 ਬੀ.ਐਲ.ਓਜ਼, 161 ਸੈਕਟਰ ਸੁਪਰਵਾਈਜ਼ਰ ਅਤੇ 7 ਚੋਣਕਾਰ ਰਜਿਸਟਰੇਸ਼ਨ ਅਫ਼ਸਰ ਅਤੇ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫਸਰ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੋਟਰ ਐਸ.ਆਈ.ਆਰ ਅਧੀਨ ਗਣਨਾ ਫਾਰਮ ਨਹੀਂ ਭਰਦਾ ਤਾਂ ਉਸ ਨੂੰ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ, ਜੋ ਮਿਤੀ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਉਨ੍ਹਾਂ ਸਮੂਹ ਵੋਟਰਾਂ ਨੂੰ ਯਕੀਨ ਦਿਵਾਇਆ ਕਿ ਐਸ.ਆਈ.ਆਰ ਪਾਰਦਰਸ਼ੀ ਢੰਗ ਨਾਲ ਕਰਵਾਈ ਜਾਵੇਗੀ। ਇਸ ਅਨੁਸਾਰ ਮੀਡੀਆ ਅਤੇ ਸਮੂਹ ਰਾਜਨੀਤਕ ਪਾਰਟੀਆਂ ਨਾਲ ਸਮੇਂ-ਸਮੇਂ 'ਤੇ ਵਿਚਾਰ-ਵਟਾਂਦਰਾ ਕਰਕੇ ਵੋਟਰਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਐੱਸ ਆਈ ਆਰ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਹੈਲਪ ਲਾਈਨ ਨੰਬਰ 1950 'ਤੇ ਕਾਲ ਕਰਕੇ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਜਾਣਕਾਰੀ ਲਈ ਜਾ ਸਕਦੀ ਹੈ। ਇਸ ਮੌਕੇ ਤਹਿਸੀਲਦਾਰ ਚੋਣਾਂ ਮਨਜਿੰਦਰ ਸਿੰਘ ਵੀ ਮੌਜੂਦ ਸਨ।



# ਦੁਕਾਨਦਾਰਾਂ ਦੀ ਸੁਰੱਖਿਆ ਲਈ ਤਾਇਨਾਤ ਕੀਤੇ ਜਾਣਗੇ 20 ਚੌਕੀਦਾਰ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਦੇ ਦੁਕਾਨਦਾਰਾਂ ਅਤੇ ਵਪਾਰੀਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਇੰਪਰੂਵਮੈਂਟ ਟਰੱਸਟ ਵਲੋਂ ਇਕ ਬੇਹੱਦ ਸ਼ਲਾਘਾਯੋਗ ਅਤੇ ਵੱਡਾ ਕਦਮ ਚੁੱਕਿਆ ਗਿਆ ਹੈ। ਸ਼ਹਿਰ ਗੁਰਦਾਸਪੁਰ ਦੀਆਂ ਮਾਰਕੀਟਾਂ ਅਤੇ ਵਪਾਰਕ ਖੇਤਰਾਂ ਵਿਚ ਦੁਕਾਨਾਂ ਦੀ ਰਾਖੀ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਹੁਣ 20 ਵਿਸ਼ੇਸ਼ ਚੌਂਕੀਦਾਰ ਤਾਇਨਾਤ ਕੀਤੇ ਜਾਣਗੇ। ਇਸ ਯੋਜਨਾ ਨੂੰ ਅਮਲੀ ਜਾਮਾ ਪਹਿਨਾਉਣ ਲਈ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਵਲੋਂ ਇਕ ਵਿਸ਼ੇਸ਼ ਮਤਾ ਪਾਸ ਕਰਕੇ ਪ੍ਰਵਾਨਗੀ ਲਈ ਪੰਜਾਬ ਸਰਕਾਰ ਕੋਲ ਭੇਜ ਦਿੱਤਾ ਗਿਆ ਹੈ। ਇਸ ਫੈਸਲੇ ਨਾਲ ਸ਼ਹਿਰ ਦੇ ਵਪਾਰਕ ਇਲਾਕਿਆਂ ਵਿਚ ਚੋਰੀ ਦੀਆਂ ਘਟਨਾਵਾਂ ਨੂੰ ਠੱਲ੍ਹ ਪਵੇਗੀ ਅਤੇ ਦੁਕਾਨਦਾਰਾਂ ਵਿਚ ਸੁਰੱਖਿਆ ਦੀ ਭਾਵਨਾ ਪੈਦਾ ਹੋਵੇਗੀ। ਟਰੱਸਟ ਦੇ ਇਸ ਫੈਸਲੇ ਨਾਲ ਖਾਸ ਕਰਕੇ ਰਾਤ ਦੇ ਸਮੇਂ ਬਾਜ਼ਾਰਾਂ ਦੀ ਨਿਗਰਾਨੀ ਪਹਿਲਾਂ ਨਾਲੋਂ ਬਹੁਤ ਜ਼ਿਆਦਾ ਮਜ਼ਬੂਤ ਹੋ ਜਾਵੇਗੀ। ਇੰਪਰੂਵਮੈਂਟ ਟਰੱਸਟ ਦੇ ਇਸ ਲੋਕ-ਪੱਖੀ ਫੈਸਲੇ ਦਾ ਸਥਾਨਕ ਦੁਕਾਨਦਾਰਾਂ ਅਤੇ ਵਪਾਰਕ ਜਥੇਬੰਦੀਆਂ ਵਲੋਂ ਨਿੱਘਾ ਸਵਾਗਤ ਕੀਤਾ ਜਾ ਰਿਹਾ ਹੈ।



ਦੁਕਾਨਦਾਰਾਂ ਦਾ ਕਹਿਣਾ ਹੈ ਕਿ ਸਰਕਾਰ ਕੋਲੋਂ ਇਸ ਮਤੇ ਨੂੰ ਹਰੀ ਝੰਡੀ ਮਿਲਣ ਤੋਂ ਬਾਅਦ ਜਿੱਥੇ 20 ਬੇਰੁਜ਼ਗਾਰਾਂ ਨੂੰ ਰੁਜ਼ਗਾਰ ਮਿਲੇਗਾ, ਉੱਥੇ ਹੀ ਵਪਾਰੀ ਨਿਡਰ ਹੋ ਕੇ ਆਪਣਾ ਕਾਰੋਬਾਰ ਕਰ ਸਕਣਗੇ। ਚੇਅਰਮੈਨ ਰਾਜੀਵ ਸ਼ਰਮਾ ਮੁਤਾਬਕ ਸਰਕਾਰ ਵਲੋਂ ਮਤੇ ਨੂੰ ਜਲਦ ਹੀ ਮਨਜ਼ੂਰੀ ਮਿਲਣ ਦੀ ਉਮੀਦ ਹੈ, ਜਿਸ ਤੋਂ ਤੁਰੰਤ ਬਾਅਦ ਇਹ ਚੌਂਕੀਦਾਰ ਆਪਣੀ ਡਿਊਟੀ ਸੰਭਾਲ ਲੈਣਗੇ।

# ਨਗਰ ਨਿਗਮ ਵੱਲੋਂ ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਮੁਹਿੰਮ ਤੇਜ਼

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਵਧੀਕ ਕਮਿਸ਼ਨਰ ਡਾ. ਜੈ ਇੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਨਿਗਮ ਅੰਮ੍ਰਿਤਸਰ ਦੇ ਅਸਟੇਟ ਵਿਭਾਗ ਵੱਲੋਂ ਸਕੱਤਰ-ਕਮ-ਐਸਟੇਟ ਅਫਸਰ ਸੁਸ਼ਾਂਤ ਭਾਟੀਆ ਅਤੇ ਅਸਟੇਟ ਅਫਸਰ ਧਰਮਿੰਦਰ ਜੀਤ ਸਿੰਘ ਦੀ ਨਿਗਰਾਨੀ ਹੇਠ ਸ਼ਹਿਰ ਭਰ ਵਿੱਚ ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਵਿਸ਼ਾਲ ਮੁਹਿੰਮ ਜਾਰੀ ਰੱਖੀ ਗਈ। ਐਸ.ਐਸ.ਐਸ.ਐਸ. ਚੌਕ ਤੋਂ ਖੰਡੇਵਾਲਾ ਚੌਂਕ ਤੱਕ ਚਲਾਈ ਗਈ ਇਸ ਮੁਹਿੰਮ ਦੌਰਾਨ ਸੜਕਾਂ ਅਤੇ ਫੁੱਟਪਾਥਾਂ ਉੱਤੇ ਕੀਤੇ ਗਏ ਨਾਜਾਇਜ਼ ਕਬਜ਼ੇ ਹਟਾਏ ਗਏ ਅਤੇ ਕਬਜ਼ੇ ਵਾਲਾ ਸਮਾਨ ਜ਼ਬਤ ਕੀਤਾ ਗਿਆ। ਕਈ ਗੈਰ-ਕਾਨੂੰਨੀ ਤੌਰ 'ਤੇ ਲਗਾਏ ਗਏ ਖੋਖਿਆਂ ਨੂੰ ਸੀਲ ਕੀਤਾ ਗਿਆ, ਜਦਕਿ ਨਗਰ ਨਿਗਮ ਦੀ ਜ਼ਮੀਨ ਉੱਤੇ ਕੀਤੇ ਕਬਜ਼ੇ ਹਟਾ ਕੇ ਜਨਤਕ ਥਾਵਾਂ ਨੂੰ ਲੋਕਾਂ ਲਈ ਮੁੜ ਖੁੱਲ੍ਹਾ ਕੀਤਾ ਗਿਆ। ਐਨਫੋਰਸਮੈਂਟ ਟੀਮ ਵੱਲੋਂ ਖਜ਼ਾਨਾ ਰੋਡ 'ਤੇ ਸਥਿਤ ਸ਼ੂਰ ਹਸਪਤਾਲ ਦੇ ਸਾਹਮਣੇ ਵੀ ਕਾਰਵਾਈ ਕਰਦੇ ਹੋਏ ਨਾਜਾਇਜ਼ ਕਬਜ਼ੇ ਹਟਾਏ ਗਏ। ਇਸ ਤੋਂ ਇਲਾਵਾ ਹਰਿਪੁਰਾ ਅਤੇ ਇਨਰ ਸਰਕੂਲਰ ਰੋਡ ਨੇੜੇ ਲਗਾਏ ਗਏ ਦੋ ਗੈਰ-ਕਾਨੂੰਨੀ ਖੋਖਿਆਂ ਨੂੰ ਵੀ ਢਾਹ ਦਿੱਤਾ ਗਿਆ।



ਜਨਤਕ ਜ਼ਮੀਨ ਉੱਤੇ ਲਗਾਏ ਗਏ ਗੈਰ-ਕਾਨੂੰਨੀ ਤੰਦੂਰਾਂ ਅਤੇ ਹੋਰ ਅਣਅਧਿਕਾਰਤ ਢਾਂਚਿਆਂ ਨੂੰ ਵੀ ਹਟਾਇਆ ਗਿਆ। ਪੈਦਲ ਯਾਤਰੀਆਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਮੈਡੀਕਲ ਸਟੋਰ ਮਾਲਕਾਂ ਨੂੰ ਫੁੱਟਪਾਥਾਂ ਦੀ ਵਰਤੋਂ ਵਪਾਰਕ ਮਕਸਦਾਂ ਲਈ ਨਾ ਕਰਨ ਅਤੇ ਉਨ੍ਹਾਂ ਨੂੰ ਪੈਦਲ ਚੱਲਣ ਵਾਲਿਆਂ ਲਈ ਖੁੱਲ੍ਹਾ ਰੱਖਣ ਦੇ ਨਿਰਦੇਸ਼ ਦਿੱਤੇ ਗਏ। ਸਫ਼ਾਈ ਨੂੰ ਉਤਸ਼ਾਹਿਤ ਕਰਨ ਲਈ ਇਲਾਕੇ ਵਿੱਚ ਕੰਮ ਕਰ ਰਹੇ ਸਾਰੇ ਫਲ ਵਿਕਰੇਤਾਵਾਂ ਨੂੰ ਆਪਣੇ ਸਥਾਨਾਂ ਨੇੜੇ ਵੱਡੇ ਡਸਟਬਿਨ ਲਗਾਉਣ ਅਤੇ ਕੂੜੇ ਦੇ ਸਹੀ ਨਿਪਟਾਰੇ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਸੜਕਾਂ ਜਾਂ ਜਨਤਕ ਥਾਵਾਂ 'ਤੇ ਗੰਦਗੀ ਫੈਲਾਉਣ ਵਾਲਿਆ ਖ਼ਿਲਾਫ਼ ਜੁਰਮਾਨੇ ਅਤੇ ਹਟਾਉਣ ਸਮੇਤ ਸਖ਼ਤ ਕਾਰਵਾਈ ਕੀਤੀ ਜਾਵੇਗੀ। ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਦੁਕਾਨਦਾਰਾਂ, ਰੇਹੜੀ-ਫੜ੍ਹੀ ਵਾਲਿਆਂ ਅਤੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਜਨਤਕ ਜ਼ਮੀਨ 'ਤੇ ਗੈਰ-ਕਾਨੂੰਨੀ ਕਬਜ਼ੇ ਨਾ ਕਰਨ ਅਤੇ ਨਗਰ ਨਿਗਮ ਦਾ ਸਹਿਯੋਗ ਕਰਨ। ਇਹ ਮੁਹਿੰਮ ਅਸਟੇਟ ਵਿਭਾਗ ਦੀ ਟੀਮ ਵੱਲੋਂ ਇੰਸਪੈਕਟਰ ਪ੍ਰੀਤੀ ਚੌਹਾਨ, ਇੰਸਪੈਕਟਰ ਅਮਨ ਕੁਮਾਰ ਅਤੇ ਹੋਰ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਮੌਜੂਦਗੀ ਵਿੱਚ ਚਲਾਈ ਗਈ। ਨਗਰ ਨਿਗਮ ਨੇ ਸਪੱਸ਼ਟ ਕੀਤਾ ਹੈ ਕਿ ਅਜਿਹੀਆਂ ਕਾਰਵਾਈਆਂ ਭਵਿੱਖ ਵਿੱਚ ਵੀ ਨਿਯਮਿਤ ਤੌਰ 'ਤੇ ਜਾਰੀ ਰਹਿਣਗੀਆਂ ਅਤੇ ਨਗਰ ਨਿਗਮ ਦੀ ਜ਼ਮੀਨ, ਸੜਕਾਂ ਅਤੇ ਫੁੱਟਪਾਥਾਂ 'ਤੇ ਕਿਸੇ ਵੀ ਤਰ੍ਹਾਂ ਦਾ ਨਾਜਾਇਜ਼ ਕਬਜ਼ਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਸੱਚਰ ਨੇ ਹਲਕਾ ਮਜੀਠਾ ਦੇ ਨਵੇਂ ਜਿੱਤੇ ਯੂਥ ਕਾਂਗਰਸ ਆਗੂਆਂ ਨੂੰ ਦਿੱਤੀਆਂ ਮੁਬਾਰਕਾਂ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਯੂਥ ਕਾਂਗਰਸ ਦੀਆਂ ਹਾਲ ਹੀ ਵਿੱਚ ਹੋਈਆਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਹਲਕਾ ਮਜੀਠਾ ਦੇ ਨੌਜਵਾਨ ਆਗੂਆਂ ਸ਼ਰਨਜੀਤ ਸਿੰਘ ਸੰਨੀ ਇੰਚਾਰਜ ਯੂਥ ਕਾਂਗਰਸ ਹਲਕਾ ਮਜੀਠਾ, ਹਰਜੋਤ ਸਿੰਘ ਲਾਡੀ ਪ੍ਰਧਾਨ ਯੂਥ ਕਾਂਗਰਸ ਬਲਾਕ ਮਜੀਠਾ -1, ਅੰਮ੍ਰਿਤਪਾਲ ਸਿੰਘ ਔਲਖ ਪਾਖਰਪੁਰ ਪ੍ਰਧਾਨ ਯੂਥ ਕਾਂਗਰਸ ਬਲਾਕ ਮਜੀਠਾ-2 ਨੂੰ ਮੁਬਾਰਕਬਾਦ ਦਿੱਤੀ ਹੈ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਵਿੱਚ ਨਵੇਂ ਚੁਣੇ ਗਏ ਅਹੁਦੇਦਾਰਾਂ ਦੀ ਜਿੱਤ ਨਾਲ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਪਾਰਟੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਯੋਗਦਾਨ ਮਿਲੇਗਾ।ਸੱਚਰ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਰਾਜਨੀਤਿਕ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਅਤੇ ਕਾਂਗਰਸ ਪਾਰਟੀ ਹਮੇਸ਼ਾ ਹੀ ਨੌਜਵਾਨਾਂ ਨੂੰ ਅੱਗੇ ਲਿਆਉਣ ਅਤੇ ਉਨ੍ਹਾਂ ਨੂੰ ਲੀਡਰਸ਼ਿਪ ਦੇ ਮੌਕੇ ਪ੍ਰਦਾਨ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਦੇ ਨਵੇਂ ਆਗੂ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਜਨਤਾ ਦੇ ਮੁੱਦਿਆਂ ਨੂੰ ਵੀ ਜ਼ੋਰਦਾਰ ਢੰਗ ਨਾਲ ਉਠਾਉਣਗੇ। ਉਨ੍ਹਾਂ ਉਮੀਦ ਜਤਾਈ ਕਿ ਨਵੇਂ ਚੁਣੇ ਗਏ ਯੂਥ ਕਾਂਗਰਸ ਆਗੂ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਪਾਰਟੀ ਦੀ ਸੇਵਾ ਕਰਨਗੇ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਕਾਂਗਰਸ ਨੂੰ ਹੋਰ ਮਜ਼ਬੂਤ ਬਣਾਉਣ ਲਈ ਅਹਿਮ ਭੂਮਿਕਾ ਨਿਭਾਉਣਗੇ।ਸੱਚਰ ਨੇ ਕਿਹਾ ਕਿ ਹਲਕਾ ਮਜੀਠਾ ਵਿੱਚ ਕਾਂਗਰਸ ਪਾਰਟੀ ਦਾ ਆਧਾਰ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਅਤੇ ਨੌਜਵਾਨ ਵਰਗ ਦਾ ਵਧਦਾ ਸਮਰਥਨ ਇਸ ਗੱਲ ਦਾ ਸਬੂਤ ਹੈ ਕਿ ਲੋਕ ਕਾਂਗਰਸ ਦੀਆਂ ਨੀਤੀਆਂ ਅਤੇ ਲੀਡਰਸ਼ਿਪ 'ਤੇ ਭਰੋਸਾ ਕਰਦੇ ਹਨ। ਉਨ੍ਹਾਂ ਸਾਰੇ ਨਵੇਂ ਚੁਣੇ ਗਏ ਯੂਥ ਕਾਂਗਰਸ ਅਹੁਦੇਦਾਰਾਂ ਨੂੰ ਉਨ੍ਹਾਂ ਦੇ ਉੱਜਵਲ ਰਾਜਨੀਤਿਕ ਭਵਿੱਖ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ ਇਹਨਾਂ ਨਵੇਂ ਚੁਣੇ ਗਏ ਆਗੂਆਂ ਨੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਤੇ ਸਮੁੱਚੀ ਕਾਂਗਰਸ ਦੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦਾ ਯਤਨ ਕਰਾਂਗੇ ਤੇ ਸੂਬੇ ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਵਿੱਚ ਦਿਨ ਰਾਤ ਇੱਕ ਕਰ ਦਿਆਂਗੇ।



# ਤਰਨ ਤਾਰਨ 'ਚ ਐੱਸ ਆਈ ਆਰ ਤਹਿਤ ਪਹਿਲੇ ਪੜਾਅ ਦਾ ਹੋਇਆ ਆਗਾਜ਼

## ਬੀ ਐੱਲ ਓਜ਼ ਵੱਲੋਂ ਘਰ-ਘਰ ਜਾ ਕੇ ਫਾਰਮਾਂ ਦੀ ਵੰਡ ਦਾ ਕੰਮ ਸ਼ੁਰੂ

**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) ਤਹਿਤ ਘਰੋ-ਘਰੀ ਗਣਨਾ ਦਾ ਪਹਿਲੇ ਪੜਾਅ ਦਾ ਕੰਮ ਆਰੰਭ ਹੋ ਗਿਆ।ਜ਼ਿਲ੍ਹਾ ਚੋਣ ਅਫ਼ਸਰ ਤਰਨ ਤਾਰਨ ਰਾਹੁਲ ਨੇ ਦੱਸਿਆ ਕਿ ਗਣਨਾ ਦੇ ਪਹਿਲੇ ਪੜਾਅ ਦੌਰਾਨ ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਪ੍ਰੀ-ਪ੍ਰਿੰਟਿਡ ਫਾਰਮਾਂ ਦੀ ਵੰਡ ਕੀਤੀ ਜਾ ਰਹੀ ਹੈ ਅਤੇ ਬੀ.ਐਲ.ਓਜ਼ ਵੱਲੋਂ ਇਹ ਫਾਰਮ ਭਰਨ ਵਿੱਚ ਵੋਟਰਾਂ ਦੀ ਸਹਾਇਤਾ ਕਰਨ ਤੋਂ ਇਲਾਵਾ ਇਨ੍ਹਾਂ ਫਾਰਮਾਂ ਨੂੰ ਘਰ-ਘਰ ਜਾ ਕੇ ਵਾਪਸ ਇਕੱਤਰ ਵੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਘਰੋ-ਘਰੀ ਗਣਨਾ ਦੀ ਪ੍ਰਕਿਰਿਆ 24 ਜੁਲਾਈ ਤੱਕ ਜਾਰੀ ਰਹੇਗੀ। ਜੇਕਰ ਬੀ.ਐਲ.ਓ ਨੂੰ ਕੋਈ ਫਾਰਮ ਪ੍ਰਾਪਤ ਨਹੀਂ ਹੁੰਦਾ ਤਾਂ ਉਸ ਫਾਰਮ ਦੀ ਪ੍ਰਾਪਤੀ ਲਈ ਉਹ ਤਿੰਨ ਵਾਰ ਤੱਕ ਉਸ ਘਰ ਦਾ ਦੌਰਾ ਕਰੇਗਾ ਅਤੇ ਆਪਣੇ ਦੌਰੇ ਸਬੰਧੀ ਘਰ ਦੇ ਦਰਵਾਜ਼ੇ 'ਤੇ ਸਟਿੱਕਰ ਚਿਪਕਾ ਕੇ ਜਾਣਕਾਰੀ ਦਰਜ ਕਰੇਗਾ। ਉਨ੍ਹਾਂ ਦੱਸਿਆ ਕਿ ਇਸ ਕੰਮ ਲਈ ਜ਼ਿਲ੍ਹਾ ਤਰਨ ਤਾਰਨ ਵਿੱਚ ਕੁੱਲ 911 ਬੀ.ਐਲ.ਓਜ਼, 93 ਸੈਕਟਰ ਸੁਪਰਵਾਈਜ਼ਰ, 4 ਚੋਣਕਾਰ ਰਜਿਸਟਰੇਸ਼ਨ ਅਫ਼ਸਰ, 8 ਸਹਾਇਕ ਚੋਣ ਰਜਿਸਟਰੇਸ਼ਨ ਅਫਸਰ ਤੇ ਹੋਰ ਚੋਣ ਅਮਲਾ ਲਗਾਇਆ ਗਿਆ ਹੈ, ਜੋ ਕਿ ਜ਼ਿਲ੍ਹੇ ਦੇ 7.50 ਲੱਖ ਤੋਂ ਵੱਧ ਵੋਟਰਾਂ ਦੀ ਗਣਨਾ ਕਰੇਗਾ।ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਐਸ.ਆਈ.ਆਰ ਸਬੰਧੀ ਐਲਾਨੇ ਗਏ ਪ੍ਰੋਗਰਾਮ ਅਨੁਸਾਰ 25 ਜੂਨ ਤੋਂ 24 ਜੁਲਾਈ ਤੱਕ ਘਰੋ-ਘਰੀ ਗਣਨਾ, ਪੋਲਿੰਗ ਸਟੇਸ਼ਨ ਦੀ ਰੈਸ਼ਨਲਾਈਜੇਸਨ ਦਾ ਕੰਮ 24 ਜੁਲਾਈ ਤੱਕ ਕੀਤਾ ਜਾਵੇਗਾ ਜਦਕਿ ਵੋਟਰ ਸੂਚੀਆਂ ਦਾ ਖਰੜਾ 3 ਅਗਸਤ ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਵੋਟਰ ਸੂਚੀਆਂ ਸਬੰਧੀ ਇਤਰਾਜ਼ ਅਤੇ ਦਾਅਵੇ 3 ਅਗਸਤ ਤੋਂ 2 ਸਤੰਬਰ ਤੱਕ ਪੇਸ਼ ਕੀਤੇ ਜਾ ਸਕਦੇ ਹਨ। ਇਤਰਾਜ਼ ਅਤੇ ਦਾਅਵਿਆਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ ਤੱਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 1 ਅਕਤੂਬਰ ਨੂੰ ਕੀਤੀ ਜਾਵੇਗੀ।



# ਏ ਆਈ+ ਸਮਾਰਟਫੋਨ ਦੇ ਨੋਵਾ 2 ਪ੍ਰੋ ਤੇ ਨੋਵਾ 2 ਨਿਊ ਦੀ ਵਿਕਰੀ ਅੱਜ ਤੋਂ

**ਅੰਮ੍ਰਿਤਸਰ** : ਭਾਰਤੀ ਸਮਾਰਟਫੋਨ ਬ੍ਰਾਂਡ ਏ ਆਈ+ ਨੇ ਆਪਣੀ ਨਵੀਂ ਨੋਵਾ ਸੀਰੀਜ਼ ਦੇ ਦੋ ਸਮਾਰਟਫੋਨ ਨੋਵਾ 2 ਪ੍ਰੋ 5 ਜੀ ਅਤੇ ਨੋਵਾ 2 ਨਿਓ 5ਜੀ ਦੀ ਵਿਕਰੀ 26 ਜੂਨ ਤੋਂ ਸ਼ੁਰੂ ਕਰ ਦਿੱਤੀ ਹੈ। ਕੰਪਨੀ ਅਨੁਸਾਰ ਦੋਵੇਂ ਸਮਾਰਟ ਫੋਨ ਫਲਿਪਕਾਰਟ ਅਤੇ ਚੁਣਿੰਦੇ ਰਿਟੇਲ ਸਟੋਰਾਂ 'ਤੇ ਉਪਲਬਧ ਹਨ। ਕੰਪਨੀ ਦਾ ਕਹਿਣਾ ਹੈ ਕਿ ਨਵੀਂ ਨੋਵਾ ਸੀਰੀਜ਼ ਨੂੰ ਪਹਿਲੀ ਵਾਰ ਸਮਾਰਟ ਫੋਨ ਵਰਤਣ ਵਾਲੇ ਗਾਹਕਾਂ ਤੋਂ ਲੈ ਕੇ ਵਧੀਆ ਪਰਫਾਰਮੈਂਸ ਦੀ ਉਮੀਦ ਰੱਖਣ ਵਾਲੇ ਉਪਭੋਗਤਾਵਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਨੋਵਾ 2 ਨਿਓ ਵਿੱਚ ਮੀਡੀਆਟੈਕ ਡਾਈਮੈਂਸਿਟੀ 6300 5 ਜੀ ਪ੍ਰੋਸੈਸਰ, 120 ਹਰਟਜ਼ ਡਿਸਪਲੇ, 48 ਮੈਗਾਪਿਕਸਲ ਕੈਮਰਾ ਅਤੇ 6000 ਐਮ ਏ ਐਚ ਬੈਟਰੀ ਦਿੱਤੀ ਗਈ ਹੈ। ਉੱਥੇ ਹੀ ਨੋਵਾ 2 ਪ੍ਰੋ ਵਿੱਚ ਮੀਡੀਆਟੈਕ ਡਾਈਮੈਂਸਿਟੀ 7100 ਚਿਪਸੈੱਟ, 144 ਹਰਟਜ਼ ਐਫ ਐਚ ਡੀ+ ਡਿਸਪਲੇ, 48 ਮੈਗਾਪਿਕਸਲ ਏਆਈ ਕੈਮਰਾ ਅਤੇ 33 ਵਾਟ ਫਾਸਟ ਚਾਰਜਿੰਗ ਸਹਾਇਤਾ ਨਾਲ 6000 ਐਮ ਏ ਐਚ ਬੈਟਰੀ ਉਪਲਬਧ ਹੈ।ਕੰਪਨੀ ਦੇ ਸੀ ਈ ਓ ਅਤੇ ਸੰਸਥਾਪਕ ਮਾਧਵ ਸੇਠ ਨੇ ਕਿਹਾ ਕਿ ਇਹ ਦੋਵੇਂ ਡਿਵਾਈਸ ਗਾਹਕਾਂ ਨੂੰ ਬਿਹਤਰ ਪਰਫਾਰਮੈਂਸ, ਲੰਬੀ ਬੈਟਰੀ ਲਾਈਫ, ਉੱਨਤ ਕੈਮਰਾ ਅਨੁਭਵ ਅਤੇ ਪ੍ਰਾਈਵੇਸੀ ਫੀਚਰ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਤਿਆਰ ਕੀਤੇ ਗਏ ਹਨ।

# ਐੱਸ ਆਈ ਆਰ ਦਾ ਜਾਇਜ਼ਾ ਲੈਣ ਲਈ ਨੋਡਲ ਅਫ਼ਸਰਾਂ ਨਾਲ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ ਨੇ ਜ਼ਿਲ੍ਹੇ ਵਿੱਚ ਚੱਲ ਰਹੀਆਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਐਸ ਆਈ ਆਰ ਦੀਆਂ ਗਤੀਵਿਧੀਆਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਨਿਯੁਕਤ ਕੀਤੇ ਗਏ ਨੋਡਲ ਅਫ਼ਸਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ 'ਤੇ ਸਹਾਇਕ ਕਮਿਸ਼ਨਰ ਜਨਰਲ ਰਮਨਜੀਤ ਵੀ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਦੱਸਿਆ ਕਿ ਨਿਯੁਕਤ ਕੀਤੇ ਗਏ ਨੋਡਲ ਅਫ਼ਸਰ ਸ਼ਿਕਾਇਤ ਨਿਵਾਰਣ, ਆਈ.ਟੀ. ਸਬੰਧੀ ਸਮੱਸਿਆਵਾਂ ਦੇ ਹੱਲ, ਟ੍ਰੇਨਿੰਗ ਪ੍ਰਬੰਧਨ, ਸਮੱਗਰੀ ਪ੍ਰਬੰਧਨ, ਮੀਡੀਆ ਮੋਨੀਟਰਿੰਗ ਤੇ ਸੋਸ਼ਲ ਮੀਡੀਆ ਤਾਲਮੇਲ, ਸਵੀਪ ਜਾਗਰੂਕਤਾ ਗਤੀਵਿਧੀਆਂ, ਐਸ ਆਈ ਆਰ ਸਬੰਧੀ ਅਹਿਮ ਮੁੱਦਿਆਂ ਦੀ ਰਿਪੋਰਟਿੰਗ, ਕਾਨੂੰਨੀ ਮਾਮਲੇ, ਬੀ.ਐਲ.ਓਜ਼ ਦੀ ਭਲਾਈ ਅਤੇ ਹੈਲਪ ਡੈਸਕ ਸੰਚਾਲਨ ਵਰਗੇ ਮਹੱਤਵਪੂਰਨ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਬਿਹਤਰ ਤਾਲਮੇਲ ਅਤੇ ਰਿਵੀਜ਼ਨ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਹਾਇਕ ਨੋਡਲ ਅਫ਼ਸਰ ਵੀ ਲਗਾਏ ਗਏ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਲੋਕਾਂ ਦੀ ਐਸ ਆਈ ਆਰ ਸਬੰਧੀ ਸਮੱਸਿਆਵਾਂ ਦੇ ਹੱਲ ਲਈ ਇੱਕ ਸਮਰਪਿਤ ਹੈਲਪ ਡੈਸਕ ਅਤੇ ਸ਼ਿਕਾਇਤ ਸੈੱਲ ਵੀ ਸਥਾਪਿਤ ਕੀਤਾ ਗਿਆ ਹੈ।



# ਡੇਅਰੀ ਉੱਦਮ ਸਿਖਲਾਈ ਕੋਰਸ 6 ਤੋਂ

**ਗੁਰਦਾਸਪੁਰ (ਜਨਕ ਮਹਾਜਨ)**- ਵਰਿਆਮ ਸਿੰਘ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਬਰਜਿੰਦਰ ਸਿੰਘ ਡੇਅਰੀ ਵਿਕਾਸ ਇੰਸਪੈਕਟਰ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਡੇਅਰੀ ਫਾਰਮਰਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ 4 ਹਫਤੇ ਦਾ ਡੇਅਰੀ ਉਦਮ ਸਿਖਲਾਈ ਕੋਰਸ 6 ਜੁਲਾਈ ਤੋਂ 5 ਅਗਸਤ (ਚਾਰ ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜ਼ਿਲਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਚਾਹਵਾਨ ਡੇਅਰੀ ਫਾਰਮਰ ਜੋ ਘੱਟੋ ਘੱਟ 10 ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ ਅਤੇ ਪਹਿਲਾਂ ਘੱਟੋ ਘੱਟ 05 ਪਸ਼ੂ ਰੱਖੇ ਹੋਣ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਇਹ ਜਾਣਕਾਰੀ ਡੇਅਰੀ ਵਿਕਾਸ ਇੰਸਪੈਕਟਰ, ਗੁਰਦਾਸਪੁਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਕੋਰਸ ਵਿੱਚ ਡੇਅਰੀ ਫਾਰਮਰਜ਼ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ ਵੱਖ ਵਿਸ਼ਾ ਮਾਹਰਾਂ ਵੱਲੋਂ ਪਸ਼ੂਆਂ ਦੀ ਸਾਂਭ ਸੰਭਾਲ ਵੱਖ ਵੱਖ ਬਿਮਾਰੀਆਂ, ਮਸਨੂਈ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ। ਇਸ ਸਿਖਲਾਈ ਦੌਰਾਨ ਮਾਡਲ ਕੈਟਲ ਸ਼ੈਡਾਂ ਦੀ ਉਸਾਰੀ, ਦੁੱਧ ਚੁਆਈ ਮਸ਼ੀਨਾਂ ਅਤੇ ਡੇਅਰੀ ਦੇ ਧੰਦੇ ਦਾ ਮੁਕੰਮਲ ਮਸ਼ੀਨੀਕਰਨ ਲਈ ਲੋੜੀਂਦੀਆਂ ਤਕਨੀਕਾਂ ਅਤੇ ਸਬਸਿਡੀਆਂ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਿਖਲਾਈ ਕੋਰਸ ਲਈ ਚਾਹਵਾਨ ਫਾਰਮਰਜ਼ 3 ਜੁਲਾਈ ਤੱਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਲ, ਕਮਰਾ ਨੰਬਰ 508 ਵਿਖੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਵਿਖੇ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।

# ਇਨਸਾਫ ਯੂ ਪੀ ਸਟਾਈਲ

*ਕਿਸੇ ਲੋਕਤੰਤਰੀ ਸਮਾਜ ਦੀ ਪਛਾਣ ਇਸ ਗੱਲ ਤੋਂ ਨਹੀਂ ਹੁੰਦੀ ਕਿ ਇਹ ਆਪਣੇ ਸਭ ਤੋਂ ਵਧੀਆ, ਸਭ ਤੋਂ ਲੋਕਪ੍ਰਿਯ ਅਤੇ ਸਭ ਤੋਂ ਸਤਿਕਾਰਤ ਨਾਗਰਿਕਾਂ ਨਾਲ ਕਿਵੇਂ ਪੇਸ਼ ਆਉਂਦਾ ਹੈ, ਸਗੋਂ ਇਸ ਗੱਲ ਤੋਂ ਹੁੰਦੀ ਹੈ ਕਿ ਉਹ ਆਪਣੇ ਸਭ ਤੋਂ ਘ੍ਰਿਣਤ, ਸਭ ਤੋਂ ਅਲੋਕਪ੍ਰਿਯ ਤੇ ਸਭ ਤੋਂ ਘਿਨਾਉਣੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਵਿਅਕਤੀ ਨਾਲ ਵੀ ਕਾਨੂੰਨ ਤੇ ਸੰਵਿਧਾਨ ਮੁਤਾਬਕ ਵਿਹਾਰ ਕਰਦਾ ਹੈ ਕਿ ਨਹੀਂ। ਜੇ ਕਿਸੇ ਸਮਾਜ ਵਿੱਚ ਇਹ ਧਾਰਨਾ ਸਥਾਪਤ ਹੋਣ ਲੱਗੇ ਕਿ ਅਦਾਲਤੀ ਪ੍ਰਕਿਰਿਆ ਸਿਰਫ ਇੱਕ ਰਸਮੀ ਕਾਰਵਾਈ ਹੈ, ਮੁਕੱਦਮੇ ਸਮੇਂ ਦੀ ਬਰਬਾਦੀ ਹਨ, ਸਬੂਤ ਅਪ੍ਰਸੰਗਕ ਹਨ ਅਤੇ ਪੁਲਸ ਦੀ ਗੋਲੀ ਹੀ ਸਭ ਤੋਂ ਪ੍ਰਭਾਵੀ ਤੇ ਸਭ ਤੋਂ ਤੇਜ਼ ਇਨਸਾਫ ਹੈ, ਤਾਂ ਉਹ ਸਿਰਫ ਕਿਸੇ ਵਿਅਕਤੀ ਦੀ ਜ਼ਿੰਦਗੀ ਦਾ ਸਵਾਲ ਨਹੀਂ ਰਹਿ ਜਾਂਦਾ, ਸਗੋਂ ਸੰਵਿਧਾਨ, ਕਾਨੂੰਨ ਦੇ ਰਾਜ, ਸ਼ਕਤੀਆਂ ਦੇ ਵਖਰੇਵੇਂ ਅਤੇ ਬੁਨਿਆਦੀ ਅਧਿਕਾਰਾਂ ਦੀ ਸਮੁੱਚੀ ਧਾਰਨਾ ਦੇ ਸਾਹਮਣੇ ਖੜ੍ਹੇ ਇੱਕ ਗੰਭੀਰ ਸੰਕਟ ਦਾ ਸੰਕੇਤ ਬਣ ਜਾਂਦਾ ਹੈ। ਸਭ ਤੋਂ ਵੱਡਾ ਖਤਰਾ ਉਦੋਂ ਪੈਦਾ ਹੁੰਦਾ ਹੈ ਜਦੋਂ ਸਮਾਜ ਖੁਦ ਦੇ ਨਿਆਂਇਕ ਪ੍ਰਕਿਰਿਆ ਦੀ ਥਾਂ ਬਦਲੇ ਦੀ ਸੰਸਕ੍ਰਿਤੀ ਨੂੰ ਸਵੀਕਾਰ ਕਰਨਾ ਸ਼ੁਰੂ ਕਰ ਦਿੰਦਾ ਹੈ ਅਤੇ ਅਪਰਾਧ ਤੇ ਸਜ਼ਾ ਵਿਚਾਲੇ ਸਥਿਤ ਅਦਾਲਤਾਂ, ਸਬੂਤਾਂ ਅਤੇ ਸੰਵਿਧਾਨਕ ਸੰਸਥਾਵਾਂ ਨੂੰ ਬੇਲੋੜਾ ਸਮਝਣ ਲਗਦਾ ਹੈ।*

*ਯੂ ਪੀ ਪੁਲਸ ਅਤੇ ਰਾਜ ਸਰਕਾਰ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਮੁਤਾਬਕ ਮਾਰਚ 2017 ਤੋਂ ਮਈ 2026 ਤੱਕ ਲੱਗਭੱਗ 17,043 ਪੁਲਸ ਮੁਕਾਬਲੇ ਹੋਏ, ਜਿਨ੍ਹਾਂ ਵਿੱਚ 34,253 ਗ੍ਰਿਫਤਾਰੀਆਂ ਹੋਈਆਂ, 11,834 ਜ਼ਖ਼ਮੀ ਹੋਏ ਅਤੇ 289 ਵਿਅਕਤੀ ਮਾਰੇ ਗਏ। ਲੱਗਭੱਗ 1,852 ਪੁਲਸ ਕਰਮਚਾਰੀ ਜ਼ਖ਼ਮੀ ਹੋਏ ਅਤੇ 18 ਦੀ ਮੌਤ ਹੋ ਗਈ। ਇਕੱਲੇ 2025 ਵਿੱਚ 2,739 ਪੁਲਸ ਮੁਹਿੰਮਾਂ ਅਤੇ 48 ਮੌਤਾਂ ਦੀ ਜਾਣਕਾਰੀ ਦਿੱਤੀ ਗਈ, ਜੋ ਕਿ 2017 ਤੋਂ ਬਾਅਦ ਇੱਕ ਸਾਲ ਵਿੱਚ ਸਭ ਤੋਂ ਵੱਧ ਗਿਣਤੀ ਹੈ। ਇਹ ਅੰਕੜੇ ਕਿਸੇ ਮਨੁੱਖੀ ਅਧਿਕਾਰ ਸੰਗਠਨ, ਵਿਰੋਧੀ ਪਾਰਟੀ ਜਾਂ ਵਿਚਾਰਧਾਰਕ ਮੰਚ ਦੇ ਦਾਅਵਿਆਂ 'ਤੇ ਅਧਾਰਤ ਨਹੀਂ ਹਨ, ਸਗੋਂ ਰਾਜ ਸਰਕਾਰ ਅਤੇ ਪੁਲਸ ਹੈੱਡਕੁਆਰਟਰ ਦੇ ਖੁਦ ਦੇ ਦਾਅਵਿਆਂ 'ਤੇ ਅਧਾਰਤ ਹਨ, ਜੋ ਕਿ ਕਈ ਕੌਮੀ ਅਖ਼ਬਾਰਾਂ ਵਿੱਚ ਛਪੇ ਹਨ। ਅਰਥਾਤ ਇਹ ਨਿਰਵਿਵਾਦ ਤੱਥ ਹੈ ਕਿ ਮੁਕਾਬਲੇ ਹੁਣ ਅਪਵਾਦ ਨਹੀਂ ਰਹਿ ਗਏ, ਸਗੋਂ ਅਮਨ-ਕਾਨੂੰਨ ਦੀ ਇੱਕ ਅਜਿਹੀ ਸ਼ੈਲੀ ਦੇ ਰੂਪ ਵਿੱਚ ਪੇਸ਼ ਕੀਤੇ ਜਾ ਰਹੇ ਹਨ, ਜਿਸ ਨੂੰ ਸਰਵਜਨਕ ਚਰਚਾ ਵਿੱਚ ਸਫਲਤਾ ਦਾ ਪੈਮਾਨਾ ਬਣਾਇਆ ਜਾਣ ਲੱਗਾ ਹੈ।*

*ਸਵਾਲ ਇਹ ਨਹੀਂ ਕਿ ਅਪਰਾਧੀਆਂ ਵਿਰੁੱਧ ਸਖਤੀ ਹੋਣੀ ਚਾਹੀਦੀ ਹੈ ਜਾਂ ਨਹੀਂ; ਸਵਾਲ ਇਹ ਹੈ ਕਿ ਕੀ ਸਖਤੀ ਸੰਵਿਧਾਨ ਦੇ ਅੰਦਰ ਰਹੇਗੀ ਜਾਂ ਇਸ ਤੋਂ ਉੱਪਰ ਚਲੇ ਜਾਵੇਗੀ। ਭਾਰਤੀ ਸੰਵਿਧਾਨ ਪੁਲਸ ਨੂੰ ਅਪਰਾਧਾਂ ਦੀ ਜਾਂਚ, ਗ੍ਰਿਫਤਾਰੀ ਅਤੇ ਮੁਕੱਦਮਾ ਚਲਾਉਣ ਦਾ ਅਧਿਕਾਰ ਦਿੰਦਾ ਹੈ, ਪਰ ਦੋਸ਼ੀ ਠਹਿਰਾਉਣਾ ਅਤੇ ਸਜ਼ਾ ਦੇਣਾ ਨਿਆਂਪਾਲਿਕਾ ਦਾ ਕੰਮ ਹੈ। ਆਰਟੀਕਲ 21 ਸਿਰਫ ਇੱਕ ਕਾਨੂੰਨੀ ਵਿਵਸਥਾ ਨਹੀਂ ਹੈ, ਸਗੋਂ ਰਾਜ ਦੀ ਸ਼ਕਤੀ 'ਤੇ ਲਾਇਆ ਗਿਆ ਸਭ ਤੋਂ ਵੱਡਾ ਸੰਵਿਧਾਨਕ ਕੰਟਰੋਲ ਹੈ। ਇਸ ਦਾ ਮਤਲਬ ਇਹ ਹੈ ਕਿ ਕੋਈ ਵਿਅਕਤੀ ਕਿੰਨਾ ਵੀ ਵੱਡਾ ਅਪਰਾਧੀ ਕਿਉਂ ਨਾ ਹੋਵੇ, ਉਸ ਦੀ ਜ਼ਿੰਦਗੀ ਨੂੰ ਕਿਸੇ ਅਧਿਕਾਰੀ ਦੀ ਸੰਤੁਸ਼ਟੀ, ਕਿਸੇ ਸਰਕਾਰ ਦੀ ਲੋਕਪ੍ਰਿਅਤਾ ਜਾਂ ਭੀੜ ਦੀ ਉਤੇਜਨਾ ਦੇ ਆਧਾਰ 'ਤੇ ਖਤਮ ਨਹੀਂ ਕੀਤਾ ਜਾ ਸਕਦਾ।*

*ਅੱਜ, ਕਿਸੇ ਅਪਰਾਧ ਦੀ ਖਬਰ ਮਿਲਣ 'ਤੇ ਵੱਡੀ ਗਿਣਤੀ ਵਿੱਚ ਪ੍ਰਤੀਕਿਰਿਆਵਾਂ ਲੱਗਭੱਗ ਇੱਕੋ ਜਿਹੀਆਂ ਹੁੰਦੀਆਂ ਹਨ—ਠੋਕ ਦਿਓ, ਐਨਕਾਊਂਟਰ ਕਰ ਦਿਓ, ਸਿੱਧਾ ਉੱਪਰ ਭੇਜ ਦਿਓ, ਘਰ ਢਾਹ ਦਿਓ, ਪੈਰ ਵਿੱਚ ਗੋਲੀ ਮਾਰ ਦਿਓ, ਅਜਿਹੇ ਲੋਕਾਂ ਨੂੰ ਅਦਾਲਤ ਦੀ ਕੀ ਲੋੜ ਹੈ? ਜੇਲ੍ਹ ਵਿੱਚ ਰੱਖਣ ਨਾਲੋਂ ਮਾਰਨਾ ਬਿਹਤਰ ਹੈ ਅਤੇ ਇਹ ਪ੍ਰਤੀਕਿਰਿਆਵਾਂ ਕਿਸੇ ਇੱਕ ਵਿਚਾਰਧਾਰਾ ਜਾਂ ਵਰਗ ਤੱਕ ਸੀਮਤ ਨਹੀਂ ਹਨ। ਹੌਲੀ-ਹੌਲੀ ਇਹ ਧਾਰਨਾ ਸਥਾਪਤ ਹੁੰਦੀ ਜਾ ਰਹੀ ਹੈ ਕਿ ਅਦਾਲਤਾਂ ਸੁਸਤ ਚਲਦੀਆਂ ਹਨ, ਨਿਆਂਇਕ ਪ੍ਰਕਿਰਿਆ ਬੋਝ ਹੈ ਅਤੇ ਪੁਲਸ ਦੀ ਬੰਦੂਕ ਹੀ ਸਭ ਤੋਂ ਪ੍ਰਭਾਵੀ ਇਨਸਾਫ ਹੈ। ਪਰ ਜੇ ਕਿਸੇ ਲੋਕਤੰਤਰ ਵਿੱਚ ਸਜ਼ਾ ਦਾ ਨਿਰਧਾਰਨ ਅਦਾਲਤਾਂ ਦੀ ਬਜਾਏ ਸੋਸ਼ਲ ਮੀਡੀਆ ਦੀ ਉਤੇਜਨਾ, ਟੈਲੀਵਿਜ਼ਨ ਬਹਿਸਾਂ ਅਤੇ ਭੀੜ ਦੀਆਂ ਭਾਵਨਾਵਾਂ ਨਾਲ ਹੋਣ ਲੱਗੇ ਤਾਂ ਸਭ ਤੋਂ ਪਹਿਲਾਂ ਖਤਮ ਕਾਨੂੰਨ ਦਾ ਰਾਜ ਹੁੰਦਾ ਹੈ। ਇਤਿਹਾਸ ਵਿੱਚ ਕਦੇ ਵੀ ਭੀੜ ਨੇ ਇਨਸਾਫ ਨਹੀਂ ਦਿੱਤਾ, ਭੀੜ ਨੇ ਸਿਰਫ ਬਦਲਾ ਦਿੱਤਾ ਹੈ।*

*ਇਸ ਮਾਨਸਿਕਤਾ ਦਾ ਇੱਕ ਹੋਰ ਖਤਰਨਾਕ ਪਹਿਲੂ ਇਹ ਹੈ ਕਿ ਇਨਸਾਫ ਦੇ ਮਾਪਦੰਡ ਕਿਸੇ ਵਿਅਕਤੀ ਦੀ ਪਛਾਣ ਦੇ ਆਧਾਰ 'ਤੇ ਬਦਲਣ ਲਗਦੇ ਹਨ। ਜਦੋਂ ਕਿਸੇ ਪ੍ਰਭਾਵਸ਼ਾਲੀ, ਸਿਆਸੀ ਤੌਰ 'ਤੇ ਨਜ਼ਦੀਕੀ ਜਾਂ ਬਹੁਗਿਣਤੀ ਭਾਈਚਾਰੇ ਨਾਲ ਜੁੜੇ ਕਿਸੇ ਵਿਅਕਤੀ ਵਿਰੁੱਧ ਗੰਭੀਰ ਦੋਸ਼ ਲਗਾਏ ਜਾਂਦੇ ਹਨ, ਤਾਂ ਉਹੀ ਭਾਈਚਾਰਾ ਕਹਿੰਦਾ ਦਿਖਾਈ ਦਿੰਦਾ ਹੈ-ਜਾਂਚ ਹੋਣ ਦਿਓ, ਕਾਨੂੰਨ ਆਪਣਾ ਕੰਮ ਕਰੇਗਾ, ਅਦਾਲਤ ਫੈਸਲਾ ਕਰੇਗੀ, ਪਰ ਜਿਵੇਂ ਹੀ ਕੋਈ ਮੁਲਜ਼ਮ ਸਮਾਜਿਕ ਤੌਰ 'ਤੇ ਅਲੋਕਪ੍ਰਿਯ ਹੋਵੇ, ਘੱਟਗਿਣਤੀ, ਐੱਸ ਸੀ/ਐੱਸ ਟੀ ਭਾਈਚਾਰੇ ਦਾ ਹੋਵੇ ਜਾਂ ਪਹਿਲਾਂ ਹੀ ਜਨਤਕ ਨਫਰਤ ਦਾ ਵਿਸ਼ਾ ਬਣਾ ਦਿੱਤਾ ਗਿਆ ਹੋਵੇ, ਤਦ ਆਵਾਜ਼ਾਂ ਅਚਾਨਕ ਬਦਲ ਜਾਂਦੀਆਂ ਹਨ-ਹੁਣੇ ਠੋਕ ਦਿਓ, ਅਜਿਹੇ ਲੋਕਾਂ ਲਈ ਅਦਾਲਤ ਨਹੀਂ ਹੋਣੀ ਚਾਹੀਦੀ, ਗੋਲੀ ਮਾਰ ਦਿਓ।*

*ਇਹ ਸਥਿਤੀ ਸੰਵਿਧਾਨ ਦੇ ਬਰਾਬਰੀ ਦੇ ਸਿਧਾਂਤ ਲਈ ਸਭ ਤੋਂ ਵੱਡੀ ਚੁਣੌਤੀ ਹੈ। ਸੰਵਿਧਾਨ ਇਹ ਨਹੀਂ ਪੁੱਛਦਾ ਕਿ ਮੁਲਜ਼ਮ ਕੌਣ ਹੈ, ਉਸ ਦਾ ਧਰਮ ਕੀ ਹੈ, ਉਸ ਦੀ ਜਾਤ ਕੀ ਹੈ, ਕੀ ਸਮਾਜ ਉਸ ਨਾਲ ਪਿਆਰ ਕਰਦਾ ਹੈ ਜਾਂ ਨਫਰਤ ਕਰਦਾ ਹੈ; ਸੰਵਿਧਾਨ ਸਿਰਫ ਇਹ ਕਹਿੰਦਾ ਹੈ ਕਿ ਕਾਨੂੰਨ ਸਾਰਿਆਂ ਲਈ ਬਰਾਬਰ ਹੋਵੇਗਾ। ਜੇ ਸਮਾਜ ਇਹ ਮੰਨ ਲਏ ਕਿ ਅਦਾਲਤਾਂ ਨਾਲੋਂ ਤੇਜ਼ ਬੰਦੂਕ ਹੈ, ਤਾਂ ਕੱਲ੍ਹ ਨੂੰ ਕੋਈ ਵੀ ਵਿਅਕਤੀ-ਭਾਵੇਂ ਉਹ ਮੁਲਜ਼ਮ ਹੋਵੇ ਜਾਂ ਬੇਗੁਨਾਹ-ਸਿਰਫ ਇੱਕ ਪੁਲਸ ਕਥਾ, ਜਨਤਕ ਧਾਰਨਾ ਅਤੇ ਪਲ ਭਰ ਦੀ ਭੜਕਾਹਟ ਦੇ ਆਧਾਰ 'ਤੇ ਆਪਣੀ ਜ਼ਿੰਦਗੀ ਅਤੇ ਆਜ਼ਾਦੀ ਤੋਂ ਵਾਂਝਾ ਕੀਤਾ ਜਾ ਸਕਦਾ ਹੈ। ਜਿਸ ਦਿਨ ਗੋਲੀ ਇਨਸਾਫ ਦੀ ਥਾਂ ਲੈ ਲਏਗੀ, ਉਸ ਦਿਨ ਸਭ ਤੋਂ ਵੱਡੀ ਹਾਰ ਮੁਲਜ਼ਮ ਦੀ ਨਹੀਂ, ਸਗੋਂ ਸੰਵਿਧਾਨ ਦੀ ਹੋਵੇਗੀ, ਜਿਸ ਨੇ ਹਰ ਨਾਗਰਿਕ ਨੂੰ ਇਹ ਭਰੋਸਾ ਦਿੱਤਾ ਸੀ ਕਿ ਉਸ ਦੀ ਜ਼ਿੰਦਗੀ ਅਤੇ ਆਜ਼ਾਦੀ ਦਾ ਅੰਤਮ ਫੈਸਲਾ ਕਿਸੇ ਵਿਅਕਤੀ, ਸਰਕਾਰ, ਕਿਸੇ ਭੀੜ ਜਾਂ ਹਥਿਆਰ ਨਾਲ ਨਹੀਂ, ਸਗੋਂ ਕਾਨੂੰਨ ਤੇ ਅਦਾਲਤਾਂ ਨਾਲ ਹੋਵੇਗਾ।*

# ਸਾਧਨ ਬਨਾਮ ਸਾਧਨਾ

**ਅਨੂਪ ਸਿੰਘ (ਡਾ.)**

ਸੰਦ-ਸਾਧਨ ਭਾਵ ਔਜ਼ਾਰ, ਹਥਿਆਰ, ਯੰਤਰ, ਸਰੋਤ, ਹੱਥ-ਮਸ਼ੀਨਾਂ ਤੋਂ ਸਵੈ-ਚਾਲਤ ਮਸ਼ੀਨਾਂ ਤੱਕ, ਕੁਦਰਤੀ ਸਾਧਨਾਂ-ਸਰੋਤਾਂ ਦਾ ਵੱਖਰਾ ਵਰਗ ਹੈ । ਇਹ ਉਹ ਸਾਧਨ ਹਨ, ਜਿਹੜੇ ਕੰਮ ਕਰਨ ਦੇ ਤਰੀਕੇ ਨੂੰ ਸੁਖਾਲਾ, ਤੇਜ਼ ਤੇ ਵਧੀਆ-ਚੰਗੇਰਾ ਕਰ ਦਿੰਦੇ ਹਨ । ਕਿਸੇ ਕੰਮ, ਕਾਰਜ ਨੂੰ ਸਿਰੇ ਚੜ੍ਹਾਉਣ 'ਚ ਜਾਂ ਸਫਲਤਾ ਪ੍ਰਾਪਤ ਕਰਨ ਲਈ ਸੰਦਾਂ-ਸਾਧਨਾਂ ਤੇ ਹੋਰ ਸਮੱਗਰੀ ਦੀ ਲੋੜ ਪੈਂਦੀ ਹੈ । ਇਹ ਸਾਰੇ ਕੰਮ ਨੂੰ ਸੁਖਾਲਾ ਤੇ ਵਧੀਆ ਕਰ ਦਿੰਦੇ ਹਨ । ਜਿਵੇਂ ਖੇਤੀ ਲਈ ਹਲ, ਪੰਜਾਲੀ, ਰੰਬਾ-ਕਹੀ, ਖੁਰਪਾ, ਦਾਤੀ ਜਾਂ ਦਾਤਰੀ, ਰੱਸਾ-ਬੇੜ, ਸਾਂਘਾ, ਤੰਗਲੀ ਤੇ ਛੱਜ ਅਤੇ ਹੁਣ ਮੋਟਰ, ਟਰੈਕਟਰ ਤੇ ਟਿਊਬਵੈੱਲ ਅਤੇ ਬਿਜਲੀ ਆਦਿ । ਕੁਝ ਕੁਦਰਤੀ ਸਾਧਨ ਹਨ : ਸੂਰਜ ਦੀ ਧੁੱਪ ਤੇ ਰੋਸ਼ਨੀ ; ਹਵਾ, ਮੀਂਹ-ਬਾਰਿਸ਼ ਜਾਂ ਕੂੱਲ ਮਿਲਾ ਕੇ ਪਾਣੀ ਅਤੇ ਜ਼ਮੀਨ ਜਾਂ ਧਰਤੀ ਅਤੇ ਮਨੁੱਖੀ ਸਰੀਰ ਆਦਿ । ਇਸੇ ਤਰ੍ਹਾਂ ਸਨਅਤ ਲਈ ਹਥੌੜੀ, ਸੰਨ੍ਹੀ, ਭੱਠੀ, ਲੋਹਾ ਤੇ ਹੋਰ ਧਾਤਾਂ ਅਤੇ ਹੁਣ ਬਿਜਲੀ ਤੇ ਇਲੈਕਟ੍ਰਾਨ, ਪ੍ਰੋਟਾਨ, ਨਿਊਟਰਾਨ ਅਤੇ ਮਾਸ ਵੇਵਜ਼। ਸੇਵਾਵਾਂ ਲਈ ਆਵਾਜਾਈ ਦੇ ਸਾਧਨ, ਮਨੁੱਖੀ ਕਾਰਜਾਂ ਨੂੰ ਸਹਿਲ ਕਰਨ ਲਈ ਮਸ਼ੀਨਾਂ, ਬਲੈਕ ਬੋਰਡ, ਚਾਕ , ਪ੍ਰੋਜੈਕਟਰ, ਥਰਮਾਮੀਟਰਾਂ-ਬੈਰੋਮੀਟਰਾਂ ਤੇ ਟੈਸਟਾਂ ਲਈ ਪ੍ਰਯੋਗਸ਼ਾਲਾਵਾਂ, ਉਪਕਰਣ, ਰਸਾਇਣਿਕ ਪਦਾਰਥ, ਕੰਪਿਊਟਰ ਤੇ ਸੁਪਰ ਕੰਪਿਊਟਰ, ਲੈਪਟਾਪ ਅਤੇ ਹੁਣ ਮਸਨੂਈ ਬੁੱਧੀ ਤੱਕ । ਵਪਾਰ-ਕਾਰੋਬਾਰ ਲਈ ਪੂੰਜੀ ਅਤੇ ਹਰ ਕਾਰਜ ਲਈ ਮਨੁੱਖੀ ਸ਼ਕਤੀ ਤੇ ਸਮਰੱਥਾ (ਪ੍ਰਤਿਭਾ) ਪਹਿਲ-ਪਲੇਠਾ ਸੰਦ-ਸਾਧਨ ਸੀ । ਮਨੁੱਖੀ ਹੱਥ, ਲੱਤਾਂ ਤੇ ਪੈਰ ਆਦਿ ਸ਼ਾਇਦ ਦੂਜੇ ।

ਇਸ ਤੋਂ ਬਾਅਦ ਜਾਂ ਨਾਲ ਹੀ ਮਨੁੱਖੀ ਬੁੱਧੀ, ਮਨ-ਮਸਤਕ ਦੀ ਅਸੀਮ ਕੁਦਰਤੀ ਸ਼ਕਤੀ, ਜੋ ਮਨੁੱਖ ਨੂੰ ਜਨਮ ਨਾਲ ਹੀ ਮਿਲ ਜਾਂਦੀ ਹੈ । ਬਾਲਪਨ-ਬਚਪਨ 'ਚ ਇਹ ਆਪਣੇ-ਆਪ ਵਿਕਸਿਤ ਹੁੰਦੀ ਹੈ (ਪੌਸ਼ਟਿਕ ਖੁਰਾਕ ਦੀ ਆਪਣੀ ਭੂਮਿਕਾ ਹੈ) ਅਤੇ ਬਾਅਦ 'ਚ ਅਭਿਆਸ ਤੇ ਸਿੱਖਣ-ਸਿਖਾਉਣ ਦੀ ਪ੍ਰਕਿਰਿਆ ਵਿਚ ਵਿਕਸਿਤ ਹੋਈ ਜਾਂਦੀ ਹੈ, ਪਰ ਇਸ ਸਾਰੇ ਕੁਝ ਦੇ ਨਾਲ ਮਨੁੱਖੀ ਇੱਛਾ-ਸ਼ਕਤੀ, ਮਾਨਸਿਕ ਤੇ ਸਰੀਰਕ ਤੌਰ 'ਤੇ ਤੰਦਰੁਸਤ, ਪੜ੍ਹੀ-ਲਿਖੀ ਤੇ ਟਰੇਂਡ ਮਨੁੱਖੀ ਸ਼ਕਤੀ ਅਤੇ ਇਸ ਸ਼ਕਤੀ ਦਾ ਮਨ-ਮਸਤਕ ਦੀ ਇਕਸੁਰਤਾ ਨਾਲ ਕੰਮ ਕਰਨਾ, ਮਾਨਸਿਕ ਇਕਾਗਰਤਾ ਤੇ ਨਿਰੰਤਰਤਾ ਅਤੇ ਇਸ ਸਭ ਕੁਝ ਲਈ ਲਾਹੇਵੰਦ ਅੰਦਰੂਨੀ ਤੇ ਬਾਹਰੀ ਪ੍ਰੇਰਕਾਂ ਦਾ ਹੋਣਾ ਜ਼ਰੂਰੀ ਹੈ । ਸਾਧਨਾ ਦਾ ਮੂਲ ਸਾਧ, ਸਾਧ ਲੈਣਾ ਤੇ ਸਾਧ ਹੋ ਜਾਣਾ, ਸਾਧਨਾ, ਕੰਮ-ਟੀਚੇ ਦੇ ਅਨੁਰੂਪ ਹੋ ਜਾਣਾ, ਅਨੁਕੂਲ ਤੇ ਅਨੁਸਾਰ ਕਰ ਲੈਣਾ ਜਾਂ ਕੰਮ-ਟੀਚੇ ਨਾਲ ਇਕਸੁਰ-ਇਕਸਾਰ ਹੋ ਜਾਣਾ, ਫਤਹਿ ਕਰ ਲੈਣਾ, ਅਧੀਨ ਕਰ ਲੈਣਾ 'ਕਾਰਜ ਸਗਲੇ ਸਾਧਹੁ ॥' (ਸੋਰਠੁ ਮਹਲਾ 5) ਅਤੇ 'ਸਗਲ ਦੂਤ ਉਨਿ ਸਾਧੇ ਜੀਉ ॥' (ਮਾਝ ਮਹਲਾ 5) ਸਾਧਨ-ਸ੍ਰੋਤ ਸਾਧਨਾ ਲਈ ਲਾਜ਼ਮੀ ਹਨ ।

ਸਫਲਤਾ ਲਈ ਦੋਵੇਂ ਚੀਜ਼ਾਂ/ਪੱਖ ਜ਼ਰੂਰੀ ਹਨ । ਸੰਦ-ਸਾਧਨ ਤੇ ਸਾਧਨਾ । ਇਹ ਦੋਵੇਂ ਇਕ-ਦੂਜੇ ਦੇ ਪੂਰਕ ਹਨ । ਦੋਵੇਂ ਇਕ-ਦੂਜੇ 'ਤੇ ਨਿਰਭਰ, ਅੰਤਰ-ਸੰਬੰਧਤ ਤੇ ਅੰਤਰ-ਆਧਾਰਿਤ ਹਨ । ਸਾਧਨਾ ਤੋਂ ਬਗ਼ੈਰ ਸੰਦ-ਸਾਧਨ ਵਿਅਰਥ ਹਨ, ਬੇਕਾਰ ਹਨ । ਸਾਧਨ ਕੰਮ ਨੂੰ ਸੁਖਾਲਾ ਤੇ ਛੇਤੀ ਮੁਕੰਮਲ ਕਰਨ 'ਚ ਸਹਾਇਕ ਹੁੰਦੇ ਹਨ, ਪਰ ਸੰਦਾਂ-ਸਾਧਨਾਂ ਦੀ ਬਹੁਤਾਤ ਵਿਅਕਤੀ ਨੂੰ ਸੁਸਤ, ਨਿਕੰਮਾ ਤੇ ਆਲਸੀ ਬਣਾਉਣ ਦੀ ਪ੍ਰਵਿਰਤੀ ਵੀ ਰੱਖਦੀ ਹੈ । ਪਰ ਕੇਵਲ ਸੰਦਾਂ-ਸਾਧਨਾਂ ਦੀ ਭਰਪੂਰ ਹੋਂਦ ਨਾਲ ਸਾਧਨਾ ਦੀ ਮਜ਼ਬੂਤ ਭਾਵਨਾ ; ਦ੍ਰਿੜ੍ਹ ਇੱਛਾ ਸ਼ਕਤੀ ; ਕਰੜੀ ਘਾਲਣਾ ਲਈ ਲੋੜੀਂਦੀ ਮਨ-ਮਸਤਕ ਦੀ ਸ਼ਕਤੀ ਜਾਂ ਦ੍ਰਿੜ ਇਰਾਦੇ ਨੂੰ ਸਿਰਜਿਆ ਨਹੀਂ ਜਾ ਸਕਦਾ । ਇਹ ਸਾਰਾ ਅੰਦਰੂਨੀ ਮਾਨਸਿਕ ਬਣਤ-ਬੁਣਤੀ ; ਅੰਦਰੋਂ ਉੱਠੀ ਲੈਅ-ਲੋਰ ; ਮਨ-ਮਸਤਕ 'ਚ ਸੁੱਤੇ-ਸਿੱਧ ਉੱਠੀ ਭਾਵਨਾ, ਆਵਾਜ਼, ਪ੍ਰੇਰਨਾ ਸਦਕਾ ਹੀ ਹੁੰਦੀ ਹੈ ਜਾਂ ਅਸੀਂ ਕਹਿ ਸਕਦੇ ਹਾਂ ਕਿ ਸਾਧਨਾ ਕਰਨ ਦੀ ਪ੍ਰਕਿਰਤੀ ਤੇ ਪ੍ਰਵਿਰਤੀ ਕੁਦਰਤੀ ਹੁੰਦੀ ਹੈ । ਕਿਸੇ ਮਹਾਨ ਸ਼ਖ਼ਸੀਅਤ ਦੀ ਸੁਚੇਤ-ਅਚੇਤ ਪ੍ਰੇਰਨਾ ਵੀ ਹੋ ਸਕਦੀ ਹੈ । ਇਹ ਨਿਰੰਤਰ ਅਧਿਐਨ, ਚਿੰਤਨ-ਮੰਥਨ ਤੇ ਸਿੱਖਣ-ਸਿਖਾਉਣ ਦੀ ਪ੍ਰਕਿਰਿਆ ਦਾ ਪ੍ਰਤੀਫਲ ਵੀ ਹੋ ਸਕਦੀ ਹੈ । ਕਿਸੇ ਸਾਧਕ ਤੋਂ ਇਹ ਅਚੇਤ ਹੀ ਗ੍ਰਹਿਣ ਕੀਤੀ ਜਾ ਸਕਦੀ ਹੈ ।

ਲੋੜਾਂ-ਥੋੜ੍ਹਾਂ ਤੇ ਗਰੀਬੀ ਦੇ ਝੰਭੇ ਪਰਵਾਰ ਦਾ ਬੱਚਾ ਨਿਰੰਤਰ ਸਾਧਨਾ ਨਾਲ ਭਾਵ ਕਿਰਤ ਤੇ ਕਿਰਸ ਕਰਦਿਆਂ ਡਾਕਟਰ/ਇੰਜੀਨੀਅਰ/ਉੱਚ ਪ੍ਰਸ਼ਾਸਨਿਕ ਅਧਿਕਾਰੀ ਜਾਂ ਅਧਿਆਪਕ/ਪ੍ਰੋਫੈਸਰ ਜਾਂ ਕੋਈ ਦਰਜਾ ਦੋ ਜਾਂ ਤਿੰਨ ਮੁਲਾਜ਼ਮ ਬਣ ਸਕਦਾ ਹੈ । ਪਰਵਾਰ ਗਰੀਬੀ ਤੇ ਅਨਪੜ੍ਹਤਾ-ਅਗਿਆਨਤਾ, ਅੰਧ-ਵਿਸ਼ਵਾਸਾਂ ਦੇ ਚੱਕਰਵਿਊ 'ਚੋਂ ਨਿਕਲ ਸਕਦਾ ਹੈ । ਆਲੇ-ਦੁਆਲੇ ਦੇ ਪਰਵਾਰਾਂ ਦੇ ਕੁਝ ਬੱਚੇ ਉਸ ਪਾਸੋਂ ਪ੍ਰੇਰਨਾ ਤੇ ਉਤਸ਼ਾਹ ਲੈ ਸਕਦੇ ਹਨ ।

ਪ੍ਰੋ. ਗੁਰਦਿਆਲ ਸਿੰਘ ਨਾਬਾਲਗ ਹੁੰਦਿਆਂ ਛੋਟਾ-ਮੋਟਾ ਤਰਖਾਣਾ-ਲੋਹਾਰਾ ਕੰਮ ਕਰਦਾ ਸੀ, ਪਰ ਪੜ੍ਹਾਈ-ਲਿਖਾਈ ਦੇ ਮਹੱਤਵ ਦੀ ਅਚੇਤ-ਸੁਚੇਤ ਸਮਝ ਅਤੇ ਮਿਹਨਤ ਨਾਲ ਪ੍ਰਾਇਮਰੀ ਅਧਿਆਪਕ ਬਣ ਗਿਆ ਅਤੇ ਅਧਿਆਪਨ ਦਾ ਕਾਰਜ ਤਨਦੇਹੀ ਨਾਲ ਕਰਦਿਆਂ ਬੀ ਏ, ਬੀ ਐੱਡ ਤੇ ਐੱਮ ਏ ਕਰ ਗਿਆ । ਨਾਲ-ਨਾਲ ਪੜ੍ਹਦਾ-ਲਿਖਦਾ ਸ਼ਬਦ ਸਿਰਜਣਾ ਵੱਲ ਰੁਚਿਤ ਹੋ ਗਿਆ । ਬਾਲ ਲੇਖਕ, ਕਹਾਣੀਕਾਰ ਤੇ 'ਮੜ੍ਹੀ ਦਾ ਦੀਵਾ', 'ਅਣਹੋਏ' ਤੇ 'ਪਰਸਾ' ਆਦਿ (ਨਾਵਲ) ਨਾਲ ਉੱਚ ਦੁਮਾਲੜਾ ਲੇਖਕ ਬਣ ਗਿਆ । ਕਾਲਜ ਤੇ ਯੂਨੀਵਰਸਿਟੀ ਅਧਿਆਪਕ, ਸਾਹਿਤ ਅਕਾਦਮੀ ਪੁਰਸਕਾਰ ਤੇ ਸਰਸਵਤੀ ਪੁਰਸਕਾਰ ਵਿਜੇਤਾ ਤੇ ਪੰਜਾਬੀ ਸਾਹਿਤ ਸੰਸਾਰ ਦਾ ਸਿਤਾਰਾ ਬਣ ਗਿਆ । ਇਸੇ ਤਰ੍ਹਾਂ ਡਾ. ਕਰਨੈਲ ਸਿੰਘ ਥਿੰਦ ਨੇ ਬੱਸ ਕੰਡਕਟਰ ਵਜੋਂ ਜ਼ਿੰਦਗੀ ਦਾ ਸਫ਼ਰ ਸ਼ੁਰੂ ਕੀਤਾ । ਆਪਣੀ ਤਪ-ਤਪੱਸਿਆ, ਮਿਹਨਤ ਭਾਵ ਸਾਧਨਾ ਨਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਪੰਜਾਬੀ ਦਾ ਪ੍ਰੋਫੈਸਰ ਤੇ ਵਿਭਾਗ ਦਾ ਮੁਖੀ ਬਣ ਗਿਆ ਅਤੇ ਇਸੇ ਯੂਨੀਵਰਸਿਟੀ ਦੇ ਰਜਿਸਟਰਾਰ ਵਜੋਂ ਸੇਵਾ ਮੁਕਤ ਹੋਇਆ ।

ਪ੍ਰਿੰ. ਤੇਜਾ ਸਿੰਘ ਨੇ ਆਪਣੇ ਬਚਪਨ ਵਿਚ ਘਰੇਲੂ ਨੌਕਰ ਵਜੋਂ ਕੰਮ ਕੀਤਾ । ਬਰਤਨ ਸਾਫ ਕਰਨ, ਕੱਪੜੇ ਧੋਣ ਦਾ ਕੰਮ ਕਰਦਾ, ਰੋਟੀ-ਪਾਣੀ ਕਰਦਾ ਅਤੇ ਮਾਲਕ ਦੀਆਂ ਲੱਤਾਂ ਘੁਟਦਾ ਰਿਹਾ, ਪਰ ਪੜ੍ਹਦਾ ਰਿਹਾ ਤੇ ਆਪਣੇ ਸਿਰੜ-ਸਾਧਨਾ ਨਾਲ ਕਾਲਜ ਪ੍ਰਿੰਸੀਪਲ ਬਣਿਆ ਅਤੇ ਦਰਜਨਾਂ ਲੇਖਕਾਂ-ਸਾਹਿਤਕਾਰਾਂ ਲਈ ਪ੍ਰੇਰਕ, ਪੰਥ-ਪ੍ਰਦਰਸ਼ਕ ਬਣਿਆ । ਭਗਤ ਪੂਰਨ ਸਿੰਘ ਦੇਸ਼-ਵੰਡ ਦੇ ਦੁਖਾਂਤ ਸਮੇਂ ਇਕ ਪਿੰਗਲੇ ਨੂੰ ਪਿੱਠ 'ਤੇ ਚੁੱਕ ਕੇ ਅੰਮ੍ਰਿਤਸਰ ਪਹੁੰਚਿਆ । ਉਸ ਦੀ ਸੇਵਾ-ਸੰਭਾਲ ਕਰਦਿਆਂ-ਕਰਦਿਆਂ 'ਪਿੰਗਲਵਾੜਾ' (ਅੰਮ੍ਰਿਤਸਰ) ਦੀ ਮਹਾਨ ਮਾਨਵਤਾਵਾਦੀ ਸੰਸਥਾ ਦੀ ਸਥਾਪਨਾ ਕੀਤੀ ਅਤੇ ਲੱਖਾਂ ਬੇਸਹਾਰਿਆਂ ਦਾ ਸਹਾਰਾ ਬਣਿਆ । ਇਹ ਸਾਧਨਾ ਦਾ ਕਮਾਲ ਸੀ ।

ਨਿਰੋਲ ਸਿਰੜ, ਇੱਛਾ-ਸ਼ਕਤੀ ਅਤੇ ਸਿਦਕ ਨਾਲ ਇਕ ਟੀਚਾ ਮਿੱਥ ਕੇ ਘੱਟ ਤੋਂ ਘੱਟ ਸਾਧਨਾਂ ਨਾਲ ਪ੍ਰਾਪਤੀ ਕਰਨੀ ਅਤੇ ਇਤਿਹਾਸ ਵਿਚ ਇਕ ਨਾਇਕ ਜਾਂ ਲੀਜੈਂਡ ਬਣ ਜਾਣ ਵਾਲੀਆਂ ਉਦਾਹਰਣਾਂ ਵਿਚ ਇਕ ਮਿੱਥ ਦੇ ਤੌਰ 'ਤੇ ਫਰਹਾਦ ਦਾ ਨਾਂਅ ਹੈ, ਜਿਸ ਨੇ ਆਪਣੀ ਮਹਿਬੂਬ ਸ਼ੀਰੀ ਦੀ ਪ੍ਰਾਪਤੀ ਲਈ ਰੱਖੀ ਸ਼ਰਤ-ਦੁੱਧ ਦੀ ਨਹਿਰ ਸ਼ਹਿਰ ਤੱਕ ਲਿਆਉਣੀ ਸੀ, ਦੀ ਕਹਾਣੀ ਲੋਕ-ਮਨ ਅੰਦਰ ਵਸੀ ਹੋਈ ਹੈ । ਅੱਜ ਉਸੇ ਮਿੱਥ ਨੂੰ ਅਸੀਂ ਸੱਚ ਬਣਦਾ ਵੇਖਿਆ ਹੈ, ਜਦੋਂ ਇਕ ਗ਼ਰੀਬ ਆਦਿਵਾਸੀ ਕਿਸਾਨ ਦਸ਼ਰਥ ਮਾਂਝੀ ਨੂੰ ਇਕ ਤ੍ਰਾਸਦੀ ਦਾ ਸਾਹਮਣਾ ਕਰਨਾ ਪਿਆ, ਜਦੋਂ ਉਸ ਦੀ ਗਰਭਵਤੀ ਪਤਨੀ ਇਸ ਲਈ ਹਸਪਤਾਲ ਨਾ ਪਹੁੰਚ ਸਕੀ, ਕਿਉਂਕਿ ਇਕ ਪਹਾੜ ਨੂੰ ਵਲਾ ਕੇ, ਜਾਣ ਵਾਲਾ ਰਸਤਾ ਬਹੁਤ ਲੰਮਾ ਪੈਂਦਾ ਸੀ । ਮਾਂਝੀ ਨੇ ਸਿਰਫ਼ ਇਕ ਗੈਂਤੀ ਜਾਂ ਕੁਦਾਲੀ ਨਾਲ ਬਿਨਾਂ ਕਿਸੇ ਬਾਹਰੀ ਮਦਦ ਤੋਂ ਸਾਲਾਂਬੱਧੀ ਮਿਹਨਤ ਨਾਲ ਇਕੱਲੇ ਨੇ ਉਹ ਪਹਾੜ ਚੀਰ ਕੇ ਰਸਤਾ ਬਣਾ ਲਿਆ ਸੀ । ਸਰਕਾਰ ਵੱਲੋਂ ਬੇਰੁਖ਼ੀ ਅਤੇ ਸਮਾਜ ਵੱਲੋਂ ਤ੍ਰਿਸਕਾਰ ਅਤੇ ਹੌਸਲਾ-ਢਾਹੂ ਪਹੁੰਚ ਦੇ ਬਾਵਜੂਦ ਉਸ ਨੇ ਇਹ ਕ੍ਰਿਸ਼ਮਾ ਸਿਰਫ਼ ਆਪਣੀ ਸਾਧਨਾ ਦੇ ਆਸਰੇ ਕਰ ਵਿਖਾਇਆ ਸੀ ।

ਸਿਰੜ ਅਤੇ ਸਾਧਨਾ ਦੇ ਬਲਬੂਤੇ ਪੰਜਾਬੀ ਕਿਸਾਨਾਂ ਨੇ 1947 ਦੇ ਉਜਾੜੇ ਤੋਂ ਪਿੱਛੋਂ ਸੀਮਿਤ ਸੰਦਾਂ ਅਤੇ ਸਾਧਨਾਂ ਨਾਲ ਵੀ ਪੂਰਬੀ ਪੰਜਾਬ ਦੀ ਜਰਖੇਜ਼ ਧਰਤੀ 'ਚੋਂ ਰਿਕਾਰਡ-ਤੋੜ ਕਣਕ ਦੀ ਪੈਦਾਵਾਰ ਕਰਕੇ ਸਾਰੇ ਦੇਸ਼ ਦਾ ਪੇਟ ਭਰਿਆ ਅਤੇ ਭਾਰਤ ਜੋ ਹੱਥ ਵਿੱਚ ਠੂਠਾ ਫੜ ਕੇ ਵਿਦੇਸ਼ਾਂ 'ਚੋਂ ਅਨਾਜ ਮੰਗਵਾਉਂਦਾ ਸੀ, ਨੂੰ ਸਵੈ-ਨਿਰਭਰ ਕਰ ਦਿੱਤਾ, ਭਾਵੇਂ ਇਸ ਲਈ ਉਨ੍ਹਾਂ ਨੂੰ ਆਪਣੀ ਧਰਤੀ ਅਤੇ ਪਾਣੀ ਨੂੰ ਖ਼ਤਰੇ ਦੀ ਹੱਦ ਤੱਕ ਵਰਤ ਕੇ ਭਵਿੱਖ ਦੀਆਂ ਨਸਲਾਂ ਲਈ ਸੰਕਟ ਵੀ ਪੈਦਾ ਕਰ ਦਿੱਤਾ ਹੈ ।

ਨਿਰੋਲ ਸਾਧਨਾ ਨਾਲ ਬਿਨਾਂ ਸੰਦਾਂ ਤੋਂ ਕਲਾ ਦੇ ਖੇਤਰ ਵਿਚ ਇਕ ਵੱਡੀ ਪ੍ਰਾਪਤੀ ਕਰਨ ਵਾਲੇ ਨੇਕ ਚੰਦ ਨੂੰ ਨਹੀਂ ਵਿਸਾਰਿਆ ਜਾ ਸਕਦਾ, ਜਿਸ ਨੇ ਆਪਣੀ ਸਰਕਾਰੀ ਨੌਕਰੀ ਤੋਂ ਵਿਹਲੇ ਸਮੇਂ ਘਰਾਂ ਵਿੱਚੋਂ ਸੁੱਟੇ ਗਏ ਵਾਧੂ ਸਾਮਾਨ, ਜੋ ਕੂੜੇ ਦੇ ਢੇਰ ਵਿਚ ਬਦਲ ਚੁੱਕਾ ਸੀ, ਵਿੱਚੋਂ ਚੁਣ-ਚੁਣ ਕੇ ਫਜ਼ੂਲ ਚੀਜ਼ਾਂ ਨੂੰ ਸਿਰਫ਼ ਆਪਣੀ ਕਲਪਨਾ ਤੇ ਸਿਰਜਣਾ ਸ਼ਕਤੀ ਦੇ ਸਹਾਰੇ ਚੰਡੀਗੜ੍ਹ ਦੇ ਬਾਹਰਲੇ ਇਲਾਕੇ ਵਿਚ 'ਰਾਕ ਗਾਰਡਨ' ਦੇ ਰੂਪ ਵਿਚ ਇਕ ਖ਼ੂਬਸੂਰਤ ਦੇਣ ਦਿੱਤੀ । ਅੱਜ ਚੰਡੀਗੜ੍ਹ ਜਾਣ ਵਾਲਾ ਕੋਈ ਵੀ ਯਾਤਰੀ ਆਪਣੀ ਯਾਤਰਾ ਨੂੰ "ਰਾਕ ਗਾਰਡਨ" ਵੇਖਣ ਤੋਂ ਬਿਨਾਂ ਪੂਰੀ ਹੋਈ ਨਹੀਂ ਸਮਝ ਸਕਦਾ । ਨੇਕ ਚੰਦ ਅਤੇ ਉਸ ਦੀ ਪਤਨੀ ਕਈ ਸਾਲ ਹੱਥਾਂ ਨਾਲ ਚੁਗ-ਚੁਗ ਕੇ ਫਿਊਜ਼ ਹੋਏ ਬਲਬ, ਟਿਊਬਾਂ, ਕੱਪ, ਪਲੇਟਾਂ ਅਤੇ ਹੋਰ ਟੁੱਟੀ-ਭੱਜੀ ਕਰਾਕਰੀ, ਬੱਚਿਆਂ ਦੇ ਬੰਟੇ, ਚੂੜੀਆਂ ਅਤੇ ਪੁਰਾਣੇ ਕੱਪੜੇ ਕੂੜੇ 'ਚੋਂ ਕੱਢ ਕੇ ਇਕ ਮੂਰਤੀ ਕਲਾ ਵਰਗਾ ਮਹਾਂ-ਦ੍ਰਿਸ਼ ਪੇਸ਼ ਕਰ ਦਿੱਤਾ ਹੈ । ਇਸ ਲਈ ਪਹਿਲਾਂ ਸਰਕਾਰ ਵੱਲੋਂ ਉਨ੍ਹਾ ਨੂੰ ਡਿਊਟੀ ਤੋਂ ਕੋਤਾਹੀ ਦੀ ਸਜ਼ਾ ਵੀ ਦਿੱਤੀ ਜਾਣ ਲੱਗੀ ਸੀ, ਫਿਰ ਸ਼ਾਇਦ ਮਹਿੰਦਰ ਸਿੰਘ ਰੰਧਾਵਾ, ਜੋ ਉਦੋਂ ਚੰਡੀਗੜ੍ਹ ਦੇ ਕਮਿਸ਼ਨਰ ਸਨ, ਦੇ ਦਖ਼ਲ ਉੱਤੇ ਉਨ੍ਹਾ ਨੂੰ ਸਨਮਾਨਤ ਵੀ ਕੀਤਾ ਗਿਆ ਸੀ ।

'ਉੱਡਣਾ ਸਿੱਖ' ਫਲਾਇੰਗ ਸਿੱਖ ਮਿਲਖਾ ਸਿੰਘ 'ਕੱਲ-ਮੁਕੱਲਾ ਨਵੇਂ ਬਣੇ ਪਾਕਿਸਤਾਨ ਤੋਂ 18 ਸਾਲ ਦੀ ਉਮਰ 'ਚ ਕਤਲੋਗਾਰਤ ਦੇ ਦੌਰ ਵਿਚ ਭਾਰਤ ਆਇਆ ਸੀ । ਨਿਰੰਤਰ ਅਭਿਆਸ ਤੇ ਕਰੜੀ ਘਾਲਣਾ (ਸਾਧਨਾ) ਨਾਲ ਉਸ ਨੇ 'ਉੱਡਣੇ ਸਿੱਖ' ਦਾ ਵਿਸ਼ੇਸ਼ਣ ਪ੍ਰਾਪਤ ਕੀਤਾ ਅਤੇ ਦੇਸ਼ ਲਈ ਕਈ ਸੋਨ ਤਗਮੇ ਪ੍ਰਾਪਤ ਕੀਤੇ । ਉਹ ਲੱਗਭਗ ਸਾਧਨ ਵਿਹੂਣਾ ਸੀ । ਉਹ ਪੰਜਾਬ ਦਾ ਸਪੋਰਟਸ ਡਾਇਰੈਕਟਰ ਬਣਿਆ ਅਤੇ ਪਦਮ ਭੂਸ਼ਣ ਦੀ ਉਪਾਧੀ ਹਾਸਲ ਕੀਤੀ ।

ਬਦਕਿਸਮਤੀ ਨੂੰ 1991-92 ਤੋਂ ਬਾਅਦ ਉਦਾਰੀਕਰਨ, ਨਿੱਜੀਕਰਨ ਤੇ ਵਿਸ਼ਵੀਕਰਨ ਦੀਆਂ ਨੀਤੀਆਂ ਲਾਗੂ ਹੋਣ ਨਾਲ ਆਮ ਪੰਜਾਬੀ ਬੰਦਾ ਸ਼ਬਦ ਤੇ ਕਿਰਤ ਸਾਧਨਾ ਤੋਂ ਲੱਗਭਗ ਟੁੱਟ ਗਿਆ ਹੈ ਜਾਂ ਨਿਰੰਤਰ ਟੁੱਟਦਾ ਜਾ ਰਿਹਾ ਹੈ । ਮਸ਼ੀਨਾਂ 'ਤੇ ਨਿਰਭਰਤਾ ਨੇ ਉਸ ਨੂੰ ਸ਼ਬਦ ਤੇ ਕਿਰਤ ਨਾਲੋਂ ਤੋੜ ਦਿੱਤਾ ਹੈ । ਪੰਜਾਬ ਤੇ ਪੰਜਾਬੀਆਂ ਦੀਆਂ ਮੌਜੂਦਾ ਸਮੱਸਿਆਵਾਂ ਲਈ ਕੇਂਦਰੀ ਤੇ ਪ੍ਰਾਂਤਕ ਸਰਕਾਰਾਂ ਦੀਆਂ ਨੀਤੀਆਂ ਤੇ ਨੀਅਤ ਦੇ ਨਾਲ-ਨਾਲ ਮੈਨੂੰ ਪੰਜਾਬੀਆਂ ਦਾ ਸ਼ਬਦ ਤੇ ਕਿਰਤ ਨਾਲੋਂ ਟੁੱਟ ਜਾਣਾ ਵੀ ਪ੍ਰਮੁੱਖ ਕਾਰਨ ਲੱਗਦਾ ਹੈ । ਦੂਜਾ, ਮੌਜੂਦਾ ਸਰਕਾਰਾਂ (21ਵੀਂ ਸਦੀ 'ਚ ਵਿਸ਼ੇਸ਼ ਕਰਕੇ) ਮਨੁੱਖੀ ਪ੍ਰਤਿਭਾ ਦੇ ਮੌਲਣ ਤੇ ਵਿਗਸਣ ਲਈ ਲੋੜੀਂਦੇ ਮੌਕੇ ਨਹੀਂ ਸਿਰਜ ਰਹੀਆਂ । ਇਸ ਦੀ ਥਾਂ ਉਹ ਪਹਿਲਾਂ ਮੌਜੂਦ ਸਾਧਨਾਂ ਨੂੰ ਖੋਹ ਰਹੀਆਂ ਹਨ, ਘਟਾ ਰਹੀਆਂ ਹਨ ਅਤੇ ਨਾਗਰਿਕਾਂ ਨੂੰ ਪਰਜੀਵੀ ਬਣਾ ਰਹੀਆਂ ਹਨ । ਇਨ੍ਹਾਂ ਚੁਣੌਤੀਆਂ ਦੇ ਸਨਮੁੱਖ ਮੇਰੀ ਦਿਲੀ ਚਾਹਤ ਹੈ ਕਿ ਪੰਜਾਬੀ ਮੁੜ ਸ਼ਬਦ ਤੇ ਕਿਰਤ ਨਾਲ ਜੁੜਨ ।

**# ਸੰਪਰਕ : 98768-01268**

# ਕੀ ਨੀਟ ਵਰਗੀਆਂ ਪ੍ਰੀਖਿਆਵਾਂ ਵਿਦਿਆਰਥੀਆਂ ਦੀ ਪ੍ਰਤਿਭਾ ਦਾ ਸਹੀ ਮੁਲਾਂਕਣ ਕਰਦੀਆਂ ਹਨ

ਲਖਨਊ ਦੇ ਇਕ ਕੋਚਿੰਗ ਸੈਂਟਰ ਵਿੱਚ ਅੱਗ ਲੱਗਣ ਦੇ ਨਾਲ ਅਨੇਕਾਂ ਬੱਚੇ ਝੁਲਸ ਕੇ ਸੜ ਗਏ। ਇਸ ਤੋਂ ਪਹਿਲਾਂ ਕੋਟਾ, ਜੋ ਕਿ ਅੱਜ ਕੋਚਿੰਗ ਦੇਣ ਦਾ ਪ੍ਰਮੁੱਖ ਕੇਂਦਰ ਬਣਿਆ ਹੋਇਆ ਹੈ, ਵਿੱਚ ਬੱਚਿਆਂ ਵੱਲੋਂ ਪ੍ਰੀਖਿਆ ਤੋਂ ਪਹਿਲਾਂ ਹਰ ਸਾਲ ਆਤਮ ਹੱਤਿਆਵਾਂ ਦੀਆਂ ਖਬਰਾਂ ਆਉਂਦੀਆਂ ਹਨ। ਇਹ ਦਿਲ ਹਿਲਾ ਦੇਣ ਵਾਲੀਆਂ ਅੱਤ ਦੀਆਂ ਦੁਖਦਾਈ ਘਟਨਾਵਾਂ ਹਨ, ਜਿਨ੍ਹਾਂ ਬਾਰੇ ਸਮੁੱਚੇ ਸਮਾਜ ਨੂੰ ਤੇ ਸਰਕਾਰਾਂ ਨੂੰ ਡੂੰਘੇ ਵਿਚਾਰ ਕਰਨ ਦੀ ਲੋੜ ਹੈ।

ਇਸ ਤੋਂ ਇਲਾਵਾ ਪਿਛਲੇ ਕੁਝ ਸਾਲਾਂ ਤੋਂ ਅਸੀਂ ਦੇਖ ਰਹੇ ਹਾਂ ਕਿ ਵੱਖ-ਵੱਖ ਪਰੀਖਿਆਵਾਂ ਹੋਣ ਤੋਂ ਪਹਿਲਾਂ ਹੀ ਪਰਚੇ ਲੀਕ ਹੋ ਜਾਂਦੇ ਹਨ ਜਾਂ ਸਹੀ ਸ਼ਬਦ ਪ੍ਰਯੋਗ ਕਰੀਏ ਤਾਂ ਧਨ ਦੀ ਵਰਤੋਂ ਕਰਕੇ ਤੇ ਮਿਲੀ-ਭੁਗਤ ਦੇ ਨਾਲ ਇੰਝ ਕਰਵਾਇਆ ਜਾਂਦਾ ਹੈ। ਜੇਕਰ ਰੌਲਾ ਪੈ ਜਾਏ ਤਾਂ ਵਿਦਿਆਰਥੀਆਂ ਤੋਂ ਪ੍ਰੀਖਿਆ ਦੁਬਾਰਾ ਲਈ ਜਾਂਦੀ ਹੈ। ਇਸ ਨਾਲ ਵਿਦਿਆਰਥੀਆਂ 'ਤੇ ਵੱਡਾ ਬੋਝ ਪੈਂਦਾ ਹੈ। ਪ੍ਰਾਪਤ ਸੂਚਨਾਵਾਂ ਮੁਤਾਬਕ ਪਿਛਲੇ 10 ਸਾਲਾਂ ਵਿੱਚ 90 ਦੇ ਕਰੀਬ ਪਰਚੇ ਲੀਕ ਹੋ ਚੁੱਕੇ ਹਨ। ਇਹ ਬਹੁਤ ਹੀ ਗੰਭੀਰ ਸਥਿਤੀ ਹੈ।

ਵਿਦਿਆਰਥੀ ਬੜੀ ਮਿਹਨਤ ਨਾਲ ਪੜ੍ਹਾਈ ਕਰਦੇ ਹਨ ਤੇ ਪ੍ਰੀਖਿਆ ਦੇ ਕੇ ਇਸ ਆਸ ਵਿੱਚ ਹੁੰਦੇ ਹਨ ਕਿ ਅੱਗੇ ਉਹਨਾਂ ਨੂੰ ਉੱਚ ਵਿਦਿਆ ਵਿੱਚ ਦਾਖਲੇ ਮਿਲਣ ਦੀ ਉਮੀਦ ਬਣ ਜਾਏਗੀ। ਇਸ ਕਿਰਿਆ ਵਿੱਚ ਇਕੱਲੇ ਵਿਦਿਆਰਥੀ ਹੀ ਨਹੀਂ, ਬਲਕਿ ਸਾਰਾ ਪਰਵਾਰ ਲੱਗਿਆ ਹੁੰਦਾ ਹੈ, ਕਿਉਂਕਿ ਪਰਿਵਾਰ ਦੀ ਇੱਛਾ ਹੁੰਦੀ ਹੈ ਕਿ ਉਹਨਾਂ ਦੇ ਬੱਚੇ ਉੱਚ ਵਿਦਿਆ ਪ੍ਰਾਪਤ ਕਰਨ। ਕਈ ਬੱਚੇ ਤਾਂ ਇੱਕੋ ਪ੍ਰੀਖਿਆ ਨੂੰ 3-4 ਵਾਰ ਵੀ ਦਿੰਦੇ ਹਨ, ਇਸ ਉਮੀਦ ਵਿੱਚ ਕਿ ਕਦੇ ਨਾ ਕਦੇ ਤੇ ਉਹ ਜ਼ਰੂਰ ਚੰਗੇ ਅੰਕ ਪ੍ਰਾਪਤ ਕਰਕੇ ਦਾਖਲਾ ਪ੍ਰਾਪਤ ਕਰ ਸਕਣਗੇ।



ਡਾ. ਅਰੁਣ ਮਿਤਰਾ

ਜਦੋਂ ਪਰਚੇ ਲੀਕ ਹੁੰਦੇ ਹਨ ਤਾਂ ਬੱਚਿਆਂ ਨੂੰ ਗੁੱਸਾ ਵੀ ਆਉਂਦਾ ਹੈ, ਝੁੰਝਲਾਹਟ ਵੀ ਤੇ ਬੇਬਸੀ ਵੀ। ਇਹ ਗੱਲ ਸਹਿਜੇ ਹੀ ਸਮਝ ਆਉਂਦੀ ਹੈ ਕਿ ਕਿਸੇ ਬੱਚੇ ਦਾ ਪਰਚਾ ਇਸ ਵਾਰ ਠੀਕ ਹੋਇਆ ਹੈ ਤਾਂ ਅਗਲੀ ਵਾਰ ਵੀ ਉਸੇ ਢੰਗ ਨਾਲ ਹੀ ਹੋਏਗਾ, ਇਸ ਗੱਲ ਦੀ ਕੋਈ ਗਰੰਟੀ ਨਹੀਂ ਹੋ ਸਕਦੀ। ਇਸ ਛੋਟੀ ਜਿਹੀ ਉਮਰ ਦੇ ਵਿੱਚ ਬੱਚੇ ਇਹ ਬੋਝ ਸਹਾਰ ਨਹੀਂ ਸਕਦੇ, ਇਸ ਲਈ ਇਹਨਾਂ ਬੱਚਿਆਂ ਵਿੱਚੋਂ ਕਈ ਆਤਮ-ਹੱਤਿਆ ਵੀ ਕਰ ਲੈਂਦੇ ਹਨ, ਜੋ ਕਿ ਪਰਵਾਰ ਅਤੇ ਸਮਾਜ ਦੋਨਾਂ ਲਈ ਅਤੀ ਦੁੱਖ ਦੀ ਘੜੀ ਹੁੰਦੀ ਹੈ।

ਬਹੁਤ ਹੀ ਮੰਦਭਾਗੀ ਗੱਲ ਤਾਂ ਇਹ ਹੈ ਕਿ ਹੁਣ ਵੱਡੀ ਗਿਣਤੀ ਵਿੱਚ ਸਕੂਲਾਂ ਵਿੱਚ ਦਸਵੀਂ ਤੋਂ ਬਾਅਦ ਪੜ੍ਹਾਈ ਤਾਂ ਲਗਭਗ ਨਾਂਹ ਦੇ ਬਰਾਬਰ ਹੁੰਦੀ ਹੈ। ਅਨੇਕਾਂ ਵਾਰ ਨਿਯਮਤ ਸਕੂਲ ਵਾਲੇ ਆਪਣੇ ਉੱਪਰੋਂ ਜ਼ਿੰਮੇਵਾਰੀ ਲਾਹ ਕੇ ਬੱਚਿਆਂ ਨੂੰ ਕੋਚਿੰਗ ਕੇਂਦਰਾਂ ਵਿੱਚ ਜਾਣ ਲਈ ਖੁਦ ਉਤਸ਼ਾਹਤ ਕਰਦੇ ਹਨ । ਇਥੋਂ ਤੱਕ ਕਿ ਨਕਲੀ ਹਾਜ਼ਰੀਆਂ ਵੀ ਲਗਾ ਦਿੰਦੇ ਹਨ ।

ਇਸ ਦੇ ਉਲਟੇ ਕੋਚਿੰਗ ਸੈਂਟਰਾਂ ਵਿੱਚ ਕੇਵਲ ਦਾਖਲਾ ਪ੍ਰਮੁੱਖ ਵਿਦਿਆ ਦੇ ਤਰੀਕੇ ਦੇ ਰੱਟੇ ਲਵਾਏ ਜਾਂਦੇ ਹਨ ਤੇ ਬੱਚਿਆਂ ਨੂੰ ਉਸ ਦੇ ਲਈ ਤਿਆਰ ਕੀਤਾ ਜਾਂਦਾ ਹੈ ਕਿ ਤੁਹਾਡਾ ਜੀਵਨ ਦਾ ਇੱਕੋ ਹੀ ਉਦੇਸ਼ ਹੈ, ਜਿਵੇਂ-ਕਿਵੇਂ ਦਾਖਲਾ ਪ੍ਰਾਪਤ ਕਰਨਾ । ਨਾਲ ਹੀ ਕੋਚਿੰਗ ਸੈਂਟਰਾਂ ਵਿੱਚ ਪੈਸਾ ਵੀ ਖੂਬ ਲੱਗਦਾ ਹਨ, ਜੋ ਕਿ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਖਰਚ ਨਹੀਂ ਕਰ ਸਕਦੇ, ਇਸ ਲਈ ਉਹਨਾਂ ਦੇ ਬੱਚੇ ਪਿੱਛੇ ਰਹਿ ਜਾਂਦੇ ਹਨ।

ਪ੍ਰੀਖਿਆ ਵਿੱਚ ਜਿਹੜਾ ਤਰੀਕਾ ਹੁਣ ਹੋ ਗਿਆ ਹੈ, ਉਸ ਦੇ ਨਾਲ ਮੁਲਾਂਕਣ ਕਦੇ ਵੀ ਸਹੀ ਨਹੀਂ ਹੋ ਸਕਦਾ ਤੇ ਬੱਚੇ ਦੀ ਅਸਲੀ ਪ੍ਰਤਿਭਾ ਦਾ ਕਦੇ ਵੀ ਪਤਾ ਨਹੀਂ ਲੱਗ ਸਕਦਾ। ਇਹ ਵੀ ਸੁਣਨ ਵਿੱਚ ਆਇਆ ਹੈ ਕਿ ਕੋਚਿੰਗ ਸੈਂਟਰ ਵਾਲੇ ਵੀ ਬੱਚੇ ਚੁਣ ਲੈਂਦੇ ਹਨ ਤੇ ਚੋਣਵੇਂ ਬੱਚੇ, ਜਿਨ੍ਹਾਂ ਤੋਂ ਆਸ ਹੁੰਦੀ ਹੈ ਕਿ ਉਹ ਜ਼ਿਆਦਾ ਅੰਕ ਪ੍ਰਾਪਤ ਕਰਨਗੇ, ਉਹਨਾਂ ਨੂੰ ਵੱਧ ਤਰਜੀਹ ਦਿੱਤੀ ਜਾਂਦੀ ਹੈ। ਇਸ ਨਾਲ ਬੱਚਿਆਂ ਵਿੱਚ ਉਸ ਪੱਧਰ ਤੋਂ ਹੀ ਵੱਖਰੇਵੇਂ ਦੀ ਭਾਵਨਾ ਪੈਦਾ ਕਰ ਦਿੱਤੀ ਜਾਂਦੀ ਹੈ।

ਹੁਣ ਪ੍ਰਸ਼ਨ ਇਹ ਵੀ ਉਠਦਾ ਹੈ ਕਿ ਬੱਚਿਆਂ ਦੇ ਮੁਲਾਂਕਣ ਕਿਵੇਂ ਹੋਣ। ਜਿਸ ਕਿਸਮ ਦੀ ਪ੍ਰਣਾਲੀ ਹੁਣ ਚੱਲ ਪਈ ਹੈ, ਇਸ ਦੇ ਨਾਲ ਕਦੇ ਵੀ ਬੱਚੇ ਦੀ ਪ੍ਰਤਿਭਾ ਦਾ ਸਹੀ ਮੁਲਾਂਕਣ ਨਹੀਂ ਹੋ ਸਕਦਾ। ਪੁਰਾਣੇ ਸਮਿਆਂ ਵਿੱਚ ਬਾਰ੍ਹਵੀਂ ਜਮਾਤ ਦੇ ਨੰਬਰਾਂ ਦੇ ਆਧਾਰ 'ਤੇ ਉੱਚ ਪੱਧਰੀ ਪ੍ਰੋਫੈਸ਼ਨਲ ਕਾਲਜਾਂ ਵਿੱਚ ਦਾਖਲੇ ਹੁੰਦੇ ਸਨ। ਹੁਣ ਮਾਹੌਲ ਵੀ ਬਦਲ ਗਿਆ ਹੈ, ਕਿਉਂਕਿ ਹੁਣ ਨੰਬਰ ਸਿਫਾਰਸ਼ਾਂ 'ਤੇ ਵੀ ਲੱਗ ਜਾਂਦੇ ਹਨ । ਪ੍ਰੈਕਟੀਕਲਾਂ ਵਿੱਚ ਸਿਫਾਰਸ਼ਾਂ ਪੂਰੀਆਂ ਚਲਦੀਆਂ ਹਨ ।ਐਸੇ ਮਾਹੌਲ ਵਿਚ ਸਿੱਖਿਆ ਨਾਲ ਸੰਬੰਧਤ ਮਾਹਰਾਂ ਦੀ ਰਾਇ ਲੈ ਕੇ ਕਿ ਕਿਸ ਢੰਗ ਨਾਲ ਇਹ ਮੁਲਾਂਕਣ ਹੋਏ, ਇਸ ਬਾਰੇ ਚਰਚਾ ਹੋਣੀ ਚਾਹੀਦੀ ਹੈ।

ਰਹੀ ਗੱਲ ਨੀਟ ਦੇ ਪਰਚੇ ਲੀਕ ਹੋਣ ਦੀ, ਜਿਹੜੀ ਏਜੰਸੀ ਨੂੰ ਕੰਮ ਦਿੱਤੇ ਗਏ ਹਨ, ਉਹਨਾਂ ਏਜੰਸੀਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਪਰਚਿਆਂ ਦੀ ਸੰਭਾਲ ਸਹੀ ਢੰਗ ਨਾਲ ਰੱਖੀ ਜਾਏ। ਇਸ ਬਾਰੇ ਵਿਸਥਾਰਤ ਚਰਚਾ ਦੀ ਲੋੜ ਹੈ। ਬੀਤੀ 21 ਜੂਨ ਨੂੰ ਜਿਸ ਢੰਗ ਨਾਲ ਪ੍ਰੀਖਿਆ ਕੇਂਦਰਾਂ 'ਤੇ ਪੈਰਾ ਮਿਲਟਰੀ ਤੇ ਪੁਲਸ ਦੇ ਨਾਕੇ ਲਾਏ ਗਏ, ਉਹ ਬੱਚਿਆਂ 'ਤੇ ਬਹੁਤ ਹੀ ਦਬਾਅ ਪਾਣ ਵਾਲੀ ਗੱਲ ਸੀ। ਲੜਕੀਆਂ ਦੇ ਜੂੜੇ ਖੁਲ੍ਹਵਾ ਕੇ ਦੇਖੇ ਗਏ ਕਿ ਜਿਵੇਂ ਪਿਛਲੀ ਵਾਰੀ ਲੀਕ ਲੜਕੀਆਂ ਦੇ ਜੂੜਿਆਂ ਤੋਂ ਹੋਈ ਸੀ। ਇਹ ਛੋਟੇ-ਛੋਟੇ ਬੱਚਿਆਂ ਦਾ ਬਹੁਤ ਹੀ ਅਪਮਾਨ ਕਰਨ ਦੇ ਬਰਾਬਰ ਹੈ। ਕਾਫ਼ੀ ਗਿਣਤੀ ਵਿੱਚ ਬੱਚਿਆਂ ਦੇ ਸੈਂਟਰ ਅਚਾਨਕ ਬਦਲ ਦਿੱਤੇ ਗਏ, ਜਿਸ ਕਰਕੇ ਬਹੁਤ ਸਾਰੇ ਬੱਚੇ ਪ੍ਰੀਖਿਆ ਦੇ ਹੀ ਨਹੀਂ ਪਾਏ । ਕੁਝ ਬੱਚਿਆਂ ਦੇ ਤੇ ਸੈਂਟਰ ਅਬੂਧਾਬੀ ਵਿੱਚ ਖੋਲ੍ਹ ਦਿੱਤੇ ਗਏ ।

ਸਾਰੀਆਂ ਕੀਮਤਾਂ-ਕਦਰਾਂ ਨੂੰ ਛਿੱਕੇ ਟੰਗ ਕੇ ਇਸ ਕਿਸਮ ਦੀਆਂ ਘਟਨਾਵਾਂ ਹੋ ਰਹੀਆਂ ਹਨ । ਪਰਚੇ ਇੱਕ ਥਾਂ ਤੋਂ ਦੂਸਰੀ ਥਾਂ 'ਤੇ ਭੇਜਣ ਲਈ ਭਾਰਤੀ ਸੈਨਾ ਤੇ ਭਾਰਤੀ ਵਾਯੂ ਸੈਨਾ ਦੀ ਮਦਦ ਲਈ ਗਈ। ਇਹ ਬੜੀ ਮੰਦਭਾਗੀ ਗੱਲ ਹੈ ਅਤੇ ਸਰਕਾਰ ਦੀ ਕਮਜ਼ੋਰੀ ਦੀ ਸਾਫ਼ ਮਿਸਾਲ ਹੈ । ਸੈਨਾ ਦਾ ਕੰਮ ਸਾਡੀਆਂ ਸੀਮਾਵਾਂ ਦੀ ਰੱਖਿਆ ਕਰਨਾ ਹੁੰਦਾ ਹੈ, ਨਾ ਕਿ ਪਰਚੇ ਵੰਡਣ ਦਾ। ਇਸ ਸੰਦਰਭ ਵਿੱਚ ਨੌਜਵਾਨਾਂ ਤੇ ਵਿਦਿਆਰਥੀਆਂ ਨੇ ਕਾਕਰੋਚ ਜਨਤਾ ਪਾਰਟੀ ਦੇ ਬੈਨਰ ਹੇਠ ਬਹੁਤ ਵੱਡੀ ਆਵਾਜ਼ ਚੁੱਕੀ ਹੈ, ਜੋ ਕਿ ਇੱਕ ਹਾਂ-ਪੱਖੀ ਕਦਮ ਹੈ।ਏ ਆਈ ਐੱਸ ਐੱਫ ਤੇ ਐੱਨ ਐੱਸ ਯੂ ਆਈ ਤੇ ਅਨੇਕਾਂ ਹੋਰ ਵਿਦਿਆਰਥੀ ਜਥੇਬੰਦੀਆਂ ਦੀ ਅਗਵਾਈ ਵਿੱਚ ਵਿਦਿਆਰਥੀਆਂ ਵੱਲੋਂ ਅੰਦੋਲਨ ਚਲਾਏ ਗਏ ਕਿ ਸਿੱਖਿਆ ਮੰਤਰੀ ਅਸਤੀਫਾ ਦੇਵੇ, ਪਰ ਦੇਸ਼ ਦੇ ਪ੍ਰਧਾਨ ਮੰਤਰੀ ਨੇ ਇਸ ਬਾਰੇ ਇੱਕ ਗੱਲ ਵੀ ਨਹੀਂ ਕਹੀ।

ਇਸ ਦੇ ਉਲਟ ਬੜੀ ਬੇਸ਼ਰਮੀ ਨਾਲ ਜਦੋਂ ਬੱਚੇ ਤੜਪ ਰਹੇ ਸਨ, ਕਈਆਂ ਨੇ ਆਤਮ-ਹੱਤਿਆ ਕਰ ਲਈ ਸੀ, ਪੂਰੀ ਤਰ੍ਹਾਂ ਸੰਵੇਦਨਹੀਣ ਪ੍ਰਧਾਨ ਮੰਤਰੀ 21 ਜੂਨ ਨੂੰ ਆਸਨ ਕਰਕੇ ਫੋਟੋਆਂ ਖਿਚਾ ਕੇ ਦੁਨੀਆ ਵਿੱਚ ਯੋਗਾਸਨ ਦਾ ਪ੍ਰਚਾਰ ਕਰਨ ਵਿਚ ਲੱਗੇ ਹੋਏ ਸਨ।

**# ਸੰਪਰਕ : 94170-00360**

# ਬਰਬਾਦੀ ਵੱਲ ਵਧ ਰਹੀ ਅਜੋਕੀ ਪੀੜ੍ਹੀ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਭਾਰਤ ਵਿਚ ਵੱਖ-ਵੱਖ ਧਰਮਾਂ, ਮਜ਼ਹਬਾਂ, ਕੌਮਾਂ ਤੇ ਬੋਲੀਆਂ ਦੇ ਲੋਕ ਵੱਸਦੇ ਹਨ। ਬੇਸ਼ੱਕ ਇਨ੍ਹਾਂ ਦਾ ਖਾਣ-ਪੀਣ, ਪਹਿਨਣ ਤੇ ਰੀਤੀ-ਰਿਵਾਜ ਵੱਖੋ-ਵੱਖ ਹਨ, ਪਰ ਫਿਰ ਵੀ ਇਥੇ ਸਭ ਲੋਕ ਮਿਲਜੁਲ ਕੇ ਤੇ ਪ੍ਰੇਮ-ਪਿਆਰ ਸਹਿਤ ਰਹਿੰਦੇ ਹਨ। ਹੁਣ ਬਦਲਦੇ ਵਕਤ ਨਾਲ ਕਿਉਂਕਿ ਕੁੱਲ ਦੁਨੀਆ ਹੀ ਇਕ ਗਲੋਬਲ ਪਿੰਡ ਬਣ ਗਈ ਹੈ, ਇਸ ਕਰਕੇ ਭਾਰਤ ਦੇ ਅੰਦਰ ਪੀਜ਼ਾ, ਬਰਗਰ, ਮਨਚੂਰੀਅਨ, ਸਪ੍ਰਿੰਗ ਰੋਲ, ਸੀ-ਫ਼ੂਡ,ਚਾਈਨੀਜ਼ ਜਾਂ ਇਟੈਲੀਅਨ ਪਕਵਾਨਾਂ ਦੇ ਨਾਲ-ਨਾਲ ਵੱਖ-ਵੱਖ ਸੂਬਿਆਂ ਦੇ ਪਕਵਾਨ ਹੁਣ ਇਕ-ਦੂਜੇ ਸੂਬੇ ਅੰਦਰ ਆਸਾਨੀ ਨਾਲ ਮਿਲਣ ਲੱਗ ਪਏ ਹਨ ਤੇ ਸੁਆਦੀ ਪਕਵਾਨਾਂ ਅਤੇ ਪੀਣ ਵਾਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੀਆਂ ਕੌਮਾਂਤਰੀ ਕੰਪਨੀਆਂ ਨੇ ਭਾਰਤ ਦੇ ਹਰ ਛੋਟੇ-ਵੱਡੇ ਸ਼ਹਿਰ ਤੱਕ ਪਹੁੰਚ ਬਣਾ ਲਈ ਹੈ। ਇਹ ਵੀ ਕੋਈ ਅਤਿਕਥਨੀ ਨਹੀਂ ਕਿ ਭੋਜਨ ਦੇ ਮਾਮਲੇ ਵਿਚ ਸਾਰੇ ਭਾਰਤੀ ਹੀ ਬੜੇ 'ਚਟੋਰੇ' ਹਨ ਤੇ ਇਹ ਖੱਟੇ, ਤਲੇ ਜਾਂ ਭੁੰਨੇ ਭੋਜਨ ਪਦਾਰਥ ਖਾਣ ਵਿਚ ਸਿਰੇ ਦੇ ਸ਼ੌਕੀਨ ਹਨ। ਹਰੇਕ ਚੰਗੇ-ਮਾੜੇ ਸਮਾਜਿਕ ਸਮਾਗਮ ਵਿਚ ਇਹ 'ਮਿੱਠੇ ਪਕਵਾਨ' ਪਰੋਸਣੇ ਹਰਗਿਜ਼ ਨਹੀਂ ਭੁੱਲਦੇ। ਭਾਰਤੀਆਂ ਦਾ ਇਹ ਚਟੋਰਾਪਨ ਪਕਵਾਨ ਬਣਾਉਣ ਵਾਲੀਆਂ ਦੇਸੀ ਤੇ ਵਿਦੇਸ਼ੀ ਕੰਪਨੀਆਂ ਲਈ ਵਰਦਾਨ ਸਾਬਿਤ ਹੋ ਰਿਹਾ ਹੈ ਤੇ ਇਨ੍ਹਾਂ ਕੰਪਨੀਆਂ ਦੀ ਸਲਾਨਾ ਕਮਾਈ ਹੁਣ ਲੱਖਾਂ ਤੋਂ ਕਰੋੜਾਂ ਰੁਪਏ ਵਿਚ ਤੇ ਕਰੋੜਾਂ ਤੋਂ ਅਰਬਾਂ ਰੁਪਿਆਂ ਵਿਚ ਤਬਦੀਲ ਹੋ ਚੁੱਕੀ ਹੈ। ਭਾਰਤੀ ਲੋਕ ਜੀਭ ਦੇ ਸੁਆਦ ਲਈ ਆਪਣੀ ਸਿਹਤ ਨੂੰ ਵੀ ਦਾਅ 'ਤੇ ਲਗਾਉਂਦਿਆਂ ਹੋਇਆਂ 'ਘਰ ਫ਼ੂਕ ਕੇ ਤਮਾਸ਼ਾ' ਵੇਖ਼ ਰਹੇ ਹਨ।

ਸਿਹਤ ਮਾਹਰਾਂ ਅਨੁਸਾਰ ਇਸ ਵੇਲੇ ਭਾਰਤੀਆਂ ਵੱਲੋਂ ਸੁਆਦ ਲਾ ਕੇ ਖਾਧੇ ਜਾ ਰਹੇ ਬਹੁਤੇ ਭੋਜਨ ਪਦਾਰਥ ਮੈਦੇ ਤੋਂ ਅਤੇ ਤੇਜ਼ ਮਸਾਲਿਆਂ ਤੇ ਚਟਣੀਆਂ ਤੋਂ ਬਣੇ ਹਨ। ਇਨ੍ਹਾਂ ਵਿਚ ਸਿਹਤ ਲਈ ਹਾਨੀਕਾਰਕ ਤੇਲ, ਘਿਓ, ਰਸਾਇਣ, ਮਸਾਲੇ ਅਤੇ ਸਿੰਥੈਟਿਕ ਰੰਗ ਵਰਤੇ ਜਾ ਰਹੇ ਹਨ। ਪ੍ਰੀਜ਼ਰਵੈਟਿਵ ਪਾ ਕੇ ਬਰਗਰ, ਹਾਟ ਡਾਗ, ਸੈਂਡਵਿਚ ਤੇ ਪੀਜ਼ੇ ਸਣੇ ਮੈਦੇ ਤੋਂ ਬਣੇ ਕਈ ਹੋਰ ਪਦਾਰਥ ਤੰਗ ਪੈਕਿੰਗ ਵਿਚ ਕਈ-ਕਈ ਦਿਨ ਤੱਕ ਸਜਾ ਕੇ ਸ਼ੋਅਕੇਸ਼ਾਂ ਵਿਚ ਰੱਖੇ ਜਾਂਦੇ ਹਨ ਤੇ ਫਿਰ ਖਾਣ ਸਮੇਂ ਗਰਮ ਕਰਕੇ ਵਰਤੇ ਜਾਂਦੇ, ਇਨ੍ਹਾਂ ਭੋਜਨ ਪਦਾਰਥਾਂ ਦੇ ਨਾਲ 'ਚਿਲਡ' ਡਰਿੰਕਸ ਪੀਣ ਦਾ ਪ੍ਰਚਾਰ ਬੜੇ ਜ਼ੋਰ-ਸ਼ੋਰ ਨਾਲ ਬਾਲੀਵੁੱਡ ਤੇ ਖੇਡ ਜਗਤ ਦੀਆਂ ਵੱਡੀਆਂ ਹਸਤੀਆਂ ਰਾਹੀਂ ਕਰਵਾਇਆ ਜਾਂਦਾ ਹੈ, ਜਦੋਂ ਕਿ ਸਿਹਤ ਮਾਹਰਾਂ ਅਨੁਸਾਰ ਮੈਦੇ ਤੋਂ ਬਣੇ ਅਤੇ ਬਣਨ ਤੋਂ ਚਿਰ ਬਾਅਦ ਗਰਮ ਕਰਕੇ ਵਰਤੇ ਜਾ ਰਹੇ ਭੋਜਨ ਪਦਾਰਥਾਂ ਨਾਲ ਚਿਲਡ ਡਰਿੰਕਸ ਦਾ ਉਪਭੋਗ ਕਰਨਾ ਸੱਚਮੁੱਚ ਹੀ ਜਾਨਲੇਵਾ ਹੈ।

ਅਸੀਂ ਝੂਠੀ ਤੇ ਫ਼ੋਕੀ ਸ਼ਾਨੋ-ਸ਼ੌਕਤ ਅਤੇ ਜੀਭ ਦੇ ਸੁਆਦ ਦੇ ਚੱਕਰ 'ਚ ਆਪਣੇ ਬੱਚਿਆਂ ਅਤੇ ਪਰਵਾਰ ਦੇ ਹੋਰ ਮੈਂਬਰਾਂ ਸਣੇ ਆਪਣੇ ਇਲਾਕੇ ਦੇ ਵੱਡੇ ਰੈਸਟੋਰੈਂਟਾਂ ਜਾਂ ਹਾਈਵੇ 'ਤੇ ਬਣੇ ਨਾਮੀ-ਗਿਰਾਮੀ ਵਪਾਰਕ ਅਦਾਰਿਆਂ ਵਿਚ ਜਾ ਕੇ ਉਕਤ ਗਰਮ ਅਤੇ ਠੰਢੇ ਭੋਜਨ ਪਦਾਰਥਾਂ ਦਾ 'ਜਾਨਲੇਵਾ ਗਠਜੋੜ' ਮਹਿੰਗੇ ਭਾਅ ਖ਼ਰੀਦਦੇ ਹਾਂ ਤੇ ਆਪਣੀ ਸਿਹਤ ਨੂੰ ਅਤੇ ਖ਼ੂਨ-ਪਸੀਨੇ ਦੀ ਕਮਾਈ ਨੂੰ ਲਾਂਬੂ ਲਾ ਕੇ ਘਰ ਪਰਤ ਆਉਂਦੇ ਹਾਂ। ਸਭ ਤੋਂ ਖ਼ਤਰਨਾਕ ਗੱਲ ਤਾਂ ਇਹ ਹੋ ਗਈ ਹੈ ਕਿ ਹੁਣ ਕੈਫ਼ੀਨ ਅਤੇ ਖੰਡ ਦੀ ਭਰਪੂਰ ਮਾਤਰਾ ਵਾਲੇ ਕਈ ਡਰਿੰਕ ਦਸ ਜਾਂ ਵੀਹ ਰੁਪਏ ਦੀ ਕੀਮਤ ਵਿਚ 'ਐਨਰਜੀ' ਡਰਿੰਕ ਦੇ ਨਾਂਅ ਵੇਚੇ ਜਾਣ ਦਾ ਸਿਲਸਿਲਾ ਸ਼ੁਰੂ ਹੋ ਗਿਆ ਹੈ ਤੇ ਸਾਡੇ ਬੱਚੇ ਅਤੇ ਨੌਜਵਾਨ ਅਜਿਹੇ ਸਸਤੇ ਅਤੇ ਭਰਮਾਊ ਡਰਿੰਕ ਭਰਪੂਰ ਮਾਤਰਾ ਵਿਚ ਪੀਣ ਲੱਗ ਪਏ ਹਨ। ਸਾਡੇ ਪਿੰਡਾਂ ਤੇ ਸ਼ਹਿਰਾਂ ਦੀਆਂ ਛੋਟੀਆਂ-ਵੱਡੀਆਂ ਦੁਕਾਨਾਂ 'ਤੇ ਅਜਿਹੇ 'ਘਾਤਕ' ਡਰਿੰਕਸ ਦਾ ਆਸਾਨੀ ਨਾਲ ਮਿਲ ਹੋ ਜਾਣਾ ਸਾਡੀ ਵਰਤਮਾਨ ਅਤੇ ਅਗਲੀ ਪੀੜ੍ਹੀ ਦੀ ਬਰਬਾਦੀ ਦੀ ਇਬਾਰਤ ਲਿਖਣ ਦਾ ਕਾਰਜ ਕਰ ਰਿਹਾ ਹੈ। ਅਧਿਕਾਰਤ ਮਾਪੇ ਵੀ ਆਪਣਾ ਸਮਾਂ ਬਚਾਉਣ,ਖਾਣਾ ਬਣਾਉਣ ਵਿਚ ਲਗਦੀ ਮਿਹਨਤ ਘਟਾਉਣ ਅਤੇ ਜੀਭ ਦੇ ਸੁਆਦ ਦੇ ਕਰਕੇ ਬਾਜ਼ਾਰੂ, ਪੈਕਟਬੰਦ ਜਾਂ ਸਟਰੀਟ ਫ਼ੂਡ ਖਾਣ ਤੇ ਖੁਆਉਣ ਨੂੰ ਤਰਜੀਹ ਦੇ ਰਹੇ ਹਨ। ਵਿਦੇਸ਼ੀ ਭੋਜਨ ਪਦਾਰਥਾਂ ਨੂੰ ਆਨਲਾਈਨ ਮੰਗਵਾਉਣ ਦੀ ਸਹੂਲਤ ਨੇ ਸਾਡੀ ਆਪਣੀ ਅਤੇ ਸਾਡੇ ਆਪਣਿਆਂ ਦੀ ਸਿਹਤ ਨਾਲ ਖਿਲਵਾੜ ਦੀ ਮਾਤਰਾ ਵਧਾਉਣ ਵਿਚ ਵੱਡਾ ਯੋਗਦਾਨ ਪਾ ਦਿੱਤਾ ਹੈ।

ਇਹ ਕੌੜਾ ਸੱਚ ਹੈ ਕਿ ਹੁਣ ਸਾਡੇ ਬੱਚੇ ਤਾਜ਼ੇ ਜਾਂ ਮੌਸਮੀ ਫ਼ਲਾਂ ਅਤੇ ਹਰੀਆਂ ਸਬਜ਼ੀਆਂ ਤੇ ਪੌਸ਼ਟਿਕਤਾ ਭਰਪੂਰ ਦਾਲਾਂ ਦਾ ਸੇਵਨ ਕਰਨ ਸਮੇਂ ਨੱਕ-ਬੁੱਲ੍ਹ ਵੱਟਣ ਲੱਗ ਪਏ ਹਨ ਤੇ ਬਜ਼ਾਰਾਂ ਵਿਚ ਉਪਲੱਬਧ ਚਟਪਟੇ ਪਦਾਰਥਾਂ ਵਾਲੇ ਪੈਕਟ ਜਾਂ ਡੱਬਾ-ਬੰਦ ਭੋਜਨ ਲੈਣਾ ਪਸੰਦ ਕਰਨ ਲੱਗ ਪਏ ਹਨ। ਇਸ ਪ੍ਰਵਿਰਤੀ ਨੇ ਸਾਡੀ ਬਰਬਾਦੀ ਦੀ ਇਬਾਰਤ ਸਾਫ਼-ਸਾਫ਼ ਲਿਖ਼ਣੀ ਸ਼ੁਰੂ ਕਰ ਦਿੱਤੀ ਹੈ, ਪਰ ਅਸੀਂ ਸ਼ਾਇਦ 'ਅੰਨ੍ਹੇ' ਹੋ ਗਏ ਹਾਂ ਤੇ ਕੰਧ 'ਤੇ ਲਿਖਿਆ ਹੋਇਆ ਨਹੀਂ ਪੜ੍ਹ ਪਾ ਰਹੇ।

ਜੀਭ ਦੇ ਸੁਆਦ ਤੋਂ ਬਾਅਦ ਜਿਹੜੀ ਦੂਜੀ ਚੀਜ਼ ਸਾਡੀ ਅਜੋਕੀ ਪੀੜ੍ਹੀ ਨੂੰ ਬਰਬਾਦੀ ਵੱਲ ਲੈ ਕੇ ਜਾ ਰਹੀ ਹੈ, ਉਹ ਹੈ ਛੇਤੀ-ਛੇਤੀ ਅਮੀਰ ਹੋਣ ਜਾਂ ਐਸ਼ੋ-ਆਰਾਮ ਭਰਪੂਰ ਜੀਵਨ ਜਿਊਣ ਦਾ ਲਾਲਚ। ਇਸ ਪੀੜ੍ਹੀ ਨੂੰ ਬਿਨਾਂ ਭਾਰੀ ਮੁਸ਼ੱਕਤ ਕੀਤਿਆਂ ਛੇਤੀ ਨਾਲ ਢੇਰ ਸਾਰਾ ਪੈਸਾ ਕਮਾਉਣ ਦੀ ਕਾਹਲੀ ਹੈ ਤੇ ਇਸ ਪੀੜ੍ਹੀ ਦੇ ਇਸ ਲਾਲਚੀ ਸੁਭਾਅ ਤੋਂ ਆਪਣਾ ਕਾਰੋਬਾਰ ਵਧਾਉਣ ਲਈ ਕਈ ਦੇਸੀ ਤੇ ਵਿਦੇਸ਼ੀ ਕੰਪਨੀਆਂ 'ਗੇਮਿੰਗ ਐਪਸ' ਲੈ ਕੇ ਭਾਵ 'ਆਨਲਾਈਨ ਗੇਮਾਂ' ਲੈ ਕੇ ਸਾਡੇ ਹੱਥਾਂ ਵਿਚ ਫੜੇ ਮੋਬਾਇਲ ਫ਼ੋਨਾਂ ਜਾਂ ਸਾਡੇ ਕੰਪਿਊਟਰਾਂ ਦੀਆਂ ਹੱਦਾਂ ਵਿਚ ਆਣ ਦਾਖ਼ਲ ਹੋਈਆਂ ਹਨ। ਸਾਡੇ ਬੱਚੇ ਹੁਣ ਇਨ੍ਹਾਂ ਖ਼ਤਰਨਾਕ ਅਤੇ ਵਿੱਤੀ ਜ਼ੋਖਮ ਵਾਲੀਆਂ ਗੇਮਾਂ ਦੇ ਸ਼ਿਕਾਰ ਤੇ ਸ਼ੌਕੀਨ ਬਣਦੇ ਜਾ ਰਹੇ ਹਨ ਤੇ ਅਸੀਂ ਇਹ ਗੱਲ ਭੁੱਲ ਰਹੇ ਹਾਂ ਕਿ ਸਾਡੇ ਵੱਡ-ਵਡੇਰਿਆਂ ਨੇ ਸਾਨੂੰ ਚੰਗੀ ਤਰ੍ਹਾਂ ਸਮਝਾਇਆ ਸੀ ਕਿ 'ਜੂਆ' ਖੇਡ ਕੇ ਜਿੱਤੇ ਪੈਸੇ ਕਦੇ ਵੀ ਕਿਸੇ ਦਾ ਭਲਾ ਨਹੀਂ ਕਰਦੇ ਹਨ ਤੇ ਅਜੋਕੀਆਂ ਆਨਲਾਈਨ ਗੇਮਾਂ ਬਾਰੇ ਤਾਂ ਇਹ ਤੱਥ ਪਹਿਲਾਂ ਤੋਂ ਹੀ ਸਪੱਸ਼ਟ ਹੈ ਕਿ ਸਾਡੀ ਸੂਝ ਦਾ ਮੁਕਾਬਲਾ ਸਾਡੀ ਸਮਝ ਤੋਂ ਕਈ ਗੁਣਾ ਸ਼ਕਤੀਸ਼ਾਲੀ ਕੰਪਿਊਟਰਾਂ ਨਾਲ ਕਰਵਾਇਆ ਜਾਂਦਾ ਹੈ ਤੇ ਸਾਡੇ ਅੰਦਰ ਵਸੇ ਪੈਸੇ ਦੇ ਲਾਲਚ ਨੂੰ ਪੱਠੇ ਪਾਉਣ ਲਈ ਜਾਲ ਕੁਝ ਇਸ ਤਰ੍ਹਾਂ ਬੁਣਿਆ ਜਾਂਦਾ ਹੈ ਕਿ ਸ਼ੁਰੂਆਤ ਵਿਚ ਅਸੀਂ ਜਿੱਤਦੇ ਹਾਂ ਤੇ ਸਾਨੂੰ ਵਿੱਤੀ ਲਾਭ ਹਾਸਲ ਹੁੰਦਾ ਹੈ ਤੇ ਜਦੋਂ ਅਸੀਂ ਗੇਮ ਸੰਚਾਲਨ ਕਰਨ ਵਾਲੀ ਕੰਪਨੀ ਦੇ ਮਕੜਜਾਲ ਵਿਚ ਪੂਰੀ ਤਰ੍ਹਾਂ ਫਸ ਜਾਂਦੇ ਹਾਂ,ਉਦੋਂ ਫਿਰ ਸਾਡੀ ਬਰਬਾਦੀ ਅਤੇ ਸਾਡੀ ਲੁੱਟ ਦੀ ਕਹਾਣੀ ਸ਼ੁਰੂ ਹੋ ਜਾਂਦੀ ਹੈ ਤੇ ਗੱਲ ਅਖ਼ੀਰ ਸ਼ਾਹ ਮੁਹੰਮਦ ਦੀ ਆਖੀ ਇਸ ਗੱਲ 'ਤੇ ਨਿੱਬੜਦੀ ਹੈ, ਜਿਸ ਵਿਚ ਉਸ ਨੇ ਕਿਹਾ ਸੀ ,'ਫ਼ੌਜਾਂ ਜਿੱਤ ਕੇ ਅੰਤ ਨੂੰ ਹਾਰੀਆਂ ਨੇ।' ਭਾਵ ਅਸੀਂ ਆਨਲਾਈਨ ਗੇਮਾਂ ਵਿਚ ਚਾਹੇ ਜਿੰਨਾ ਮਰਜ਼ੀ ਪੈਸਾ ਜਿੱਤ ਲਈਏ, ਪਰ ਅੰਤ ਵਿਚ ਸਾਨੂੰ ਆਪਣਾ ਪੱਲਾ ਖ਼ਾਲੀ ਕਰਵਾ ਕੇ ਹੀ ਮਹਿਫ਼ਲ 'ਚੋਂ ਉਠਣਾ ਪੈਣਾ ਹੈ।

ਸਰਕਾਰਾਂ ਨੂੰ ਆਪਣੇ 'ਲੋਕ ਭਲਾਈ' ਦੇ ਮੂਲ ਉਦੇਸ਼ ਨੂੰ ਚੇਤੇ ਕਰਦਿਆਂ ਹੋਇਆਂ ਉਕਤ ਤਬਾਹਕੁਨ ਕਾਰੋਬਾਰ ਚਲਾਉਣ ਵਾਲੀਆਂ ਕੰਪਨੀਆਂ ਨੂੰ ਬੰਦ ਕਰਕੇ ਇਕ ਚੰਗਾ, ਨੇਕ, ਮਿਹਨਤਕਸ਼ ਤੇ ਸਿਆਣਾ ਸਮਾਜ ਸਿਰਜਣ ਵਿਚ ਮਦਦ ਕਰਨੀ ਚਾਹੀਦੀ ਹੈ।

**# ਸੰਪਰਕ : 97816-46008**

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਡੀ ਸੀ ਦਫ਼ਤਰ ਅੱਗੇ ਰੈਲੀ

## 11 ਜੁਲਾਈ ਨੂੰ ਮੋਗਾ ਦੀ ਐਮ ਐਲ ਏ ਦੇ ਘਰ ਵੱਲ ਹੋਵੇਗਾ ਮਾਰਚ



**ਮੋਗਾ (ਇਕਬਾਲ ਸਿੰਘ ਖਹਿਰਾ)**

ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ ਡਿਪਟੀ ਕਮਿਸ਼ਨਰ ਮੋਗਾ ਦੇ ਦਫ਼ਤਰ ਅੱਗੇ ਮੰਗਾਂ ਦੀ ਪੂਰਤੀ ਲਈ ਪੈਨਸ਼ਨਰ ਆਗੂ ਭਜਨ ਸਿੰਘ ਗਿੱਲ ਦੀ ਅਗਵਾਈ ਵਿੱਚ ਵਿਸ਼ਾਲ ਰੈਲੀ ਕੀਤੀ ਗਈ।ਰੈਲੀ ਵਿੱਚ ਸਾਂਝਾ ਮੰਚ ਤੇ ਸਾਂਝਾ ਫਰੰਟ ਦੇ ਆਗੂਆਂ ਨੇ ਪੰਜਾਬ ਸਰਕਾਰ ਦੇ ਮੁਲਾਜ਼ਮ ਪੈਨਸ਼ਨਰ ਤੇ ਕਿਸਾਨ ਮਜ਼ਦੂਰ ਲੋਕ ਵਿਰੋਧੀ ਰਵੱਈਏ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ।ਸਟੇਜ ਦਾ ਸੰਚਾਲਨ ਦਿਗ ਵਿਜੈ ਸ਼ਰਮਾ ਨੇ ਕੀਤਾ।ਬਲੌਰ ਸਿੰਘ ਘੱਲਕਲਾਂ, ਗੁਰਮੇਲ ਸਿੰਘ ਨਾਹਰ, ਹਰਜੰਟ ਸਿੰਘ ਬੌਡੇ, ਸੁਰਜੀਤ ਸਿੰਘ ਗਗੜਾ ਤੇ ਸੈਮੂਅਲ ਨੇ ਪੰਜਾਬ ਸਰਕਾਰ ਵੱਲੋਂ ਹਾਈ ਕੋਰਟ ਵਿੱਚ ਡੀ ਏ ਸਬੰਧੀ ਦਿੱਤੇ ਗਏ ਸੀਲਬੰਦ ਲਿਫਾਫੇ ਵਿੱਚ ਰਿਪੋਰਟ ਨੂੰ ਮੁਲਾਜ਼ਮਾਂ ਪੈਨਸ਼ਨਰਾਂ ਦੇ ਜ਼ਖਮਾਂ 'ਤੇ ਲੂਣ ਭੁੱਕਣ ਬਰਾਬਰ ਕਰਾਰ ਦਿੰਦਿਆਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਸੰਘਰਸ਼ਾਂ ਰਾਹੀਂ ਪ੍ਰਾਪਤ ਕੀਤੇ ਹੱਕਾਂ, ਪੈਨਸ਼ਨਾਂ, ਮਹਿੰਗਾਈ ਭੱਤੇ ਤੇ ਗਰੇਡਾਂ ਨੂੰ ਇਹ ਸਰਕਾਰ ਖਤਮ ਕਰਨਾ ਚਾਹੁੰਦੀ ਹੈ ਤੇ ਮਾਨਯੋਗ ਹਾਈ ਕੋਰਟ ਦੇ ਫੈਸਲੇ ਦੀ ਤੌਹੀਨ ਕਰ ਕਰ ਰਹੀ ਹੈ।ਦਲਵੀਰ ਸਿੰਘ ਸਿੱਧੂ, ਦਲਜੀਤ ਸਿੰਘ ਭੁੱਲਰ, ਜਗਦੀਸ਼ ਸਿੰਘ ਚਾਹਲ, ਬਲਜਿੰਦਰ ਸਿੰਘ ਧਾਲੀਵਾਲ ਨੇ ਮੁਲਾਜ਼ਮਾਂ ਦੇ ਕੱਟੇ 37 ਭੱਤੇ ਬਹਾਲ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, 2015 ਦਾ ਪ੍ਰਬੋਸ਼ਨ ਪੀਰੀਅਡ ਬਾਰੇ ਪੱਤਰ ਵਾਪਸ ਲੈਣ ਦੀ ਮੰਗ ਕਰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਜੋ ਵਾਅਦੇ ਕੀਤੇ ਸਨ, ਉਹ ਪੂਰੇ ਤਾਂ ਕੀ ਕਰਨੇ ਸੀ, ਉਨ੍ਹਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰਦੇ ਲੋਕਾਂ 'ਤੇ ਲਾਠੀਆਂ ਗੋਲੀਆਂ ਵਰ੍ਹਾਈਆਂ ਜਾ ਰਹੀਆਂ ਹਨ।ਬਲਵਿੰਦਰ ਸਿੰਘ ਪੀ.ਐੱਸ.ਪੀ.ਸੀ.ਐੱਲ, ਅਮਨਦੀਪ ਮਾਛੀਕੇ, ਗੁਰਜੰਟ ਸਿੰਘ ਕੋਕਰੀ ਤੇ ਰਾਜਿੰਦਰ ਸਿੰਘ ਰਿਆੜ ਨੇ ਕਿਹਾ ਕਿ ਸਰਕਾਰ ਲੋਕਾਂ ਦੇ ਮਸਲੇ ਹੱਲ ਕਰਨ ਦੀ ਬਜਾਏ ਉਨ੍ਹਾਂ ਦੇ ਸੰਘਰਸ਼ਾਂ ਨੂੰ ਦਬਾਉਣ ਲਈ ਘਟੀਆ ਹੱਥ ਕੰਡੇ ਵਰਤ ਰਹੀ ਹੈ।ਕੁਲਦੀਪ ਸਿੰਘ ਪੀ ਸੀ ਐੱਮ ਐੱਸ, ਕੁਲਵੀਰ ਸਿੰਘ ਢਿੱਲੋਂ, ਪ੍ਰਿੰਸੀਪਲ ਪੂਰਨ ਸਿੰਘ ਆਗੂਆਂ ਨੇ ਕਿਹਾ ਕਿ ਆਂਗਣਬਾੜੀ, ਆਸ਼ਾ ਵਰਕਰ, ਮਿੱਡ ਡੇ ਮੀਲ ਵਰਕਰਾਂ ਨੂੰ ਨਿਗੂਣੇ ਮਾਣ ਭੱਤੇ ਦੇ ਕੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ।

ਅੰਤ ਵਿੱਚ ਭਜਨ ਸਿੰਘ ਗਿੱਲ ਨੇ ਮੁਲਾਜ਼ਮਾਂ ਪੈਨਸ਼ਨਰਾਂ ਦਾ ਧੰਨਵਾਦ ਕਰਦਿਆਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਆਉਂਦੇ ਦਿਨਾਂ 'ਚ ਪੰਜਾਬ ਦੇ ਮੁਲਾਜ਼ਮਾਂ ਪੈਨਸ਼ਨਰਾਂ ਦੀਆਂ ਮੰਗਾਂ ਨਾ ਪੂਰੀਆਂ ਕੀਤੀਆਂ ਤਾਂ 11 ਜੁਲਾਈ ਨੂੰ ਨਛੱਤਰ ਸਿੰਘ ਭਵਨ ਵਿੱਚ 10 ਵਜੇ ਵਿਸ਼ਾਲ ਕਨਵੈਨਸ਼ਨ ਕਰਨ ਉਪਰੰਤ ਸਥਾਨਕ ਵਿਧਾਇਕਾ ਅਮਨਦੀਪ ਕੌਰ ਅਰੋੜਾ ਦੀ ਰਿਹਾਇਸ਼ ਵੱਲ ਰੋਹ ਭਰਪੂਰ ਮਾਰਚ ਕੀਤਾ ਜਾਵੇਗਾ ਤੇ ਉਸ ਦੇ ਘਰ ਅੱਗੇ ਮੰਗਾਂ ਨਾ ਮੰਨੇ ਜਾਣ ਦੇ ਰੋਸ ਵਜੋਂ ਘੜੇ ਭੰਨੇ ਜਾਣਗੇ।17 ਜੁਲਾਈ ਨੂੰ ਮੋਗਲੀ ਵਿਖੇ ਮਹਾਂ ਰੈਲੀ ਵਿੱਚ ਮੋਗਾ ਜ਼ਿਲ੍ਹੇ ਵੱਲੋਂ ਭਰਵੀਂ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਤੇ ਮੰਗਾਂ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਕਰਨ ਦਾ ਅਹਿਦ ਦੁਹਰਾਇਆ।ਧਰਨੇ ਤੇ ਰੈਲੀ ਵਿੱਚ ਵੱਖ ਵੱਖ ਬਲਾਕਾਂ ਤੋਂ ਵੱਖ ਵੱਖ ਜਥੇਬੰਦੀਆਂ ਦੇ ਵਰਕਰਾਂ ਨੇ ਭਰਵੀਂ ਸ਼ਮੂਲੀਅਤ ਕਰਕੇ ਆਪਣੇ ਗੁੱਸੇ ਦਾ ਇਜ਼ਹਾਰ ਕੀਤਾ।

# ਲੁੱਟ-ਖੋਹ ਦੀਆਂ ਸਕੀਮਾਂ ਘੜਦੇ 4 ਕਾਬੂ

## ਤਿੰਨ ਮੋਟਰਸਾਈਕਲ, ਮੋਬਾਈਲ ਫੋਨ, ਕਣਕ, ਸਿਲੰਡਰ, ਮਾਰੂ ਹਥਿਆਰ ਬਰਾਮਦ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਐੱਸ ਐੱਸ ਪੀ ਮੁਹੰਮਦ ਸਰਫ਼ਰਾਜ਼ ਆਲਮ ਦੇ ਦਿਸ਼ਾ-ਨਿਰਦੇਸ਼, ਡੀ.ਐੱਸ.ਪੀ. ਸਬ ਡਵੀਜ਼ਨ ਮਹਿਲ ਕਲਾਂ ਸਤਵਿੰਦਰ ਸਿੰਘ ਵਿਰਕ ਦੀ ਅਗਵਾਈ ਹੇਠ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਮਹਿਲ ਕਲਾਂ ਸਬ ਡਵੀਜ਼ਨ ਪੁਲਸ ਨੇ ਸਫਲਤਾ ਹਾਸਲ ਕੀਤੀ ਹੈ।ਥਾਣਾ ਮਹਿਲ ਕਲਾਂ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਡੀ ਐੱਸ ਪੀ ਸਤਵਿੰਦਰ ਸਿੰਘ ਵਿਰਕ, ਇੰਸਪੈਕਟਰ ਕੁਲਵਿੰਦਰ ਸਿੰਘ ਧਾਲੀਵਾਲ, ਇੰਸਪੈਕਟਰ ਗੁਰਪਾਲ ਸਿੰਘ ਠੁੱਲੀਵਾਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਥਾਣਾ ਠੁੱਲੀਵਾਲ ਪੁਲਸ ਨੂੰ ਇੱਕ ਸੂਚਨਾ ਮਿਲੀ ਕਿ ਕੁਝ ਵਿਅਕਤੀ ਪਿੰਡ ਹਮੀਦੀ ਤੋਂ ਗੁਰਮਾਂ ਨੂੰ ਜਾਂਦੀ ਡਰੇਨ ਨੇੜੇ ਸੁੰਨਸਾਨ ਥਾਂ 'ਤੇ ਇਕੱਠੇ ਹੋ ਕੇ ਲੁੱਟ-ਖੋਹ ਦੀ ਸਾਜ਼ਿਸ਼ ਰਚ ਰਹੇ ਹਨ।ਇਸ ਸੂਚਨਾ ਦੇ ਆਧਾਰ 'ਤੇ ਪੁਲਸ ਵੱਲੋਂ ਤੁਰੰਤ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਹਰਮਨਪਾਲ ਸਿੰਘ ਹਰਮਨ, ਦਲੇਰ ਸਿੰਘ ਹੈਪੀ, ਸ਼ਮਸ਼ੇਰ ਸਿੰਘ ਤੇ ਜਤਿੰਦਰ ਪਾਲ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ, ਜਦਕਿ ਜਸਪਾਲ ਦਾਸ ਮੌਕੇ ਤੋਂ ਫਰਾਰ ਹੋ ਗਿਆ।ਪੁਲਸ ਨੇ ਦੋਸ਼ੀਆਂ ਦੇ ਕਬਜ਼ੇ ਵਿੱਚੋਂ 3 ਚੋਰੀਸ਼ੁਦਾ ਬਿਨਾਂ ਨੰਬਰੀ ਮੋਟਰਸਾਈਕਲ, ਚਾਰ ਮੋਬਾਈਲ ਫੋਨ ਤੇ ਮਾਰੂ ਹਥਿਆਰ ਬਰਾਮਦ ਕੀਤੇ ਹਨ।ਇਸ ਸਬੰਧੀ ਥਾਣਾ ਠੁੱਲੀਵਾਲ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ।ਇਸੇ ਤਰ੍ਹਾਂ ਥਾਣਾ ਮਹਿਲ ਕਲਾਂ ਪੁਲਸ ਨੇ ਸਰਕਾਰੀ ਪ੍ਰਾਇਮਰੀ ਸਕੂਲ ਮਹਿਲ ਕਲਾਂ ਵਿੱਚ ਹੋਈ ਚੋਰੀ ਦੀ ਗੁੱਥੀ ਸੁਲਝਾਉਂਦਿਆਂ ਪ੍ਰਭਜੋਤ ਸਿੰਘ ਉਰਫ਼ ਮੋਟਾ ਤੇ ਸੰਦੀਪ ਸਿੰਘ ਉਰਫ਼ ਬਿੱਲਾ ਨੂੰ ਗ੍ਰਿਫ਼ਤਾਰ ਕੀਤਾ ਹੈ।ਪੁੱਛਗਿੱਛ ਦੌਰਾਨ ਦੋਵਾਂ ਨੇ ਸਕੂਲ ਵਿੱਚੋਂ 7 ਕੁਇੰਟਲ ਕਣਕ ਤੇ ਇੱਕ ਗੈਸ ਸਿਲੰਡਰ ਚੋਰੀ ਕਰਨ ਦੀ ਗੱਲ ਕਬੂਲ ਕੀਤੀ ਹੈ।ਅਧਿਕਾਰੀਆਂ ਨੇ ਦੱਸਿਆ ਕਿ ਇਸ ਮਾਮਲੇ 'ਚ ਅਰਸ਼ਦੀਪ ਸਿੰਘ ਆਸ਼ੂ ਵਾਸੀ ਲੀਲਾ (ਲੁਧਿਆਣਾ) ਦੀ ਗ੍ਰਿਫ਼ਤਾਰੀ ਅਜੇ ਬਾਕੀ ਹੈ।ਫਰਾਰ ਦੋਸ਼ੀਆਂ ਨੂੰ ਕਾਬੂ ਕਰਨ ਲਈ ਪੁਲਸ ਟੀਮਾਂ ਵੱਲੋਂ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।

# ਨਰੇਗਾ ਕਰਮਚਾਰੀਆਂ ਦੀ ਕਲਮ-ਛੋੜ ਹੜਤਾਲ 25ਵੇਂ ਦਿਨ ਵੀ ਜਾਰੀ

## ਤਨਖ਼ਾਹ ਨਹੀਂ ਤਾਂ ਕੰਮ ਨਹੀਂ : ਜਸਪਾਲ ਜੱਸੀ

**ਮਾਨਸਾ (ਗੀਤਵਾਲ)**

ਨਰੇਗਾ ਮੁਲਾਜ਼ਮਾਂ ਦੀ ਕਲਮ ਛੋੜ ਹੜਤਾਲ ਵੀਰਵਾਰ 25ਵੇਂ ਦਿਨ ਵਿੱਚ ਦਾਖ਼ਲ ਹੋ ਗਈ ਹੈ, ਪਰ ਪੰਜਾਬ ਸਰਕਾਰ ਦੇ ਕੰਨਾਂ 'ਤੇ ਅਜੇ ਤੱਕ ਜੂੰ ਨਹੀਂ ਸਰਕੀ।ਸੂਬੇ ਭਰ ਦੇ ਨਰੇਗਾ ਕਰਮਚਾਰੀ 'ਤਨਖਾਹ ਨਹੀਂ ਤਾਂ ਕੰਮ ਨਹੀਂ' ਦੇ ਨਾਅਰੇ ਹੇਠ ਆਪਣੇ ਹੱਕਾਂ ਦੀ ਲੜਾਈ ਲੜ ਰਹੇ ਹਨ ਤੇ ਸਰਕਾਰ ਦੀ ਮੁਲਾਜ਼ਮ ਵਿਰੋਧੀ ਨੀਤੀ ਖ਼ਿਲਾਫ਼ ਡਟੇ ਹੋਏ ਹਨ।

ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਮਾਨਸਾ ਵਿਖੇ ਕਲਮਛੋੜ ਹੜਤਾਲ ਉੱਪਰ ਡਟੇ ਨਰੇਗਾ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਜਸਪਾਲ ਸਿੰਘ ਜੱਸੀ, ਅਭੀ ਸਿੰਗਲਾ ਤੇ ਗੁਰਦੀਪ ਸਿੰਘ ਝੱਬਰ ਆਦਿ ਆਗੂਆਂ ਨੇ ਕਿਹਾ ਕਿ ਨਰੇਗਾ ਕਰਮਚਾਰੀਆਂ ਨੂੰ ਪਿਛਲੇ ਸੱਤ ਮਹੀਨਿਆਂ ਤੋਂ ਤਨਖਾਹ ਨਹੀਂ ਦਿੱਤੀ ਗਈ।ਇੱਕ ਪਾਸੇ ਸਰਕਾਰ ਲੋਕ ਭਲਾਈ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ, ਜਦਕਿ ਦੂਜੇ ਪਾਸੇ ਸੈਂਕੜੇ ਪਰਵਾਰ ਆਰਥਿਕ ਤੰਗੀ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।ਘਰਾਂ ਦੇ ਖਰਚੇ, ਬੱਚਿਆਂ ਦੀ ਪੜ੍ਹਾਈ, ਬਿਜਲੀ ਦੇ ਬਿੱਲ ਤੇ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰਨਾ ਮੁਲਾਜ਼ਮਾਂ ਲਈ ਔਖਾ ਹੋ ਗਿਆ ਹੈ।

ਯੂਨੀਅਨ ਦੇ ਬੁਲਾਰਿਆਂ ਸ਼ੁਭਪ੍ਰੀਤ ਸਿੰਘ ਖਿਆਲਾਂ, ਕੁਲਦੀਪ ਸਿੰਘ



ਬੋੜਾਵਾਲ ਤੇ ਰਘਵੀਰ ਸਿੰਘ ਬਪੀਆਣਾ ਨੇ ਕਿਹਾ ਕਿ ਨਰੇਗਾ ਕਰਮਚਾਰੀ ਪਿਛਲੇ ਕਈ ਸਾਲਾਂ ਤੋਂ ਪੇਂਡੂ ਵਿਕਾਸ ਤੇ ਸਰਕਾਰੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।ਇਸ ਦੇ ਬਾਵਜੂਦ ਉਨ੍ਹਾਂ ਨੂੰ ਨਾ ਤਾਂ ਸਮੇਂ ਸਿਰ ਤਨਖਾਹ ਦਿੱਤੀ ਜਾ ਰਹੀ ਹੈ ਤੇ ਨਾ ਹੀ ਰੁਜ਼ਗਾਰ ਦੀ ਸੁਰੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ।ਮੁਲਾਜ਼ਮਾਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਬਕਾਇਆ ਤਨਖਾਹਾਂ ਤੁਰੰਤ ਜਾਰੀ ਨਾ ਕੀਤੀਆਂ ਗਈਆਂ ਤੇ ਨਰੇਗਾ ਕਰਮਚਾਰੀਆਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ ਕਰਕੇ ਪੱਕਾ ਕਰਨ ਦੀ ਮੰਗ ਨਾ ਮੰਨੀ ਗਈ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸਬੰਧਤ ਵਿਭਾਗ ਦੀ ਹੋਵੇਗੀ।ਯੂਨੀਅਨ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਉਦੋਂ ਤੱਕ 'ਤਨਖਾਹ ਨਹੀਂ ਤਾਂ ਕੰਮ ਨਹੀਂ' ਦਾ ਸੰਘਰਸ਼ ਪੂਰੀ ਦ੍ਰਿੜਤਾ ਨਾਲ ਜਾਰੀ ਰਹੇਗਾ।ਇਸ ਮੌਕੇ ਰਾਜਪਾਲ ਕੌਰ ਬੀਰੋਕੇ, ਬਿੰਦੂ ਰਾਣੀ, ਵਿਜੇ ਲੱਛਮੀ, ਸਰਬਜੀਤ ਕੌਰ, ਕੁਲਵਿੰਦਰ ਸਿੰਘ, ਜਸਵੀਰ ਸਿੰਘ, ਜੱਗੂ ਗੇਹਲੇ ਆਦਿ ਮੌਜੂਦ ਸਨ।

## ਕਾਤਰਾਂ

### ਵਿਸ਼ੇਸ਼ ਸੁਵਿਧਾ ਕੈਂਪ ਅੱਜ

ਪਟਿਆਲਾ (ਰਾਜਿੰਦਰ ਸਿੰਘ ਥਿੰਦ) ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਵੱਲੋਂ ਬਿਲਡਿੰਗ ਸ਼ਾਖਾ ਅਤੇ ਹੈਲਥ ਸ਼ਾਖਾ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ, ਪੈਂਡਿੰਗ ਫਾਈਲਾਂ ਅਤੇ ਸਰਟੀਫਿਕੇਟਾਂ ਦੇ ਨਿਪਟਾਰੇ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ।ਮੀਟਿੰਗ ਵਿੱਚ ਆਮ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਮੇਅਰ ਵੱਲੋਂ 26 ਜੂਨ ਨੂੰ ਸਵੇਰੇ 8:30 ਵਜੇ ਤੋਂ ਦੁਪਹਿਰ 1:00 ਵਜੇ ਤੱਕ ਵਿਸ਼ੇਸ਼ ਸੁਵਿਧਾ ਕੈਂਪ ਲਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।ਬਿਲਡਿੰਗ ਸ਼ਾਖਾ ਨਾਲ ਸਬੰਧਤ ਪੈਂਡਿੰਗ ਐਨ.ਓ.ਸੀ., ਰਿਹਾਇਸ਼ੀ ਨਕਸ਼ਿਆਂ ਅਤੇ ਹੋਰ ਫਾਈਲਾਂ ਲਈ ਕੈਂਪ ਡਾ. ਅੰਬੇਡਕਰ ਹਾਲ ਵਿਖੇ ਲਗਾਇਆ ਜਾਵੇਗਾ।

### 'ਸਿਹਤ ਬੀਮਾ ਯੋਜਨਾ' ਪੰਜਾਬ ਵਾਸੀਆਂ ਲਈ ਵੱਡਾ ਤੋਹਫਾ : ਬਲੌਰ ਸਿੰਘ/ਹਰਸ਼ ਜੈਨ



ਜਗਰਾਉਂ (ਨਛੱਤਰ ਸੰਧੂ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੁੱਖ ਮੰਤਰੀ ਦੀ ਕੁਰਸੀ ਸੰਭਾਲਣ ਤੋਂ ਲੈ ਕੇ ਹੁਣ ਤੱਕ ਪੰਜਾਬ ਵਾਸੀਆਂ ਲਈ ਅਨੇਕਾਂ ਹੀ ਇਤਿਹਾਸਕ ਫੈਸਲੇ ਲਏ ਹਨ ਜਿਨ੍ਹਾਂ ਵਿੱਚ 600 ਯੂਨਿਟ ਮੁਫਤ ਬਿਜਲੀ , ਖੇਤਾਂ ਦੀ ਬਿਜਲੀ ਦਿਨ ਸਮੇਂ ਦੇਣਾ, ਨਹਿਰੀ ਪਾਣੀ ਲਈ ਕੱਸੀਆਂ, ਖਾਲ ਬਣਾਉਣਾ ਤੇ 10 ਲੱਖ ਰੁਪਏ ਦੀ 'ਸਿਹਤ ਬੀਮਾ ਯੋਜਨਾ' ਪ੍ਰਮੁੱਖ ਤੌਰ 'ਤੇ ਸ਼ਾਮਿਲ ਹਨ। ਸਿਹਤ ਬੀਮਾ ਯੋਜਨਾ ਸ਼ੁਰੂ ਕਰਕੇ ਮਾਨ ਸਰਕਾਰ ਨੇ ਪੰਜਾਬੀਆਂ ਨੂੰ ਵੱਡਾ ਤੋਹਫਾ ਦਿੱਤਾ ਹੈ। ਇਹ ਪ੍ਰਗਟਾਵਾ ਚੇਅਰਮੈਨ ਬਲੌਰ ਸਿੰਘ ਮੁੱਲਾਂਪੁਰ ਅਤੇ ਵਪਾਰ ਮੰਡਲ ਟਰੇਡ ਕਮਿਸ਼ਨ ਦੇ ਚੇਅਰਮੈਨ ਸ੍ਰੀ ਹਰਸ਼ ਜੈਨ ਨੇ ਸਾਂਝੇ ਰੂਪ ਵਿੱਚ ਕੀਤਾ ਹੈ ।ਉਨ੍ਹਾਂ ਕਿਹਾ ਕਿ ਇਸ ਸਿਹਤ ਬੀਮਾ ਯੋਜਨਾ ਤਹਿਤ ਸੂਬੇ ਵਿੱਚ ਵਸਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਇਹ ਯੋਜਨਾ ਸਰਕਾਰੀ ਹਸਪਤਾਲਾਂ ਦੇ ਨਾਲ-ਨਾਲ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਲਾਗੂ ਹੋਵੇਗੀ। ਲੋੜਵੰਦ ਵਿਅਕਤੀ ਜਿੱਥੋਂ ਮਰਜੀ ਆਪਣਾ ਇਲਾਜ ਕਰਵਾ ਸਕਦਾ ਹੈ।

### ਭਗਵਾਨ ਸਿੰਘ ਢੰਡੋਲੀ ਨੂੰ ਸਦਮਾ, ਪਿਤਾ ਦਾ ਦੇਹਾਂਤ



ਦਿੜ੍ਹਬਾ (ਜਸਵੀਰ ਲਾਡੀ)-ਸ਼੍ਰੋਮਣੀ ਅਕਾਲੀ ਦਲ (ਮੁੜ ਪੁਨਰ ਸੁਰਜੀਤੀ) ਦੇ ਭਗਵਾਨ ਸਿੰਘ ਢੰਡੋਲੀ ਐਸ.ਸੀ. ਵਿੰਗ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਪਿਤਾ ਵਿਸਾਖਾ ਸਿੰਘ ਇਸ ਫ਼ਾਨੀ ਦੁਨੀਆ ਨੂੰ ਅਲਵਿਦਾ ਆਖ ਗਏ। ਉਨ੍ਹਾਂ ਨਾਲ ਪਰਮਿੰਦਰ ਸਿੰਘ ਢੀਂਡਸਾ ਸਾਬਕਾ ਵਿੱਤ ਮੰਤਰੀ, ਜਥੇਦਾਰ ਗੁਰਬਚਨ ਸਿੰਘ ਭੱਟੀਵਾਲ, ਤੇਜਾ ਸਿੰਘ ਕਮਾਲਪੁਰ, ਹਰਦੇਵ ਸਿੰਘ ਰੋਗਲਾ, ਕਰਣ ਘੁਮਾਣ ਕਨੇਡਾ, ਰਣਧੀਰ ਸਿੰਘ ਸੰਮੂਰਾ, ਕੌਰ ਸਿੰਘ ਮੋੜਾ, ਬਾਬਾ ਕਰਮ ਸਿੰਘ, ਬਿਕਰਮਜੀਤ ਸਿੰਘ (ਵਿੱਕੀ ਛਾਜਲੀ) ਸਰਕਲ ਪ੍ਰਧਾਨ, ਜਥੇਦਾਰ ਭਰਪੂਰ ਸਿੰਘ ਛਾਜਲੀ ਕੌਮੀ ਜਥੇਬੰਦਕ ਸਕੱਤਰ, ਅਮਰਜੀਤ ਸਿੰਘ ਛਾਜਲੀ (ਕਨੇਡਾ) ਮੁਖਤਿਆਰ ਸਿੰਘ ਸਿੱਧੂ ਪ੍ਰਧਾਨ ਸੀ.ਏ.ਐਸ.ਐਸ ਛਾਜਲੀ, ਮਾਸਟਰ ਰਣਜੀਤ ਸਿੰਘ ਛਾਜਲਾ ਜਥੇਬੰਦਕ ਸੱਕਤਰ, ਗੁਰਸੇਵਕ ਸਿੰਘ ਧਾਲੀਵਾਲ ਪੰਚ ਛਾਜਲੀ, ਦਰਸ਼ਨ ਸਿੰਘ ਢੋਟ ਤੇ ਮਾਸਟਰਾ ਦਰਬਾਰਾ ਸਿੰਘ ਛਾਜਲੀ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਐਪ ਨਾ ਚੱਲਣ ਕਾਰਨ ਆਂਗਣਵਾੜੀ ਵਰਕਰਾਂ 'ਚ ਨਿਰਾਸ਼ਾ : ਸਰੋਜ ਛੱਪੜੀ ਵਾਲਾ



**ਜਲਾਲਾਬਾਦ (ਬਲਵਿੰਦਰ ਸਿੰਘ)**-ਆਲ ਇੰਡੀਆ ਆਂਗਣਵਾੜੀ ਵਰਕਰਜ਼/ਹੈਲਪਰ ਯੂਨੀਅਨ ਪੰਜਾਬ (ਏਟਕ) ਦੀ ਸੂਬਾ ਪ੍ਰਧਾਨ ਸਰੋਜ ਛੱਪੜੀ ਵਾਲਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਪੰਜਾਬ ਸਰਕਾਰ ਦਾ ਧਿਆਨ ਇਸ ਗੱਲ ਵੱਲ ਖਿੱਚਿਆ ਹੈ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਲਈ ਬਣਾਈ ਗਈ ਐਪ ਬਹੁਤ ਹੌਲੀ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਕਈ ਵਾਰ ਐਪ ਪੂਰੀ ਤਰ੍ਹਾਂ ਬੰਦ ਹੋ ਜਾਂਦੀ ਹੈ, ਜਿਸ ਕਾਰਨ ਸਾਰਾ ਦਿਨ ਮਿਹਨਤ ਕਰਨ ਦੇ ਬਾਵਜੂਦ ਕੇਵਲ ਇੱਕ ਜਾਂ ਦੋ ਹੀ ਫਾਰਮ ਆਨਲਾਈਨ ਹੋ ਪਾਉਂਦੇ ਹਨ।

ਉਨ੍ਹਾਂ ਦੱਸਿਆ ਕਿ ਐਪ ਦੀ ਤਕਨੀਕੀ ਖਰਾਬੀ ਕਾਰਨ ਆਮ ਲੋਕਾਂ ਤੇ ਆਂਗਣਵਾੜੀ ਵਰਕਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕਈ ਮਹਿਲਾਵਾਂ ਨੂੰ ਆਪਣਾ ਫਾਰਮ ਭਰਵਾਉਣ ਲਈ ਘੰਟਿਆਂ ਉਡੀਕ ਕਰਨੀ ਪੈਂਦੀ ਹੈ, ਪਰ ਐਪ ਸਹੀ ਢੰਗ ਨਾਲ ਕੰਮ ਨਾ ਕਰਨ ਕਰਕੇ ਫਾਰਮ ਜਮ੍ਹਾਂ ਨਹੀਂ ਹੋ ਸਕਦਾ।ਸਰੋਜ ਛੱਪੜੀ ਵਾਲਾ ਨੇ ਕਿਹਾ ਕਿ ਕਈ ਵਾਰ ਅਰਜ਼ੀਕਾਰ ਮਹਿਲਾਵਾਂ ਐਪ ਦੀ ਤਕਨੀਕੀ ਸਮੱਸਿਆ ਨੂੰ ਸਮਝ ਨਹੀਂ ਸਕਦੀਆਂ ਤੇ ਇਸ ਦਾ ਗੁੱਸਾ ਆਂਗਣਵਾੜੀ ਵਰਕਰਾਂ 'ਤੇ ਕੱਢਦੀਆਂ ਹਨ। ਉਹ ਵਰਕਰਾਂ 'ਤੇ ਜਾਣਬੁੱਝ ਕੇ ਕੰਮ ਨਾ ਕਰਨ ਦੇ ਦੋਸ਼ ਲਗਾਉਂਦੀਆਂ ਹਨ, ਜਦਕਿ ਅਸਲ ਵਿੱਚ ਇਸ ਵਿੱਚ ਵਰਕਰਾਂ ਦੀ ਕੋਈ ਗਲਤੀ ਨਹੀਂ ਹੁੰਦੀ।ਉਨ੍ਹਾਂ ਦੱਸਿਆ ਕਿ ਕਈ ਆਂਗਣਵਾੜੀ ਵਰਕਰ ਸਵੇਰੇ 5 ਵਜੇ ਤੋਂ ਰਾਤ 11 ਵਜੇ ਤੱਕ ਮੋਬਾਈਲ 'ਤੇ ਕੰਮ ਕਰ ਰਹੀਆਂ ਹਨ ਤਾਂ ਜੋ ਵੱਧ ਤੋਂ ਵੱਧ ਮਹਿਲਾਵਾਂ ਦੇ ਫਾਰਮ ਭਰੇ ਜਾ ਸਕਣ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਐਪ ਦੀਆਂ ਤਕਨੀਕੀ ਖਾਮੀਆਂ ਨੂੰ ਤੁਰੰਤ ਦੂਰ ਕੀਤਾ ਜਾਵੇ ਤਾਂ ਜੋ ਲੋਕਾਂ ਤੇ ਆਂਗਣਵਾੜੀ ਵਰਕਰਾਂ ਨੂੰ ਰਾਹਤ ਮਿਲ ਸਕੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਮੱਸਿਆ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਆਂਗਣਵਾੜੀ ਵਰਕਰਾਂ ਨੂੰ ਕੰਮ ਛੱਡ ਕੇ ਸੰਘਰਸ਼ ਦਾ ਰਾਹ ਅਪਣਾਉਣਾ ਪੈ ਸਕਦਾ ਹੈ।

# ਐੱਨ ਐੱਚ ਐੱਮ ਮੁਲਾਜ਼ਮਾਂ ਦੀ ਹੜਤਾਲ ਚੌਥੇ ਦਿਨ ਵੀ ਜਾਰੀ

## ਮੁੱਖ ਮੰਤਰੀ ਦੇ ਨਾਂਅ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਮੰਗ-ਪੱਤਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਨੈਸ਼ਨਲ ਹੈਲਥ ਮਿਸ਼ਨ (ਐੱਨ.ਐੱਚ.ਐੱਮ.) ਅਧੀਨ ਕੰਮ ਕਰ ਰਹੇ ਮੁਲਾਜ਼ਮਾਂ ਅਤੇ ਕਮਿਊਨਿਟੀ ਹੈਲਥ ਅਫ਼ਸਰਾਂ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਚਲਾਈ ਜਾ ਰਹੀ ਹੜਤਾਲ ਅੱਜ ਚੌਥੇ ਦਿਨ ਵੀ ਜਾਰੀ ਰਹੀ। ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਕੋਈ ਗੰਭੀਰਤਾ ਨਾ ਦਿਖਾਏ ਜਾਣ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਕਮਿਊਨਿਟੀ ਹੈਲਥ ਅਫਸਰ ਨਰਿੰਦਰ ਸਿੰਘ ਨੇ ਕਿਹਾ ਕਿ ਐੱਨ.ਐੱਚ.ਐੱਮ. ਮੁਲਾਜ਼ਮ ਪਿਛਲੇ ਕਈ ਸਾਲਾਂ ਤੋਂ ਪੰਜਾਬ ਦੀਆਂ ਸਿਹਤ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ। ਕੋਵਿਡ ਮਹਾਂਮਾਰੀ, ਟੀ.ਬੀ. ਮੁਕਤ ਪੰਜਾਬ ਮੁਹਿੰਮ, ਐੱਨ.ਸੀ.ਡੀ. ਸਕ੍ਰੀਨਿੰਗ, ਮਾਤਾ-ਬਾਲ ਸਿਹਤ ਸੇਵਾਵਾਂ, ਟੀਕਾਕਰਨ ਤੇ ਹੋਰ ਕੌਮੀ ਸਿਹਤ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਵਿੱਚ ਐੱਨ.ਐੱਚ.ਐੱਮ ਮੁਲਾਜ਼ਮਾਂ ਦੀ ਅਹਿਮ ਭੂਮਿਕਾ ਰਹੀ ਹੈ। ਇਸ ਦੇ ਬਾਵਜੂਦ ਸਰਕਾਰ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ। ਆਗੂਆਂ ਨੇ ਦੱਸਿਆ ਕਿ ਐੱਨ.ਐੱਚ.ਐੱਮ. ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ ਐੱਨ.ਐੱਚ.ਐੱਮ. ਕਰਮਚਾਰੀਆਂ ਨੂੰ ਰੈਗੂਲਰ ਕਰਨਾ, ਬਰਾਬਰ ਕੰਮ ਬਰਾਬਰ ਤਨਖਾਹ ਲਾਗੂ ਕਰਨਾ, ਲੌਇਲਟੀ ਬੋਨਸ ਦੀ



ਬਹਾਲੀ, ਤਨਖਾਹਾਂ ਵਿੱਚ ਵਾਜਬ ਵਾਧਾ ਕਰਨਾ, ਸੇਵਾ ਸੁਰੱਖਿਆ ਪ੍ਰਦਾਨ ਕਰਨਾ, ਤਰੱਕੀ ਦੇ ਮੌਕੇ ਮੁਹੱਈਆ ਕਰਵਾਉਣਾ ਤੇ ਹੋਰ ਲੰਬਿਤ ਮੰਗਾਂ ਦਾ ਹੱਲ ਕਰਨਾ ਸ਼ਾਮਲ ਹੈ। ਅੱਜ ਜ਼ਿਲ੍ਹਾ ਫਿਰੋਜ਼ਪੁਰ ਦੇ ਐੱਨ.ਐੱਚ.ਐੱਮ. ਮੁਲਾਜ਼ਮਾਂ ਤੇ ਕਮਿਊਨਿਟੀ ਹੈਲਥ ਅਫ਼ਸਰਾਂ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਨਾਮ ਇੱਕ ਮੰਗ-ਪੱਤਰ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਗਿਆ। ਮੰਗ-ਪੱਤਰ ਰਾਹੀਂ ਮੁੱਖ ਮੰਤਰੀ ਨੂੰ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ, ਚੱਲ ਰਹੀ ਹੜਤਾਲ ਤੇ ਪੰਜਾਬ ਦੀਆਂ ਪ੍ਰਭਾਵਿਤ ਹੋ ਰਹੀਆਂ ਸਿਹਤ ਸੇਵਾਵਾਂ ਬਾਰੇ ਜਾਣੂ ਕਰਵਾਇਆ ਗਿਆ ਤੇ ਜਲਦ ਦਖ਼ਲ ਦੇ ਕੇ ਮਸਲੇ ਦਾ ਹੱਲ ਕਰਨ ਦੀ ਅਪੀਲ ਕੀਤੀ ਗਈ। ਆਗੂ ਨੇ ਕਿਹਾ ਕਿ 22 ਜੂਨ ਤੋਂ ਸ਼ੁਰੂ ਹੋਈ ਹੜਤਾਲ ਕਾਰਨ ਪੰਜਾਬ ਭਰ ਵਿੱਚ ਸਿਹਤ ਸੇਵਾਵਾਂ ਪ੍ਰਭਾਵਿਤ ਹੋ ਰਹੀਆਂ ਹਨ, ਪ੍ਰੰਤੂ ਸਰਕਾਰ ਵੱਲੋਂ ਅਜੇ ਤੱਕ ਕੋਈ ਠੋਸ ਪਹਿਲ ਨਹੀਂ ਕੀਤੀ ਗਈ। ਮੁਲਾਜ਼ਮਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਮੰਗਾਂ ਦੇ ਹੱਲ ਲਈ ਕੋਈ ਸਕਾਰਾਤਮਕ ਕਦਮ ਨਾ ਚੁੱਕਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ 2 ਜੁਲਾਈ 2026 ਨੂੰ ਮੁੱਖ ਮੰਤਰੀ ਪੰਜਾਬ ਜੀ ਦੀ ਰਿਹਾਇਸ਼ ਸੰਗਰੂਰ ਵਿਖੇ ਸੂਬਾ ਪੱਧਰੀ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਵਿੱਚ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਤੋਂ ਐੱਨ.ਐੱਚ.ਐੱਮ. ਮੁਲਾਜ਼ਮ ਤੇ ਕਮਿਊਨਿਟੀ ਹੈਲਥ ਅਫ਼ਸਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।

# ਮਮਦੋਟ ਚੋਣਾਂ 'ਚ ਨਾਮਜ਼ਦਗੀ ਦੇ ਆਖਰੀ ਦਿਨ ਚੱਲੀਆਂ ਅੰਨ੍ਹੇਵਾਹ ਗੋਲੀਆਂ, 4 ਜ਼ਖ਼ਮੀ

## ਵਿਰੋਧੀ ਪਾਰਟੀਆਂ ਵੱਲੋਂ ਗੁੰਡਾਗਰਦੀ ਦੇ ਇਲਜ਼ਾਮ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਗਰ ਪੰਚਾਇਤ ਮਮਦੋਟ ਦੀਆਂ ਚੋਣਾਂ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਦੇ ਆਖਰੀ ਦਿਨ ਉਸ ਵੇਲੇ ਮਾਹੌਲ ਤਣਾਅਪੂਰਨ ਹੋ ਗਿਆ, ਜਦੋਂ ਵੱਖ-ਵੱਖ ਸਿਆਸੀ ਪਾਰਟੀਆਂ ਦੇ ਸਮਰਥਕਾਂ ਵਿਚਾਲੇ ਹੋਈ ਤਕਰਾਰ ਖੂਨੀ ਹਿੰਸਾ ਵਿੱਚ ਬਦਲ ਗਈ। ਇਸ ਦੌਰਾਨ ਹੋਈ ਅੰਨ੍ਹੇਵਾਹ ਫਾਇਰਿੰਗ ਵਿੱਚ ਚਾਰ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਹੈ ਤੇ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ। ਨਗਰ ਪੰਚਾਇਤ ਚੋਣਾਂ ਦੇ ਆਖਰੀ ਦਿਨ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਦੇ ਉਮੀਦਵਾਰ ਆਪਣੇ ਕਾਗਜ਼ ਦਾਖਲ ਕਰਨ ਪਹੁੰਚੇ ਹੋਏ ਸਨ। ਇਸੇ ਦੌਰਾਨ ਮਾਮੂਲੀ ਬਹਿਸਬਾਜ਼ੀ ਤੋਂ ਬਾਅਦ ਹਿੰਸਕ ਝੜਪ ਸ਼ੁਰੂ ਹੋ ਗਈ। ਪੀੜਤ ਧਿਰ ਦੇ ਆਗੂ ਨੇ ਦੋਸ਼ ਲਗਾਇਆ ਕਿ ਆਸ਼ੂ ਬਾਂਗੜ, ਦਲਜੀਤ ਬਾਬਾ ਤੇ ਉਨ੍ਹਾਂ ਦੇ ਸਾਥੀਆਂ ਨੇ ਉੱਥੇ ਆ ਕੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਆਪਣੀ ਸਿਆਸੀ ਧੌਂਸ ਜਮਾਉਣ ਤੇ ਗੁੰਡਾਗਰਦੀ ਸਾਬਿਤ ਕਰਨ ਲਈ ਇਸ ਹੱਦ ਤੱਕ ਗਿਰ ਗਈ ਕਿ ਉਨ੍ਹਾਂ ਨੇ ਜਾਨੋਂ ਮਾਰਨ ਦੀ ਨੀਅਤ ਨਾਲ ਫਾਇਰਿੰਗ ਕੀਤੀ। ਉਨ੍ਹਾਂ ਦਾਅਵਾ ਕੀਤਾ ਕਿ ਉਨ੍ਹਾਂ ਦੇ ਚਾਰ ਬੰਦੇ ਜ਼ਖ਼ਮੀ ਹੋਏ ਹਨ, ਜਿਨ੍ਹਾਂ ਕੋਲ ਘਟਨਾ ਦੀਆਂ ਵੀਡੀਓਜ਼ ਵੀ ਮੌਜੂਦ ਹਨ। ਦੂਜੇ ਪਾਸੇ ਵਿਰੋਧੀ ਪਾਰਟੀਆਂ ਨੇ ਇਨ੍ਹਾਂ ਦੋਸ਼ਾਂ ਨੂੰ ਨਕਾਰਦਿਆਂ ਉਲਟਾ ਦੂਜੀ ਧਿਰ 'ਤੇ ਹੀ ਹਮਲਾ ਕਰਨ ਤੇ ਖੁਦ ਨੂੰ ਸੱਟਾਂ ਮਾਰਨ ਦਾ ਡਰਾਮਾ ਕਰਨ ਦੇ ਇਲਜ਼ਾਮ ਲਗਾਏ ਹਨ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਸ ਪ੍ਰਸ਼ਾਸਨ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਨੂੰ ਕੰਟਰੋਲ ਵਿੱਚ ਲਿਆ। ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਮੌਕੇ ਤੋਂ ਦੋ-ਤਿੰਨ ਪਿਸਤੌਲਾਂ ਤੇ ਨਜਾਇਜ਼ ਹਥਿਆਰਾਂ ਸਮੇਤ ਕੁਝ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਹੈ। ਪੀੜਤ ਧਿਰ ਨੇ ਇਸ ਮਾਮਲੇ ਸਬੰਧੀ ਪੁਲਸ ਕੋਲ ਲਿਖਤੀ ਸ਼ਿਕਾਇਤ ਦਰਜ ਕਰਵਾਈ ਹੈ। ਇਸ ਦੌਰਾਨ ਜਦੋਂ ਹਸਪਤਾਲ ਦੇ ਡਾਕਟਰਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਮਨਪ੍ਰੀਤ ਸਿੰਘ ਤੇ ਜਤਿੰਦਰ ਸਿੰਘ ਨਾਮ ਦੇ ਦੋ ਮਰੀਜ਼ਾਂ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਆਂਦਾ ਗਿਆ ਸੀ। ਦੋਵਾਂ ਨੂੰ ਗੋਲੀਆਂ ਲੱਗੀਆਂ ਹੋਈਆਂ ਸਨ। ਮਨਪ੍ਰੀਤ ਸਿੰਘ ਦੀ ਹਾਲਤ ਬੇਹੱਦ ਨਾਜ਼ੁਕ ਹੋਣ ਕਾਰਨ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਉਸ ਨੂੰ ਬਿਹਤਰ ਇਲਾਜ ਲਈ ਫਰੀਦਕੋਟ ਮੈਡੀਕਲ ਕਾਲਜ ਰੈਫਰ ਕਰ ਦਿੱਤਾ ਗਿਆ ਹੈ। ਪੁਲਸ ਹੁਣ ਹਸਪਤਾਲ ਦੇ ਬਿਆਨਾਂ ਤੇ ਵੀਡੀਓ ਫੁਟੇਜ ਦੇ ਆਧਾਰ 'ਤੇ ਅਗਲੇਰੀ ਕਾਰਵਾਈ ਕਰ ਰਹੀ ਹੈ।

# 2600 ਅਪ੍ਰੈਂਟਿਸ ਯੂਨੀਅਨ ਵੱਲੋਂ ਸਰਕਾਰ ਵਿਰੁੱਧ ਜ਼ੋਰਦਾਰ ਵਿਖਾਵਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿਛਲੇ ਇਕ ਮਹੀਨੇ ਤੋਂ ਸੰਘਰਸ਼ ਕਰ ਰਹੀ 2600 ਅਪ੍ਰੈਂਟਿਸ ਯੂਨੀਅਨ ਨੇ ਪਾਵਰਕਾਮ ਦੇ ਮੁੱਖ ਦਫ਼ਤਰ ਦੇ ਦੋਵੇਂ ਗੇਟ ਮੁੜ ਬੰਦ ਕਰ ਦਿੱਤੇ, ਜਿਸ ਨਾਲ ਛੁੱਟੀ ਹੋਣ ਵੇਲੇ ਪਾਵਰਕਾਮ ਦੇ ਅਧਿਕਾਰੀ ਤੇ ਕਰਮਚਾਰੀ ਅੰਦਰ ਹੀ ਤੜੇ ਰਹੇ ਤੇ ਗੇਟ ਖੁੱਲ੍ਹਣ ਦਾ ਇੰਤਜ਼ਾਰ ਕਰਦੇ ਰਹੇ।ਲੰਬੇ ਸਮੇਂ ਦੀ ਮੁਸ਼ੱਕਤ ਉਪਰੰਤ ਪੁਲਸ ਅਧਿਕਾਰੀਆਂ ਨੇ ਧਰਨਾਕਾਰੀਆਂ ਨਾਲ ਗੱਲਬਾਤ ਕਰਦਿਆਂ ਗੇਟ ਦਾ ਕੁਝ ਹਿੱਸਾ ਖੋਲ੍ਹ ਦਿੱਤਾ, ਜਿਸ ਨਾਲ ਪੈਦਲ ਲੰਘਣ ਵਾਲੇ ਮੁਲਾਜ਼ਮ ਬਾਹਰ ਨਿਕਲੇ ਪਰ ਵਾਹਨਾਂ 'ਤੇ ਆਉਣ ਵਾਲੇ ਅਧਿਕਾਰੀ ਤੇ ਕਰਮਚਾਰੀ ਧਰਨਾ ਚੁੱਕਣ ਦਾ ਇੰਤਜ਼ਾਰ ਕਰਦੇ ਰਹੇ।ਇਸ ਮੌਕੇ ਕਰਮਚਾਰੀਆਂ ਤੇ ਧਰਨਾਕਾਰੀਆਂ ਵਿਚਕਾਰ ਤਲਖੀ ਵੀ ਹੋਈ।ਇਸ ਰੋਸ ਪ੍ਰਦਰਸ਼ਨ ਦੌਰਾਨ ਸ਼ੇਰਾਂ ਵਾਲਾ ਗੇਟ ਤੋਂ ਸ਼ਹਿਰ ਵੱਲ ਜਾਣ ਵਾਲੇ ਰਸਤੇ ਬੰਦ ਹੋਣ ਕਾਰਨ ਸ਼ਹਿਰ ਦੇ ਅੰਦਰੂਨੀ ਚੌਕ 'ਚ ਜਾਮ ਲੱਗਾ ਰਿਹਾ, ਜਿਸ ਨਾਲ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਵੀ ਕਰਨਾ ਪਿਆ।ਯੂਨੀਅਨ ਆਗੂਆਂ ਤੇ ਮੈਂਬਰਾਂ ਨੇ ਪਾਵਰਕਾਮ ਪ੍ਰਬੰਧਨ ਤੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਆਪਣਾ ਰੋਸ ਪ੍ਰਗਟਾਇਆ।ਮੈਨੇਜਮੈਂਟ ਨਾਲ ਗੱਲਬਾਤ ਹੋਣ ਉਪਰੰਤ ਦੂਜਾ ਗੇਟ ਖੋਲ੍ਹ ਦਿੱਤਾ ਗਿਆ।ਇਸ ਮੌਕੇ ਯੂਨੀਅਨ ਦੇ ਪ੍ਰਧਾਨ ਸੁਰਿੰਦਰ ਸਿੰਘ ਨੇ ਦੂਜਾ ਗੇਟ ਬੰਦ ਕਰਨ ਤੋਂ ਪਹਿਲਾਂ ਇਕ ਵੀਡੀਓ ਜਾਰੀ ਕਰਦਿਆਂ ਜਾਣਕਾਰੀ ਦਿੱਤੀ ਕਿ ਉਨ੍ਹਾਂ ਨੂੰ ਵਾਰ ਵਾਰ ਲਾਰੇ ਲਗਾ ਕੇ ਟਾਈਮ ਟਪਾਇਆ ਜਾ ਰਿਹਾ ਹੈ, ਜਿਸ ਕਾਰਨ ਅੱਜ ਉਹ ਮੁੜ ਤੋਂ ਗੇਟ ਬੰਦ ਕਰਨਗੇ ਤੇ ਜੇਕਰ ਪ੍ਰਸ਼ਾਸਨ ਸਖਤਾਈ ਕਰਦਾ ਹੈ ਤਾਂ ਪਹਿਲਾਂ ਦੀ ਤਰ੍ਹਾਂ ਉਥੇ ਬੈਠ ਕੇ ਡਾਂਗਾਂ ਖਾਈ ਜਾਣਗੇ ਤੇ ਉਨ੍ਹਾਂ ਦਾ ਧਰਨਾ ਸ਼ਾਂਤਮਈ ਰਹੇਗਾ।ਉਨ੍ਹਾਂ ਆਖਿਆ ਕਿ ਟਾਵਰ 'ਤੇ ਬੈਠੇ ਨੌਜਵਾਨਾਂ ਨੂੰ ਵੀ ਅਸੀਂ ਬੀਤੇ ਕੱਲ੍ਹ ਜ਼ਿਲ੍ਹਾ ਪ੍ਰਸ਼ਾਸਨ ਦੇ ਭਰੋਸੇ 'ਤੇ ਉੱਥੋਂ ਉਤਾਰ ਕੇ ਇਥੇ ਧਰਨੇ ਵਾਲੀ ਥਾਂ ਤੋਂ ਲੈ ਆਏ ਸੀ ਤੇ ਮੈਨੇਜਮੈਂਟ ਨੇ ਦੇਰ ਰਾਤ ਨੋਟੀਫਿਕੇਸ਼ਨ ਜਾਰੀ ਹੋ ਜਾਵੇਗਾ, ਪਰ ਇੱਕ ਵਜੇ ਤੱਕ ਕਈ ਨੋਟੀਫਿਕੇਸ਼ਨ ਜਾਰੀ ਨਹੀਂ ਹੋਇਆ ਤੇ ਲਾਰੇ ਹੀ ਲਾਏ ਜਾ ਰਹੇ ਹਨ, ਜਿਸ ਕਾਰਨ ਮਜਬੂਰ ਹੋ ਕੇ ਸੰਘਰਸ਼ ਮੁੜ ਤੋਂ ਹੋਰ ਤੇਜ਼ ਕਰਨਾ ਪਿਆ ਹੈ।ਪ੍ਰਦਰਸ਼ਨਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗ ਨੂੰ ਜਲਦੀ ਪੂਰਾ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ।ਨਿੱਤ ਦਿਨ ਦੇ ਧਰਨਿਆਂ ਤੋਂ ਸ਼ਹਿਰ ਵਾਸੀ ਪ੍ਰੇਸ਼ਾਨ ਪਾਵਰਕਾਮ ਦੇ ਮੁੱਖ ਦਫ਼ਤਰ ਸਾਹਮਣੇ ਆਈਟੀਆਈ ਪਾਸ ਬੇਰੁਜ਼ਗਾਰ ਨੌਜਵਾਨਾਂ, ਮ੍ਰਿਤਕ ਕਰਮਚਾਰੀਆਂ ਦੇ ਆਸ਼ਰਿਤਾਂ, ਠੇਕਾ ਮੁਲਾਜ਼ਮ ਤਾਲਮੇਲ ਸੰਘਰਸ਼ ਕਮੇਟੀ ਤੇ 2600 ਅਪ੍ਰੈਂਟਿਸ ਯੂਨੀਅਨ ਵੱਲੋਂ ਪਿਛਲੇ ਕਈ ਦਿਨਾਂ ਤੋਂ ਪੱਕਾ ਮੋਰਚਾ ਲਗਾਇਆ ਹੋਇਆ ਹੈ, ਜਦੋਂਕਿ ਬੀਤੇ ਦਿਨ ਪਾਵਰਕਾਮ ਦੇ ਆਊਟ ਸੋਰਸ ਮੀਟਰ ਰੀਡਰਾਂ ਵੱਲੋਂ ਫੁਹਾਰਾ ਚੌਕ ਘੇਰ ਕੇ ਜਾਮ ਲਗਾਇਆ ਗਿਆ ਸੀ।ਪਾਵਰਕਾਮ ਦੇ ਮੁੱਖ ਦਫ਼ਤਰ ਸਾਹਮਣੇ ਲੱਗੇ ਧਰਨੇ ਕਾਰਨ ਮਾਲ ਰੋਡ ਬੰਦ ਹੋਣ ਕਾਰਨ ਸਾਰੀ ਟ੍ਰੈਫਿਕ ਨੂੰ ਸ਼ਹਿਰ ਦੇ ਅੰਦਰੂਨੀ ਹਿੱਸਿਆਂ 'ਚੋਂ ਲੰਘਣ ਕਾਰਨ ਲੱਗਦੇ ਜਾਮ ਨਾਲ ਸ਼ਹਿਰ ਵਾਸੀ ਡਾਢੇ ਪ੍ਰੇਸ਼ਾਨ ਹਨ।ਲੋਕਾਂ ਦੀ ਮੰਗ ਹੈ ਕਿ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਧਰਨਾਕਾਰੀ ਮੁਲਾਜ਼ਮਾਂ ਨਾਲ ਗੱਲਬਾਤ ਕਰਕੇ ਮਸਲੇ ਹੱਲ ਕਰੇ ਜਾਂ ਧਰਨੇ ਲਗਾਉਣ ਲਈ ਕੋਈ ਥਾਂ ਨਿਰਧਾਰਤ ਕਰੇ ਤਾਂ ਕਿ ਆਮ ਲੋਕਾਂ ਨੂੰ ਕੋਈ ਮੁਸ਼ਕਲ ਨਾ ਆਵੇ।

# ਤਰੁਣ ਚੁੱਘ ਦਾ ਭਾਜਪਾ ਵਰਕਰਾਂ ਵੱਲੋਂ ਨਿੱਘਾ ਸਵਾਗਤ

## ਤਰੁਣ ਚੁੱਘ ਇੱਕ ਤਜਰਬੇਕਾਰ, ਦੂਰਅੰਦੇਸ਼ੀ ਤੇ ਲੋਕਪ੍ਰਿਆ ਆਗੂ : ਵਿਜੈ ਸ਼ਰਮਾ, ਐਡਵੋਕੇਟ ਅਗਰਵਾਲ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਨਵ-ਨਿਯੁਕਤ ਰਾਜ ਸਭਾ ਮੈਂਬਰ ਤਰੁਣ ਚੁੱਘ ਦਾ ਮੋਗਾ ਪਹੁੰਚਣ 'ਤੇ ਭਾਜਪਾ ਆਗੂਆਂ ਤੇ ਵਰਕਰਾਂ ਵੱਲੋਂ ਨਿੱਘਾ ਤੇ ਸ਼ਾਨਦਾਰ ਸਵਾਗਤ ਕੀਤਾ ਗਿਆ।ਸਵਾਗਤੀ ਸਮਾਗਮ ਦੌਰਾਨ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਵਿਜੇ ਸ਼ਰਮਾ ਤੇ ਪੰਜਾਬ ਆਰ.ਟੀ.ਆਈ. ਸੈੱਲ ਦੇ ਵਾਈਸ ਪ੍ਰਧਾਨ ਐਡਵੋਕੇਟ ਅਮਿਤ ਅਗਰਵਾਲ ਨੇ ਵਿਸ਼ੇਸ਼ ਤੌਰ 'ਤੇ ਤਰੁਣ ਚੁੱਘ ਦਾ ਸਨਮਾਨ ਕੀਤਾ।ਇਸ ਮੌਕੇ ਹੋਈ ਵਿਸ਼ੇਸ਼ ਮੀਟਿੰਗ ਦੌਰਾਨ ਪੰਜਾਬ ਦੇ ਮੌਜੂਦਾ ਰਾਜਨੀਤਕ ਹਾਲਾਤਾਂ, ਪਾਰਟੀ ਦੀ ਸੰਗਠਨਾਤਮਕ ਮਜ਼ਬੂਤੀ ਤੇ ਸਾਲ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਤਰੁਣ ਚੁੱਘ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਲਗਾਤਾਰ ਆਪਣਾ ਜਨ-ਅਧਾਰ ਮਜ਼ਬੂਤ ਕਰ ਰਹੀ ਹੈ ਤੇ ਸੂਬੇ ਦੇ ਲੋਕ ਰਵਾਇਤੀ ਰਾਜਨੀਤਕ ਪਾਰਟੀਆਂ ਤੋਂ ਨਿਰਾਸ਼ ਹੋ ਕੇ ਭਾਜਪਾ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨਾਲ ਵੱਡੀ ਗਿਣਤੀ ਵਿੱਚ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਵੱਲੋਂ ਦੇਸ਼ ਦੇ ਵਿਕਾਸ ਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਇਤਿਹਾਸਕ ਕੰਮਾਂ ਦਾ ਪ੍ਰਭਾਵ ਪੰਜਾਬ ਵਿੱਚ ਵੀ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਿਹਾ ਹੈ।ਤਰੁਣ ਚੁੱਘ ਨੇ ਕਿਹਾ ਕਿ ਪੰਜਾਬ ਦੇ ਨੌਜਵਾਨ, ਕਿਸਾਨ, ਵਪਾਰੀ, ਮਹਿਲਾਵਾਂ ਤੇ ਸਮਾਜ ਦੇ ਹਰ ਵਰਗ ਦੇ ਲੋਕ ਭਾਜਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਪਹਿਲਾਂ ਨਾਲੋਂ ਵਧੇਰੇ ਮਜ਼ਬੂਤੀ ਨਾਲ ਮੈਦਾਨ ਵਿੱਚ ਉਤਰੇਗੀ ਤੇ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਨਵਾਂ ਵਿਕਲਪ ਬਣ ਕੇ ਉਭਰੇਗੀ।ਇਸ ਮੌਕੇ ਸਾਬਕਾ ਜ਼ਿਲ੍ਹਾ ਪ੍ਰਧਾਨ ਵਿਜੇ ਸ਼ਰਮਾ ਅਤੇ ਐਡਵੋਕੇਟ ਅਮਿਤ ਅਗਰਵਾਲ ਨੇ ਕਿਹਾ ਕਿ ਤਰੁਣ ਚੁੱਘ ਨੂੰ ਰਾਜ ਸਭਾ ਮੈਂਬਰ ਬਣਾਇਆ ਜਾਣਾ ਪੰਜਾਬ ਲਈ ਮਾਣ ਤੇ ਖੁਸ਼ੀ ਦੀ ਗੱਲ ਹੈ।ਉਨ੍ਹਾਂ ਕਿਹਾ ਕਿ ਤਰੁਣ ਚੁੱਘ ਇੱਕ ਤਜਰਬੇਕਾਰ, ਦੂਰਅੰਦੇਸ਼ ਤੇ ਲੋਕਪ੍ਰਿਯ ਆਗੂ ਹਨ, ਜਿਨ੍ਹਾਂ ਨੇ ਹਮੇਸ਼ਾ ਪਾਰਟੀ ਨੂੰ ਮਜ਼ਬੂਤ ਕਰਨ ਲਈ ਅਹਿਮ ਭੂਮਿਕਾ ਨਿਭਾਈ ਹੈ।ਉਨ੍ਹਾਂ ਦੇ ਰਾਜ ਸਭਾ ਵਿੱਚ ਜਾਣ ਨਾਲ ਪੰਜਾਬ ਦੇ ਮੁੱਦਿਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਦਾ ਮੌਕਾ ਮਿਲੇਗਾ। ਆਗੂਆਂ ਨੇ ਕਿਹਾ ਕਿ ਤਰੁਣ ਚੁੱਘ ਦੀ ਅਗਵਾਈ ਤੇ ਕੇਂਦਰੀ ਲੀਡਰਸ਼ਿਪ ਦੇ ਮਾਰਗਦਰਸ਼ਨ ਹੇਠ ਪੰਜਾਬ ਵਿੱਚ ਭਾਜਪਾ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਵਿਸ਼ਵਾਸ ਜਤਾਇਆ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਇੱਕ ਮਜ਼ਬੂਤ ਰਾਜਨੀਤਕ ਤਾਕਤ ਵਜੋਂ ਉਭਰੇਗੀ ਤੇ ਪੰਜਾਬ ਦੀ ਸਿਆਸਤ ਵਿੱਚ ਅਹਿਮ ਭੂਮਿਕਾ ਨਿਭਾਏਗੀ।ਇਸ ਮੌਕੇ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।



# ਜ਼ਿਲ੍ਹਾ ਮੁੱਖ ਖੇਤੀਬਾੜੀ ਅਫ਼ਸਰ ਸੁਖਪਾਲ ਸਿੰਘ ਗਿੱਲ ਦਾ ਸਨਮਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਜ਼ਿਲ੍ਹਾ ਮੁੱਖ ਖੇਤੀਬਾੜੀ ਅਫ਼ਸਰ ਸੁਖਪਾਲ ਸਿੰਘ ਗਿੱਲ ਚੰਨਣਵਾਲ ਨੂੰ ਬਲਵਿੰਦਰ ਸਿੰਘ ਫੌਜੀ ਤੇ ਸਾਥੀਆਂ ਵੱਲੋਂ ਗੁਲਦਸਤਾ ਭੇਟ ਕਰਕੇ ਵਧਾਈ ਦਿੰਦਿਆਂ ਉਨ੍ਹਾਂ ਦੇ ਕਾਰਜਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਬਲਵਿੰਦਰ ਸਿੰਘ ਰਾਜਾ ਨੇ ਕਿਹਾ ਕਿ ਸੁਖਪਾਲ ਸਿੰਘ ਗਿੱਲ ਨੇ ਖੇਤੀਬਾੜੀ ਵਿਭਾਗ ਵਿੱਚ ਵੱਖ-ਵੱਖ ਅਹੁਦਿਆਂ 'ਤੇ ਰਹਿੰਦਿਆਂ ਹਮੇਸ਼ਾ ਕਿਸਾਨਾਂ ਦੀ ਭਲਾਈ ਨੂੰ ਪਹਿਲ ਦਿੱਤੀ।ਡਾ: ਗਿੱਲ ਨੇ ਸਨਮਾਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਹ ਕਿਸਾਨਾਂ ਦੀ ਸੇਵਾ ਤੇ ਖੇਤੀਬਾੜੀ ਦੇ ਵਿਕਾਸ ਲਈ ਪਹਿਲਾਂ ਵਾਂਗ ਹੀ ਪੂਰੀ ਤਨਦੇਹੀ ਨਾਲ ਕੰਮ ਕਰਦੇ ਰਹਿਣਗੇ।ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਦੀਆਂ ਸਕੀਮਾਂ ਤੇ ਨਵੀਆਂ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾ ਕੇ ਉਨ੍ਹਾਂ ਦੀ ਆਮਦਨ ਵਧਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ।ਇਸ ਮੌਕੇ ਪ੍ਰਧਾਨ ਗੁਰਜਨਕ ਸਿੰਘ ਮਠਾੜੂ, ਨਵਜੋਤ ਸਿੰਘ ਸਿੱਧੂ ਆਦਿ ਹਾਜ਼ਰ ਸਨ।

# ਸੰਧਵਾਂ ਤੇ ਡਾ. ਰਵਜੋਤ ਵੱਲੋਂ ਕੇਂਦਰੀ ਜੇਲ੍ਹ 'ਚ ਲਾਇਬ੍ਰੇਰੀ ਤੇ 'ਰੇਡੀਓ ਉਜਾਲਾ' ਦਾ ਉਦਘਾਟਨ



**ਫ਼ਰੀਦਕੋਟ (ਬੇਦੀ, ਡਿਸੂਜਾ)**

ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਤੇ ਕੈਬਨਿਟ ਮੰਤਰੀ (ਜੇਲ੍ਹਾਂ) ਡਾ. ਰਵਜੋਤ ਸਿੰਘ ਨੇ ਕੇਂਦਰੀ ਜੇਲ੍ਹ ਵਿਖੇ ਨਵੀਂ ਸਥਾਪਤ ਕੀਤੀ ਗਈ ਪੁਸਤਕ ਲਾਇਬ੍ਰੇਰੀ ਅਤੇ 'ਰੇਡੀਓ ਉਜਾਲਾ' ਦਾ ਉਦਘਾਟਨ ਕੀਤਾ।ਵਿਧਾਇਕ ਗੁਰਦਿੱਤ ਸਿੰਘ ਸੇਖੋਂ, ਡੀ.ਆਈ.ਜੀ ਸੁਰਿੰਦਰ ਸਿੰਘ ਮੰਡ ਆਈ.ਪੀ.ਐਸ. ਤੇ ਡਿਪਟੀ ਕਮਿਸ਼ਨਰ ਫਰੀਦਕੋਟ ਸ੍ਰੀ ਰਾਹੁਲ ਚਾਬਾ ਵੀ ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਉਸਾਰੂ ਅਤੇ ਉੱਚੀ ਸੋਚ ਤਹਿਤ ਪੰਜਾਬ ਦੀਆਂ ਜੇਲ੍ਹਾਂ ਵਿੱਚ ਕੈਦੀਆਂ ਦੇ ਜੀਵਨ ਵਿੱਚ ਸੁਧਾਰ ਅਤੇ ਅੱਗੇ ਭਵਿੱਖ ਵਧੀਆ ਬਣਾਉਣ ਲਈ ਵੱਖ-ਵੱਖ ਸੁਧਾਰ ਵਾਲੇ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਲਾਇਬ੍ਰੇਰੀ ਅਤੇ ਰੇਡੀਓ ਵਰਗੀਆਂ ਸਹੂਲਤਾਂ ਕੈਦੀਆਂ ਨੂੰ ਗਿਆਨ, ਸਿੱਖਿਆ ਅਤੇ ਮਨੋਰੰਜਨ ਦੇ ਨਾਲ-ਨਾਲ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।ਉਨ੍ਹਾਂ ਕਿਹਾ ਕਿ 'ਰੇਡੀਓ ਉਜਾਲਾ' ਕੈਦੀਆਂ ਲਈ ਜਾਣਕਾਰੀ, ਪ੍ਰੇਰਣਾ ਦਾ ਸਰੋਤ ਸਾਬਤ ਹੋਵੇਗਾ, ਜਦੋਂਕਿ ਲਾਇਬ੍ਰੇਰੀ ਉਨ੍ਹਾਂ ਵਿੱਚ ਪੜ੍ਹਨ ਦੀ ਰੁਚੀ ਵਿੱਚ ਵਾਧਾ ਕਰੇਗੀ।ਉਨ੍ਹਾਂ ਕੈਦੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਜੇਲ੍ਹ ਤੋਂ ਬਾਹਰ ਨਿਕਲਣ ਉਪਰੰਤ ਇੱਕ ਨਵੀਂ ਅਤੇ ਬਿਹਤਰ ਜ਼ਿੰਦਗੀ ਦੀ ਸ਼ੁਰੂਆਤ ਕਰਨ।ਕੈਬਨਿਟ ਮੰਤਰੀ ਜੇਲ੍ਹਾਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਜੇਲ੍ਹਾਂ ਨੂੰ ਸਿਰਫ਼ ਸਜ਼ਾ ਦੇ ਸਥਾਨ ਵਜੋਂ ਨਹੀਂ, ਸਗੋਂ ਸੁਧਾਰ ਘਰਾਂ ਵਜੋਂ ਦੇਖਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਕੈਦੀਆਂ ਨੂੰ ਇੱਥੇ ਆਪਣੀ ਜ਼ਿੰਦਗੀ ਬਾਰੇ ਮੁੜ ਵਿਚਾਰ ਕਰਨ, ਆਪਣੇ ਹਾਲਾਤਾਂ ਨੂੰ ਸਮਝਣ ਅਤੇ ਆਪਣੇ ਆਪ ਵਿੱਚ ਸੁਧਾਰ ਲਿਆਉਣ ਦਾ ਮੌਕਾ ਮਿਲਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਵੀ ਇਹੀ ਹੈ ਕਿ ਜੇਲ੍ਹਾਂ ਵਿੱਚ ਅਜਿਹਾ ਮਾਹੌਲ ਸਿਰਜਿਆ ਜਾਵੇ, ਜਿੱਥੇ ਕੈਦੀ ਆਪਣੀ ਜ਼ਿੰਦਗੀ ਨੂੰ ਚੰਗੀ ਦਿਸ਼ਾ ਵੱਲ ਮੋੜ ਸਕਣ।ਡਾ. ਰਵਜੋਤ ਸਿੰਘ ਨੇ ਅੱਗੇ ਕਿਹਾ ਕਿ ਅੱਜ ਲਾਇਬ੍ਰੇਰੀ ਅਤੇ 'ਰੇਡੀਓ ਉਜਾਲਾ' ਵਰਗੀਆਂ ਪਹਿਲਾਂ ਇਸੇ ਉਦੇਸ਼ ਨੂੰ ਅੱਗੇ ਵਧਾਉਣ ਲਈ ਸ਼ੁਰੂ ਕੀਤੀਆਂ ਗਈਆਂ ਹਨ।ਇਹ ਸਹੂਲਤਾਂ ਕੈਦੀਆਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਮੁੜ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਜੇਲ੍ਹਾਂ ਨੂੰ ਸੁਧਾਰ ਘਰ ਇਸ ਲਈ ਕਿਹਾ ਜਾਂਦਾ ਹੈ, ਕਿਉਂਕਿ ਬਹੁਤ ਸਾਰੇ ਲੋਕ ਬਾਅਦ ਵਿੱਚੋ ਇੱਥੋਂ ਨਿਕਲ ਕੇ ਚੰਗੇ ਕੰਮ ਕਰਕੇ ਸਮਾਜ ਵਿੱਚ ਅਹਿਮ ਸਥਾਨ ਬਣਾਉਂਦੇ ਹਨ।ਉਨ੍ਹਾਂ ਕਿਹਾ ਕਿ ਜੇਲ੍ਹ ਵਿੱਚ ਕੈਦੀਆਂ ਲਈ ਲਾਇਬ੍ਰੇਰੀ ਖੋਲ੍ਹਣ ਦਾ ਇੱਕੋਂ ਇੱਕ ਮਕਸਦ ਉਨ੍ਹਾਂ ਦੇ ਭਵਿੱਖ ਨੂੰ ਉੱਜਵਲ ਤੇ ਰੋਸ਼ਨ ਕਰਨਾ ਹੈ।ਉਨ੍ਹਾਂ ਜੇਲ੍ਹ ਵਿੱਚ ਬੰਦ ਕੈਦੀਆਂ ਨੂੰ ਕਿਹਾ ਕਿ ਇਸ ਸਮੇਂ ਦਾ ਸਹੀ ਉਪਯੋਗ ਕਿਵੇ ਕਰਨਾ ਹੈ ਇਹ ਉਨ੍ਹਾਂ ਦੇ ਹੱਥ ਵਿੱਚ ਹੈ।ਉਨ੍ਹਾਂ ਕਿਹਾ ਕਿ ਉਹ ਲਾਇਬ੍ਰੇਰੀ ਵਿੱਚੋਂ ਪੜ੍ਹ ਕੇ ਆਪਣਾ ਭਵਿੱਖ ਸੰਵਾਰ ਸਕਦੇ ਹਨ।ਇਸ ਦੌਰਾਨ ਕੈਦੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਤਹਿਤ ਕੈਦੀਆਂ ਵੱਲੋਂ ਮਾਲਵਈ ਗਿੱਧਾ ਪੇਸ਼ ਕੀਤਾ ਗਿਆ ਤੇ ਪੰਜਾਬੀ ਗੀਤਾਂ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ ਗਿਆ।ਉਨ੍ਹਾਂ ਨਵੀਆਂ ਸਹੂਲਤਾਂ ਪ੍ਰਤੀ ਭਾਰੀ ਉਤਸ਼ਾਹ ਦਿਖਾਇਆ ਗਿਆ।

# ਵਣ ਮੰਡਲ ਅਫਸਰ ਖ਼ਿਲਾਫ਼ ਫਾਰੈਸਟ ਕਰਮਚਾਰੀਆਂ ਦਾ ਸੰਕੇਤਕ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਨਾਨ-ਗਜ਼ਟਿਡ ਫਾਰੈਸਟ ਅਫਸਰ ਯੂਨੀਅਨ ਵੱਲੋਂ ਫਿਰੋਜ਼ਪੁਰ ਸਰਕਲ ਅਧੀਨ ਦਫ਼ਤਰ ਵਣ ਮੰਡਲ ਅਫਸਰ ਸ੍ਰੀ ਮੁਕਤਸਰ ਸਾਹਿਬ ਦੇ ਬਾਹਰ ਸੰਕੇਤਕ ਧਰਨਾ ਲਗਾਇਆ ਗਿਆ।ਯੂਨੀਅਨ ਆਗੂਆਂ ਨੇ ਵਣ ਮੰਡਲ ਅਫਸਰ ਅਮ੍ਰਿਤਪਾਲ ਸਿੰਘ 'ਤੇ ਕਰਮਚਾਰੀਆਂ ਨਾਲ ਮਾੜਾ ਵਿਵਹਾਰ ਕਰਨ, ਅਣਉਚਿਤ ਸ਼ਬਦਾਵਲੀ ਵਰਤਣ ਤੇ ਕਰਮਚਾਰੀਆਂ ਨੂੰ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼ ਲਗਾਏ।

ਧਰਨਾਕਾਰੀਆਂ ਨੇ ਮੰਗ ਕੀਤੀ ਕਿ ਵਣ ਮੰਡਲ ਅਫਸਰ ਦੀ ਤੁਰੰਤ ਬਦਲੀ ਕੀਤੀ ਜਾਵੇ ਤੇ ਕਰਮਚਾਰੀਆਂ ਖ਼ਿਲਾਫ਼ ਜਾਰੀ ਕੀਤੇ ਗਏ ਕਥਿਤ ਮਾਰੂ ਪੱਤਰ ਵਾਪਸ ਲਏ ਜਾਣ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਉਦੋਂ ਤੱਕ 30 ਜੂਨ ਤੱਕ ਰੋਜ਼ਾਨਾ ਸਵੇਰੇ 9 ਵਜੇ ਤੋਂ ਦੁਪਹਿਰ 1:30 ਵਜੇ ਤੱਕ ਧਰਨਾ ਜਾਰੀ ਰਹੇਗਾ।ਧਰਨੇ ਨੂੰ ਸੂਬਾ ਤੇ ਵੱਖ-ਵੱਖ ਮੰਡਲਾਂ ਦੇ ਆਗੂਆਂ ਨੇ ਸੰਬੋਧਨ ਕੀਤਾ ਤੇ ਕਰਮਚਾਰੀਆਂ ਨਾਲ ਹੋ ਰਹੀਆਂ ਮੁਸ਼ਕਲਾਂ ਬਾਰੇ ਵਿਚਾਰ ਸਾਂਝੇ ਕੀਤੇ।

ਦੂਜੇ ਪਾਸੇ, ਵਣ ਮੰਡਲ ਅਫਸਰ ਅਮ੍ਰਿਤਪਾਲ ਸਿੰਘ ਨੇ ਆਪਣੇ ਉੱਪਰ ਲਗਾਏ ਗਏ ਸਾਰੇ ਦੋਸ਼ਾਂ ਨੂੰ ਰੱਦ ਕਰ ਦਿੱਤਾ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਦਰੱਖਤਾਂ ਦੀ ਗੈਰ-ਕਾਨੂੰਨੀ ਕਟਾਈ ਸਬੰਧੀ ਲਗਾਤਾਰ ਸ਼ਿਕਾਇਤਾਂ ਮਿਲਦੀਆਂ ਹਨ, ਜਿਸ ਕਾਰਨ ਦਰੱਖਤਾਂ ਦੀ ਸੁਰੱਖਿਆ ਲਈ ਸਖ਼ਤ ਕਦਮ ਚੁੱਕੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਕਰਮਚਾਰੀਆਂ ਨੂੰ ਸਿਰਫ਼ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾਉਣ ਲਈ ਕਿਹਾ ਜਾਂਦਾ ਹੈ ਤੇ ਮਹਿਲਾ ਕਰਮਚਾਰੀਆਂ ਨਾਲ ਸਬੰਧਤ ਲਗਾਏ ਗਏ ਦੋਸ਼ ਬੇਬੁਨਿਆਦ ਹਨ।ਫਿਲਹਾਲ ਯੂਨੀਅਨ ਤੇ ਵਿਭਾਗ ਵਿਚਾਲੇ ਟਕਰਾਅ ਜਾਰੀ ਹੈ ਤੇ ਮਾਮਲੇ ਦੇ ਹੱਲ ਲਈ ਕੋਈ ਸਹਿਮਤੀ ਨਹੀਂ ਬਣ ਸਕੀ।

# ਸੁਰ-ਆਂਗਨ ਵੱਲੋਂ ਆਯੋਜਿਤ ਅੰਤਰਰਾਸ਼ਟਰੀ ਸੰਗੀਤ ਦਿਵਸ ਸਮਾਗਮ 'ਚ ਕਲਾਕਾਰਾਂ ਨੇ ਬੰਨ੍ਹਿਆ ਰੰਗ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਸੰਗੀਤ ਅਤੇ ਸਾਹਿਤ ਨੂੰ ਸਮਰਪਿਤ ਪ੍ਰਮੁੱਖ ਸੰਸਥਾ 'ਸੁਰ-ਆਂਗਨ' ਵੱਲੋਂ ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਫ਼ਰੀਦਕੋਟ ਦੇ ਵਿਸ਼ੇਸ਼ ਸਹਿਯੋਗ ਨਾਲ 'ਅੰਤਰਰਾਸ਼ਟਰੀ ਸੰਗੀਤ ਦਿਵਸ' ਬੜੇ ਹੀ ਉਤਸ਼ਾਹ, ਕਲਾਤਮਕ ਅਤੇ ਸੰਗੀਤਿਕ ਮਾਹੌਲ ਵਿੱਚ ਮਨਾਇਆ ਗਿਆ। ਸਮਾਗਮ ਦਾ ਆਗਾਜ਼ ਸੁਰ-ਆਂਗਨ ਦੇ ਸੰਚਾਲਕ ਤੇ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਦੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਅਤੇ ਪ੍ਰੋ. ਅਰੁਣਾ ਰਣਦੇਵ ਵੱਲੋਂ ਸ਼ਮਾ ਰੌਸ਼ਨ ਕਰਕੇ ਕੀਤਾ ਗਿਆ।ਇਸ ਉਪਰੰਤ ਸੰਸਥਾ ਦੇ ਵਿਦਿਆਰਥੀਆਂ ਨੇ 'ਸੁਰ-ਆਂਗਨ ਦੀ ਧੁਨੀ' ਦਾ ਗਾਇਨ ਕੀਤਾ।ਸੰਸਥਾ ਦੇ ਸੰਚਾਲਕ ਡਾ. ਰਾਜੇਸ਼ ਮੋਹਨ ਨੇ ਦੱਸਿਆ ਕਿ ਸੁਰ-ਆਂਗਨ 2004 ਤੋਂ ਨਿਰੰਤਰ ਤੇ ਨਿਰਵਿਘਨ ਹਰੇਕ ਸਾਲ ਵਿਸ਼ਵ ਸੰਗੀਤ ਦਿਵਸ ਅਤੇ ਹੋਰ ਅਨੇਕਾਂ ਸਮਾਗਮ ਕਰਵਾਉਂਦੀ ਆ ਰਹੀ ਹੈ, ਜਿਸ ਵਿੱਚ ਇਲਾਕੇ ਦੇ ਯੁਵਾ ਕਲਾਕਾਰਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਮਿਲਦਾ ਹੈ।ਇਸ ਸਾਲ ਦਾ ਇਹ ਵਿਸ਼ੇਸ਼ ਸਮਾਗਮ ਕਲਾ ਜਗਤ ਤੋਂ ਵਿਛੜਨ ਵਾਲੀਆਂ ਤਿੰਨ ਮਹਾਨ ਹਸਤੀਆਂ-ਪਦਮ ਭੂਸ਼ਣ ਸੁਮਨ ਕਲਿਆਣਪੁਰ, ਪਦਮ ਵਿਭੂਸ਼ਣ ਆਸ਼ਾ ਭੌਂਸਲੇ ਅਤੇ ਪਦਮ ਸ਼੍ਰੀ ਡਾ. ਬਸ਼ੀਰ ਬਦਰ ਨੂੰ ਸਮਰਪਿਤ ਕੀਤਾ ਗਿਆ।ਸੰਸਥਾ ਵੱਲੋਂ ਇਹਨਾਂ ਮਹਾਨ ਸ਼ਖ਼ਸੀਅਤਾਂ ਦੀ ਸੰਗੀਤ ਅਤੇ ਸ਼ਾਇਰੀ ਦੇ ਖੇਤਰ ਵਿੱਚ ਪਾਏ ਵਡਮੁੱਲੇ ਯੋਗਦਾਨ 'ਤੇ ਵਿਸਥਾਰ ਪੂਰਵਕ ਚਰਚਾ ਕੀਤੀ ਗਈ।ਪ੍ਰੋ. ਅਰੁਣਾ ਰਣਦੇਵ ਨੇ ਸਰਸਵਤੀ ਵੰਦਨਾ ਨਾਲ ਅਤੇ ਸ਼੍ਰੀ ਅਨਿਲ ਗੁਪਤਾ ਨੇ ਪ੍ਰਸਿੱਧ ਫ਼ਿਲਮੀ ਗੀਤ ਨਾਲ ਸ਼ੁਰੂਆਤ ਕੀਤੀ।ਵੀਰਪਾਲ ਕੌਰ ਨੇ ਸੁਮਨ ਕਲਿਆਣਪੁਰ ਦਾ ਗੀਤ 'ਰਹੇ ਨਾ ਰਹੇ ਹਮ ਮਹਿਕਾ ਕਰੇਂਗੇ' ਅਤੇ ਸੀਨੀਅਰ ਕਲਾਕਾਰ ਸਰਬਜੀਤ ਨੇ ਆਸ਼ਾ ਭੌਂਸਲੇ ਦੀ ਗ਼ਜ਼ਲ 'ਇਨ ਆਖੋਂ ਕੀ ਮਸਤੀ ਕੇ' ਬਾਕਮਾਲ ਅੰਦਾਜ਼ ਵਿੱਚ ਗਾਈ।ਪ੍ਰਿੰਸੀਪਲ ਹਰਜੀਤ ਸਿੰਘ ਵੱਲੋਂ ਡਾ. ਬਸ਼ੀਰ ਬਦਰ ਦਾ ਪ੍ਰਸਿੱਧ ਕਲਾਮ 'ਮੁਝਸੇ ਬਿਛੜ ਕਰ ਖੁਸ਼ ਰਹਤੇ ਹੋ' ਅਤੇ ਅਰਸ਼ ਕਵੀਆ ਨੇ ਜਗਜੀਤ ਸਿੰਘ ਦੀ ਗ਼ਜ਼ਲ 'ਹੋਸ਼ ਵਾਲੋਂ ਕੋ ਖ਼ਬਰ ਕਿਆ' ਪੇਸ਼ ਕਰਕੇ ਸਰੋਤਿਆਂ ਨੂੰ ਮੰਤਰ-ਮੁਗਧ ਕੀਤਾ।ਡਾ. ਰਾਜੇਸ਼ ਮੋਹਨ, ਪ੍ਰੋ. ਪਿੱਪਲ ਸਿੰਘ, ਹਰਸ਼ਵਰਧਨ ਅਤੇ ਰਿਤੇਸ਼ ਨੇ ਵੱਖ-ਵੱਖ ਸਾਜ਼ਾਂ ਰਾਹੀਂ ਮਹਾਨ ਕਲਾਕਾਰਾਂ ਨੂੰ ਸਵਰਾਂ ਦੇ ਫੁੱਲ ਭੇਟ ਕੀਤੇ।ਪ੍ਰੋਗਰਾਮ ਦੇ ਦੂਜੇ ਹਿੱਸੇ ਵਿੱਚ ਨੌਜਵਾਨ ਕਲਾਕਾਰ ਅਮਨਪ੍ਰੀਤ ਨੇ ਲਗਭਗ 200 ਸਾਲ ਪੁਰਾਣੀ ਉਪ-ਸ਼ਾਸਤਰੀ ਸੰਗੀਤ ਦੀ ਵੰਨਗੀ 'ਬਨਾਰਸ ਦੀ ਕਜਰੀ' ਬਹੁਤ ਹੀ ਸ਼ਾਨਦਾਰ ਢੰਗ ਨਾਲ ਪੇਸ਼ ਕੀਤੀ।ਇਸ ਤੋਂ ਇਲਾਵਾ, ਸੋਸ਼ਲ ਮੀਡੀਆ 'ਤੇ ਚਰਚਿਤ ਗੀਤ 'ਮਹਿੰਗਾਈ ਡਾਇਨ ਖਾਏ ਜਾਤ ਹੈ' ਨੂੰ ਅਮਨਪ੍ਰੀਤ ਅਤੇ ਸਾਥੀ ਕਲਾਕਾਰਾਂ ਨੇ ਮਿਲ ਕੇ ਗਾਇਆ।ਸ਼੍ਰੀ ਰਘੂ ਅਰੋੜਾ ਅਤੇ ਹਰਪ੍ਰੀਤ ਕੌਰ ਨੇ ਆਸਾ ਸਿੰਘ ਮਸਤਾਨਾ ਦਾ ਸਦਾਬਹਾਰ ਗੀਤ 'ਮੇਲੇ ਵਿੱਚ ਚੱਲ ਮੇਰੇ ਨਾਲ ਕੁੜੇ' ਗਾ ਕੇ ਮਾਹੌਲ ਨੂੰ ਹੋਰ ਵੀ ਰੰਗੀਨ ਬਣਾ ਦਿੱਤਾ।ਸਮਾਗਮ ਦੇ ਅਖੀਰ ਵਿੱਚ ਡਾ. ਰਾਜੇਸ਼ ਮੋਹਨ ਨੇ ਆਪਣੀ ਨਵੀਂ ਰਚਨਾ 'ਯੇਹ ਕਯਾ ਕਿ ਰਾਤ ਹੀ ਕੋ ਕੋਈ ਖਾਬ ਚਾਹੀਏ, ਦਿਨ ਮੇ ਭੀ ਰੋਸ਼ਨੀ ਕੋ ਕੋਈ ਖਾਬ ਚਾਹੀਏ' ਪੇਸ਼ ਕਰਕੇ ਇਸ ਸੰਗੀਤ ਮੇਲੇ ਨੂੰ ਸਿਖਰਾਂ 'ਤੇ ਪਹੁੰਚਾਇਆ। ਮੰਚ-ਸੰਚਾਲਨ ਹੋਣਹਾਰ ਕਲਾਕਾਰ ਮਨਪ੍ਰੀਤ ਕੌਰ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ, ਜਦ ਕਿ ਸਾਹਿਲ ਤਗੋਰੀਆ ਨੇ ਤਬਲੇ 'ਤੇ ਸੰਗਤ ਕਰਕੇ ਪ੍ਰੋਗਰਾਮ ਦੀ ਸਫ਼ਲਤਾ ਵਿੱਚ ਅਹਿਮ ਭੂਮਿਕਾ ਨਿਭਾਈ।ਇਸ ਮੌਕੇ ਪ੍ਰਿੰਸੀਪਲ ਮੰਜੂ ਕਪੂਰ, ਸ਼੍ਰੀ ਸਤੀਸ਼ ਰਣਦੇਵ, ਡਾ. ਨਿਰਮਲ ਕੌਸ਼ਿਕ, ਪ੍ਰੋਫੈਸਰ ਬੀਰਇੰਦਰਜੀਤ ਸਿੰਘ, ਸ਼੍ਰੀ ਪ੍ਰਵੀਨ ਕਾਲਾ, ਸ. ਲਾਲ ਸਿੰਘ ਕਲਸੀ, ਸ਼੍ਰੀ ਰਮਿੰਦਰ ਸਿੰਘ ਰੋਮੀ, ਸ਼੍ਰੀ ਰਿਸ਼ਭ ਸੈਣੀ, ਸ਼੍ਰੀ ਰਾਜਨ ਗੁਪਤਾ ਅਤੇ ਸ. ਵਿਸ਼ਵਜੀਤ ਸਿੰਘ ਡੋਜ਼ੀ ਸਮੇਤ ਭਾਰੀ ਗਿਣਤੀ ਵਿੱਚ ਸੰਗੀਤ ਪ੍ਰੇਮੀ ਹਾਜ਼ਰ ਸਨ।



## ਡਾ. ਸੁਰਜੀਤ ਭਦੌੜ ਫ਼ਿਰੋਜ਼ਪੁਰ ਵੇਰਕਾ ਮਿਲਕ ਪਲਾਂਟ ਦੇ ਜਨਰਲ ਮੈਨੇਜਰ ਨਿਯੁਕਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਹਿਕਾਰਤਾ ਵਿਭਾਗ ਪੰਜਾਬ ਦੇ ਅਧੀਨ ਆਉਂਦੇ ਮਿਲਕਫੈੱਡ ਦੇ ਸੀਨੀਅਰ ਅਧਿਕਾਰੀ ਡਾ. ਸੁਰਜੀਤ ਭਦੌੜ ਨੂੰ ਸਰਕਾਰ ਨੇ ਫਿਰੋਜ਼ਪੁਰ ਦੇ ਵੇਰਕਾ ਮਿਲਕ ਪਲਾਂਟ ਦਾ ਨਵਾਂ ਜਨਰਲ ਮੈਨੇਜਰ ਨਿਯੁਕਤ ਕੀਤਾ ਗਿਆ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵੈਟਰਨਰੀ ਕਾਲਜ ਦੇ ਪੁਰਾਣੇ ਵਿਦਿਆਰਥੀ ਡਾ. ਸੁਰਜੀਤ ਸਿੰਘ ਭਦੌੜ ਵੇਰਕਾ ਕੈਟਲ ਫੀਡ ਪਲਾਂਟ ਤੇ ਫਰੋਜ਼ਨ ਸੀਮਨ ਸਟੇਸ਼ਨ ਖੰਨਾ ਤੋਂ ਤਬਦੀਲ ਹੋ ਕੇ ਆਏ ਹਨ। ਡਾ. ਸੁਰਜੀਤ ਸਿੰਘ ਭਦੌੜ ਕੋਲ ਸਹਿਕਾਰਤਾ ਵਿਭਾਗ ਦੇ ਤਹਿਤ ਚੱਲ ਰਹੇ ਵੇਰਕਾ ਮਿਲਕ ਪਲਾਂਟਾਂ 'ਚ ਉੱਚ ਅਹੁਦਿਆਂ 'ਤੇ ਕੰਮ ਕਰਨ ਦਾ 20 ਸਾਲਾਂ ਤੋਂ ਵੱਧ ਸਮੇਂ ਦਾ ਤਜਰਬਾ ਹੈ। ਇਸ ਤੋਂ ਪਹਿਲਾਂ ਡਾ. ਭਦੌੜ ਲੁਧਿਆਣਾ, ਪਟਿਆਲਾ, ਜਲੰਧਰ, ਸੰਗਰੂਰ ਤੇ ਖੰਨਾ ਦੇ ਜਨਰਲ ਮੈਨੇਜਰ ਵਜੋਂ ਸੇਵਾਵਾਂ ਦੇ ਚੁੱਕੇ ਹਨ। ਵੈਟਨਰੀ ਸਾਇੰਸ 'ਚ ਗ੍ਰੈਜੂਏਸ਼ਨ ਤੋਂ ਇਲਾਵਾ ਡਾ. ਭਦੌੜ ਐੱਮਬੀਏ ਤੇ ਜਰਨਲਿਜ਼ਮ 'ਚ ਪੋਸਟ ਗ੍ਰੈਜੂਏਸ਼ਨ ਡਿਗਰੀ ਧਾਰਕ ਹਨ। ਸਹਿਕਾਰਤਾ ਵਿਭਾਗ 'ਚ ਸੇਵਾਵਾਂ ਤੋਂ ਪਹਿਲਾਂ ਉਹ ਲੰਬਾ ਸਮਾਂ ਪੱਤਰਕਾਰਤਾ ਦੇ ਖੇਤਰ ਵਿੱਚ ਸਰਗਰਮ ਰਹੇ। ਉਹ ਹੁਣ ਵੀ ਪੰਜਾਬੀ ਸਾਹਿਤਕ ਤੇ ਸੱਭਿਆਚਾਰਕ ਖੇਤਰ ਨਾਲ ਲਗਾਤਾਰ ਜੁੜੇ ਹੋਏ ਹਨ। ਉਨ੍ਹਾਂ ਮਿਲਕ ਪਲਾਂਟ ਫਿਰੋਜ਼ਪੁਰ ਵਿਖੇ ਅਹੁਦਾ ਸੰਭਾਲਣ ਉਪਰੰਤ ਕਿਹਾ ਕਿ ਫਿਰੋਜ਼ਪੁਰ ਮਿਲਕ ਪਲਾਂਟ ਨਾਲ ਸਬੰਧਤ ਖੇਤਰ 'ਚ ਡੇਅਰੀ ਕਿਸਾਨਾਂ ਦੇ ਸਰਬਪੱਖੀ ਵਿਕਾਸ ਦੇ ਨਾਲ ਉਪਭੋਗਤਾਵਾਂ ਨੂੰ ਉੱਚ ਗੁਣਵੱਤਾ ਵਾਲੇ ਦੁੱਧ ਪਦਾਰਥ ਉਪਲਬੱਧ ਕਰਵਾਉਣਾ ਉਨ੍ਹਾਂ ਦੀ ਪ੍ਰਮੁੱਖਤਾ ਰਹੇਗੀ।

## ਘਰ ਅੱਗੇ ਗੰਦਾ ਪਾਣੀ ਛੱਡਣ ਤੋਂ ਰੋਕਣ 'ਤੇ ਔਰਤ ਦੀ ਕੁੱਟਮਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਹਜ਼ਾਰਾ ਸਿੰਘ ਵਾਲਾ ਵਿਖੇ ਇੱਕ ਔਰਤ ਦੇ ਘਰ ਅੱਗੇ ਗੰਦਾ ਪਾਣੀ ਛੱਡਣ ਤੋਂ ਰੋਕਣ 'ਤੇ ਉਸ ਦੇ ਸੱਟਾਂ ਮਾਰਨ ਦੇ ਦੋਸ਼ ਵਿੱਚ ਥਾਣਾ ਮਮਦੋਟ ਪੁਲਸ ਨੇ 5 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੁਨੀਤਾ ਰਾਣੀ ਪਤਨੀ ਬਲਜੀਤ ਸਿੰਘ ਵਾਸੀ ਪਿੰਡ ਹਜ਼ਾਰਾ ਸਿੰਘ ਵਾਲਾ ਨੇ ਦੱਸਿਆ ਕਿ ਹਰਜਿੰਦਰ ਸਿੰਘ ਪੁੱਤਰ ਬਲਕਾਰ ਸਿੰਘ ਦੇ ਘਰ ਨਾਲ ਉਸ ਦਾ ਪਲਾਟ ਹੈ, ਜਿੱਥੇ ਉਹ ਸਫਾਈ ਕਰ ਰਹੀ ਸੀ ਤੇ ਹਰਜਿੰਦਰ ਸਿੰਘ ਨੇ ਆਪਣੇ ਘਰ ਦਾ ਗੰਦਾ ਪਾਣੀ ਸਾਡੇ ਪਲਾਟ ਅੱਗੇ ਛੱਡਿਆ ਹੋਇਆ ਸੀ, ਜਿਸ ਬਾਰੇ ਉਸ ਨੂੰ ਕਈ ਵਾਰ ਰੋਕਿਆ ਸੀ। ਸੁਨੀਤਾ ਰਾਣੀ ਨੇ ਦੱਸਿਆ ਕਿ ਅੱਜ ਵੀ ਉਸ ਨੇ ਦੋਸ਼ੀ ਹਰਜਿੰਦਰ ਸਿੰਘ ਨੂੰ ਘਰ ਦਾ ਗੰਦਾ ਪਾਣੀ ਨਾ ਛੱਡਣ ਬਾਰੇ ਕਿਹਾ ਤਾਂ ਦੋਸ਼ੀਆਨ ਹਰਜਿੰਦਰ ਸਿੰਘ, ਗੋਮਾ ਰਾਣੀ, ਬਲਕਾਰ ਸਿੰਘ ਪੁੱਤਰ ਸ਼ੰਕਰ ਸਿੰਘ, ਰੇਸ਼ਮ ਸਿੰਘ ਪੁੱਤਰ ਸ਼ੰਕਰ ਸਿੰਘ, ਲਵਪ੍ਰੀਤ ਸਿੰਘ ਪੁੱਤਰ ਰੇਸ਼ਮ ਸਿੰਘ ਵਾਸੀਅਨ ਹਜ਼ਾਰਾ ਸਿੰਘ ਵਾਲਾ ਹਥਿਆਰਾਂ ਸਮੇਤ ਖੜੇ ਸੀ, ਜਿੱਥੇ ਉਸ ਦੀ ਤੇ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਹਮਮਸ਼ਵਰਾ ਹੋ ਕੇ ਸੱਟਾਂ ਮਾਰੀਆਂ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੀ ਜ਼ਿਲ੍ਹਾ ਇਕਾਈ ਦਾ ਗਠਨ

**ਡਾ. ਸਲਮਾਨ ਕਪੂਰ ਜ਼ਿਲ੍ਹਾ ਪ੍ਰਧਾਨ ਤੇ ਸੁਨੀਲ ਕੁਮਾਰ ਵਸ਼ਿਸ਼ਟ ਜਨਰਲ ਸਕੱਤਰ ਚੁਣੇ**



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਸਕੱਤਰ ਜਨਰਲ ਸੰਤੋਖ ਗਿੱਲ ਨੇ ਜ਼ਿਲ੍ਹੇ ਦੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਪੱਤਰਕਾਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਪ੍ਰਤੀ ਸੂਬਾ ਤੇ ਕੇਂਦਰ ਸਰਕਾਰ ਦੀ ਡੰਗ-ਟਪਾਊ ਨੀਤੀ ਦੀ ਤਿੱਖੀ ਅਲੋਚਨਾ ਕੀਤੀ।ਉਨ੍ਹਾਂ ਪੱਤਰਕਾਰ ਭਾਈਚਾਰੇ ਇੱਕਜੁੱਟ ਹੋ ਕੇ ਸੰਘਰਸ਼ ਦਾ ਸੱਦਾ ਦਿੱਤਾ।ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਤੇ ਪੱਤਰਕਾਰਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਜ਼ਿਲ੍ਹਾ ਪੱਧਰੀ ਮੀਟਿੰਗ ਵਿੱਚ ਵਿਚਾਰ ਚਰਚਾ ਕੀਤੀ ਗਈ।ਜਥੇਬੰਦੀ ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਭੂਸ਼ਣ ਸੂਦ, ਮੀਤ ਪ੍ਰਧਾਨ ਜਗਸੀਰ ਸਿੰਘ ਸੰਧੂ ਤੇ ਲੁਧਿਆਣਾ ਜ਼ਿਲ੍ਹੇ ਦੇ ਜਨਰਲ ਸਕੱਤਰ ਅਮਰਜੀਤ ਧੰਜਲ ਨੇ ਵੀ ਸੰਬੋਧਨ ਕੀਤਾ। ਜ਼ਿਲ੍ਹੇ ਦੇ ਅਹਿਮਦਗੜ੍ਹ, ਅਮਰਗੜ੍ਹ, ਕੁੱਪ ਤੇ ਮਲੇਰਕੋਟਲਾ ਖੇਤਰ ਦੇ ਪੱਤਰਕਾਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਮੀਟਿੰਗ ਦੌਰਾਨ ਸੂਬਾਈ ਆਗੂਆਂ ਦੀ ਨਿਗਰਾਨੀ ਹੇਠ ਸਰਬਸੰਮਤੀ ਨਾਲ ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ (ਰਜਿ.) ਦੀ ਮਾਲੇਰਕੋਟਲਾ ਜ਼ਿਲ੍ਹਾ ਇਕਾਈ ਦਾ ਗਠਨ ਕੀਤਾ ਗਿਆ।ਇਸ ਦੌਰਾਨ ਡਾ. ਸਲਮਾਨ ਕਪੂਰ ਜ਼ਿਲ੍ਹਾ ਪ੍ਰਧਾਨ, ਸੀਨੀਅਰ ਪੱਤਰਕਾਰ ਸੁਨੀਲ ਕੁਮਾਰ ਵਸ਼ਿਸ਼ਟ ਨੂੰ ਜਨਰਲ ਸਕੱਤਰ, ਡਾ. ਕੁਲਵਿੰਦਰ ਸਿੰਘ ਗਿੱਲ (ਕੁੱਪ ਕਲਾਂ) ਸੀਨੀਅਰ ਵਾਈਸ ਪ੍ਰਧਾਨ, ਵਰਿੰਦਰ ਗਿੱਲ ਵਾਈਸ ਪ੍ਰਧਾਨ, ਸੁਖਜਿੰਦਰ ਪਾਲ ਸਿੰਘ ਜੁਆਇੰਟ ਸਕੱਤਰ, ਮਾਮੂਨ ਰਸ਼ੀਦ ਸਕੱਤਰ, ਜਗਦੀਸ਼ ਕੁਮਾਰ ਪ੍ਰੈੱਸ ਸਕੱਤਰ ਤੇ ਹਰਜਿੰਦਰ ਸੋਢੀ ਖ਼ਜ਼ਾਨਚੀ ਚੁਣੇ ਗਏ।ਇਸ ਤੋਂ ਇਲਾਵਾ ਸੀਨੀਅਰ ਪੱਤਰਕਾਰ ਸੁਮੰਤ ਤਲਵਾਨੀ, ਅਨਵਰ ਮਹਿਬੂਬ, ਪਰਮਜੀਤ ਕੁਠਾਲਾ ਤੇ ਨਦੀਮ ਖ਼ਾਨ ਸਟੀਰਿੰਗ ਕਮੇਟੀ ਚੁਣੇ ਗਏ।ਇਸ ਤੋਂ ਇਲਾਵਾ ਪੱਤਰਕਾਰ ਕੁਲਦੀਪ ਸਿੰਘ, ਚੰਦਰ ਕਾਂਤਾ, ਆਮਨਾ ਕਪੂਰ, ਗੁਰਜੰਟ ਸਿੰਘ ਤੇ ਮੁਹੰਮਦ ਸ਼ਹਿਬਾਜ਼ ਕਾਰਜਕਾਰਨੀ ਕਮੇਟੀ ਦੇ ਮੈਂਬਰ ਚੁਣੇ ਗਏ।ਸੂਬਾਈ ਆਗੂਆਂ ਨੇ ਚੁਣੀ ਟੀਮ ਨੂੰ ਵਧਾਈ ਦਿੱਤੀ ਤੇ ਨਵੇਂ ਚੁਣੇ ਅਹੁਦੇਦਾਰਾਂ ਨੇ ਜਥੇਬੰਦੀ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਅਹਿਦ ਦੁਹਰਾਇਆ।ਅੰਤ ਵਿੱਚ ਸੂਬਾਈ ਆਗੂਆਂ ਨੇ ਨਵੀਂ ਚੁਣੀ ਜ਼ਿਲ੍ਹਾ ਟੀਮ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਮਲੇਰਕੋਟਲਾ ਇਕਾਈ ਯੂਨੀਅਨ ਦੀਆਂ ਨੀਤੀਆਂ ਨੂੰ ਮਜ਼ਬੂਤੀ ਨਾਲ ਅੱਗੇ ਵਧਾਉਣ ਦੇ ਨਾਲ-ਨਾਲ ਪੱਤਰਕਾਰ ਭਾਈਚਾਰੇ ਦੀ ਆਵਾਜ਼ ਨੂੰ ਹੋਰ ਬੁਲੰਦ ਕਰੇਗੀ।

## ਨਵੇਂ ਚੁਣੇ ਮੀਤ ਪ੍ਰਧਾਨ ਧਰਮ ਪਾਲ ਦਾ ਜੈਨ ਬਰਾਦਰੀ ਵੱਲੋਂ ਵਿਸ਼ੇਸ਼ ਸਨਮਾਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਨਗਰ ਕੌਂਸਲ ਸਮਾਣਾ ਦੇ ਨਵੇਂ ਚੁਣੇ ਗਏ ਮੀਤ ਪ੍ਰਧਾਨ ਧਰਮ ਪਾਲ ਨਾਹਰ ਦੇ ਸਨਮਾਨ ਵਿੱਚ ਇੱਥੋਂ ਦੇ ਪ੍ਰਮੁੱਖ ਆਗੂ ਦਿਨੇਸ਼ ਜੈਨ ਰੋਡਾ ਦੇ ਗ੍ਰਹਿ ਵਿਖੇ ਇੱਕ ਵਿਸ਼ੇਸ਼ ਸਮਾਰੋਹ ਕੀਤਾ ਗਿਆ।ਇਸ ਮੌਕੇ ਦੋਵਾਂ ਜੈਨ ਬਿਰਾਦਰੀਆਂ ਦੇ ਨੁਮਾਇੰਦਿਆਂ ਤੇ ਪਤਵੰਤੇ ਸੱਜਣਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਸਮਾਗਮ ਦੌਰਾਨ ਸਮੂਹ ਜੈਨ ਬਿਰਾਦਰੀ ਵੱਲੋਂ ਨਵ-ਨਿਯੁਕਤ ਮੀਤ ਪ੍ਰਧਾਨ ਧਰਮ ਪਾਲ ਨਾਹਰ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬਿਰਾਦਰੀ ਦੇ ਆਗੂਆਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਧਰਮਪਾਲ ਨਾਹਰ ਦੇ ਮੀਤ ਪ੍ਰਧਾਨ ਬਣਨ ਨਾਲ ਨਗਰ ਕੌਂਸਲ ਦੇ ਕੰਮਾਂ ਨੂੰ ਹੋਰ ਗਤੀ ਮਿਲੇਗੀ।ਉਹ ਸ਼ਹਿਰ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਤੇ ਵਿਕਾਸ ਕਾਰਜਾਂ ਨੂੰ ਬਿਨਾਂ ਕਿਸੇ ਪੱਖਪਾਤ ਦੇ ਅੱਗੇ ਵਧਾਉਣਗੇ।ਸਨਮਾਨ ਤੋਂ ਬਾਅਦ ਮੀਤ ਪ੍ਰਧਾਨ ਧਰਮਪਾਲ ਨਾਹਰ ਨੇ ਦਿਨੇਸ਼ ਜੈਨ ਰੋਡਾ ਤੇ ਸਮੂਹ ਜੈਨ ਬਿਰਾਦਰੀ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਸ਼ਹਿਰ ਵਾਸੀਆਂ ਦੀਆਂ ਉਮੀਦਾਂ 'ਤੇ ਖਰੇ ਉਤਰਨਗੇ ਤੇ ਸਮਾਣਾ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਮਿਹਨਤ ਕਰਨਗੇ।ਇਸ ਮੌਕੇ ਦੋਵਾਂ ਜੈਨ ਸਭਾਵਾਂ ਦੇ ਕਈ ਮੁੱਖ ਅਹੁਦੇਦਾਰ ਮਹਿੰਦਰ ਜੈਨ, ਬੌਬੀ ਜੈਨ, ਰਾਜੂ ਜੈਨ, ਸਤੀਸ਼ ਕੁਮਾਰ, ਪ੍ਰਿੰਸ ਜੈਨ, ਤਰੁਣ ਜੈਨ, ਪੁਨੀਤ ਜੈਨ, ਕਾਕਾ ਜੈਨ, ਹੀਰਾ ਜੈਨ, ਵਿੱਕੀ ਜੈਨ, ਰੋਹਿਤ ਜੈਨ, ਗਗਨ ਜੈਨ, ਯਸ਼ਪਾਲ ਜੈਨ ਪਾਮਿਲ ਜੈਨ, ਮਿੱਕੀ ਜੈਨ, ਸੰਜੇ ਜੈਨ, ਅਸ਼ੀਸ਼ ਜੈਨ, ਕਾਲਾ ਜੈਨ, ਰਾਜੇਸ਼ ਰਜੇਸ਼ ਮੋਦਗਿੱਲ, ਅਮਨ ਸਿੰਘ ਤੇ ਇਲਾਕੇ ਦੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਮਾਨਸਿਕ ਇਕਾਗਰਤਾ ਤੇ ਸ਼ਾਂਤੀ ਲਈ ਧਾਰਮਿਕ ਕਾਰਜਾਂ 'ਚ ਸ਼ਮੂਲੀਅਤ ਅਹਿਮ : ਬੱਬੀ ਦਾਨੇਵਾਲੀਆ



**ਭੀਖੀ (ਧਰਮਵੀਰ ਸ਼ਰਮਾ)**-ਸ੍ਰੀ ਕਾਲੀ ਮਾਤਾ ਚੈਰੀਟੇਬਲ ਤੇ ਵੈਲਫੇਅਰ ਕਮੇਟੀ ਵੱਲੋਂ ਨਿਰਮਾਣ ਅਧੀਨ ਸ੍ਰੀ ਕਾਲੀ ਮਾਤਾ ਮੰਦਰ ਦੀ ਇਮਾਰਤ ਦੇ ਲੈਂਟਰ ਦੀ ਸ਼ੁਰੂਆਤ ਮੌਕੇ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ ਦਾਨੇਵਾਲੀਆ ਨੇ ਕਿਹਾ ਕਿ ਸਮਾਜਿਕ ਕੁਰੀਤੀਆਂ ਨੂੰ ਖਤਮ ਕਰਨ ਲਈ ਇਨਸਾਨ ਵਿੱਚ ਧਾਰਮਿਕ ਭਾਵਨਾ ਤੇ ਰੁਚੀ ਦਾ ਹੋਣਾ ਲਾਜ਼ਮੀ ਹੈ ਅਤੇ ਇਸ ਕਾਰਜ ਲਈ ਵੱਖ-ਵੱਖ ਧਾਰਮਿਕ ਸੰਸਥਾਵਾਂ ਵਿਸ਼ੇਸ਼ ਯੋਗਦਾਨ ਪਾ ਰਹੀਆ ਹਨ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਧਾਰਮਿਕ ਕਾਰਜਾਂ ਵਿੱਚ ਅੱਗੇ ਹੋ ਕੇ ਕੰਮ ਕਰਨ ਲਈ ਪ੍ਰੇਰਦਿਆਂ ਕਿਹਾ ਕਿ ਅਰਾਜਕਤਾ ਦੇ ਮਾਹੌਲ ਵਿੱਚ ਮਾਨਸਿਕ ਇਕਾਗਰਤਾ ਅਤੇ ਸ਼ਾਂਤੀ ਲਈ ਧਾਰਮਿਕ ਕਾਰਜਾਂ ਵਿੱਚ ਸ਼ਮੂਲੀਅਤ ਅਹਿਮ ਹੈ। ਉਨ੍ਹਾਂ ਮੰਦਰ ਕਮੇਟੀ ਨੂੰ ਵਿੱਤੀ ਮਦਦ ਵੀ ਕੀਤੀ। ਇਸ ਮੌਕੇ ਭਾਜਪਾ ਮੰਡਲ ਪ੍ਰਧਾਨ ਵਿਵੇਕ ਜੈਨ ਬੱਬੂ ਨੇ ਕਿਹਾ ਕਿ ਮੰਦਰ ਦੀ ਵਿਸ਼ਾਲਤਾ ਲਈ ਸੰਸਥਾ ਵਲੋਂ ਪ੍ਰਤੀਬੱਧਤਾ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਮੰਦਰ ਕੰਪਲੈਕਸ ਵਿੱਚ ਮੰਦਰ ਤੋਂ ਇਲਾਵਾ ਹੋਰ ਕਮਰਿਆਂ ਦੀ ਕਾਰ ਸੇਵਾ ਵੀ ਆਰੰਭ ਹੈ। ਇਸ ਕਾਰਜ ਨੂੰ ਪੂਰਨ ਕਰਨ ਲਈ ਇਲਾਕਾ ਨਿਵਾਸੀ ਵੱਧ ਤੋਂ ਵੱਧ ਸਹਿਯੋਗ ਕਰਨ।

## ਯੂਥ ਕਾਂਗਰਸ ਚੋਣਾਂ 'ਚ ਜੇਤੂ ਉਮੀਦਵਾਰਾਂ ਦਾ ਭੋਲਾ ਸਮਾਧ ਭਾਈ ਵੱਲੋਂ ਸਨਮਾਨ

**ਬਾਘਾ ਪੁਰਾਣਾ (ਮਨੀ ਸਿੰਗਲਾ)**



ਹਲਕਾ ਬਾਘਾ ਪੁਰਾਣਾ ਵਿੱਚ ਕਾਂਗਰਸ ਪਾਰਟੀ ਲਈ ਉਸ ਵੇਲੇ ਖੁਸ਼ੀ ਦਾ ਮਾਹੌਲ ਬਣ ਗਿਆ, ਜਦੋਂ ਬੀਤੇ ਦਿਨ ਆਏ ਯੂਥ ਕਾਂਗਰਸ ਦੀਆਂ ਚੋਣਾਂ ਦੇ ਨਤੀਜਿਆਂ ਵਿੱਚ ਸੀਨੀਅਰ ਆਗੂ ਤੇ ਸੇਵਾਦਾਰ ਭੋਲਾ ਸਿੰਘ ਸਮਾਧ ਭਾਈ ਦੀ ਅਗਵਾਈ ਹੇਠ ਖੜ੍ਹੇ ਕੀਤੇ ਗਏ ਨੌਜਵਾਨ ਉਮੀਦਵਾਰਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਅਹੁਦਿਆਂ 'ਤੇ ਜਿੱਤ ਦਰਜ ਕੀਤੀ।ਇਸ ਜਿੱਤ ਨਾਲ ਪਾਰਟੀ ਅੰਦਰ ਨਵਾਂ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਪ੍ਰਾਪਤ ਜਾਣਕਾਰੀ ਮੁਤਾਬਕ ਸੂਬਾ ਜਰਨਲ ਸੈਕਟਰੀ ਦੇ ਅਹੁਦੇ ਲਈ ਵਰਿੰਦਰ ਸਿੰਘ ਰਾਜੂ ਵਾਂਦਰ ਨੇ ਜਿੱਤ ਹਾਸਲ ਕੀਤੀ।ਇਸ ਤੋਂ ਇਲਾਵਾ ਹਲਕਾ ਬਾਘਾ ਪੁਰਾਣਾ ਦੇ ਪ੍ਰਧਾਨ ਅਹੁਦੇ ਲਈ ਭੁਪਿੰਦਰ ਸਿੰਘ ਬਰਾੜ ਨੇ ਆਪਣੇ ਨਿਕਟਮ ਮੁਕਾਬਲੇਬਾਜ਼ ਨੂੰ 674 ਵੋਟਾਂ ਦੇ ਵੱਡੇ ਅੰਤਰ ਨਾਲ ਹਰਾਕੇ ਜਿੱਤ ਦਰਜ ਕੀਤੀ। ਇਸੇ ਤਰ੍ਹਾਂ ਬਲਾਕ ਪ੍ਰਧਾਨ ਬਾਘਾ ਪੁਰਾਣਾ ਲਈ ਵਰਿੰਦਰ ਸਿੰਘ ਬਰਾੜ ਸਮਾਧ ਭਾਈ ਨੇ 865 ਵੋਟਾਂ ਦੀ ਲੀਡ ਨਾਲ ਸ਼ਾਨਦਾਰ ਜਿੱਤ ਹਾਸਲ ਕਰ ਕੇ ਪਾਰਟੀ ਦੀ ਪਕੜ ਨੂੰ ਹੋਰ ਮਜ਼ਬੂਤ ਕੀਤਾ।ਸਮਾਲਸਰ ਬਲਾਕ ਵਿੱਚ ਵੀ ਕਾਂਗਰਸ ਪਾਰਟੀ ਦਾ ਦਬਦਬਾ ਕਾਇਮ ਰਿਹਾ, ਜਿੱਥੇ ਗੁਰਵਿੰਦਰ ਸਿੰਘ ਸਮਾਲਸਰ ਨੂੰ ਵਾਈਸ ਪ੍ਰਧਾਨ ਵਜੋਂ ਜਿੱਤ ਪ੍ਰਾਪਤ ਹੋਈ।ਇਸ ਮੌਕੇ ਜੇਤੂ ਉਮੀਦਵਾਰਾਂ ਦੇ ਸਨਮਾਨ ਲਈ ਹਲਕਾ ਬਾਘਾ ਪੁਰਾਣਾ ਦੇ ਸੇਵਾਦਾਰ ਭੋਲਾ ਸਿੰਘ ਸਮਾਧ ਭਾਈ ਵੱਲੋਂ ਵਿਸ਼ੇਸ਼ ਸਮਾਰੋਹ ਕੀਤਾ ਗਿਆ, ਜਿਸ ਵਿਚ ਵੱਡੀ ਗਿਣਤੀ ਵਿਚ ਪਾਰਟੀ ਵਰਕਰਾਂ ਤੇ ਆਗੂਆਂ ਨੇ ਹਾਜ਼ਰੀ ਭਰੀ।ਸਨਮਾਨ ਸਮਾਰੋਹ ਦੌਰਾਨ ਭੋਲਾ ਸਿੰਘ ਸਮਾਧ ਭਾਈ ਸਮੇਤ ਗੁਰਚਰਨ ਸਿੰਘ ਚੀਦਾ, ਨਾਹਰ ਸਿੰਘ ਸੈਕਟਰੀ, ਜੋਧਾ ਸਿੰਘ ਬਰਾੜ, ਗੁਰਜੰਟ ਸਿੰਘ ਪ੍ਰਧਾਨ, ਜਗਸੀਰ ਗਰਗ, ਰਜਿੰਦਰ ਕੁਮਾਰ ਚੇਅਰਮੈਨ, ਅਕਾਸ਼ ਬਾਂਸਲ, ਰਣਜੀਤ ਸਿੰਘ ਸਰਪੰਚ, ਜਸਵੀਰ ਸਿੰਘ ਸਰਪੰਚ, ਮਲਕੀਤ ਸਿੰਘ ਸਰਪੰਚ, ਅਮਰਜੀਤ ਸਿੰਘ ਸਰਪੰਚ ਸਮਾਲਸਰ ਤੇ ਹੋਰ ਕਈ ਆਗੂਆਂ ਵੱਲੋਂ ਜੇਤੂ ਉਮੀਦਵਾਰਾਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਗਈ ਤੇ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹੋਰ ਹਾਜ਼ਰ ਆਗੂਆਂ ਵਿੱਚ ਰਾਜਾ ਚੰਨੂੰਵਾਲਾ, ਗੁਰਚਰਨ ਸਿੰਘ ਬਰਾੜ, ਅਮਰਜੀਤ ਸਿੰਘ ਸਰਪੰਚ ਚੀਦਾ, ਇਕਬਾਲ ਸਿੰਘ ਨੰਬਰਦਾਰ ਮਾਹਲਾ, ਬਲਵਿੰਦਰ ਸਿੰਘ ਗਰੀਨ ਵਾਲੇ, ਕਰਤਾਰ ਸਿੰਘ ਪੰਚ ਮਾਹਲਾ, ਗੁਰਤੇਜ ਸਿੰਘ ਥਰਾਜ, ਜੱਗਾ ਸਿੰਘ ਰੋਡੇ, ਤੇਜਿੰਦਰ ਕਾਲੇਕੇ, ਰਾਜੂ ਦਿਉਲ ਕਾਲੇਕੇ, ਸਮਸ਼ੇਰ ਸਿੰਘ ਚੰਨੂੰਵਾਲਾ, ਸੁੱਖਾ ਸਰਪੰਚ ਲਧਾਈਕੇ, ਪਿੰਦਰ ਸਿੰਘ ਚੌਧਰੀਵਾਲਾ, ਪ੍ਰਤਾਪ ਸਿੰਘ ਢਿੱਲੋਂ ਵਾਲਾ, ਵੰਸ਼ ਸ਼ਰਮਾ, ਕਰਮਜੀਤ ਸਿੰਘ ਕਾਲੇਕੇ, ਡਾ. ਗਾਂਧੀ ਲੰਗੇਆਣਾ, ਸੂਬਾ ਸਿੰਘ ਲੰਗੇਆਣਾ, ਕਸ਼ਮੀਰ ਸਿੰਘ ਚੰਦ ਪੁਰਾਣਾ ਅਤੇ ਜਸਵੀਰ ਸਿੰਘ ਚੰਦ ਪੁਰਾਣਾ ਵੀ ਮੌਜੂਦ ਰਹੇ।

## ਮਜ਼ਦੂਰਾਂ ਦੀਆਂ ਮੰਗਾਂ ਸੰਬੰਧੀ ਤਹਿਸੀਲਦਾਰ ਨੂੰ ਸੌਂਪਿਆ ਮੰਗ ਪੱਤਰ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**



ਨੌਜਵਾਨ ਭਾਰਤ ਸਭਾ ਘੱਗਾ ਕਮੇਟੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਝੁੱਗੀਆਂ ਝੌਂਪੜੀਆਂ ਵਿੱਚ ਰਹਿ ਕੇ ਗੁਜ਼ਾਰਾ ਕਰ ਰਹੇ ਮਜ਼ਦੂਰਾਂ ਦੀਆਂ ਮੰਗਾਂ ਦੇ ਹੱਲ ਲਈ ਐੱਸ ਡੀ ਐੱਮ ਪਾਤੜਾਂ ਦੇ ਨਾਮ ਇੱਕ ਮੰਗ ਪੱਤਰ ਤਹਿਸੀਲਦਾਰ ਪਾਤੜਾਂ ਹਰਸਿਮਰਨ ਸਿੰਘ ਨੂੰ ਸੌਂਪਿਆ ਗਿਆ। ਇਸ ਦੌਰਾਨ ਸਭਾ ਦੇ ਆਗੂਆਂ ਨੇ ਘੱਗਾ ਵਿੱਚ ਪਿਛਲੇ 35-40 ਸਾਲਾਂ ਤੋਂ ਝੁੱਗੀਆਂ ਵਿੱਚ ਰਹਿ ਰਹੇ ਮਜ਼ਦੂਰ ਪਰਵਾਰਾਂ ਦੀਆਂ ਮੁੱਖ ਸਮੱਸਿਆਵਾਂ ਵੱਲ ਪ੍ਰਸ਼ਾਸਨ ਦਾ ਧਿਆਨ ਦਿਵਾਇਆ।

ਨੌਜਵਾਨ ਭਾਰਤ ਸਭਾ ਦੇ ਸੂਬਾ ਆਗੂ ਦਵਿੰਦਰ ਛਬੀਲਪੁਰ ਤੇ ਜ਼ਿਲ੍ਹਾ ਆਗੂ ਗੁਰਦੀਪ ਕਲਵਾਣੂ ਦੀ ਅਗਵਾਈ ਹੇਠ ਮੰਗ ਪੱਤਰ ਸੌਂਪਣ ਉਪਰੰਤ ਦੱਸਿਆ ਕਿ ਘੱਗਾ ਵਿੱਚ ਰਹਿ ਰਹੇ ਮਜ਼ਦੂਰ ਪਰਿਵਾਰਾਂ ਨੂੰ ਪੱਕੇ ਘਰ ਬਣਾਉਣ ਲਈ ਯੋਗ ਥਾਂ ਮੁਹੱਈਆ ਕਰਵਾਈ ਜਾਵੇ ਤੇ ਸਰਕਾਰ ਵੱਲੋਂ ਬਣਦਾ ਯੋਗ ਮੁਆਵਜ਼ਾ ਦਿਵਾਉਣ ਲਈ ਠੋਸ ਯਤਨ ਕੀਤੇ ਜਾਣ।ਸਭਾ ਦੇ ਆਗੂ ਰਾਹੁਲ ਸਿੰਘ ਨੇ ਕਿਹਾ ਕਿ ਇਹ ਪਰਵਾਰ ਦਹਾਕਿਆਂ ਤੋਂ ਮਿਹਨਤ-ਮਜ਼ਦੂਰੀ ਕਰਕੇ ਆਪਣਾ ਤੇ ਆਪਣੇ ਬੱਚਿਆਂ ਦਾ ਪਾਲਣ-ਪੋਸ਼ਣ ਕਰ ਰਹੇ ਹਨ, ਪਰ ਅੱਜ ਵੀ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਹਨ।ਝੁੱਗੀਆਂ ਵਿੱਚ ਰਹਿਣ ਕਾਰਨ ਉਨ੍ਹਾਂ ਨੂੰ ਬਰਸਾਤ, ਗਰਮੀ, ਸਰਦੀ ਤੇ ਹੋਰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇੱਕ ਲੋਕਤੰਤਰੀ ਸਮਾਜ ਵਿੱਚ ਹਰ ਪਰਵਾਰ ਨੂੰ ਇੱਜ਼ਤ ਨਾਲ ਰਹਿਣ ਦਾ ਅਧਿਕਾਰ ਹੈ, ਜਿਸ ਨੂੰ ਯਕੀਨੀ ਬਣਾਉਣਾ ਸਰਕਾਰ ਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ।

ਨੌਜਵਾਨ ਭਾਰਤ ਸਭਾ ਨੇ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਜ਼ਦੂਰ ਪਰਵਾਰਾਂ ਦੀਆਂ ਸਮੱਸਿਆਵਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਪੱਕੇ ਰਿਹਾਇਸ਼ੀ ਪ੍ਰਬੰਧ ਮੁਹੱਈਆ ਕਰਵਾਏ ਜਾਣ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨੂੰ ਅਣਡਿੱਠਾ ਕੀਤਾ ਗਿਆ ਤਾਂ ਮਜ਼ਦੂਰ ਪਰਵਾਰਾਂ ਨੂੰ ਨਾਲ ਲੈ ਕੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ।ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਘੱਗਾ ਕਮੇਟੀ ਮੈਂਬਰ ਰਾਹੁਲ, ਅੱਲਾ ਰਾਖਾ, ਜਸਵੀਰ, ਬਿੱਟੂ, ਅਮਨ, ਅਰੁਣ, ਵਿੱਕੀ ਤੇ ਕਰਨ ਹਾਜ਼ਰ ਸਨ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਹੋਈ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਗੁਰਮੇਲ ਸਿੰਘ ਮਾਨ ਦੀ ਅਗਵਾਈ ਹੇਠ ਕਾਮਰੇਡ ਗੁਰਬਖਸ਼ ਸਿੰਘ ਯਾਦਗਾਰੀ ਹਾਲ ਵਿਖੇ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਤ ਸ਼ਰਧਾਂਜਲੀ ਸਮਾਰੋਹ ਦੇ ਰੂਪ ਵਿੱਚ ਕੀਤੀ ਗਈ। ਮੀਟਿੰਗ ਦੀ ਸ਼ੁਰੂਆਤ 'ਚ ਡਾਕਟਰ ਗੁਰਚਰਨ ਸਿੰਘ ਹਿੰਮਤਪੁਰਾ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਭਗਵਾਨ ਸਿੰਘ ਰਾਮਾ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਜੀਵਨੀ ਤੇ ਉਨ੍ਹਾਂ ਦੀ ਸ਼ਹਾਦਤ ਨੂੰ ਸੰਖੇਪ ਰੂਪ ਵਿੱਚ ਬਿਆਨ ਕੀਤਾ ਅਤੇ ਸਿੱਖ ਇਤਿਹਾਸ ਤੋਂ ਜਾਣੂ ਕਰਾਉਂਦੇ ਹੋਏ ਕਿਹਾ ਕਿ ਸਿੱਖ ਕੌਮ ਜੁਝਾਰੂ ਕੌਮ ਹੈ, ਜੋ ਹਮੇਸ਼ਾ ਸਰਬੱਤ ਦੇ ਭਲੇ ਲਈ ਲੜਦੀ ਰਹੀ ਹੈ ਤੇ ਪੂਰਾ ਸਿੱਖ ਇਤਿਹਾਸ ਕੁਰਬਾਨੀਆਂ ਨਾਲ ਭਰਿਆ ਪਿਆ ਹੈ। ਸੁਖਵਿੰਦਰ ਗੋਲਣ ਚੇਅਰਮੈਨ, ਸੋਹਣ ਸਿੰਘ ਸੈਦੋਕੇ ਮੀਤ ਪ੍ਰਧਾਨ, ਜਸਵੀਰ ਸਿੰਘ ਹਿੰਮਤਪੁਰਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਹੁਣ ਤੱਕ ਸਾਨੂੰ ਲਾਰਿਆਂ ਤੱਕ ਸੀਮਤ ਰੱਖਿਆ ਹੈ। ਹਰੇਕ ਸਰਕਾਰ ਨੇ ਵੋਟਾਂ ਬਟੋਰਨ ਦੀ ਖਾਤਰ ਸਾਡੀ ਮੰਗ ਨੂੰ ਚੋਣ ਮੈਨੀਫੈਸਟੋ ਵਿੱਚ ਸ਼ਾਮਲ ਕਰਨ ਤੋਂ ਸਿਵਾਏ ਸਾਡੀ ਮੰਗ ਨੂੰ ਕੋਈ ਤਵੱਜੋ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸਾਡੀ ਜਥੇਬੰਦੀ ਸਾਡਾ ਏਕਾ ਹੀ ਸਾਡੀ ਰਜਿਸਟ੍ਰੇਸ਼ਨ ਹੈ। ਜਨਰਲ ਸਕੱਤਰ ਅਮਨਪ੍ਰੀਤ ਸਿੰਘ ਦੌਧਰ, ਜ਼ਿਲ੍ਹਾ ਜਨਰਲ ਸਕੱਤਰ ਰਜਿੰਦਰ ਲੋਪੋ, ਬਲਾਕ ਪ੍ਰਧਾਨ ਗੁਰਮੇਲ ਸਿੰਘ ਮਾਨ ਦੌਧਰ ਨੇ ਕਿਹਾ ਜਥੇਬੰਦੀ ਦੇ ਆਗੂਆਂ ਨੇ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਕੇ ਮਿਹਨਤ ਦੇ ਬਲਬੂਤੇ ਜਥੇਬੰਦੀ ਨੂੰ ਖੜ੍ਹਾ ਕੀਤਾ ਹੈ, ਜਿਸ ਦੀ ਛਤਰ ਛਾਇਆ ਹੇਠ ਸਾਰੇ ਸਾਥੀ ਆਪਣੇ ਕਲੀਨਿਕ ਚਲਾ ਰਹੇ ਹਨ ਤੇ ਆਪਣੇ ਪਰਿਵਾਰ ਪਾਲ ਰਹੇ ਹਨ। ਇਸ ਸਮੇਂ ਕੈਸ਼ੀਅਰ ਚਮਕੌਰ ਸਿੰਘ ਖਾਈ, ਗੁਰਪ੍ਰੀਤ ਸਿੰਘ ਰੌਂਤਾ, ਗਗਨ ਡਾਲਾ, ਅਮਰਜੀਤ ਸਿੰਘ ਰਾਊਕੇ, ਰੁਪਿੰਦਰ ਦੀਦਾਰੇ ਵਾਲਾ, ਰਾਮ ਸਿੰਘ ਸੈਦੋਕੇ, ਪ੍ਰੈੱਸ ਸਕੱਤਰ ਭਗਵਾਨ ਸਿੰਘ ਖੋਟੇ ਹਾਜ਼ਰ ਸਨ।

## ਸਰਪੰਚਾਂ ਦੇ ਮਾਣ ਭੱਤੇ 'ਚ 5 ਗੁਣਾਂ ਵਾਧਾ ਸ਼ਲਾਘਾਯੋਗ : ਚੇਅਰਮੈਨ ਬਾਲਦ

**ਭਵਾਨੀਗੜ੍ਹ (ਰਾਜ ਖੁਰਮੀ)**-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਰਪੰਚਾਂ ਦੇ ਮਾਣ ਭੱਤੇ ਵਿੱਚ ਪੰਜ ਗੁਣਾਂ ਵਾਧਾ ਕਰਨ ਦੇ ਐਲਾਨ



ਦਾ ਸਵਾਗਤ ਕਰਦਿਆਂ ਬਲਾਕ ਸੰਮਤੀ ਦੇ ਚੇਅਰਮੈਨ ਬਲਜਿੰਦਰ ਸਿੰਘ ਬਾਲਦ ਨੇ ਕਿਹਾ ਕਿ ਇਹ ਫੈਸਲਾ ਪਿੰਡਾਂ ਦੇ ਵਿਕਾਸ ਅਤੇ ਪੰਚਾਇਤੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਹੈ।ਚੇਅਰਮੈਨ ਬਾਲਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ 15 ਅਗਸਤ ਤੋਂ ਸਰਪੰਚਾਂ ਦਾ ਮਾਣ ਭੱਤਾ 2,000 ਰੁਪਏ ਪ੍ਰਤੀ ਮਹੀਨਾ ਤੋਂ ਵਧਾ ਕੇ 10,000 ਰੁਪਏ ਪ੍ਰਤੀ ਮਹੀਨਾ ਕਰਨ ਦਾ ਐਲਾਨ ਕੀਤਾ ਹੈ।ਉਨ੍ਹਾਂ ਕਿਹਾ ਕਿ ਇਹ ਸਰਪੰਚਾਂ ਦੀ ਨਿਰੰਤਰ ਸੇਵਾ ਅਤੇ ਸਮਰਪਣ ਦਾ ਸਨਮਾਨ ਹੈ, ਕਿਉਂਕਿ ਸਰਪੰਚ ਲੋਕਤੰਤਰ ਦੀ ਪਹਿਲੀ ਪੌੜੀ ਹੋਣ ਦੇ ਨਾਲ-ਨਾਲ ਪਿੰਡਾਂ ਦੇ ਵਿਕਾਸ ਲਈ ਦਿਨ-ਰਾਤ ਕੰਮ ਕਰਦੇ ਹਨ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸਰਪੰਚਾਂ ਨੂੰ 1,200 ਰੁਪਏ ਮਾਣ ਭੱਤਾ ਦੇਣ ਦੇ ਵਾਅਦੇ ਕੀਤੇ ਜਾਂਦੇ ਰਹੇ, ਪਰ ਇਹ ਵਾਅਦੇ ਅਮਲੀ ਰੂਪ ਨਹੀਂ ਲੈ ਸਕੇ। ਇਸ ਕਾਰਨ ਸਰਪੰਚਾਂ ਨੂੰ ਆਪਣੇ ਹੱਕਾਂ ਲਈ ਲੰਬੇ ਸਮੇਂ ਤੱਕ ਸੰਘਰਸ਼ ਕਰਨਾ ਪਿਆ।

## ਸਮਾਜਿਕ ਨਿਆਂ ਵਿਭਾਗ ਵੱਲੋਂ ਅਨੁਸੂਚਿਤ ਜਾਤੀਆਂ ਦੇ ਸਮਾਜਿਕ-ਆਰਥਿਕ ਵਿਕਾਸ ਲਈ ਵਿਸ਼ੇਸ਼ ਉਪਰਾਲੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਜਗਮੋਹਨ ਸਿੰਘ ਮਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੇ ਲੋਕਾਂ ਦਾ ਸਮਾਜਿਕ ਤੇ ਆਰਥਿਕ ਪੱਧਰ ਉੱਚਾ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ ਆਬਾਦੀ ਦੇ ਸਮਾਜਿਕ ਤੇ ਆਰਥਿਕ ਵਿਕਾਸ ਲਈ ਸਮਾਜਿਕ ਨਿਆਂ ਤੇ ਅਧਿਕਾਰਤਾ ਵਿਭਾਗ ਵੱਲੋਂ 100 ਫੀਸਦੀ ਕੇਂਦਰੀ ਸਹਾਇਤਾ ਵਾਲੀ ਪ੍ਰਧਾਨ ਮੰਤਰੀ ਅਨੁਸੂਚਿਤ ਜਾਤੀ ਅਭਿਉਦੈ ਯੋਜਨਾ ਲਾਗੂ ਕੀਤੀ ਜਾ ਰਹੀ ਹੈ।ਇਸ ਯੋਜਨਾ ਦਾ ਮੁੱਖ ਉਦੇਸ਼ ਅਨੁਸੂਚਿਤ ਜਾਤੀਆਂ ਲਈ ਹੁਨਰ ਵਿਕਾਸ, ਆਮਦਨ ਵਿੱਚ ਵਾਧਾ, ਰੁਜ਼ਗਾਰ ਦੇ ਮੌਕੇ ਪੈਦਾ ਕਰਨਾ ਤੇ ਅਨੁਸੂਚਿਤ ਜਾਤੀ ਬਹੁਲ ਪਿੰਡਾਂ ਦੇ ਸਮਾਜਿਕ-ਆਰਥਿਕ ਵਿਕਾਸ ਨੂੰ ਉਤਸ਼ਾਹਤ ਕਰਨਾ ਹੈ।ਉਨ੍ਹਾਂ ਕਿਹਾ ਕਿ ਸਕੀਮ ਤਹਿਤ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਦੇ ਮੌਕੇ ਪ੍ਰਦਾਨ ਕਰਨ ਲਈ ਰਿਹਾਇਸ਼ੀ ਸਕੂਲਾਂ ਤੇ ਹੋਸਟਲਾਂ ਦੀ ਸਥਾਪਨਾ ਕੀਤੀ ਜਾਂਦੀ ਹੈ।ਇਸ ਯੋਜਨਾ ਦੇ ਤਿੰਨ ਮੁੱਖ ਕੰਪੋਨੈਂਟ ਹਨ-ਆਦਰਸ਼ ਗ੍ਰਾਮ ਯੋਜਨਾ, ਗ੍ਰਾਂਟ ਇਨ ਏਡ ਤੇ ਹੋਸਟਲ ਕੰਪੋਨੈਂਟ।ਜਗਮੋਹਨ ਸਿੰਘ ਮਾਨ ਨੇ ਦੱਸਿਆ ਕਿ ਗ੍ਰਾਂਟ ਇਨ ਏਡ ਕੰਪੋਨੈਂਟ ਅਧੀਨ ਅਨੁਸੂਚਿਤ ਜਾਤੀਆਂ ਦੀ ਆਜੀਵਿਕਾ ਵਿਕਾਸ ਲਈ ਹੁਨਰ ਵਿਕਾਸ ਪ੍ਰੋਜੈਕਟ, ਆਮਦਨ ਵਾਧਾ ਪ੍ਰੋਜੈਕਟ, ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜ ਤੇ ਵਿਦਿਆਰਥੀਆਂ ਲਈ ਟਿਊਸ਼ਨ ਪ੍ਰੋਜੈਕਟ ਵੀ ਤਜਵੀਜ਼ ਕੀਤੇ ਜਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਮਾਨਯੋਗ ਡਾਇਰੈਕਟਰ-ਕਮ-ਵਧੀਕ ਸਕੱਤਰ ਵੱਲੋਂ ਸਾਲ 2026-27 ਲਈ ਸਥਾਨਕ ਲੋੜਾਂ ਅਨੁਸਾਰ ਵਿਆਪਕ ਪ੍ਰੋਜੈਕਟ ਤਿਆਰ ਕਰਕੇ ਜ਼ਿਲ੍ਹਾ ਪੱਧਰੀ ਪ੍ਰੋਜੈਕਟ ਅਪ੍ਰੇਜਲ-ਕਮ-ਕਨਵਰਜੈਂਸ ਕਮੇਟੀ ਦੀ ਪ੍ਰਵਾਨਗੀ ਉਪਰੰਤ ਪੀ ਐੱਮ ਏ ਜੇ ਏ ਵਾਈ ਪੋਰਟਲ ਰਾਹੀਂ 30 ਜੂਨ 2026 ਤੱਕ ਭੇਜਣ ਲਈ ਕਿਹਾ ਗਿਆ ਹੈ।ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਨੇ ਕਿਹਾ ਕਿ ਇਸ ਯੋਜਨਾ ਰਾਹੀਂ ਅਨੁਸੂਚਿਤ ਜਾਤੀ ਭਾਈਚਾਰੇ ਦੇ ਲੋਕਾਂ ਦੀ ਆਰਥਿਕ ਸਥਿਤੀ ਮਜ਼ਬੂਤ ਕਰਨ ਤੇ ਸਮਾਜਿਕ ਤਰੱਕੀ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ।

## ਐੱਸ ਬੀ ਆਈ ਲਾਈਫ਼ ਨੇ ਫਾਦਰਜ਼ ਡੇ ਮਨਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਸ੍ਰੀ ਮੁਕਤਸਰ ਸਾਹਿਬ ਦੇ ਦਫ਼ਤਰ ਵਿਖੇ ਐੱਸ.ਬੀ.ਆਈ. ਲਾਈਫ਼ ਵੱਲੋਂ ਫਾਦਰਜ਼ ਡੇ ਮਨਾਇਆ ਗਿਆ। ਇਸ ਮੌਕੇ ਐੱਸ.ਬੀ.ਆਈ. ਲਾਈਫ਼ ਸ੍ਰੀ ਮੁਕਤਸਰ ਸਾਹਿਬ ਦੇ ਮੈਨੇਜਰ ਰਵਿੰਦਰ ਚੌਧਰੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਦਫ਼ਤਰ ਵਿਖੇ ਹਾਜ਼ਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਫਾਦਰਜ਼ ਡੇ ਦੀਆਂ ਵਧਾਈਆਂ ਦਿੱਤੀਆਂ ਤੇ ਯਾਦਗਾਰੀ ਸਰਟੀਫਿਕੇਟ ਭੇਟ ਕੀਤੇ।ਇਸ ਦੌਰਾਨ ਉਨ੍ਹਾਂ ਐੱਸ.ਬੀ.ਆਈ. ਲਾਈਫ਼ ਦੀਆਂ ਵੱਖ-ਵੱਖ ਭਲਾਈ ਸਕੀਮਾਂ ਤੇ ਬੀਮਾ ਯੋਜਨਾਵਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੌਰਾਨ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਰਵਿੰਦਰ ਚੌਧਰੀ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬਲਦੇਵ ਸਿੰਘ ਬੇਦੀ, ਕਰਮਜੀਤ ਸ਼ਰਮਾ, ਜਸਵੰਤ ਸਿੰਘ ਬਰਾੜ, ਕੁਲਦੀਪ ਸਿੰਘ ਬਰਾੜ, ਚੌਧਰੀ ਬਲਬੀਰ ਸਿੰਘ, ਬਲਵੰਤ ਸਿੰਘ ਅਟਵਾਲ, ਬਲਜੀਤ ਸਿੰਘ, ਸ਼ਾਮ ਲਾਲ ਤੇ ਸੁਖਦੇਵ ਸਿੰਘ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਮਨਪ੍ਰੀਤ ਬਾਂਸਲ ਦਾ ਨਗਰ ਕੌਂਸਲ ਪ੍ਰਧਾਨ ਬਣਨ 'ਤੇ ਸਨਮਾਨ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਨਗਰ ਕੌਂਸਲ ਸੁਨਾਮ ਊਧਮ ਸਿੰਘ ਵਾਲਾ ਦੇ ਪ੍ਰਧਾਨ ਵਜੋਂ ਮਨਪ੍ਰੀਤ ਬਾਂਸਲ ਦੀ ਨਿਯੁਕਤੀ ਦੀ ਖੁਸ਼ੀ ਵਿੱਚ ਵੀਰਵਾਰ ਨੂੰ ਐਸ ਯੂ ਐਸ ਕਾਲਜ ਗਰਾਊਂਡ ਵਿਖੇ ਇੱਕ ਵਿਸ਼ੇਸ਼ ਸਨਮਾਨ ਸਮਾਗਮ ਆਯੋਜਿਤ ਕੀਤਾ ਗਿਆ।ਇਸ ਮੌਕੇ ਕੋਚਾਂ ਅਤੇ ਖਿਡਾਰੀਆਂ ਵੱਲੋਂ ਮਨਪ੍ਰੀਤ ਬਾਂਸਲ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।ਬੁਲਾਰਿਆਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਮਨਪ੍ਰੀਤ ਬਾਂਸਲ ਦੀ ਅਗਵਾਈ ਹੇਠ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਨਵੀਂ ਦਿਸ਼ਾ ਅਤੇ ਗਤੀ ਮਿਲੇਗੀ।ਉਨ੍ਹਾਂ ਕਿਹਾ ਕਿ ਖੇਡਾਂ ਦੇ ਖੇਤਰ ਅਤੇ ਖਿਡਾਰੀਆਂ ਦੀਆਂ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਵੀ ਉਨ੍ਹਾਂ ਤੋਂ ਕਾਫ਼ੀ ਉਮੀਦਾਂ ਹਨ।ਇਸ ਮੌਕੇ ਮਨਪ੍ਰੀਤ ਬਾਂਸਲ ਨੇ ਕੋਚਾਂ ਅਤੇ ਖਿਡਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਖਿਡਾਰੀਆਂ ਲਈ ਵਧੀਆ ਸਹੂਲਤਾਂ ਉਪਲਬਧ ਕਰਵਾਉਣ ਲਈ ਹਰ ਸੰਭਵ ਯਤਨ ਕਰਨਗੇ।ਉਨ੍ਹਾਂ ਭਰੋਸਾ ਦਿਵਾਇਆ ਕਿ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਉਹ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਸਮਾਗਮ ਦੇ ਅੰਤ ਵਿੱਚ ਕੋਚਾਂ ਅਤੇ ਖਿਡਾਰੀਆਂ ਵੱਲੋਂ ਮਨਪ੍ਰੀਤ ਬਾਂਸਲ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

## ਨਗਰ ਕੌਂਸਲ ਚੋਣਾਂ ਲਈ ਅਬਜ਼ਰਵਰ ਨਿਯੁਕਤ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 5 ਜੁਲਾਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਦੀਆਂ ਚੋਣਾਂ ਨੂੰ ਨਿਰਪੱਖ ਤੇ ਸ਼ਾਂਤਮਈ ਢੰਗ ਨਾਲ ਨੇਪਰੇ ਚਾੜ੍ਹਨ ਲਈ ਸੰਦੀਪ ਹੰਸ ਆਈ.ਏ.ਐਸ ਨੂੰ ਚੋਣ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ।ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕ੍ਰਿਸ਼ਨਾ ਪਾਲਾ ਰਾਜਪੂਤ ਨੇ ਦਿੱਤੀ।ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੀਆਂ ਚੋਣਾਂ ਨੂੰ ਸੁਰੱਖਿਤ ਤੇ ਸ਼ਾਂਤਮਈ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਉਕਤ ਚੋਣ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਚੋਣ ਅਬਜ਼ਰਵਰ ਵੱਲੋਂ ਚੋਣਾਂ ਸੰਬੰਧੀ ਹੋ ਰਹੀ ਹਰ ਕਾਰਵਾਈ ਤੇ ਪੂਰੀ ਨਜ਼ਰ ਰੱਖੀ ਜਾਵੇਗੀ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਸਾਰੀਆਂ ਪ੍ਰਕ੍ਰਿਆਵਾਂ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੇ ਅਨੁਸਾਰ ਹੀ ਹੋ ਰਹੀਆਂ ਹੋਣ।

## ਕਾਂਗਰਸ ਦੀ ਮਜ਼ਬੂਤੀ 'ਚ ਔਰਤਾਂ ਅਹਿਮ ਭੂਮਿਕਾ ਨਿਭਾਉਣਗੀਆਂ : ਪ੍ਰਧਾਨ ਬਲਜੀਤ ਕੌਰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**



ਮਹਿਲਾ ਕਾਂਗਰਸ ਕਮੇਟੀ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਮਹਿਲਾ ਕਾਂਗਰਸ ਦੀ ਕਾਰਜਕਾਰੀ ਸੂਬਾ ਪ੍ਰਧਾਨ ਬਲਜੀਤ ਕੌਰ ਤੇ ਪੁਲਸ ਜ਼ਿਲ੍ਹਾ ਖੰਨਾ ਦੇ ਪ੍ਰਧਾਨ ਸੁਖਵਿੰਦਰ ਕੌਰ ਬਾਠ ਨੇ ਸ਼ਮੂਲੀਅਤ ਕੀਤੀ। ਕਾਂਗਰਸੀ ਟਕਸਾਲੀ ਪਰਵਾਰ ਤੇ 5 ਵਾਰ ਕੌਂਸਲਰ ਰਹਿ ਚੁੱਕੀ ਮਨਜੀਤ ਕੁਮਾਰੀ ਨੂੰ ਸ਼ਹਿਰ ਦੀ ਦੂਜੀ ਵਾਰ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਪ੍ਰਿੰਸੀਪਲ ਉਮਾ ਵਰਮਾ ਨੂੰ ਪੁਲਸ ਜ਼ਿਲ੍ਹਾ ਖੰਨਾ ਦਾ ਉਪ ਪ੍ਰਧਾਨ ਬਣਾਇਆ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਰਜਕਾਰੀ ਪ੍ਰਧਾਨ ਬਲਜੀਤ ਕੌਰ ਨੇ ਕਿਹਾ ਕਿ ਕਾਂਗਰਸ ਇੱਕ ਅਜਿਹੀ ਪਾਰਟੀ ਹੈ, ਜਿੱਥੇ ਔਰਤਾਂ ਨੂੰ ਸਤਿਕਾਰ ਦਿੱਤਾ ਜਾਂਦਾ ਹੈ ਤੇ ਸਿਆਸਤ ਵਿਚ ਆ ਕੇ ਸੇਵਾ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਔਰਤਾਂ ਹਰੇਕ ਖੇਤਰ ਵਿੱਚ ਪੁਰਸ਼ਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀਆਂ ਹਨ, ਇਸ ਲਈ ਔਰਤਾਂ ਸਿਆਸਤ 'ਚ ਆਪਣੀ ਸਰਗਰਮ ਭੂਮਿਕਾ ਨਿਭਾਉਣ ਤਾਂ ਜੋ ਸਮਾਜ ਵਿਚ ਔਰਤਾਂ ਨੂੰ ਬਣਦੇ ਹੱਕ ਮਿਲ ਸਕਣ। ਮਨਜੀਤ ਕੁਮਾਰੀ ਨੂੰ ਸ਼ਹਿਰੀ ਪ੍ਰਧਾਨ ਦਾ ਨਿਯੁਕਤੀ ਪੱਤਰ ਸੌਂਪਦਿਆਂ ਸੂਬਾ ਪ੍ਰਧਾਨ ਬਲਜੀਤ ਕੌਰ ਨੇ ਕਿਹਾ ਕਿ 5 ਵਾਰ ਕੌਂਸਲਰ ਰਹਿ ਚੁੱਕੀ ਮਨਜੀਤ ਕੁਮਾਰੀ ਤੇ ਇਨ੍ਹਾਂ ਦਾ ਪਰਿਵਾਰ ਹਮੇਸ਼ਾ ਲੋਕ ਸੇਵਾ ਨੂੰ ਸਮਰਪਤ ਰਿਹਾ ਹੈ, ਜਿਸ ਕਾਰਨ ਅਜਿਹੇ ਯੋਗ ਆਗੂਆਂ ਨੂੰ ਅਹੁਦੇ ਦੇ ਕੇ ਮਾਨ ਸਤਿਕਾਰ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮਾਛੀਵਾੜਾ 'ਚ ਮਹਿਲਾ ਵਿੰਗ ਨੂੰ ਮਜ਼ਬੂਤ ਕੀਤਾ ਜਾਵੇ ਤਾਂ ਜੋ ਆਉਣ ਵਾਲੀਆਂ ਹਰੇਕ ਚੋਣਾਂ ਵਿਚ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰੇ। ਉਕਤ ਨਿਯੁਕਤੀਆਂ ਮਿਲਣ 'ਤੇ ਸ਼ਹਿਰੀ ਪ੍ਰਧਾਨ ਮਨਜੀਤ ਕੁਮਾਰੀ ਤੇ ਜ਼ਿਲ੍ਹਾ ਉਪ ਪ੍ਰਧਾਨ ਉਮਾ ਵਰਮਾ ਨੇ ਹਲਕਾ ਇੰਚਾਰਜ ਰਾਜਾ ਗਿੱਲ ਤੇ ਸੂਬਾ ਪ੍ਰਧਾਨ ਬਲਜੀਤ ਕੌਰ ਤੇ ਜ਼ਿਲਾ ਪ੍ਰਧਾਨ ਸੁਖਵਿੰਦਰ ਕੌਰ ਬਾਠ ਦਾ ਧੰਨਵਾਦ ਪ੍ਰਗਟਾਇਆ। ਕਾਂਗਰਸ ਦੇ ਹਲਕਾ ਸਮਰਾਲਾ ਤੋਂ ਇੰਚਾਰਜ਼ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਆਪਣੇ ਸੰਬੋਧਨ ਕਰਦਿਆਂ ਕਿਹਾ ਕਿ ਇਲਾਕੇ ਵਿਚ ਔਰਤਾਂ ਨੂੰ ਵੱਧ ਤੋਂ ਵੱਧ ਪਾਰਟੀ ਨਾਲ ਜੋੜਿਆ ਜਾਵੇਗਾ ਤੇ ਅੱਜ ਸਮੇਂ ਦੀ ਜ਼ਰੂਰਤ ਹੈ ਕਿ ਮਹਿਲਾ ਲੋਕ ਸੇਵਾ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਮਨਜੀਤ ਕੁਮਾਰੀ ਦਾ ਪਰਵਾਰ ਟਕਸਾਲੀ ਹੈ, ਜੋ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕਰਦਾ ਆ ਰਿਹਾ ਹੈ।

## ਸ੍ਰੀ ਚਿੰਤਪੁਰਨੀ ਸੇਵਾ ਮੰਡਲ ਨੇ ਲਾਈ ਠੰਢੇ ਮਿੱਠੇ ਜਲ ਦੀ ਛਬੀਲ



**ਕੋਟ ਈਸੇ ਖਾਂ (ਅਰੋੜਾ)**-ਸ੍ਰੀ ਚਿੰਤਪੁਰਨੀ ਸੇਵਾ ਮੰਡਲ ਰਜਿ: ਕੋਟ ਈਸੇ ਖਾਂ ਵੱਲੋਂ ਅੱਤ ਦੀ ਗ਼ਰਮੀ ਨੂੰ ਪੈਂਦੇ ਦੇ ਠੰਡੇ ਮਿੱਠੇ ਜਲ ਦੀ ਛਬੀਲ ਗਰੋਵਰ ਫੋਟੋ ਸਟੈਟ ਦੇ ਬਾਹਰ ਜ਼ੀਰਾ ਰੋਡ, ਕੋਟ ਈਸੇ ਖਾਂ ਵਿਖੇ ਲਾਈ ਗਈ, ਜਿਸ ਵਿੱਚ ਸੇਵਦਾਰ ਵਿਨੋਦ ਆਨੰਦ, ਲੱਕੀ ਅਰੋੜਾ, ਬੱਬੂ ਗੁਲਾਟੀ, ਮਨੀ ਛਾਬੜਾ, ਨਰੇਸ਼ ਗੁਲਾਟੀ, ਦੀਪਾਂਸ਼ੂ ਅਰੋੜਾ (ਨੰਨੂ), ਵਤਨ ਅਰੋੜਾ, ਅੰਕੁਸ਼ ਕੁਮਾਰ ਨੰਨੂ ਅਰੋੜਾ, ਵਿਜੈ ਕਾਲੜਾ ਭਾਊ, ਵਿਜੈ ਜੁਨੇਜਾ, ਅਸ਼ੋਕ ਗਰੋਵਰ, ਸੋਨੂੰ ਕਾਲੜਾ, ਸੁਰਿੰਦਰ ਮਿਗਲਾਨੀ, ਦੀਪੂ ਟੱਕਰ, ਲੱਕੀ ਟੱਕਰ, ਸਕਿੰਟਾਂ ਸਚਦੇਵਾ, ਬਲਰਾਜ ਧੀਰ, ਲਖਵਿੰਦਰ ਅਰੋੜਾ, ਦਰਸ਼ਨ ਸ਼ਰਮਾ, ਬੋਵੀ ਐਲ ਆਈ ਸੀ, ਵਿੱਕੀ ਅਰੋੜਾ, ਬੋਵੀ ਐਲ ਆਈ ਸੀ, ਬਲਵਿੰਦਰ ਕੁਮਾਰ, ਗੁਰਨੀਤ ਮਿਗਲਾਨੀ, ਸੋਨੂੰ ਸਚਦੇਵਾ, ਕਮਲਦੀਪ ਮੋਨੂੰ ਸ਼ਰਮਾ,ਵਿਕਾਸ ਗਰੋਵਰ, ਕ੍ਰਿਸ਼ ਅਰੋੜਾ, ਸੋਨੂੰ ਮਾਲੜਾ, ਸ਼ਿਵਨੰਦਨ ਗੁਲਾਟੀ, ਭੋਲਾ ਰਾਜਪੂਤ, ਪ੍ਰਿੰਸ ਜਨਤਾ ਵਾਲਾ, ਕਾਲਾ ਸਚਦੇਵਾ, ਅਜੈ ਸ਼ਰਮਾ, ਵਿੱਕੀ ਗੁੰਬਰ, ਵਿੱਕੀ ਠਾਕੁਰ, ਛਿੰਦਾ ਫਰੂਟ ਵਾਲਾ, ਪੁਨੀਤ ਗਰੋਵਰ, ਅਕਸ਼ਿਤ ਗਰੋਵਰ ਨੇ ਸੇਵਾ ਕੀਤੀ।ਮੰਡਲ ਦੇ ਸੇਵਾਦਾਰਾਂ ਨੇ ਕਿਹਾ ਕਿ ਸੰਸਥਾ ਸਮਾਜ ਭਲਾਈ ਕੰਮਾਂ ਦੇ ਵਿੱਚ ਵਧ-ਚੜ੍ਹ ਕੇ ਸਹਿਯੋਗ ਕਰਦੀ ਹੈ।ਉਨ੍ਹਾਂ ਕਿਹਾ ਸ੍ਰੀ ਚਿੰਤਪੁਰਨੀ ਸੇਵਾ ਮੰਡਲ ਮਾਤਾ ਚਿੰਤਪੁਰਨੀ ਵਿਖੇ ਬਣੀ ਧਰਮਸ਼ਾਲਾ ਦੇ ਵਿੱਚ ਵਧ-ਚੜ੍ਹ ਕੇ ਸਹਿਯੋਗ ਦੇ ਰਿਹਾ ਹਾਂ ਤੇ ਸਾਲਾਨਾ ਲੰਗਰ ਵਿੱਚ ਵੀ ਵੱਧ ਤੋਂ ਵੱਧ ਸਾਥ ਦਿੰਦਾ ਹੈ ਤੇ ਸਹਿਯੋਗ ਕਰਦਾ ਹੈ।

## ਮਾਣੂਕੇ ਗੋਲੀਬਾਰੀ ਮਾਮਲੇ 'ਚ ਦੋ ਅਸਲੇ ਸਮੇਤ ਗ੍ਰਿਫ਼ਤਾਰ



**ਹਠੂਰ (ਲਵਲੀ ਮਾਛੀਕੇ)**-ਬੀਤੀ 10 ਜੂਨ ਦੀ ਦਰਮਿਆਨੀ ਰਾਤ ਨੂੰ ਪਿੰਡ ਮਾਣੂੰਕੇ ਦੇ ਪ੍ਰਗਟ ਸਿੰਘ ਪੁੱਤਰ ਬਲਵਿੰਦਰ ਸਿੰਘ ਦੇ ਘਰ 'ਤੇ ਅੰਨ੍ਹੇਵਾਹ ਫਾਇਰਿੰਗ ਕਰਨ ਦੇ ਮਾਮਲੇ ਵਿੱਚ ਹਠੂਰ ਪਲਿਸ ਨੇ ਚਾਰ ਨੌਜਵਾਨਾਂ ਖਿਲਾਫ ਮਾਮਲਾ ਦਰਜ ਕੀਤਾ ਸੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਹਠੂਰ ਦੇ ਇੰਚਾਰਜ ਗੁਰਸੇਵਕ ਸਿੰਘ ਨੇ ਦੱਸਿਆ ਕਿ ਪ੍ਰਗਟ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਮਾਣੂੰਕੇ ਵੱਲੋ ਦਿੱਤੇ ਬਿਆਨਾ ਦੇ ਅਧਾਰ 'ਤੇ ਥਾਣਾ ਹਠੂਰ ਵਿਖੇ ਗੁਰਮਨਜੋਤ ਸਿੰਘ ਉਰਫ ਤੂਤ ਪੁੱਤਰ ਮੋਹਣ ਸਿੰਘ ਵਾਸੀ ਚਕਰ,ਮਨਜਿੰਦਰ ਸਿੰਘ ਉਰਫ ਗੋਲਾ ਪੁੱਤਰ ਕਾਕਾ ਸਿੰਘ ਵਾਸੀ ਮਾਣੂੰਕੇ,ਸੁੰਦਰ ਸਿੰਘ ਪੁੱਤਰ ਅੰਮ੍ਰਿਤਪਾਲ ਸਿੰਘ ਵਾਸੀ ਮਾਣੂੰਕੇ,ਦਲਵੀਰ ਸਿੰਘ ਉਰਫ ਨਨੂੰ ਪੁੱਤਰ ਤੇਜਿੰਦਰ ਸਿੰਘ ਵਾਸੀ ਮਾਣੂੰਕੇ ਖਿਲਾਫ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਸੀ।ਉਨ੍ਹਾ ਦੱਸਿਆ ਕਿ ਇਨ੍ਹਾ ਚਾਰ ਦੋਸ਼ੀਆਂ ਵਿਚੋਂ ਦੋ ਨੂੰ ਪਹਿਲਾਂ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ ਅਤੇ ਬਾਕੀ ਦੇ ਦੋ ਦੋਸ਼ੀਆਂ ਗੁਰਮਨਜੋਤ ਸਿੰਘ ਉਰਫ ਤੂਤ ਵਾਸੀ ਚਕਰ ਅਤੇ ਕੁਲਦੀਪ ਸਿੰਘ ਉਰਫ ਮਾਣਕ ਵਾਸੀ ਲਹਿਰਾ ਨੂੰ ਵੀਰਵਾਰ ਨੂੰ 2 ਪਿਸਟਲ 4 ਮੈਗਜੀਨ ਅਤੇ 10 ਕਾਰਤੂਸ ਸਮੇਤ ਹਠੂਰ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਹੈ।ਇਸ ਮੌਕੇ ਉਨ੍ਹਾਂ ਨਾਲ ਏ ਐਸ ਆਈ ਮਨੋਹਰ ਲਾਲ,ਏ ਐਸ ਆਈ ਕੁਲਵੰਤ ਸਿੰਘ, ਏ ਐਸ ਆਈ ਸੁਲੱਖਣ ਸਿੰਘ ਆਦਿ ਹਾਜ਼ਰ ਸਨ।

## ਯੂਥ ਕਾਂਗਰਸ ਚੋਣਾਂ 'ਚ ਸ਼ਾਨਦਾਰ ਜਿੱਤ ਨੇ ਲੋਹਗੜ੍ਹ ਪਰਵਾਰ ਦੀ ਲੋਕਪ੍ਰਿਆ 'ਤੇ ਮੋਹਰ ਲਾਈ : ਭੋਲਾ ਮਸਤੇਵਾਲਾ, ਨਰਿੰਦਰ ਸਿੰਘ



**ਕੋਟ ਈਸੇ ਖਾਂ (ਅਰੋੜਾ)**-ਯੂਥ ਕਾਂਗਰਸ ਦੀਆਂ ਚੋਣਾਂ ਵਿੱਚ ਆਏ ਨਤੀਜਿਆਂ ਦੌਰਾਨ ਹਲਕਾ ਧਰਮਕੋਟ ਤੋਂ ਸਾਬਕਾ ਵਿਧਾਇਕ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਦੇ ਧੜੇ ਨੇ ਜ਼ਿਲ੍ਹੇ ਤੇ ਹਲਕਾ ਪੱਧਰ 'ਤੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ, ਜਿਸ ਨੇ ਲੋਹਗੜ੍ਹ ਪਰਵਾਰ ਦੀ ਲੋਕਪ੍ਰਿਆ 'ਤੇ ਮੋਹਰ ਲਗਾਈ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਚੇਅਰਮੈਨ ਤੇ ਬਲਾਕ ਪ੍ਰਧਾਨ ਸ਼ਵਾਜ ਸਿੰਘ ਭੋਲਾ ਮਸਤੇਵਾਲਾ ਅਤੇ ਕਾਂਗਰਸੀ ਯੂਥ ਆਗੂ ਤੇ ਸਾਬਕਾ ਸਰਪੰਚ ਨਰਿੰਦਰ ਸਿੰਘ ਜਾਫਰਵਾਲਾ ਨੇ ਪ੍ਰੈੱਸ ਨਾਲ ਸਾਂਝਾ ਕੀਤਾ।ਆਗੂਆਂ ਨੇ ਕਿਹਾ ਕਿ ਲੋਕ ਅੱਜ ਵੀ ਲੋਹਗੜ੍ਹ ਪਰਵਾਰ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹਨ ਤੇ ਯੂਥ ਕਾਂਗਰਸ ਦੀਆਂ ਚੋਣਾਂ ਵਿੱਚ ਹੂੰਝਾਫੇਰ ਜਿੱਤ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਹਲਕੇ ਵਿੱਚ ਸੁਖਜੀਤ ਸਿੰਘ ਲੋਹਗੜ੍ਹ ਹੀ ਅਜਿਹੇ ਲੀਡਰ ਹਨ, ਜੋ ਕਾਂਗਰਸ ਪਾਰਟੀ ਨੂੰ ਬੁਲੰਦੀਆਂ 'ਤੇ ਲਿਜਾ ਸਕਦੇ ਹਨ।ਆਗੂਆਂ ਨੇ ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਹ ਨਵੇਂ ਬਣੇ ਅਹੁਦੇਦਾਰ ਕਾਂਗਰਸ ਪਾਰਟੀ ਦੀ ਚੜ੍ਹਦੀ ਕਲਾਂ ਲਈ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਲੈ ਕੇ ਜਾਣਗੇ।ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਹੀ ਅਜਿਹੀ ਪਾਰਟੀ ਹੈ, ਜੋ ਹਰੇਕ ਵਰਗ ਦੇ ਹਿੱਤਾਂ ਲਈ ਕੰਮ ਕਰਦੀ ਹੈ ਤੇ ਲੋਕ ਆਪ ਮੁਹਾਰੇ ਕਾਂਗਰਸ ਪਾਰਟੀ ਨਾਲ ਜੁੜ ਰਹੇ ਹਨ ਤੇ ਪੰਜਾਬ ਵਿੱਚ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਜਿੱਤ ਹੋਵੇਗੀ।

## ਪੀ.ਏ.ਯੂ.-ਕੇ.ਵੀ.ਕੇ. ਵੱਲੋਂ ਐੱਫ਼.ਪੀ.ਓਜ਼. ਲਈ ਵਿਸ਼ੇਸ਼ ਸਿਖਲਾਈ ਕੈਂਪ

**ਗਿੱਦੜਬਾਹਾ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਐਸੋਸੀਏਟ ਡਾਇਰੈਕਟਰ ਡਾ. ਕਰਮਜੀਤ ਸ਼ਰਮਾ ਦੀ ਯੋਗ ਅਗਵਾਈ ਹੇਠ ਨਾਬਾਰਡ ਦੇ ਸਹਿਯੋਗ ਨਾਲ 'ਖੇਤ ਬਚਾਓ ਅਭਿਆਨ' ਤਹਿਤ ਪਿੰਡ ਆਸਾ ਬੁੱਟਰ ਵਿੱਚ ਕਿਸਾਨ ਉਤਪਾਦਕ ਸੰਗਠਨਾਂ (ਐੱਫ਼.ਪੀ.ਓਜ਼.) ਲਈ ਇੱਕ ਵਿਸ਼ੇਸ਼ ਸਿਖਲਾਈ ਤੇ ਜਾਗਰੂਕਤਾ ਕੈਂਪ ਕੀਤਾ ਗਿਆ।ਕੈਂਪ ਦੌਰਾਨ ਡਾ. ਮਨਜੀਤ ਕੌਰ, ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਿਤ ਵਰਤੋਂ ਲਈ ਮਿੱਟੀ ਤੇ ਪਾਣੀ ਦੀ ਪਰਖ ਕਰਵਾਉਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਸਾਲ ਦਰ ਸਾਲ ਇੱਕੋ ਫਸਲ ਉਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਜਾਂਦੀ ਹੈ, ਇਸ ਲਈ ਮਿੱਟੀ ਦੀ ਜਾਂਚ ਬਹੁਤ ਜ਼ਰੂਰੀ ਹੈ।ਇਸ ਤੋਂ ਇਲਾਵਾ ਉਨ੍ਹਾਂ ਨੇ ਜੈਵਿਕ ਖਾਦਾਂ ਦੀ ਵਰਤੋਂ ਨਾਲ ਮਿੱਟੀ ਦੀ ਸਿਹਤ ਸੁਧਾਰ ਬਾਰੇ ਵੀ ਕਿਸਾਨਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਡਾ. ਵਿਵੇਕ ਕੁਮਾਰ ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਸਾਉਣੀ ਦੀਆਂ ਫ਼ਸਲਾਂ ਵਿੱਚ ਖਾਦਾਂ ਦੀ ਸੁਚੱਜੀ ਵਰਤੋਂ, ਖਾਦਾਂ ਦੀ ਘਾਟ ਸਮੇਂ ਬਦਲਵੇਂ ਵਿਕਲਪ, ਸੂਖਮ ਪੋਸ਼ਕ ਤੱਤਾਂ ਦੀ ਮਹੱਤਤਾ ਤੇ ਸਾਉਣੀ ਦੀਆਂ ਫ਼ਸਲਾਂ ਵਿੱਚ ਨਦੀਨਾਂ ਦੀ ਸਰਵਪੱਖੀ ਰੋਕਥਾਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਨਾਬਾਰਡ ਦੇ ਡੀ.ਡੀ.ਐੱਮ. ਸੁਰੇਸ਼ ਕੁਮਾਰ ਨੇ ਨਾਬਾਰਡ ਵੱਲੋਂ ਕਿਸਾਨਾਂ ਲਈ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਗੱਲਬਾਤ ਕੀਤੀ ਤੇ ਕਿਸਾਨਾਂ ਨੂੰ ਇਨ੍ਹਾਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦੇ ਅਖੀਰ ਵਿੱਚ ਉਨ੍ਹਾਂ ਕੇ.ਵੀ.ਕੇ. ਟੀਮ, ਐੱਸ.ਬੀ.ਆਈ. ਦੇ ਅਧਿਕਾਰੀਆਂ, ਵੱਖ-ਵੱਖ ਐੱਫ਼.ਪੀ.ਓਜ਼ ਤੋਂ ਪਹੁੰਚੇ ਪ੍ਰਤੀਨਿਧੀਆਂ ਤੇ ਕਿਸਾਨਾਂ ਦਾ ਧੰਨਵਾਦ ਕੀਤਾ।

## ਮੀਟਰ ਰੀਡਰਾਂ ਦੀ ਹੜਤਾਲ ਕਾਰਨ ਪਾਵਰਕਾਮ ਵੱਲੋਂ ਘਰੇਲੂ ਖਪਤਕਾਰਾਂ ਨੂੰ ਭੇਜੇ ਜਾ ਰਹੇ ਅੰਦਾਜ਼ਨ ਬਿੱਲ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**



ਪੰਜਾਬ ਵਿੱਚ ਪਿਛਲੇ ਲੰਮੇ ਸਮੇਂ ਤੋਂ ਆਊਟ ਸੋਰਸਸ ਮੀਟਰ ਰੀਡਰਾਂ ਦੀ ਚੱਲ ਹੀ ਹੜਤਾਲ ਨੇ ਘਰੇਲੂ ਖਪਤਕਾਰਾਂ ਨੂੰ ਵੱਡੀ ਸਮੱਸਿਆ ਵਿਚ ਪਾ ਦਿੱਤਾ ਹੈ।ਮੀਟਰਾਂ ਦੀ ਰੀਡਿੰਗ ਨਾ ਹੋਣ ਕਾਰਨ ਖਪਤਕਾਰਾਂ ਨੂੰ ਪਿਛਲੇ 4-5 ਮਹੀਨਿਆਂ ਦੇ ਇਕੱਠੇ ਤੇ ਮੋਟੇ-ਮੋਟੇ ਬਿੱਲ ਮਿਲ ਰਹੇ ਹਨ, ਜਿਸ ਕਾਰਨ ਖਪਤਕਾਰਾਂ ਸਾਹਮਣੇ ਵੱਡੀ ਸਮੱਸਿਆ ਆ ਖੜੀ ਹੋਈ ਹੈ।ਕੁੱਝ ਖਪਤਕਾਰਾਂ ਦਾ ਬਿੱਲ ਤਾਂ ਲੱਖਾਂ ਰੁਪਏ ਵਿੱਚ ਆ ਗਏ ਹਨ।ਪਟਿਆਲਾ ਸਥਿਤ ਸੀਨੀਅਰ ਸਟੀਜ਼ਨ ਵੈਲਫੇਅਰ ਸੁਸਾਇਟੀ ਨੇ ਪੀ.ਐੱਸ.ਪੀ.ਸੀ.ਐੱਲ. ਦੇ ਸੀ.ਐੱਮ.ਡੀ ਬਸੰਤ ਗਰਗ ਨੂੰ ਇਸ ਸੰਬੰਧੀ ਪੱਤਰ ਵੀ ਲਿਖਿਆ ਹੈ, ਜਿਸ ਵਿਚ ਉਨ੍ਹਾਂ ਨੇ ਗਰਗ ਨੂੰ ਜਾਣੂ ਕਰਾਇਆ ਕਿ 10 ਕਿੱਲੋਵਾਟ ਤੋਂ ਵੱਧ ਲੋਡ ਵਾਲੇ ਖਪਤਕਾਰਾਂ ਨੂੰ 6-7 ਮਹੀਨਿਆਂ ਦੇ ਇਕੱਠੇ ਬਿੱਲ ਭੇਜੇ ਗਏ ਹਨ, ਜੋ ਬਹੁਤ ਜ਼ਿਆਦਾ ਹਨ। ਦੂਜੇ ਪਾਸੇ ਪੀ.ਸੀ.ਐੱਸ.ਪੀ. ਐੱਲ. ਨੇ ਆਖਿਆ ਹੈ ਕਿ ਇਹ ਦਿੱਕਤ 2000 ਆਊਟਸੋਰਸਡ ਮੀਟਰ ਰੀਡਰਾਂ ਦੀ ਹੜਤਾਲ ਤੇ ਤਕਨੀਕੀ ਖਰਾਬੀ ਕਾਰਨ ਆ ਰਹੀ ਹੈ।ਮੀਟਰ ਰੀਡਰ ਪੰਜਾਬ ਸਰਕਾਰ ਤੋਂ ਪੱਕਿਆਂ ਹੋਣ ਦੀ ਮੰਗ ਕਰ ਰਹੇ ਹਨ। ਇਹ ਵੀ ਪਤਾ ਲੱਗਾ ਹੈ ਕਿ ਮਈ-ਜੂਨ ਦੀ ਬੀਲਿੰਗ ਪ੍ਰਕਿਰਿਆ ਦੌਰਾਨ 9.6 ਲੱਖ ਨਾਨ ਸਮਾਰਟ ਮੀਟਰ ਖਪਤਕਾਰਾਂ ਨੂੰ ਅੰਦਾਜ਼ਨ ਐਨ-ਕੋਡ ਬਿੱਲ ਜਾਰੀ ਕੀਤੇ ਗਏ ਸਨ।ਇਸ ਤੋਂ ਇਲਾਵਾ ਤਕਨੀਕੀ ਸਮੱਸਿਆ ਕਾਰਨ 92,643 ਸਮਾਰਟ ਮੀਟਰ ਖਪਤਕਾਰਾਂ ਨੂੰ ਵੀ ਅੰਦਾਜ਼ਨ ਬਿੱਲ ਭੇਜੇ ਗਏ ਹਨ।ਪੀ.ਸੀ.ਐੱਸ.ਪੀ.ਐੱਲ. ਮੁਤਾਬਕ ਅੰਦਾਜ਼ਨ ਬਿੱਲ ਪ੍ਰਾਪਤ ਕਰਨ ਵਾਲੇ 9.6 ਲੱਖ ਖਪਤਕਾਰਾਂ ਵਿੱਚੋਂ ਲਗਭਗ 6 ਲੱਖ ਖਪਤਕਾਰ ਜ਼ੀਰੋ ਬਿੱਲ ਸ਼੍ਰੇਣੀ ਵਾਲੇ ਸਨ। ਇਸ ਤੋਂ ਇਲਾਵਾ 22,000 ਨਾਨ ਸਮਾਰਟ ਮੀਟਰ ਖਪਤਕਾਰਾਂ ਨੂੰ 1000 ਤੋਂ 5000 ਰੁਪਏ ਤੱਕ ਅੰਦਾਜ਼ਨ ਬਿੱਲ ਭੇਜੇ ਗਏ ਹਨ।ਦੂਜੇ ਪਾਸੇ ਬਿਜਲੀ ਖਪਤਕਾਰਾਂ ਦਾ ਆਖਣਾ ਹੈ ਕਿ ਅੰਦਾਜ਼ਨ ਬਿੱਲ ਭੇਜਣ ਦੀ ਪ੍ਰਕਿਰਿਆ ਨੂੰ ਤੁਰੰਤ ਬੰਦ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਘਰੇਲੂ ਖਪਤਕਾਰਾਂ ਨੂੰ ਵੱਡਾ ਘਾਟਾ ਪੈ ਰਿਹਾ ਹੈ।

## ਕੂੜੇ ਦੇ ਢੇਰ ਬਣੇ ਲੋਕਾਂ ਲਈ ਵੱਡੀ ਮੁਸ਼ਕਲ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਪਿੰਡ ਸੁਨਿਆਰਹੇੜੀ 'ਚ ਸੂਏ ਦੇ ਨਾਲ ਵਾਲੇ ਰਸਤੇ 'ਤੇ ਲੱਗੇ ਕੂੜੇ ਦੇ ਢੇਰ ਨੇੜਲੇ ਘਰਾਂ ਲਈ ਵੱਡੀ ਮੁਸ਼ਕਲ ਬਣੇ ਹੋਏ ਹਨ।ਕੂੜੇ ਤੋਂ ਉੱਠਦੀ ਬਦਬੂ, ਗੰਦਗੀ ਤੇ ਮੱਛਰ-ਮੱਖੀਆਂ ਦੀ ਭਰਮਾਰ ਕਾਰਨ ਇਲਾਕੇ ਦਾ ਵਾਤਾਵਰਣ ਪ੍ਰਦੂਸ਼ਿਤ ਹੋ ਰਿਹਾ ਹੈ।ਇਸ ਮੌਕੇ ਤੇਜਿੰਦਰ ਸਿੰਘ ਤੇ ਕੁਲਦੀਪ ਸਿੰਘ ਤੇ ਹੋਰ ਵਾਸੀਆਂ ਨੇ ਦੱਸਿਆ ਕਿ ਲੰਮੇ ਸਮੇ ਤੋਂ ਇਸ ਥਾਂ 'ਤੇ ਲਗਾਤਾਰ ਕੂੜਾ ਸੁੱਟਿਆ ਜਾ ਰਿਹਾ ਹੈ, ਜਿਸ ਕਾਰਨ ਆਲੇ-ਦੁਆਲੇ ਦੇ ਇਲਾਕੇ ਵਿੱਚ ਗੰਦਗੀ ਫੈਲ ਰਹੀ ਹੈ।ਉਨ੍ਹਾਂ ਕਿਹਾ ਕਿ ਕਈ ਵਾਰ ਕੁਝ ਲੋਕ ਕੂੜੇ ਨੂੰ ਅੱਗ ਵੀ ਲਾ ਦਿੰਦੇ ਹਨ।ਬਰਸਾਤ ਦੇ ਮੌਸਮ ਦੌਰਾਨ ਇਹ ਸਮੱਸਿਆ ਹੋਰ ਵੀ ਗੰਭੀਰ ਹੋ ਜਾਂਦੀ ਹੈ ਤੇ ਛੂਤ ਦੀਆਂ ਬਿਮਾਰੀਆਂ ਫੈਲਣ ਦਾ ਖਤਰਾ ਬਣਿਆ ਰਹਿੰਦਾ ਹੈ।ਉਨ੍ਹਾਂ ਨੇ ਪਿੰਡ ਦੀ ਪੰਚਾਇਤ ਤੇ ਸਬੰਧਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਇਸ ਥਾਂ ਤੋਂ ਤੁਰੰਤ ਕੂੜਾ ਚੁਕਵਾਇਆ ਜਾਵੇ, ਇੱਥੇ ਕੂੜਾ ਸੁੱਟਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਭਵਿੱਖ ਵਿੱਚ ਅਜਿਹੀ ਸਮੱਸਿਆ ਨਾ ਆਵੇ, ਇਸ ਲਈ ਪੱਕੇ ਪ੍ਰਬੰਧ ਕੀਤੇ ਜਾਣ।ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਹਰ ਨਾਗਰਿਕ ਦਾ ਹੱਕ ਹੈ ਤੇ ਪ੍ਰਸ਼ਾਸਨ ਨੂੰ ਇਸ ਮਾਮਲੇ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ।ਪਿੰਡ ਦੇ ਸਰਪੰਚ ਵਿੱਕੀ ਨੇ ਕਿਹਾ ਕਿ ਇਹ ਜਗ੍ਹਾ ਨਹਿਰੀ ਵਿਭਾਗ ਦੀ ਹੈ ਇਹ ਕਹਿੰਦਿਆਂ ਕਿਹਾ ਕਿ ਮੇਰੇ ਕੋਲ ਕੋਈ ਸ਼ਿਕਾਇਤ ਲੈ ਕੇ ਨਹੀਂ ਆਇਆ।ਪਿੰਡ ਵਾਸੀ ਤੇਜਿੰਦਰ ਸਿੰਘ ਕਹਿਣਾ ਹੈ ਕਿ ਇਸ ਸਮੱਸਿਆ ਸਬੰਧੀ ਉਹ ਮੌਜੂਦਾ ਸਰਪੰਚ, ਹਲਕਾ ਵਿਧਾਇਕ ਤੇ ਪੰਜਾਬ ਦੇ ਮੁੱਖ ਮੰਤਰੀ ਨੂੰ ਵੀ ਲਿਖਤੀ ਅਤੇ ਮੌਖਿਕ ਰੂਪ ਵਿੱਚ ਸ਼ਿਕਾਇਤ ਕਰ ਚੁੱਕੇ ਹਨ।ਇਸ ਦੇ ਬਾਵਜੂਦ ਅਜੇ ਤੱਕ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ ਤੇ ਨਾ ਹੀ ਕੂੜੇ ਦੇ ਢੇਰਾਂ ਦੀ ਸਮੱਸਿਆ ਦਾ ਕੋਈ ਪੱਕਾ ਹੱਲ ਕੀਤਾ ਗਿਆ ਹੈ।ਲੋਕਾਂ ਨੇ ਪ੍ਰਸ਼ਾਸਨ ਤੋਂ ਤੁਰੰਤ ਦਖ਼ਲ ਦੇ ਕੇ ਇਸ ਸਮੱਸਿਆ ਦਾ ਸਥਾਈ ਹੱਲ ਕਰਨ ਦੀ ਮੰਗ ਕੀਤੀ ਹੈ।

# ਅਸ਼ੀਰਵਾਦ ਸਕੀਮ ਤਹਿਤ 16.74 ਕਰੋੜ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਕ੍ਰਿਸ਼ਨ ਗਰਗ, ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਨੇ ਗਰੀਬ ਅਤੇ ਲੋੜਵੰਦ ਪਰਵਾਰਾਂ ਦੀਆਂ ਧੀਆਂ ਦੇ ਵਿਆਹਾਂ ਦੇ ਫਿਕਰ ਨੂੰ ਦੂਰ ਕਰਦਿਆਂ ਇੱਕ ਵੱਡੀ ਰਾਹਤ ਦਿੱਤੀ ਹੈ। ਸਮਾਜਿਕ



ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਇੱਥੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ 'ਅਸ਼ੀਰਵਾਦ ਸਕੀਮ' ਤਹਿਤ ਚਾਲੂ ਵਿੱਤੀ ਸਾਲ 2026-27 ਦੌਰਾਨ ਅਨੁਸੂਚਿਤ ਜਾਤੀਆਂ ਦੇ 3282 ਲਾਭਪਾਤਰੀਆਂ ਨੂੰ 16.74 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਰਾਜ ਵਿੱਚ ਘੱਟ ਆਮਦਨੀ ਵਾਲੇ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਲਈ 51,000 ਰੁਪਏ ਦੀ ਰਾਸ਼ੀ ਵਿੱਤੀ ਸਹਾਇਤਾ ਵਜੋਂ ਦਿੱਤੀ ਜਾਂਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਦਾ ਪੱਕਾ ਵਸਨੀਕ ਹੋਣਾ ਚਾਹੀਦਾ ਹੈ, ਅਨੁਸੂਚਿਤ ਜਾਤੀ, ਪੱਛੜੀਆਂ ਸ੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਹੋਵੇ ਤੇ ਪਰਵਾਰ ਦੀ ਸਾਰੇ ਸਰੋਤਾਂ ਨੂੰ ਮਿਲਾਕੇ ਸਾਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਵੇ। ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਲੈ ਸਕਦੀਆਂ ਹਨ।

# ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਸਿਹਤ ਡਾਇਰੈਕਟਰ ਨਾਲ ਮੀਟਿੰਗ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਸਿਹਤ ਡਾਇਰੈਕਟਰ ਨਾਲ ਉਹਨਾਂ ਵਲੋਂ ਦਿੱਤੇ ਗਏ ਲਿਖਤੀ ਸਮੇਂ ਅਨੁਸਾਰ ਮੀਟਿੰਗ ਹੋਈ। ਇਹ ਮੀਟਿੰਗ ਪਿਛਲੇ ਦਿਨੀ ਨਵੀਂ ਚੁਣੀ ਗਈ ਕਮੇਟੀ ਦੇ ਸੂਬਾ ਪ੍ਰਧਾਨ ਸੁਖਦੀਪ ਸ਼ਰਮਾ ਅਤੇ ਜਨਰਲ ਸਕੱਤਰ ਸੁਨੀਲ ਦੱਤ ਸ਼ਰਮਾ ਦੀ ਅਗਵਾਈ ਹੇਠ ਕੀਤੀ ਗਈ। ਇਸ ਵਿਚ ਸਿਹਤ ਡਾਇਰੈਕਟਰ ਨੂੰ ਪਹਿਲਾ ਨਵੇਂ ਚੁਣੇ ਗਏ ਕਮੇਟੀ ਮੈਂਬਰਾ ਦੀ ਜਾਣ ਪਛਾਣ ਕਰਵਾਈ ਗਈ । ਮੀਟਿੰਗ ਦੀ ਕਾਰਵਾਈ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੀ ਸੂਬਾ ਪ੍ਰੈਸ ਸਕੱਤਰ ਦੀਪਾਂਜਲੀ ਭੱਟੀ ਨੇ ਦੱਸਿਆ ਕਿ ਮੀਟਿੰਗ ਵਿੱਚ ਫਾਰਮੇਸੀ ਅਫਸਰਾਂ ਦੀਆਂ ਮੁਸ਼ਕਿਲਾਂ ਬਾਰੇ ਚਰਚਾ ਕੀਤੀ ਗਈ।



ਪੰਜਾਬ ਪੇ ਸਕੇਲ ਲੈਣ ਲਈ ਮਾਨਯੋਗ ਹਾਈ ਕੋਰਟ ਦੇ ਫੈਸਲੇ ਅਨੁਸਾਰ ਫਾਰਮੇਸੀ ਅਫਸਰਾ ਦੇ ਜਨਰਲ ਸਪੀਕਿੰਗ ਆਰਡਰ ਜਾਰੀ ਕਰਨ ਦੀ ਮੁੱਖ ਮੰਗ ਰੱਖੀ ਗਈ ਜਿਸ ਵਿਚ ਡਾਇਰੈਕਟਰ ਸਾਹਿਬ ਨੇ ਕਿਹਾ ਕਿ ਸਰਕਾਰ ਵੱਲੋਂ ਲੀਗਲ ਐਡਵਾਈਜ਼ਰ ਨਾਲ ਗੱਲਬਾਤ ਕਰਕੇ ਜਲਦ ਹੀ ਇਸਦਾ ਹਲ ਕੀਤਾ ਜਾਵੇਗਾ। ਫਾਰਮੇਸੀ ਅਫਸਰਾ ਦੀਆਂ ਬਾਕੀ ਰਹਿੰਦੀਆਂ ਰੈਗੂਲਰ ਪੋਸਟਾਂ ਨੂੰ ਭਰਨ ਸਬੰਧੀ ਉਹਨਾਂ ਆਖਿਆ ਕਿ ਸਰਕਾਰ ਵਲੋਂ ਇਹਨਾਂ 454 ਪੋਸਟਾਂ ਨੂੰ ਜਲਦੀ ਭਰਿਆ ਜਾਵੇਗਾ। ਇਸ ਤੋ ਬਾਅਦ ਸੇਵਾ ਮੁਕਤ ਫਾਰਮੇਸੀ ਅਫਸਰਾ ਦੇ ਲੀਵ ਇਨਕੇਸ਼ਮੈਂਟ ਦੇ ਪੈਂਡਿੰਗ ਕੇਸਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਵਿੱਤ ਸਕੱਤਰ ਮੀਨਾਕਸ਼ੀ ਧੀਰ, ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ, ਮੀਤ ਪ੍ਰਧਾਨ ਸੁਖਮੰਦਰ ਸਿੰਘ ਸੰਧੂ, ਆਡੀਟਰ ਅਮਨਦੀਪ ਸਿੰਘ, ਮੁੱਖ ਸਲਾਹਕਾਰ ਅਮਰਿੰਦਰ ਸਿੰਘ, ਜੁਆਇੰਟ ਸਕੱਤਰ ਵਿਸ਼ਾਲ ਤਿਆਲ, ਪ੍ਰਬਧਕੀ ਸਕੱਤਰ ਬਲਵਿੰਦਰ ਸਿੰਘ, ਪ੍ਰੋਪੇਗੰਡਾ ਸਕੱਤਰ ਮਲਕੀਤ ਸਿੰਘ ਤੋ ਇਲਵਾ ਸੰਜੇ ਗੁਪਤਾ ਸੁਪਰੀਡੈਂਟ ਅਤੇ ਗੁਰਪ੍ਰੀਤ ਸਿੰਘ ਸੀਨੀਅਰ ਸਹਾਇਕ ਵੀ ਹਾਜ਼ਰ ਸਨ।

# ਵਰੁਣ ਬਾਵਾ ਕਰਤਾਰਪੁਰ ਨਗਰ ਕੌਂਸਲ ਦੇ ਬਣੇ ਪ੍ਰਧਾਨ



**ਕਰਤਾਰਪੁਰ, (ਹਰਮੇਸ਼ ਦੱਤ)**- ਕਰਤਾਰਪੁਰ ਨਗਰ ਕੌਂਸਲ ਦਫ਼ਤਰ ਵਿਖੇ ਨਗਰ ਕੌਂਸਲ ਦੇ ਪ੍ਰਧਾਨ, ਸੀਨੀਅਰ ਉਪ ਪ੍ਰਧਾਨ ਅਤੇ ਉਪ ਪ੍ਰਧਾਨ ਦੀ ਚੋਣ ਲਈ ਇੱਕ ਮੀਟਿੰਗ ਹੋਈ। ਵਿਧਾਇਕ ਬਲਕਾਰ ਸਿੰਘ ਤੇ ਉਨ੍ਹਾਂ ਦੀ ਪਤਨੀ ਹਰਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਪੁੱਜੇ । ਮੀਟਿੰਗ ਵਿੱਚ ਸਾਰੇ 15 ਵਾਰਡਾਂ ਦੇ ਕੌਂਸਲਰ ਸ਼ਾਮਲ ਹੋਏ। ਵਾਰਡ ਨੰਬਰ 8 ਦੇ ਕੌਂਸਲਰ ਵਰੁਣ ਬਾਵਾ ਨੂੰ ਪ੍ਰਧਾਨ ਚੁਣਿਆ ਗਿਆ। ਵਾਰਡ ਨੰਬਰ 11 ਦੀ ਕੌਂਸਲਰ ਰਾਜਵਿੰਦਰ ਕੌਰ ਨੂੰ ਸੀਨੀਅਰ ਉਪ ਪ੍ਰਧਾਨ ਅਤੇ ਵਾਰਡ ਨੰਬਰ 2 ਦੇ ਕੌਂਸਲਰ ਜਤਿਨ ਸ਼ਰਮਾ ਨੂੰ ਉਪ ਪ੍ਰਧਾਨ ਚੁਣਿਆ ਗਿਆ। ਪ੍ਰਧਾਨ ਦੇ ਐਲਾਨ ਤੋਂ ਬਾਅਦ ਸਮਰਥਕਾਂ ਨੇ ਢੋਲ ਨਾਲ ਭੰਗੜਾ ਪਾ ਕੇ ਜਸ਼ਨ ਮਨਾਇਆ ਅਤੇ ਮਠਿਆਈਆਂ ਵੰਡੀਆਂ।

ਇਸ ਮੌਕੇ ਪ੍ਰਧਾਨ ਵਰੁਣ ਬਾਵਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿਧਾਇਕ ਬਲਕਾਰ ਸਿੰਘ, ਮੈਡਮ ਹਰਪ੍ਰੀਤ ਕੌਰ ਅਤੇ ਆਮ ਆਦਮੀ ਪਾਰਟੀ ਦੀ ਪੂਰੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਆਪਣੀਆਂ ਸੌਂਪੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਲਗਨ ਨਾਲ ਨਿਭਾਉਣਗੇ। ਪੂਰੇ ਸ਼ਹਿਰ ਦਾ ਵਿਕਾਸ ਬਿਨਾਂ ਕਿਸੇ ਭੇਦਭਾਵ ਦੇ ਕੀਤਾ ਜਾਵੇਗਾ।

# ਏਸ਼ੀਅਨ ਫੁੱਟਬਾਲ ਕਨਫੈਡਰੇਸ਼ਨ ਦਾ ਕੁੱਲ ਹਿੰਦ ਪ੍ਰੋ. ਡਿਪਲੋਮਾ ਕੋਰਸ ਕਰਵਾਇਆ

**ਗੁਰਾਇਆ (ਬਿੰਦਰ ਸੁਮਨ)** ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਨੇ ਮਲਟੀ ਸਪੋਰਟਸ ਕਮਿਊਨਿਟੀ ਕੰਪਲੈਕਸ, ਵਿਖੇ ਏਸ਼ੀਅਨ ਫੁੱਟਬਾਲ ਕਨਫੈਡਰੇਸ਼ਨ ਦੇ ਭਾਰਤ ਦੇ ਪ੍ਰੋ ਡਿਪਲੋਮਾ ਕੋਰਸ (ਮਾਡਿਊਲ 2) ਦੀ ਸਫਲਤਾਪੂਰਵਕ ਮੇਜ਼ਬਾਨੀ ਕਰਕੇ ਫੁੱਟਬਾਲ ਵਿਕਾਸ ਦੇ ਆਪਣੇ ਸਫ਼ਰ ਵਿੱਚ ਇੱਕ ਹੋਰ ਮਾਣਮੱਤਾ ਅਧਿਆਇ ਜੋੜਿਆ ਹੈ। ਇਸ ਪ੍ਰਾਪਤੀ ਦੇ ਨਾਲ,ਵਾਈ ਐੱਫ ਸੀ ਰੁੜਕਾ ਕਲਾਂ ਪੰਜਾਬ ਵਿੱਚ ਵੱਕਾਰੀ ਪ੍ਰੋ ਡਿਪਲੋਮਾ ਕੋਰਸ ਦੀ ਮੇਜ਼ਬਾਨੀ ਕਰਨ ਵਾਲਾ ਪਹਿਲਾ ਸੰਗਠਨ ਬਣ ਗਿਆ ਹੈ, ਜੋ ਕਿ ਖੇਤਰ ਵਿੱਚ ਫੁੱਟਬਾਲ ਵਿਕਾਸ, ਕੋਚ ਸਿੱਖਿਆ ਅਤੇ ਕਮਿਊਨਿਟੀ ਖੇਡਾਂ ਦੇ ਮੋਹਰੀ ਕੇਂਦਰਾਂ ਵਿੱਚੋਂ ਇੱਕ ਵਜੋਂ ਆਪਣੀ ਵਧਦੀ ਸਾਖ ਨੂੰ ਦਰਸਾਉਂਦਾ ਹੈ। ਇਹ ਕੋਰਸ 9 ਜੂਨ ਤੋਂ 24 ਜੂਨ 2026 ਤੱਕ ਕਰਵਾਇਆ ਗਿਆ ਸੀ ਅਤੇ ਇਸ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ 20 ਨਿਪੁੰਨ ਕੋਚਾਂ ਅਤੇ ਫੁੱਟਬਾਲ ਪੇਸ਼ੇਵਰਾਂ ਨੇ ਭਾਗ ਲਿਆ, ਜੋ ਕੇ ਕਿਸੇ ਸਮੇ ਭਾਰਤੀ ਫੁੱਟਬਾਲ ਟੀਮ ਦੇ ਖਿਡਾਰੀ ਰਹੇ ਤੇ ਅਜੋਕੇ ਸਮੇ ਵਿੱਚ ਰਾਸ਼ਟਰੀ ਟੀਮਾ ਨੂੰ ਕੋਚਿੰਗ ਦੇ ਰਹੇ ਹਨ। ਕੋਰਸ ਪੂਰਾ ਕਰਨ ਵਾਲੇ ਭਾਗੀਦਾਰਾਂ ਵਿੱਚ ਅਮੋਘ ਅਡਿਗੇ, ਸਮੀਰ ਸਮਸਿਧੀਨ ਸ਼ੇਖ, ਪਰੋਮਿਤਾ ਸਿਤ, ਕ੍ਰਿਸਪਿਨ ਛੇਤਰੀ, ਨਿਵੇਥਾ ਮੋਹਨ ਦਾਸ, ਸਚਿਨ ਤਾਨਾਜੀ ਬਦਾਧੇ, ਜੋਆਕਿਮ ਅਲੈਗਜ਼ੈਂਡਰਸਨ, ਉੱਤਮ ਸਿੰਘ ਨੇਗੀ, ਨੱਲੱਪਨ ਮੋਹਨਰਾਜ, ਮੰਗੇਸ਼ ਦੇਸਾਈ, ਬੀਬੀ ਥਾਮਸ, ਐਂਥਨੀ



ਐਂਡਰਿਊਜ਼, ਸਮੀਰ ਨਾਇਕ, ਹਰਪ੍ਰੀਤ ਸਿੰਘ, ਮਹੇਸ਼ ਗਵਾਲੀ, ਜੋਪਾਲ ਐਂਚੇਰੀ, ਸੁਬਰਤ ਪਾਲ ਅਤੇ ਵੱਖ-ਵੱਖ ਸੰਸਥਾਵਾਂ ਅਤੇ ਕਲੱਬਾਂ ਨਾਲ ਜੁੜੇ ਹੋਰ ਤਜਰਬੇਕਾਰ ਫੁੱਟਬਾਲ ਪੇਸ਼ੇਵਰ ਸ਼ਾਮਲ ਸਨ।

15 ਦਿਨ ਚੱਲੇ ਕੋਰਸ ਦੇ ਆਖਰੀ ਦਿਨ ਸਮਾਪਤੀ ਸਮਾਰੋਹ ਦੌਰਾਨ, ਕੋਰਸ ਇੰਸਟ੍ਰਕਟਰ ਵਿਵੇਕ ਨਾਗੁਲ ਅਤੇ ਸਾਜਿਦ ਨੇ ਵਾਈ ਐੱਫ ਸੀ ਰੁੜਕਾ ਕਲਾਂ ਦੁਆਰਾ ਪ੍ਰੋ ਡਿਪਲੋਮਾ ਕੋਰਸ ਦੀ ਮੇਜ਼ਬਾਨੀ ਲਈ ਕੀਤੇ ਗਏ ਪ੍ਰਬੰਧਾਂ ਦੀ ਬਹੁਤ ਸ਼ਲਾਘਾ ਕੀਤੀ।

# ਦਰਬਾਰ ਬਾਬਾ ਚੁੱਪ ਸ਼ਾਹ ਦਾ ਸਾਲਾਨਾ ਜੋੜ ਮੇਲਾ ਸੰਪੰਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਦਰਬਾਰ ਬਾਬਾ ਚੁੱਪ ਸ਼ਾਹ ਦਾ ਸਾਲਾਨਾ ਜੋੜ ਮੇਲਾ ਪਿੰਡ ਸੰਘੇ ਜਾਗੀਰ (ਨੂਰਮਹਿਲ) ਵਿਖੇ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਸੰਪੰਨ ਹੋਇਆ।



ਮੇਲੇ ਦੌਰਾਨ ਪੰਜਾਬ ਹੀ ਨਹੀਂ ਸਗੋਂ ਵੱਖ-ਵੱਖ ਇਲਾਕਿਆਂ ਤੋਂ ਪਹੁੰਚੀਆਂ ਸੰਗਤਾਂ ਨੇ ਦਰਬਾਰ ਵਿੱਚ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਮੁੱਖ ਸੇਵਾਦਾਰ ਗੁਰਸ਼ਰਨ ਰਾਏ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 18 ਜੂਨ ਨੂੰ ਸਵੇਰੇ ਚਿਰਾਗਾਂ ਅਤੇ ਝੰਡੇ ਦੀ ਰਸਮ ਨਾਲ ਮੇਲੇ ਦੀ ਸ਼ੁਰੂਆਤ ਕੀਤੀ ਗਈ। ਰਾਤ ਸਮੇਂ ਹੋਈ ਮਹਿਫ਼ਲ-ਏ-ਕਵਾਲ ਨੇ ਸੰਗਤਾਂ ਨੂੰ ਰੂਹਾਨੀ ਰੰਗ ਵਿੱਚ ਰੰਗ ਦਿੱਤਾ ਅਤੇ ਹਾਜ਼ਰੀਨ ਵੱਲੋਂ ਖੂਬ ਦਾਦ ਹਾਸਲ ਕੀਤੀ ਗਈ। 19 ਜੂਨ ਨੂੰ ਹੋਏ ਵਿਸ਼ਾਲ ਸੱਭਿਆਚਾਰਕ ਸਮਾਗਮ ਦੌਰਾਨ ਪ੍ਰਸਿੱਧ ਕਲਾਕਾਰ ਬੂਟਾ ਮੁਹੰਮਦ, ਆਰ ਕੇ ਮਹਿੰਦੀ, ਹਰਮੇਸ਼ ਰਸੀਲਾ ਅਤੇ ਜੋਤੀ ਸੱਭਰਵਾਲ ਨੇ ਆਪਣੇ ਗੀਤਾਂ ਅਤੇ ਪੇਸ਼ਕਾਰੀਆਂ ਰਾਹੀਂ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ। ਸਮਾਗਮ ਦੀ ਮੰਚ ਸੰਚਾਲਨਾ ਇੰਦਾ ਘਈ (ਐਂਕਰ) ਵੱਲੋਂ ਬਾਖੂਬੀ ਨਿਭਾਈ ਗਈ।ਮੇਲੇ ਦੇ ਸਮਾਪਤੀ ਸਮਾਗਮ ਮੌਕੇ ਪ੍ਰਬੰਧਕ ਕਮੇਟੀ, ਐਨ.ਆਰ.ਆਈ. ਵੀਰਾਂ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਪਹੁੰਚੇ ਕਲਾਕਾਰਾਂ ਅਤੇ ਵੱਖ-ਵੱਖ ਡੇਰਿਆਂ ਤੋਂ ਆਏ ਮਹਾਂਪੁਰਸ਼ਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਦੇ ਨਾਲ ਹੀ ਚਾਹ-ਪਕੌੜੇ, ਛੋਲੇ-ਭਟੂਰੇ, ਠੰਡੇ ਮਿੱਠੇ ਜਲ, ਜਲੇਬੀਆਂ ਅਤੇ ਹੋਰ ਪ੍ਰਸ਼ਾਦੀ ਲੰਗਰਾਂ ਦੀ ਅਟੁੱਟ ਸੇਵਾ ਵੀ ਚਲਦੀ ਰਹੀ।

# ਲੈਬਾਰਟਰੀ ਦਾ ਉਦਘਾਟਨ 28 ਨੂੰ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਲਾਈਫ ਕੇਅਰ ਫਾਊਂਡੇਸ਼ਨ, ਡੇਰਾਬੱਸੀ (ਮੋਹਾਲੀ) ਵੱਲੋਂ 212ਵਾ ਕੁਲੈਕਸ਼ਨ ਸੈਂਟਰ- ਗੁਰੂ ਹਰਿ ਰਾਏ ਸਾਹਿਬ ਚੈਰੀਟੇਬਲ ਲੈਬੋਰੇਟਰੀ ਪਿੰਡ ਭੁੰਗਰਨੀ (ਜਿਲਾ ਹੁਸ਼ਿਆਰਪੁਰ) ਵਿਖੇ ਮਿਤੀ 28 ਜੂਨ ਦਿਨ ਐਤਵਾਰ ਨੂੰ ਖੁੱਲਣ ਜਾ ਰਹੀ ਹੈ। ਇਸ ਵਿੱਚ ਵਿਸ਼ੇਸ਼ ਸਹਿਯੋਗ ਅਮਰ ਕੌਰ ਚਰਨ ਕੌਰ ਵੈਲਫੇਅਰ ਸੋਸਾਇਟੀ ਭੁੰਗਰਨੀ (ਰਜਿ.) ਜਿਸਦੇ ਸਰਪ੍ਰਸਤ ਡਾਕਟਰ ਹਰਦੇਵ ਸਿੰਘ ਪਰਹਾਰ ,ਜਸਵਿੰਦਰ ਕੌਰ ਪਰਹਾਰ ਹਨ ਦਾ ਹੈ। ਇਸ ਦੇ ਪ੍ਰਧਾਨ ਜਸਵੀਰ ਸਿੰਘ ਮਿਨਹਾਸ, ਜਨਰਲ ਸਕੱਤਰ ਪਰਮਿੰਦਰ ਸਿੰਘ ਪੋਸੀ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ, ਕੈਸ਼ੀਅਰ ਸੁਰਜੀਤ ਸਿੰਘ ਮਸੂਤਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦਿਨ ਸਵੇਰੇ 7 ਵਜੇ ਤੋਂ 12 ਵਜੇ ਤੱਕ ਬਲੱਡ ਚੈੱਕਅਪ ਕੈਂਪ ਵੀ ਲਗਾਇਆ ਜਾਵੇਗਾ। ਇਸ ਕੈਂਪ ਵਿੱਚ ਗੁਰਦਿਆਂ ਦੇ 5 ਟੈਸਟ, ਯੂਰਿਕ ਐਸਿਡ ਦਾ ਟੈਸਟ ਅਤੇ ਸ਼ੂਗਰ ਦੇ ਟੈਸਟ, ਬਿਲਕੁਲ ਮੁਫ਼ਤ ਕੀਤਾ ਜਾਵੇਗਾ। ਫੁੱਲ ਬਾਡੀ ਦਾ ਚੈਕਅੱਪ 600 ਰੁਪਏ ਤੋਂ ਸ਼ੁਰੂ ਹੋਵੇਗਾ ।ਇਹ ਲੈਬੋਰੇਟਰੀ ਕਲੈਕਸ਼ਨ ਸੈਂਟਰ ਰੋਜ਼ਾਨਾ ਸਵੇਰੇ 7 ਵਜੇ ਤੋਂ 12 ਵਜੇ ਤੱਕ ਖੁੱਲ੍ਹੇਗਾ।

ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਸ਼ੂਗਰ ਦਾ ਟੈਸਟ ਸਿਰਫ਼ 10 ਰੁਪਏ, ਥਾਇਰਾਇਡ ਦੇ 3 ਟੈਸਟ ਸਿਰਫ਼ 120, ਜਿਗਰ ਦੇ 11 ਟੈਸਟ 100 ਰੁਪਏ ਵਿੱਚ, ਸ਼ੂਗਰ ਦੇ 3 ਮਹੀਨੇ ਵਾਲਾ ਟੈਸਟ 82113 ਸਿਰਫ਼ 150 ਵਿੱਚ ਅਤੇ ਵਿਟਾਮਿਨ 212 ਦਾ ਟੈਸਟ 180 ਵਿੱਚ ਅਤੇ ਵਿਟਾਮਿਨ 4 ਦਾ ਟੈਸਟ 270 ਰੁਪਏ ਵਿੱਚ ਕੀਤਾ ਜਾਂਦਾ ਹੈ। ਹੋਰਨਾਂ ਤੋਂ ਇਲਾਵਾ ਸੁਸਾਇਟੀ ਦੇ ਸੀ ਏ ਪਰਵਿੰਦਰ ਰਾਣਾ, ਬਲਵੀਰ ਸਿੰਘ ਫੁਗਲਾਣਾ, ਬਲਵੀਰ ਸਿੰਘ ਤੰਬੜ, ਪਰਮਜੀਤ ਸਿੰਘ ਮਿਨਹਾਸ, ਹਰਜੀਤ ਸਿੰਘ ਘੜਿਆਲ, ਸਤਨਾਮ ਸਿੰਘ ਪਰਹਾਰ ਆਦਿ ਹਾਜ਼ਰ ਸਨ।

# ਉਪ ਮੁੱਖ ਇੰਜੀਨੀਅਰ ਨੇ ਪੈਨਸ਼ਨਰਾਂ ਦੀਆਂ ਮੰਗਾਂ ਹੱਲ ਕਰਨ ਦਾ ਦਿੱਤਾ ਭਰੋਸਾ

**ਬੰਗਾ (ਅਵਤਾਰ ਕਲੇਰ)**- ਪੈਨਸ਼ਨਰ ਅਤੇ ਫੈਮਿਲੀ ਪੈਨਸ਼ਨਰਾਂ ਨੂੰ ਮੰਡਲ ਦਫ਼ਤਰ ਨਵਾਂ ਸ਼ਹਿਰ ਵਿਖੇ ਆ ਰਹੀਆਂ ਮੁਸ਼ਕਲਾਂ ਨੂੰ ਹੱਲ ਕਰਵਾਉਣ ਅਤੇ ਪਹਿਲਾਂ ਤੋਂ ਦਿੱਤੇ ਏਜੰਡੇ





ਅਨੁਸਾਰ ਮੰਗਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਉਣ ਸੰਬੰਧੀ ਐਕਸੀਅਨ ਨਵਾਂਸ਼ਹਿਰ ਨੂੰ ਨੋਟਿਸ ਦੇਣ ਲਈ ਪਾਵਰਕਾਮ ਟਰਾਸਕੋ ਪੈਨਸ਼ਨਰ ਯੂਨੀਅਨ ਏਟਕ ਦਾ ਵਫ਼ਦ ਮੰਡਲ ਨਵਾਂ ਸ਼ਹਿਰ ਪਹੁੰਚਿਆ। ਦਫ਼ਤਰ ਵਿਖੇ ਐਕਸੀਅਨ ਮੌਜੂਦ ਨਹੀਂ ਸੀ ਅਤੇ ਨਾ ਹੀ ਦਫ਼ਤਰ ਵਿਖੇ ਮੰਡਲ ਸੁਪਰਡੈਂਟ ਮੌਜੂਦ ਸੀ। ਪਰ ਐਕਸੀਅਨ ਨੇ ਫੋਨ ਕਰਕੇ ਆਪਣੇ ਸਟਾਫ ਨੂੰ ਨੋਟਿਸ ਲੈਣ ਤੋਂ ਇਨਕਾਰ ਕਰ ਦਿੱਤਾ ਗਿਆ। ਇਸ ਉਪਰੰਤ ਰੋਹ ਭਰੇ ਮਾਹੌਲ ਵਿੱਚ ਐਕਸੀਅਨ ਖ਼ਿਲਾਫ਼ ਜੰਮ ਕੇ ਨਾਆਰੇਬਾਜ਼ੀ ਕੀਤੀ ਗਈ ਅਤੇ ਇਸ ਉਪਰੰਤ ਯੂਨੀਅਨ ਦੇ ਵਫ਼ਦ ਵੱਲੋਂ ਉਪ ਮੁੱਖ ਇੰਜੀਨੀਅਰ ਹਲਕਾ ਨਵਾਂ ਸ਼ਹਿਰ ਨਾਲ ਮੀਟਿੰਗ ਕੀਤੀ ਗਈ। ਐਕਸੀਅਨ ਦੀ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਸਾਰੀ ਕਾਰਗੁਜ਼ਾਰੀ ਦੱਸੀ ਗਈ। ਉਹਨਾਂ ਵਲੋਂ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਸਾਰੀਆਂ ਮੰਗਾਂ ਨੂੰ ਜਲਦੀ ਹੱਲ ਕਰਵਾਇਆ ਜਾਵੇਗਾ। ਮੈਡੀਕਲ ਬਿੱਲਾਂ ਨੂੰ ਪਹਿਲ ਦੇ ਆਧਾਰ ਤੇ ਪਾਸ ਕਰਵਾਇਆ ਜਾਵੇਗਾ, ਤੁਰੰਤ ਅਦਾਇਗੀਆਂ ਬਿਨਾਂ ਕਿਸੇ ਦੇਰੀ ਤੋਂ ਕਰਨ ਲਈ ਵਿਸ਼ਵਾਸ ਦਿਵਾਇਆ। ਐਕਸੀਅਨ ਨੂੰ ਨੋਟਿਸ ਲੈਣ ਲਈ ਫੋਨ ਕੀਤਾ ਇਸ ਉਪਰੰਤ ਮੰਡਲ ਸੁਪਰਡੈਂਟ ਵਲੋਂ ਨੋਟਿਸ ਲਿਆ ਗਿਆ। ਜੇਕਰ ਐਕਸੀਅਨ ਨਵਾ ਸ਼ਹਿਰ ਵਲੋਂ ਦਿੱਤੇ ਸਮੇਂ ਮੁਤਾਬਕ ਮੰਗਾਂ ਦਾ ਕੋਈ ਨਿਪਟਾਰਾ ਨਾ ਕੀਤਾ ਗਿਆ ਤਾਂ ਇਹਨਾਂ ਖਿਲਾਫ਼ ਰੋਸ ਧਰਨਾ ਦਿੱਤਾ ਜਾਵੇਗਾ।

# ਤਰੁਨਵੀਰ ਸਿੰਘ ਬੀ ਐੱਲ ਓ ਨਿਯੁਕਤ

**ਆਦਮਪੁਰ (ਪਰਮਜੀਤ ਸਿੰਘ)**- ਹਲਕਾ ਆਦਮਪੁਰ ਦੇ ਅਧੀਨ ਪੈਂਦੇ ਪਿੰਡ ਜੈਤੇਵਾਲੀ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਪਾਰਟੀ ਦੇ ਸੀਨੀਅਰ ਮੀਤ



ਪ੍ਰਧਾਨ ਗੁਰਮੀਤ ਸਿੰਘ ਦਾਦੂਵਾਲ ਅਤੇ ਧਰਮਪਾਲ ਲੇਸੜੀਵਾਲ ਵੱਲੋਂ ਨੌਜਵਾਨ ਆਗੂ ਤਰੁਨਵੀਰ ਸਿੰਘ ਨੂੰ ਪਿੰਡ ਜੈਤੇਵਾਲੀ ਦਾ ਬੀ ਐੱਲ ਓ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਤਰੁਨਵੀਰ ਸਿੰਘ ਇੱਕ ਮਿਹਨਤੀ, ਇਮਾਨਦਾਰ ਅਤੇ ਸਰਗਰਮ ਨੌਜਵਾਨ ਹਨ। ਉਨ੍ਹਾਂ ਦੀ ਨਿਯੁਕਤੀ ਨਾਲ ਪਿੰਡ ਜੈਤੇਵਾਲੀ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਸੰਗਠਨ ਹੋਰ ਮਜ਼ਬੂਤ ਹੋਵੇਗਾ। ਤਰੁਨਵੀਰ ਸਿੰਘ ਨੇ ਪਾਰਟੀ ਹਾਈਕਮਾਂਡ, ਗੁਰਮੀਤ ਸਿੰਘ ਦਾਦੂਵਾਲ ਅਤੇ ਧਰਮਪਾਲ ਲੇਸੜੀਵਾਲ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਿੰਡ ਦੇ ਹਰ ਬੂਥ ਨੂੰ ਮਜ਼ਬੂਤ ਬਣਾਉਣ ਲਈ ਕੰਮ ਕਰਨਗੇ।

# ਨਗਰ ਕੌਂਸਲ ਦੇ ਨਵੇਂ ਬਣੇ ਪ੍ਰਧਾਨ ਸੋਮਨਾਥ ਬੰਗੜ ਸਨਮਾਨਤ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸ਼ਿਵਾਲਿਕ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਸ਼ਹਿਰ ਦੇ ਇੱਕ ਹੋਟਲ ਵਿੱਚ ਨਗਰ ਕੌਂਸਲ ਗੜ੍ਹਸ਼ੰਕਰ ਦੇ ਨਵੇਂ ਚੁਣੇ ਪ੍ਰਧਾਨ ਸੋਮਨਾਥ ਬੰਗੜ ਨੂੰ ਵਿਸ਼ੇਸ਼





ਤੌਰ 'ਤੇ ਸਨਮਾਨਿਤ ਕੀਤਾ ਗਿਆ। ਸੋਸਾਇਟੀ ਦੇ ਅਹੁਦੇਦਾਰਾਂ ਨੇ ਸ੍ਰੀ ਬੰਗੜ ਨੂੰ ਸਿਰੋਪਾਓ ਪਾ ਕੇ ਸਨਮਾਨ ਕੀਤਾ ਤੇ ਸ਼ਹਿਰ ਦੇ ਵਿਕਾਸ ਲਈ ਸ਼ੁੱਭਕਾਮਨਾਵਾਂ ਭੇਂਟ ਕੀਤੀਆਂ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਨੇ ਕਿਹਾ ਕਿ ਸੋਮਨਾਥ ਬੰਗੜ ਇੱਕ ਇਮਾਨਦਾਰ ਤੇ ਮਿਹਨਤੀ ਆਗੂ ਹਨ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਨ੍ਹਾਂ ਦੀ ਅਗਵਾਈ 'ਚ ਗੜ੍ਹਸ਼ੰਕਰ ਸ਼ਹਿਰ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਛੂਹੇਗਾ।ਇਸ ਮੌਕੇ ਪ੍ਰਧਾਨ ਸੋਮਨਾਥ ਬੰਗੜ ਨੇ ਸ਼ਿਵਾਲਿਕ ਸੋਸ਼ਲ ਵੈਲਫੇਅਰ ਸੋਸਾਇਟੀ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਨਗਰ ਕੌਂਸਲ ਨਾਲ ਮਿਲ ਕੇ ਕੰਮ ਕਰਨ ਦਾ ਸੱਦਾ ਵੀ ਦਿੱਤਾ। ਇਸ ਮੌਕੇ ਸੋਸਾਇਟੀ ਤੋਂ ਡਾ. ਲੱਖਵਿੰਦਰ ਕੁਮਾਰ ਲੱਕੀ, ਡਾ. ਤਰਸੇਮ, ਪੰਜਾਬੀ ਲੋਕ ਗਾਇਕ ਸੋਹਣ ਸ਼ੰਕਰ, ਦਵਿੰਦਰ ਸਿੰਘ ਬੀਰਮਪੁਰ, ਧਰਮਜੀਤ ਸਿੰਘ ਰਾਜਾ, ਬਲਜਿੰਦਰ ਸਿੰਘ, ਜਸਵਿੰਦਰ ਸਿੰਘ, ਭੁਪਿੰਦਰ ਸਿੰਘ ਤੇ ਹੋਰ ਮੈਂਬਰ ਹਾਜ਼ਰ ਸਨ।

# ਐੱਲ ਪੀ ਯੂ ਨੇ ਅੰਤਰਰਾਸ਼ਟਰੀ ਕ੍ਰੈਡਿਟ ਟ੍ਰਾਂਸਫਰ ਵਿਕਲਪ ਦੇ ਨਾਲ ਐੱਮ ਬੀ ਏ ਪ੍ਰੋਗਰਾਮ ਲਈ ਦਾਖਲੇ ਖੋਲ੍ਹੇ

**ਜਲੰਧਰ (ਸ਼ੈਲੀ ਐਲਬਰਟ)**- ਜਿਵੇਂ ਕਿ ਵਪਾਰਕ ਤੌਰ 'ਤੇ ਵਿਸ਼ਵਵਿਆਪੀ ਦ੍ਰਿਸ਼ਟੀਕੋਣ ਅਤੇ ਵਿਭਿੰਨ ਸੱਭਿਆਚਾਰਾਂ ਦੀ ਸਮਝ ਵਾਲੇ ਲੀਡਰਾਂ ਦੀ ਮੰਗ ਵਧਦੀ





ਹੈ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਆਪਣੇ ਐੱਮ ਬੀ ਏ ਇੰਟਰਨੈਸ਼ਨਲ ਕ੍ਰੈਡਿਟ ਟ੍ਰਾਂਸਫਰ ਵਿਕਲਪ ਦੇ ਨਾਲ 1+1] ਪ੍ਰੋਗਰਾਮ ਨਾਲ ਚਾਹਵਾਨ ਪ੍ਰਬੰਧਨ ਪੇਸ਼ੇਵਰਾਂ ਨੂੰ ਸਸ਼ਕਤ ਬਣਾ ਰਹੀ ਹੈ। ਇਹ ਪ੍ਰੋਗਰਾਮ ਉਨ੍ਹਾਂ ਵਿਦਿਆਰਥੀਆਂ ਲਈ ਤਿਆਰ ਕੀਤਾ ਗਿਆ ਹੈ ਜੋ ਵਿਦੇਸ਼ਾਂ ਵਿੱਚ ਪੜ੍ਹਾਈ ਦੀ ਲਾਗਤ ਨੂੰ ਕਿਫਾਇਤੀ ਰੱਖਦੇ ਹੋਏ ਅੰਤਰਰਾਸ਼ਟਰੀ ਅਨੁਭਵ ਪ੍ਰਾਪਤ ਕਰਨਾ ਚਾਹੁੰਦੇ ਹਨ। ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਐਲਪੀਯੂ ਵਿੱਚ ਆਪਣਾ ਐਮ ਬੀ ਏ ਸ਼ੁਰੂ ਕਰਨ ਅਤੇ ਵਿਦੇਸ਼ ਵਿੱਚ ਇੱਕ ਸਾਥੀ ਯੂਨੀਵਰਸਿਟੀ ਵਿੱਚ ਅੰਤਿਮ ਸਾਲ ਪੂਰਾ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ।ਇਹ ਵਿਲੱਖਣ ਪ੍ਰੋਗਰਾਮ ਭਾਰਤ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਵਿੱਚੋਂ ਇੱਕ ਤੋਂ ਐਮ ਬੀ ਏ ਦੇ ਮਜ਼ਬੂਤ ਅਕਾਦਮਿਕ ਅਤੇ ਵਿਸ਼ਵ ਪੱਧਰ 'ਤੇ ਇੱਕ ਸਾਥੀ ਸੰਸਥਾ ਦੇ ਅੰਤਰਰਾਸ਼ਟਰੀ ਅਨੁਭਵ ਨਾਲ ਅਧਿਐਨ ਕਰਨ ਅਤੇ ਗ੍ਰੈਜੂਏਟ ਹੋਣ ਦਾ ਮੌਕਾ ਪ੍ਰਦਾਨ ਕਰਦਾ ਹੈ। ਵਿਦਿਆਰਥੀ ਐਲਪੀਯੂ ਵਿੱਚ ਪਹਿਲਾ ਸਾਲ ਬਿਤਾਉਂਦੇ ਹਨ, ਜਿੱਥੇ ਉਹ ਪ੍ਰਬੰਧਨ ਸਿਧਾਂਤਾਂ, ਕਾਰੋਬਾਰ ਵਿਸ਼ਲੇਸ਼ਣ, ਵਿੱਤ, ਮਾਰਕੀਟਿੰਗ, ਲੀਡਰਸ਼ਿਪ ਅਤੇ ਰਣਨੀਤਕ ਫੈਸਲੇ ਲੈਣ ਵਿੱਚ ਇੱਕ ਮਜ਼ਬੂਤ ਨੀਂਹ ਬਣਾਉਂਦੇ ਹਨ ਤੇ ਫਿਰ ਦੂਜੇ ਸਾਲ ਲਈ ਵਿਦੇਸ਼ ਵਿੱਚ ਇੱਕ ਸਾਥੀ ਯੂਨੀਵਰਸਿਟੀ ਵਿੱਚ ਟ੍ਰਾਂਸਫਰ ਕਰਦੇ ਹਨ।ਐੱਲ ਪੀ ਯੂ ਦੇ ਅੰਤਰਰਾਸ਼ਟਰੀ ਮਾਮਲਿਆਂ ਦੇ ਮੁਖੀ ਅਤੇ ਉਪ-ਪ੍ਰਧਾਨ ਡਾ. ਅਮਨ ਮਿੱਤਲ ਨੇ ਕਿਹਾ, 'ਗਲੋਬਲ ਗਤੀਸ਼ੀਲਤਾ ਪ੍ਰਬੰਧਨ ਸਿੱਖਿਆ ਦਾ ਇੱਕ ਮਹੱਤਵਪੂਰਨ ਹਿੱਸਾ ਬਣਦੀ ਜਾ ਰਹੀ ਹੈ। ਐਮ ਬੀ ਏ ਕ੍ਰੈਡਿਟ ਟ੍ਰਾਂਸਫਰ ਵਿਕਲਪ ਰਾਹੀਂ, ਐਲਪੀਯੂ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਅਕਾਦਮਿਕ ਅਨੁਭਵ ਪ੍ਰਾਪਤ ਕਰਨ, ਵਿਭਿੰਨ ਸਭਿਆਚਾਰਾਂ ਵਿੱਚ ਲੀਡਰਸ਼ਿਪ ਹੁਨਰ ਵਿਕਸਤ ਕਰਨ ਅਤੇ ਵਿਸ਼ਵਵਿਆਪੀ ਕਰੀਅਰ ਲਈ ਤਿਆਰੀ ਕਰਨ ਵਿੱਚ ਮਦਦ ਕਰ ਰਿਹਾ ਹੈ, ਜਦੋਂ ਕਿ ਸਿੱਖਿਆ ਨੂੰ ਕਿਫਾਇਤੀ ਅਤੇ ਉੱਚ-ਗੁਣਵੱਤਾ ਵਾਲਾ ਰੱਖਦਾ ਹੈ।'

# ਗੱਤਕਾ ਅਖਾੜਾ ਦੀ ਸਥਾਪਨਾ

**ਅੱਡਾ ਸਰਾਂ (ਜਸਵੀਰ ਕਾਜਲ)**- ਨੌਜਵਾਨ ਪੀੜੀ ਤੇ ਬੱਚਿਆਂ ਨੂੰ ਮੋਬਾਇਲ ਦੇ ਪ੍ਰਭਾਵ, ਨਸ਼ਿਆਂ ਤੇ ਹੋਰ ਸਮਾਜਿਕ ਬੁਰਾਈਆਂ ਤੋਂ ਬਚਾ ਕੇ ਸਿੱਖ ਮਾਰਸ਼ਲ ਆਰਟ ਗੱਤਕਾ ਖੇਡ ਨਾਲ ਜੋੜਨ ਦੇ ਲਈ ਗੁਰਦੁਆਰਾ ਗੁਰੂ ਸ਼ਬਦ ਪ੍ਰਕਾਸ਼ ਪਿੰਡ ਬੈਂਚਾ (ਦੇਹਰੀਵਾਲ) ਵਿਖੇ ਚੜ੍ਹਦੀ ਕਲਾ ਗੱਤਕਾ ਅਖਾੜਾ ਦੀ ਸਥਾਪਨਾ ਕਰਦੇ ਹੋਏ ਬੱਚਿਆਂ



ਨੂੰ ਗਤਕਾ ਸਿਖਾਉਣ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਦੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਸੀਕਰੀ ਨੇ ਅਖਾੜਾ ਤੇ ਸਰਬੱਤ ਦੇ ਭਰੇ ਦੀ ਅਰਦਾਸ ਕੀਤੀ ਅਤੇ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਬੱਚਿਆਂ ਨੂੰ ਵੱਧ ਤੋਂ ਵੱਧ ਗਤਕਾ ਸਿੱਖਾਂ ਤੋਂ ਇਲਾਵਾ ਬਾਣੀ ਅਤੇ ਬਾਣੀ ਨਾਲ ਜੁੜਨ ਵਾਸਤੇ ਪ੍ਰੇਰਿਤ ਕੀਤਾ।

ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਫਕੀਰ ਸਿੰਘ ਤੇ ਭਾਈ ਇੰਦਰਜੀਤ ਸਿੰਘ ਨੇ ਦੱਸਿਆ ਕਿ ਚੜ੍ਹਦੀ ਕਲਾ ਗਤਕਾ ਅਖਾੜਾ ਵਿੱਚ ਰੋਜਾਨਾ ਹੀ ਸ਼ਾਮ 6:30 ਵਜੇ ਤੋਂ ਲੈ ਕੇ ਸਾਢੇ 7 ਵਜੇ ਤੱਕ ਲਗਾਈ ਜਾ ਰਹੀ ਕਲਾਸ ਵਿੱਚ ਬੱਚਿਆਂ ਨੂੰ ਮੁਫਤ ਗੱਤਕੇ ਦੀ ਸਿਖਲਾਈ ਦਿੱਤੀ ਜਾਵੇਗੀ।

ਇਸ ਮੌਕੇ ਪ੍ਰਧਾਨ ਫਕੀਰ ਸਿੰਘ, ਅਮਰਜੀਤ ਸਿੰਘ, ਇੰਦਰਜੀਤ ਸਿੰਘ, ਜਗਜੀਤ ਸਿੰਘ, ਯੁਵਰਾਜ ਸਿੰਘ,ਅਵਤਾਰ ਸਿੰਘ, ਗੁਰਪਾਲ ਸਿੰਘ, ਜਸਵੀਰ ਸਿੰਘ, ਸੁਰਿੰਦਰ ਪਾਲ ਸਿੰਘ, ਕੁਲਦੀਪ ਸਿੰਘ, ਦਰ ਸਿੰਘ ਲਾਡੀ, ਅਮਨਦੀਪ ਸਿੰਘ, ਸੁਖਜੀਤ ਸਿੰਘ, ਹਰਜੀਤ ਸਿੰਘ ਵੀ ਹਾਜ਼ਰ ਸਨ।

# ਜਸ਼ਨਪ੍ਰੀਤ ਸਿੰਘ ਪੰਜਾਬ ਯੂਥ ਕਾਂਗਰਸ ਗੜ੍ਹਸ਼ੰਕਰ ਦੇ ਪ੍ਰਧਾਨ ਬਣੇ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੰਜਾਬ ਯੂਥ ਕਾਂਗਰਸ ਦੀਆਂ ਚੋਣਾਂ ਦੇ ਨਤੀਜਿਆਂ 'ਚ ਗੜ੍ਹਸ਼ੰਕਰ ਵਿਧਾਨ ਸਭਾ ਹਲਕੇ ਤੋਂ ਜਸ਼ਨਪ੍ਰੀਤ ਸਿੰਘ ਨੂੰ ਪ੍ਰਧਾਨ ਚੁਣਿਆ ਗਿਆ। ਗੜ੍ਹਸ਼ੰਕਰ ਬਲਾਕ ਤੋਂ ਅਮਰੀਕ ਸਿੰਘ ਲਾਡੀ ਤੇ ਮਾਹਿਲਪੁਰ ਬਲਾਕ ਤੋਂ ਹਰੀਸ਼ ਕੁਮਾਰ ਪ੍ਰਧਾਨ ਬਣੇ।ਇਹਨਾ ਚੋਣਾਂ ਮੌਕੇ ਹਲਕਾ ਗੜ੍ਹਸ਼ੰਕਰ ਤੋ ਜਸ਼ਨਪ੍ਰੀਤ ਸਿੰਘ 1500 ਵੋਟਾਂ ਲੈ ਕੇ ਪ੍ਰਧਾਨ, ਰੋਹਿਤ ਕੁਮਾਰ 1458 ਵੋਟਾਂ ਨਾਲ ਉਪ-ਪ੍ਰਧਾਨ, ਸਾਗਰ ਸ਼ਰਮਾ 1199 ਵੋਟਾਂ ਨਾਲ ਉਪ-ਪ੍ਰਧਾਨ ਬਣੇ। ਇਸੇ ਤਰਾਂ ਗੜ੍ਹਸ਼ੰਕਰ ਬਲਾਕ ਤੋ ਅਮਰੀਕ ਸਿੰਘ ਲਾਡੀ 1342 ਵੋਟਾਂ ਲੈ ਕੇ ਪ੍ਰਧਾਨ, ਮਨਜਿੰਦਰ ਸਿੰਘ 1260 ਵੋਟਾਂ ਨਾਲ ਵਾਈਸ ਪ੍ਰਧਾਨ ਤੇ ਯਾਦਵਿੰਦਰ ਸਿੰਘ ਬਿੰਦ 883 ਵੋਟਾਂ ਨਾਲ ਵਾਈਸ ਪ੍ਰਧਾਨ ਚੁਣੇ ਗਏ।

# ਬੱਬਰ ਅਕਾਲੀ ਲਹਿਰ ਸ਼ਤਾਬਦੀ ਦੀ ਤਿਆਰੀ ਲਈ ਸੰਪਰਕ ਮੁਹਿੰਮ

**ਬੰਗਾ (ਅਵਤਾਰ ਕਲੇਰ)**- ਬੱਬਰ ਅਕਾਲੀ ਲਹਿਰ ਦੀਆਂ ਸ਼ਹਾਦਤਾਂ ਦੀ ਸ਼ਤਾਬਦੀ ਦੀ ਮੁਹਿੰਮ ਤੇ ਇਸ ਦੇ ਸਿਖ਼ਰ ਤੇ ਪਹਿਲੀ ਨਵੰਬਰ 2026 ਨੂੰ ਇਸ ਲਹਿਰ ਨੂੰ ਸਮਰਪਿਤ ਹੋ ਰਹੇ 'ਮੇਲਾ ਗ਼ਦਰੀ ਬਾਬਿਆਂ' ਨੂੰ ਸਫ਼ਲ ਬਣਾਉਣ ਲਈ 27 ਜੂਨ ਨੂੰ ਸਵੇਰੇ ਠੀਕ 11 ਵਜੇ ਦੇਸ ਭਗਤ ਯਾਦਗਾਰ ਹਾਲ ਵਿਚ ਵਿਸ਼ੇਸ਼ ਮਿਲਣੀ ਆਯੋਜਤ ਕੀਤੀ ਜਾ ਰਹੀ ਹੈ ਜਿਸ ਦੀ ਤਿਆਰੀ ਲਈ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਬੱਬਰ ਅਕਾਲੀ ਯੋਧਿਆਂ ਦੇ ਪਰਵਾਰਾਂ ਨਾਲ ਉਚੇਚਾ ਸੰਪਰਕ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਇਸੇ ਲੜੀ 'ਚ ਉੱਘੇ ਬੱਬਰ ਮਾਸਟਰ ਦਲੀਪ ਸਿੰਘ ਗੋਸਲ ਦੇ ਪਿੰਡ ਗੋਸਲ ਨੇੜੇ (ਬੰਗਾ) ਦੇ ਪਰਵਾਰ ਕੋਲ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦਾ ਸੱਦਾ ਪੱਤਰ ਲੈ ਕੇ ਸ਼ਹੀਦੀ ਯਾਦਗਾਰ ਕਮੇਟੀ ਇਲਾਕਾ ਬੰਗਾ ਦੇ ਦੋ ਖੁਸ਼ੀ ਰਾਮ ਗੁਣਾਂਚੌਰ ਅਤੇ ਦੇਵ ਰਾਜ ਗੁਣਾਂਚੌਰ ਗਏ। ਪਰਵਾਰ ਦੇ ਮੈਂਬਰਾਂ ਨੇ ਬਹੁਤ ਹੀ ਮਾਣ ਅਤੇ ਉਤਸ਼ਾਹ ਨਾਲ ਸੱਦਾ ਪ੍ਰਵਾਨ ਕਰਦਿਆਂ ਦੇਸ ਭਗਤ ਯਾਦਗਾਰ ਕਮੇਟੀ ਦਾ ਧੰਨਵਾਦ ਕੀਤਾ। ਕਿਸਾਨ ਆਗੂ ਤਲਵਿੰਦਰ ਹੀਰ ਆਪਣੇ ਸੰਗੀ ਸਾਥੀਆਂ ਦੇ ਸਹਿਯੋਗ ਨਾਲ ਪਿੰਡਾਂ ਅੰਦਰ ਦੇਸ਼ ਭਗਤ ਯਾਦਗਾਰ ਕਮੇਟੀ ਦੀਆਂ ਚਿੱਠੀਆਂ ਪੁੱਜਦੀਆਂ ਕਰਨ ਅਤੇ 27 ਜੂਨ ਨੂੰ ਦੇਸ਼ ਭਗਤ ਯਾਦਗਾਰ ਹਾਲ ਹੋ ਰਹੀ ਮਿਲਣੀ ਵਿੱਚ ਸਿਰ ਜੋੜਨ ਲਈ ਪਰਵਾਰਾਂ ਅਤੇ ਨਗਰਾਂ ਦੇ ਪ੍ਰਤੀਨਿਧੀਆਂ ਨੂੰ ਪ੍ਰੇਰਿਤ ਕਰ ਰਹੇ ਹਨ।

# ਕੰਪਿਊਟਰ ਟਾਈਪਿਸਟ ਤੇ ਅਰਜ਼ੀ ਨਵੀਸਾਂ ਵੱਲੋਂ ਸੋਮਨਾਥ ਬੰਗੜ ਸਨਮਾਨਤ

**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)**- ਸਿਵਲ ਕੋਰਟ ਗੜ੍ਹਸ਼ੰਕਰ ਦੇ ਕੰਪਿਊਟਰ ਟਾਈਪਿਸਟਾਂ ਅਤੇ ਅਰਜ਼ੀ ਨਵੀਸਾਂ ਵੱਲੋਂ ਨਗਰ ਕੌਂਸਲ ਦੇ ਨਵੇਂ ਚੁਣੇ ਪ੍ਰਧਾਨ ਸੋਮਨਾਥ ਬੰਗੜ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਕੋਰਟ ਕੰਪਲੈਕਸ ਵਿਖੇ ਟਾਈਪਿਸਟ ਯੂਨੀਅਨ ਅਤੇ ਅਰਜ਼ੀ ਨਵੀਸਾਂ ਨੇ ਬੰਗੜ ਨੂੰ ਸਿਰਪਾਓ ਪਾ ਕੇ ਸਨਮਾਨਤ ਕੀਤਾ। ਇਸ ਮੌਕੇ ਬੋਲਦਿਆਂ ਟਾਈਪਿਸਟ



ਯੂਨੀਅਨ ਦੇ ਨੁਮਾਇੰਦਿਆਂ ਨੇ ਕਿਹਾ ਕਿ ਸੋਮਨਾਥ ਬੰਗੜ ਸਾਡੇ ਨਾਲ ਹਮੇਸ਼ਾ ਪਰਿਵਾਰ ਵਾਂਗ ਵਿਚਰੇ ਹਨ। ਸਾਨੂੰ ਉਮੀਦ ਹੈ ਕਿ ਉਹ ਨਗਰ ਕੌਂਸਲ ਪ੍ਰਧਾਨ ਵਜੋਂ ਸ਼ਹਿਰ ਦੇ ਵਿਕਾਸ ਦੇ ਨਾਲ-ਨਾਲ ਸਾਰੇ ਵਰਗਾਂ ਦੀਆਂ ਸਮੱਸਿਆਵਾਂ ਦਾ ਵੀ ਹੱਲ ਕਰਨਗੇ। ਇਸ ਮੌਕੇ ਪ੍ਰਧਾਨ ਸੋਮਨਾਥ ਬੰਗੜ ਨੇ ਕਿਹਾ 'ਕੋਰਟ ਕੰਪਲੈਕਸ ਅਤੇ ਆਸ-ਪਾਸ ਦੇ ਖੇਤਰ 'ਚ ਸਫਾਈ, ਪਾਰਕਿੰਗ ਤੇ ਪੀਣ ਵਾਲੇ ਪਾਣੀ ਦੀ ਵਿਵਸਥਾ ਨੂੰ ਪਹਿਲ ਦੇ ਆਧਾਰ 'ਤੇ ਸੁਧਾਰਿਆ ਜਾਵੇਗਾ। ਵਕੀਲ ਸਾਹਿਬਾਨ, ਟਾਈਪਿਸਟ ਅਤੇ ਅਰਜ਼ੀ ਨਵੀਸ ਭਾਈਚਾਰੇ ਦੀਆਂ ਮੰਗਾਂ ਨੂੰ ਨਗਰ ਕੌਂਸਲ ਪੂਰੀ ਤਰਜੀਹ ਦੇਵੇਗੀ। ਉਨ੍ਹਾਂ ਸਾਰਿਆਂ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਨਗਰ ਕੌਂਸਲ ਦਾ ਦਫ਼ਤਰ ਹਰ ਆਮ ਨਾਗਰਿਕ ਲਈ ਹਮੇਸ਼ਾ ਖੁੱਲ੍ਹਾ ਰਹੇਗਾ' ਇਸ ਮੌਕੇ ਟਾਈਪਿਸਟ, ਅਰਜ਼ੀ ਨਵੀਸ ਅਤੇ ਹੋਰ ਸ਼ਹਿਰ ਨਿਵਾਸੀ ਹਾਜ਼ਰ ਸਨ।

# ਕੈਬਨਿਟ ਮੰਤਰੀ ਤੇ ਮੇਅਰ ਨੇ ਸੀਵਰੇਜ ਪ੍ਰਾਜੈਕਟ ਦਾ ਰੱਖਿਆ ਨੀਂਹ ਪੱਥਰ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਅਤੇ ਮੇਅਰ ਵਿਨੀਤ ਧੀਰ ਨੇ ਵਾਰਡ ਨੰਬਰ 44 ਅਧੀਨ ਪੈਂਦੇ ਰਾਜਪੂਤ ਨਗਰ ਵਿੱਚ 50 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਸੀਵਰੇਜ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ। ਇਸ ਪ੍ਰਾਜੈਕਟ ਦਾ ਉਦੇਸ਼ ਇਲਾਕੇ ਦੇ ਵਸਨੀਕਾਂ ਨੂੰ ਦਰਪੇਸ਼ ਸੀਵਰੇਜ ਸੰਬੰਧੀ ਸਮੱਸਿਆਵਾਂ ਦਾ ਸਥਾਈ ਹੱਲ ਮੁਹੱਈਆ ਕਰਵਾਉਣਾ ਹੈ।ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਇਸ ਪ੍ਰਾਜੈਕਟ ਨਾਲ ਇਲਾਕੇ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਮਿਲੇਗੀ ਅਤੇ ਨਾਗਰਿਕ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਣ ਸੁਧਾਰ ਆਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ-ਕੇਂਦਰਿਤ ਦ੍ਰਿਸ਼ਟੀਕੋਣ ਅਪਣਾ ਰਹੀ ਹੈ ਅਤੇ ਜ਼ਮੀਨੀ ਪੱਧਰ 'ਤੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਇਤਿਹਾਸਕ ਕਦਮ ਚੁੱਕ ਰਹੀ ਹੈ।ਕੈਬਿਨਟ ਮੰਤਰੀ ਮੋਹਿੰਦਰ ਭਗਤ ਨੇ ਦੁਹਰਾਇਆ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ ਅਤੇ ਭਰੋਸਾ ਦਿੱਤਾ ਕਿ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਭਰ ਵਿੱਚ ਸੀਵਰੇਜ, ਸੜਕਾਂ ਅਤੇ ਪੀਣ ਵਾਲੇ ਪਾਣੀ ਨਾਲ ਸੰਬੰਧਿਤ ਹੋਰ ਪ੍ਰਾਜੈਕਟ ਵੀ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਜਲੰਧਰ ਨਗਰ ਨਿਗਮ ਦੀ ਵੀ ਪ੍ਰਸ਼ੰਸਾ ਕੀਤੀ, ਜੋ ਸ਼ਹਿਰੀ ਬੁਨਿਆਦੀ ਢਾਂਚੇ ਅਤੇ ਲੋਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਕਈ ਵਿਕਾਸ ਪ੍ਰਾਜੈਕਟਾਂ ਨੂੰ ਅਮਲੀ ਰੂਪ ਦੇ ਰਹੀ ਹੈ। ਇਸ ਮੌਕੇ ਮੇਅਰ ਵਿਨੀਤ ਧੀਰ ਨੇ ਕਿਹਾ ਕਿ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਅਤੇ ਉੱਚ ਗੁਣਵੱਤਾ ਨਾਲ ਪੂਰਾ ਕਰਨਾ ਨਗਰ ਨਿਗਮ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਦੱਸਿਆ ਕਿ ਅਧਿਕਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ ਕਿ ਸਾਰੇ ਕੰਮ ਨਿਰਧਾਰਿਤ ਸਮੇਂ ਅੰਦਰ ਅਤੇ ਉੱਚ ਮਿਆਰਾਂ ਅਨੁਸਾਰ ਮੁਕੰਮਲ ਕੀਤੇ ਜਾਣ।ਇਸ ਦੌਰਾਨ ਕੌਂਸਲਰ ਰਾਜ ਕੁਮਾਰ ਰਾਜੂ ਨੇ ਕੈਬਨਿਟ ਮੰਤਰੀ ਅਤੇ ਨਗਰ ਨਿਗਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਇਲਾਕੇ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਸੀ ਅਤੇ ਇਸ ਪ੍ਰਾਜੈਕਟ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਮੇਜਰ ਸਿੰਘ, ਰੋਮੀ ਵਾਧਵਾ, ਰਾਜੀਵ ਤ੍ਰਿਖਾ, ਸੀਮਾ ਭਗਤ, ਵਰੁਣ ਜੋਸ਼ੀ ਸਮੇਤ ਹੋਰ ਕਈ ਪਤਵੰਤੇ ਮੌਜੂਦ ਸਨ।

# ਭਗਤ ਰੁਲਦਾ ਦਾਸ ਦੀ ਯਾਦ 'ਚ ਮੇਲਾ ਭਲਕੇ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਭਗਤ ਰੁਲਦਾ ਦਾਸ ਜੀ ਦੀ ਯਾਦ 'ਚ 27 ਜੂਨ ਨੂੰ ਕਰਵਾਏ ਜਾ ਰਹੇ ਮੇਲੇ ਦੌਰਾਨ ਜਿੱਥੇ ਹਜ਼ਾਰਾਂ ਸੰਗਤਾਂ ਦਰਗਾਹ 'ਤੇ ਨਤਮਸਤਕ ਹੋਣ ਉਪਰੰਤ ਮੇਲੇ ਦਾ ਆਨੰਦ ਮਾਨਣਗੀਆਂ, ਉੱਥੇ ਸੰਗਤਾਂ ਦੇ ਬੈਠਣ ਲਈ ਪ੍ਰਬੰਧਕਾਂ ਵੱਲੋਂ ਵੱਡੇ ਉਪਰਾਲੇ ਕੀਤੇ ਗਏ ਹਨ। ਪ੍ਰਬੰਧਕਾਂ ਨੇ ਦੱਸਿਆ ਕਿ ਮੇਲੇ ਨੂੰ ਲੈ ਕੇ ਸੰਗਤਾਂ ਵਿਚ ਭਾਰੀ ਉਤਸਾਹ ਪਾਇਆ ਜਾ ਰਿਹਾ ਹੈ, ਸੇਵਾਦਾਰ ਸੰਗਤਾਂ ਵੱਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਦੱਸਿਆ ਕਿ ਭਾਰੀ ਗਰਮੀ ਨੂੰ ਲੈ ਕੇ ਸੰਗਤਾਂ ਲਈ ਜਿੱਥੇ ਥਾਂ-ਥਾਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਦਾ ਪ੍ਰਬੰਧ ਕੀਤਾ ਗਿਆ ਹੈ। ਉੱਥੇ ਸੰਗਤਾਂ ਲਈ ਚਾਹ-ਪਕੌੜੇ ਅਤੇ ਗੁਰੂ ਦੇ ਲੰਗਰਾਂ ਦੇ ਵੀ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਉੱਚ ਕੋਟੀ ਦੇ ਗਾਇਕ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ ਅਤੇ ਕੱਵਾਲ ਪਾਰਟੀਆਂ ਆਪਣੀਆਂ ਕੱਵਾਲੀਆਂ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੀਆਂ। ਉਨ੍ਹਾਂ ਨੇ ਦੱਸਿਆ ਕਿ ਭਗਤ ਰੁਲਦਾ ਦਾਸ ਜੀ ਇਕ ਅਜਿਹੇ ਮਹਾਪੁਰਸ਼ ਸਨ, ਜਿਨ੍ਹਾਂ ਪਿੰਡ ਮੂਨਕਾਂ ਵਿਚ ਰਹਿੰਦੇ ਹੋਏ ਜਿੱਥੇ ਬੇਅੰਤ ਭਗਤੀ ਕੀਤੀ, ਉੱਥੇ ਆਪਣੀ ਸਾਰੀ ਜ਼ਿੰਦਗੀ ਇਕ ਛੋਟੀ ਜਿਹੀ ਝੌਂਪੜੀ ਅੰਦਰ ਕੱਟੀ। ਇਸ ਦੌਰਾਨ ਸੰਤ ਬਾਬਾ ਰੰਗੀ ਰਾਮ ਚੈਰੀਟੇਬਲ ਹਸਪਤਾਲ ਜਾਜਾ ਦੀ ਟੀਮ ਵੱਲੋਂ ਚੈੱਕਅਪ ਕਰਨ ਉਪਰੰਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਮੇਲੇ ਦੌਰਾਨ ਪੁੱਜੀਆਂ ਧਾਰਮਿਕ, ਸਿਆਸੀ ਤੇ ਰਾਜਨੀਤਕ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਜਾਵੇਗਾ। ਪ੍ਰਬੰਧਕਾਂ ਨੇ ਦੱਸਿਆ ਕਿ ਜਲਦੀ ਹੀ ਭਗਤ ਰੁਲਦਾ ਦਾਸ ਦੀ ਯਾਦ ਵਿਚ ਖ਼ੂਨਦਾਨ ਕੈਂਪ ਦਾ ਵੀ ਆਯੋਜਨ ਕੀਤਾ ਜਾਵੇਗਾ, ਜਿਸ ਦੀ ਤਰੀਕ ਮੇਲੇ ਦੌਰਾਨ ਦਿੱਤੀ ਜਾਵੇਗੀ।

# ਬਰਵਾਲਾ ਰੋਡ 'ਤੇ ਪਾਈਪ ਲਾਈਨ ਵਿਛਾਉਣ ਦਾ ਲੋਕਾਂ ਵੱਲੋਂ ਵਿਰੋਧ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਬਰਵਾਲਾ ਰੋਡ 'ਤੇ ਸਥਿਤ ਗੁਰਬਖ਼ਸ਼ ਕਲੋਨੀ ਅਤੇ ਸ਼ਿਵ ਕਲੋਨੀ (ਵਾਰਡ ਨੰਬਰ 6) ਦੇ ਨਿਵਾਸੀਆਂ ਵੱਲੋਂ ਪਾਈਪਲਾਈਨ ਵਿਛਾਉਣ ਦੇ ਕੰਮ ਦਾ



ਜ਼ੋਰਦਾਰ ਵਿਰੋਧ ਕੀਤਾ ਜਾ ਰਿਹਾ ਹੈ। ਇਲਾਕਾ ਨਿਵਾਸੀਆਂ ਦੇ ਸਮਰਥਨ ਵਿੱਚ ਪਹੁੰਚੇ ਵਾਰਡ ਦੇ ਕੌਂਸਲਰ ਮਨੀਸ਼ ਸੈਣੀ ਨੇ ਮੌਕੇ 'ਤੇ ਮੌਜੂਦ ਠੇਕੇਦਾਰ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਚੁੱਕੇ ਹਨ ਅਤੇ ਪ੍ਰਸ਼ਾਸਨ ਨੂੰ ਇਸ ਮਸਲੇ ਵਿੱਚ ਤੁਰੰਤ ਦਖ਼ਲ ਦੇਣ ਦੀ ਅਪੀਲ ਕੀਤੀ ਹੈ।

ਕੌਂਸਲਰ ਮਨੀਸ਼ ਸੈਣੀ ਨੇ ਦੱਸਿਆ ਕਿ ਗੁਰਬਖ਼ਸ਼ ਕਲੋਨੀ ਅਤੇ ਸ਼ਿਵ ਕਲੋਨੀ ਵਿੱਚ ਬਰਸਾਤ ਦੇ ਦਿਨਾਂ ਦੌਰਾਨ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਹਾਲਾਤ ਬਹੁਤ ਖ਼ਰਾਬ ਹੋ ਜਾਂਦੇ ਹਨ ਅਤੇ ਲੋਕਾਂ ਦੇ ਘਰਾਂ ਵਿੱਚ ਪਾਣੀ ਦਾਖਲ ਜਾਂਦਾ ਹੈ। ਇਸ ਸਬੰਧੀ ਪਹਿਲਾਂ ਵੀ ਈ ਓ ਅਤੇ ਸਥਾਨਕ ਪ੍ਰਸ਼ਾਸਨ ਨੂੰ ਕਈ ਵਾਰ ਜਾਣੂ ਕਰਵਾਇਆ ਜਾ ਚੁੱਕਾ ਹੈ। ਹੁਣ ਸਮੱਸਿਆ ਇਹ ਖੜ੍ਹੀ ਹੋਈ ਹੈ ਕਿ ਠੇਕੇਦਾਰ ਵੱਲੋਂ ਪਿੱਛੋਂ ਆ ਰਹੀਆਂ ਸੋਸਾਇਟੀਆਂ ਦੇ ਬਰਸਾਤੀ ਪਾਣੀ ਦੀ ਪਾਈਪਲਾਈਨ ਨੂੰ ਇਸ ਇਲਾਕੇ ਦੇ ਚੈਂਬਰ ਵਿੱਚ ਲਿਆ ਕੇ ਛੱਡਿਆ ਜਾ ਰਿਹਾ ਹੈ, ਜਦਕਿ ਇਸ ਪਾਣੀ ਨੂੰ ਅੱਗੇ ਮੁੱਖ ਚੋਅ (ਬਰਸਾਤੀ ਨਾਲੇ) ਤੱਕ ਪਹੁੰਚਾਉਣ ਦਾ ਕੋਈ ਪੁਖ਼ਤਾ ਰਸਤਾ ਜਾਂ ਪ੍ਰਬੰਧ ਨਹੀਂ ਹੈ। ਏ ਟੀ ਐਸ ਪ੍ਰਬੰਧਕ ਵੀ ਆਪਣੀ ਜਗ੍ਹਾ ਵਿੱਚੋਂ ਇਸ ਪਾਈਪਲਾਈਨ ਨੂੰ ਲੰਘਾਉਣ ਦੀ ਇਜਾਜ਼ਤ ਨਹੀਂ ਦੇ ਰਹੇ। ਸਥਾਨਕ ਲੋਕਾਂ ਦੀ ਮੰਗ ਹੈ ਕਿ ਪਹਿਲਾਂ ਸੜਕ ਪੁੱਟ ਕੇ ਪਾਈਪਲਾਈਨ ਨੂੰ ਸਿੱਧਾ ਅੱਗੇ ਚੋਅ (ਨਾਲੇ) ਤੱਕ ਪਹੁੰਚਾਇਆ ਜਾਵੇ, ਤਾਂ ਜੋ ਪਾਣੀ ਦੀ ਨਿਕਾਸੀ ਸਹੀ ਤਰੀਕੇ ਨਾਲ ਹੋ ਸਕੇ।

# ਪ੍ਰੀਮਿਕਸ ਦੀ ਉਡੀਕ 'ਚ ਲਿੰਕ ਸੜਕ, ਲੋਕ ਹੋ ਰਹੇ ਪ੍ਰੇਸ਼ਾਨ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸਾਧੋਵਾਲ ਤੋ ਖ਼ਾਨਪੁਰ ਵਾਇਆ ਬੀਰਮਪੁਰ ਜਾਣ ਵਾਲੀ ਲਿੰਕ ਸੜਕ ਪਿਛਲੇ ਸਮੇ ਤੋ ਪੂਰੀ ਤਰ੍ਹਾਂ ਟੁੱਟ ਚੁੱਕੀ ਸੀ। ਪ੍ਰਸ਼ਾਸਨ ਵਲੋਂ ਇਸ ਸੜਕ 'ਤੇ ਪਿਛਲੇ ਕਰੀਬ 3-4 ਮਹੀਨੇ



ਤੋ ਪੱਥਰ ਪਾ ਕੇ ਛੱਡਿਆ ਹੋਇਆ ਹੈ ਜਿਸ ਕਰਕੇ ਇਸ ਸੜਕ ਤੋਂ ਲੰਘਣ ਵਾਲਿਆਂ ਲਈ ਸਮੱਸਿਆ ਬਣੀ ਹੋਈ ਹੈ ਪਰ ਕਰੀਬ 4 ਮਹੀਨੇ ਤੋਂ ਪਹਿਲਾਂ ਇਹਨਾਂ ਸੜਕਾ ਤੇ ਪੱਥਰ ਪਾ ਕੇ ਇਸ ਨੂੰ ਛੱਡ ਦਿੱਤਾ ਗਿਆ ਹੈ ਅਤੇ ਪ੍ਰਸ਼ਾਸਨ ਦੇ ਦੱਸਣ ਮੁਤਾਬਕ ਠੇਕੇਦਾਰਾਂ ਵੱਲੋਂ ਜਲਦ ਹੀ ਪ੍ਰੀਮਿਕਸ ਪਾ ਦੇਣ ਲਈ ਕਿਹਾ ਗਿਆ ਸੀ ਪਰ ਇਨ੍ਹਾਂ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸੜਕ ਦੀ ਹਾਲਤ ਜੀਉ ਦੀ ਤੀਓ ਹੈ। ਇਲਾਕੇ ਦੇ ਲੋਕਾਂ ਨੇ ਮੰਗ ਕੀਤੀ ਕਿ ਜਲਦ ਹੀ ਇਸ ਲਿੰਕ ਸੜਕ ਤੇ ਪ੍ਰੀਮਿਕਸ ਪਾ ਕੇ ਲੋਕਾਂ ਨੂੰ ਸਹੂਲਤ ਦਿੱਤੀ ਜਾਵੇ । ਇਸ ਸਮੇਂ ਇਹਨਾ ਸੜਕਾ ਦੀ ਏਨੀ ਮਾੜੀ ਹਾਲਤ ਹੋ ਚੁੱਕੀ ਹੈ ਕਿ ਜੋ ਇਹਨਾ ਸੜਕਾ ਤੇ ਪੱਥਰ ਪਾਇਆ ਗਿਆ ਸੀ ਉਹ ਸਾਰਾ ਪੱਥਰ ਆਪਣੀ ਪਕੜ ਛੱਡ ਚੁੱਕਾ ਹੈ ਹੁਣ ਤਾਂ ਇਹਨਾ ਸੜਕਾ ਤੋਂ ਸਕੂਟਰ ਮੋਟਰ ਸਾਈਕਲਾਂ ਦਾ ਵੀ ਲੰਘਣਾ ਔਖਾ ਹੋ ਚੁੱਕਾ ਹੈ। ਸੜਕ ਦੇ ਉੱਪਰ ਪੱਥਰ ਦੀ ਪਰਤ ਪੂਰੀ ਤਰ੍ਹਾਂ ਉਖੜ ਚੁੱਕੀ ਹੈ। ਇਸ ਸਬੰਧੀ ਵਿਭਾਗ ਦੇ ਐਸ ਡੀ ਓ ਅਮਨਦੀਪ ਸਿੰਘ ਨਾਲ ਫੋਨ ਤੇ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਹਨਾਂ ਨੇ ਪਹਿਲਾਂ ਦੀ ਤਰਾਂ ਫੋਨ ਨਹੀਂ ਚੁੱਕਿਆ। ਜਦੋਂ ਵਿਭਾਗ ਦੇ ਐਕਸੀਅਨ ਦਿਲਪ੍ਰੀਤ ਸਿੰਘ ਨਾਲ ਗੱਲ ਕੀਤੀ ਤਾਂ ਉਹਨਾ ਕਿਹਾ ਕਿ ਅੱਜ ਕਲ ਵਿੱਚ ਇਹਨਾਂ ਲਿੰਕ ਸੜਕਾਂ ਤੇ ਪ੍ਰੀਮਿਕਸ ਪਾ ਦਿੱਤੀ ਜਾਵੇਗੀ।

# ਰੈਸਲਿੰਗ ਐਸੋਸੀਏਸ਼ਨ ਨੇ ਨਗਰ ਸੁਧਾਰ ਟਰੱਸਟ ਤੋਂ ਟਰੇਨਿੰਗ ਲਈ ਜਗ੍ਹਾ ਦੀ ਕੀਤੀ ਮੰਗ

**ਫਗਵਾੜਾ (ਜਸਵਿੰਦਰ ਢੱਡਾ, ਡਾ ਰਮਨ)**- ਰੈਸਲਿੰਗ ਫੈਡਰੇਸ਼ਨ ਆਫ ਇੰਡੀਆ ਅਤੇ ਓਲੰਪਿਕ ਐਸੋਸੀਏਸ਼ਨ ਆਫ ਪੰਜਾਬ ਤੋਂ ਮਾਨਤਾ ਪ੍ਰਾਪਤ ਪੰਜਾਬ ਰੈਸਲਿੰਗ ਐਸੋਸੀਏਸ਼ਨ ਦੀ ਸ਼ਾਖਾ ਜ਼ਿਲ੍ਹਾ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਦਾ ਇਕ ਵਫਦ ਜ਼ਿਲ੍ਹਾ ਪ੍ਰਧਾਨ ਰਿੰਪਲ ਕੁਮਾਰ, ਜਨਰਲ ਸਕੱਤਰ ਰੀਤ ਪ੍ਰੀਤ ਪਾਲ ਸਿੰਘ ਅਤੇ ਸਲਾਹਕਾਰ ਹਰਮੇਸ਼ ਪਾਠਕ ਦੀ ਅਗਵਾਈ ਹੇਠ ਨਗਰ ਸੁਧਾਰ ਟਰੱਸਟ ਫਗਵਾੜਾ ਦੇ ਚੇਅਰਮੈਨ ਜਰਨੈਲ ਨੰਗਲ ਨੂੰ ਮਿਲਿਆ। ਵਫਦ ਵਿੱਚ ਐਸੋਸੀਏਸ਼ਨ ਦੇ ਮੈਂਬਰ ਬੀ ਐੱਸ ਬਾਗਲਾ ਅਤੇ ਬਲਵਿੰਦਰ ਰੱਤੂ ਵੀ ਸ਼ਾਮਲ ਸਨ। ਇਸ ਦੌਰਾਨ ਪ੍ਰਧਾਨ ਰਿੰਪਲ ਕੁਮਾਰ ਅਤੇ ਜਨਰਲ ਸਕੱਤਰ ਰੀਤ ਪ੍ਰੀਤ ਪਾਲ ਸਿੰਘ ਨੇ ਚੇਅਰਮੈਨ ਜਰਨੈਲ ਨੰਗਲ ਨੂੰ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਜ਼ਿਲ੍ਹੇ ਵਿੱਚ ਰੈਸਲਿੰਗ ਖੇਡ ਨੂੰ ਉਤਸ਼ਾਹਿਤ ਕਰਨ ਅਤੇ ਨਵੇਂ ਪਹਿਲਵਾਨਾਂ ਨੂੰ ਉੱਚ ਪੱਧਰੀ ਸਿਖਲਾਈ ਦੇਣ ਦੇ ਮਕਸਦ ਨਾਲ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਫਗਵਾੜਾ ਸਬ-ਡਵੀਜਨ ਅਧੀਨ ਰੈਸਲਿੰਗ ਖੇਡ ਵਿੱਚ ਦਲਚਸਪੀ ਰੱਖਦੇ ਅਨੇਕਾਂ ਨੌਜਵਾਨ ਪਹਿਲਵਾਨਾਂ ਨੂੰ ਵਧੀਆ ਸਿਖਲਾਈ ਦੇਣ ਲਈ ਮੈਟ ਅਤੇ ਜਗ੍ਹਾ ਦੀ ਬਹੁਤ ਸਖਤ ਜਰੂਰਤ ਹੈ। ਜੇਕਰ ਟਰੱਸਟ ਵਲੋਂ ਇਹਨਾਂ ਲੋੜਾਂ ਨੂੰ ਪੂਰਾ ਕੀਤਾ ਜਾਵੇ ਤਾਂ ਜਿਲ੍ਹਾ ਕਪੂਰਥਲਾ ਦੇ ਹੋਣਹਾਰ ਪਹਿਲਵਾਨ ਵਧੀਆ ਟਰੇਨਿੰਗ ਹਾਸਲ ਕਰਕੇ ਪੰਜਾਬ ਹੀ ਨਹੀਂ ਬਲਕਿ ਕੌਮੀ ਅਤੇ ਅੰਤਰ ਰਾਸ਼ਟਰੀ ਪੱਧਰ ਤੇ ਟੂਰਨਾਮੈਂਟਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲ੍ਹਾ ਕਪੂਰਥਲਾ ਦਾ ਨਾਂਅ ਰੌਸ਼ਨ ਕਰ ਸਕਣਗੇ। ਚੇਅਰਮੈਨ ਜਰਨੈਲ ਨੰਗਲ ਨੇ ਭਰੋਸਾ ਦਿੱਤਾ ਕਿ ਜ਼ਿਲ੍ਹਾ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਨੂੰ ਪਹਿਲਵਾਨਾਂ ਦੀ ਟਰੇਨਿੰਗ ਲਈ ਉਚਿਤ ਸਥਾਨ ਅਤੇ ਰੈਸਲਿੰਗ ਮੈਟ ਮੁਹੱਈਆ ਕਰਵਾਉਣ ਬਾਰੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ।

# ਪੰਜਾਬ ਖੇਤ ਮਜ਼ਦੂਰ ਸਭਾ ਨੇ ਡੀ ਸੀ ਦਫਤਰ ਨੂੰ ਦਿੱਤੇ ਮੰਗ ਪੱਤਰ



**ਜਲੰਧਰ (ਗਿਆਨ ਸੈਦਪੁਰੀ)**- ਕੇਂਦਰ ਸਰਕਾਰ ਵੱਲੋਂ ਮਨਰੇਗਾ ਨੂੰ ਖਤਮ ਕਰਕੇ ਵੀ ਬੀ ਗ੍ਰਾਮ ਜੀ ਲਾਗੂ ਕਰਨ ,ਕਿਰਤ ਕੋਡ ਲਾਗੂ ਕਰਨ , ਰਸੋਈ ਗੈਸ ਸਿਲੰਡਰ ਦੀਆ ਕੀਮਤਾਂ, ਡੀਜ਼ਲ ਪੈਟਰੋਲ ਦੀਆਂ ਕੀਮਤਾਂ ਵਿੱਚ ਵਾਧਾ ਕਰਨ ਅਤੇ ਵੱਧ ਰਹੀ ਮਹਿਗਾਈ ਨੂੰ ਨੱਥ ਪਾਉਣ ਲਈ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਸੱਦੇ ਤੇ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਤਰਨਤਾਰਨ, ਅੰਮ੍ਰਿਤਸਰ, ਜਲੰਧਰ, ਗੁਰਦਾਸਪੁਰ, ਸੰਗਰੂਰ, ਮੁਕਤਸਰ, ਫਾਜ਼ਿਲਕਾ, ਲੁਧਿਆਣਾ, ਨਵਾਂਸ਼ਹਿਰ, ਮਲੇਰ ਕੋਟਲਾ ਦੇ ਡੀ ਸੀ ਦਫ਼ਤਰਾਂ ਵਿੱਚ ਮੰਗ ਪੱਤਰ ਦਿੱਤੇ ਗਏ। ਇਹ ਜਾਣਕਾਰੀ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਦਿੱਤੀ।

ਇਹਨਾਂ ਜ਼ਿਲ੍ਹਿਆਂ ਦੇ ਮਜ਼ਦੂਰਾਂ ਨੂੰ ਸੂਬਾ ਪ੍ਰਧਾਨ ਪ੍ਰੀਤਮ ਸਿੰਘ ਨਿਆਮਤਪੁਰ, ਨਿਰੰਜਨ ਸਿੰਘ ਸੰਗਰੂਰ, ਗਿਆਨ ਸੈਦਪੁਰੀ, ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾ, ਬਲਬੀਰ ਸਿੰਘ ਮੱਲੀ, ਪ੍ਰਕਾਸ਼ ਸਿੰਘ ਕੈਰੋਨੰਗਲ, ਸੁਰਿੰਦਰ ਭੈਣੀ, ਨਾਨਕ ਚੰਦ ਬਜਾਜ, ਰਿਸ਼ੀਪਾਲ ਪਾਲ ਖੁੱਬਣ, ਨਿਰੰਜਣ ਮੇਹਲੀ ਅਤੇ ਹੋਰ ਜਿਲ੍ਹਾ ਆਗੂਆਂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਮਨਰੇਗਾ ਨੂੰ ਖਤਮ ਕਰਕੇ ਵੀ ਬੀ ਗ੍ਰਾਮ ਜੀ ਕਾਨੂੰਨ ਲਿਆਉਣ ਰਾਹੀਂ ਦੇਸ਼ ਦੇ ਕਰੋੜਾਂ ਮਜ਼ਦੂਰਾਂ ਤੇ ਮਨਰੇਗਾ ਮੁਲਾਜ਼ਮਾਂ ਦੇ ਚੁੱਲ੍ਹੇ ਠੰਢੇ ਕਰਨ ਦੇ ਰਾਹ ਪੈ ਗਈ ਹੈ। ਉਹਨਾਂ ਆਖਿਆ ਕਿ ਮੋਦੀ ਸਰਕਾਰ ਬਿਜਲੀ ਖੇਤਰ ਦਾ ਮੁਕੰਮਲ ਨਿੱਜੀਕਰਨ ਕਰਕੇ ਮਜ਼ਦੂਰਾਂ ਕਿਸਾਨਾਂ ਤੇ ਗਰੀਬ ਲੋਕਾਂ ਦੇ ਘਰਾਂ 'ਚ ਹਨੇਰਾ ਕਰਨ ਜਾ ਰਹੀ ਹੈ ਅਤੇ ਕਿਰਤ ਕਾਨੂੰਨਾਂ 'ਚ ਸੋਧਾ ਕਰਕੇ ਮਜ਼ਦੂਰ ਵਰਗ ਨੂੰ ਮਿਲਦੀ ਨਾਮਾਤਰ ਸੁਰੱਖਿਆ ਦਾ ਭੋਗ ਪਾਉਣ ਵਰਗੀਆਂ ਨੀਤੀਆਂ ਲਾਗੂ ਕਰ ਰਹੀ।

ਉਨਾ ਮੰਗ ਕੀਤੀ ਕਿ ਵੀ ਬੀ ਗ੍ਰਾਮ ਜੀ ਨੂੰ ਬੰਦ ਕੀਤਾ ਜਾਵੇ ਅਤੇ ਪੁਰਾਣੀ ਮਨਰੇਗਾ ਸਕੀਮ ਨੂੰ ਬਹਾਲ ਕੀਤਾ ਜਾਵੇ। ਮਨਰੇਗਾ ਕਾਮਿਆਂ ਨੂੰ 200 ਦਿਨ ਕੰਮ ਤੇ 700 ਰੁਪਏ ਦਿਹਾੜੀ ਦਿੱਤੀ ਜਾਵੇ।

# ਸੰਧਵਾਂ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਨੂੰ ਸ਼ਰਧਾਂਜਲੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਸਪੀਕਰ ਸੰਧਵਾਂ ਨੇ ਮਹਾਨ ਸਿੱਖ ਜਰਨੈਲ ਦੀ ਬੇਮਿਸਾਲ ਕੁਰਬਾਨੀ ਨੂੰ ਚੇਤੇ ਕੀਤਾ। ਉਨ੍ਹਾਂ ਨੇ ਪਹਿਲੇ ਪ੍ਰਭੂਸੱਤਾ ਸੰਪੰਨ ਸਿੱਖ ਰਾਜ ਦੀ ਸਥਾਪਨਾ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਦੀ ਇਤਿਹਾਸਕ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੇ ਗਏ ਕ੍ਰਾਂਤੀਕਾਰੀ ਭੂਮੀ ਸੁਧਾਰਾਂ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਤਹਿਤ ਗਰੀਬਾਂ ਤੇ ਕਿਸਾਨਾਂ ਨੂੰ ਜ਼ਮੀਨ ਦੇ ਮਾਲਕੀ ਹੱਕ ਦਿੱਤੇ ਗਏ ਸਨ।ਸ. ਸੰਧਵਾਂ ਨੇ ਕਿਹਾ, 'ਬਾਬਾ ਬੰਦਾ ਸਿੰਘ ਬਹਾਦਰ ਦਾ ਜੀਵਨ ਬਹਾਦਰੀ, ਨਿਆਂ ਅਤੇ ਨਿਸ਼ਕਾਮਤਾ ਦੀ ਪ੍ਰਤੱਖ ਮਿਸਾਲ ਹੈ। ਉਨ੍ਹਾਂ ਨੇ ਦੱਬੇ-ਕੁਚਲੇ ਲੋਕਾਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਜ਼ੁਲਮ ਤੇ ਅੱਤਿਆਚਾਰ ਵਿਰੁੱਧ ਅਣਥੱਕ ਲੜਾਈ ਲੜੀ। ਉਨ੍ਹਾਂ ਦੀ ਮਹਾਨ ਕੁਰਬਾਨੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਮੇਸ਼ਾ ਅਨਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਪ੍ਰੇਰਿਤ ਕਰਦੀ ਰਹੇਗੀ।'

# ਬੀ ਐੱਲ ਓ ਤੇ ਸੁਪਰਵਾਈਜ਼ਰਾਂ ਦੀਆਂ ਬਦਲੀਆਂ ਦਾ ਰਾਹ ਹੋਇਆ ਪੱਧਰਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ ਟੀ ਐੱਫ) ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਦੀ ਅਗਵਾਈ ਵਿੱਚ ਇੱਕ ਉੱਚ-ਪੱਧਰੀ ਵਫ਼ਦ ਵੱਲੋਂ ਮੁੱਖ ਚੋਣ



ਅਫ਼ਸਰ (ਸੀ ਈ ਓ), ਪੰਜਾਬ ਅਨਿੰਦਿਤਾ ਮਿੱਤਰਾ ਨਾਲ ਮੁਲਾਕਾਤ ਕੀਤੀ ਗਈ। ਇਸ ਮੀਟਿੰਗ ਵਿੱਚ ਪੰਜਾਬ ਅੰਦਰ 25 ਜੂਨ ਤੋਂ 30 ਸਤੰਬਰ 2026 ਤੱਕ ਚੱਲਣ ਵਾਲੀ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ-2026 ਦੌਰਾਨ ਬੀ.ਐੱਲ.ਓਜ਼. ਅਤੇ ਸੁਪਰਵਾਈਜ਼ਰਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਿਲਾਂ ਅਤੇ ਹੋਰ ਪ੍ਰਮੁੱਖ ਮੰਗਾਂ ਨੂੰ ਗੰਭੀਰਤਾ ਨਾਲ ਉਠਾਇਆ ਗਿਆ। ਮੁੱਖ ਚੋਣ ਅਫ਼ਸਰ ਵੱਲੋਂ ਜਥੇਬੰਦੀ ਦੀਆਂ ਮੰਗਾਂ ਨੂੰ ਬਹੁਤ ਹੀ ਗੰਭੀਰਤਾ ਅਤੇ ਹਮਦਰਦੀ ਨਾਲ ਸੁਣਿਆ ਗਿਆ।ਜਥੇਬੰਦੀ ਦੇ ਸੂਬਾਈ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਸੂਬਾ ਮੀਤ ਪ੍ਰਧਾਨ ਗੁਰਪਿਆਰ ਸਿੰਘ ਕੋਟਲੀ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ 16 ਜੂਨ ਨੂੰ ਜਾਰੀ ਪੱਤਰ ਰਾਹੀਂ ਵਿਸ਼ੇਸ਼ ਸਰਸਰੀ ਸੁਧਾਈ ਦੌਰਾਨ ਬੀ.ਐੱਲ.ਓਜ਼. ਅਤੇ ਸੁਪਰਵਾਈਜ਼ਰਾਂ ਦੀਆਂ ਬਦਲੀਆਂ ਕਰਨ 'ਤੇ 1 ਅਕਤੂਬਰ 2026 ਤੱਕ ਮੁਕੰਮਲ ਰੋਕ ਲਗਾ ਦਿੱਤੀ ਗਈ ਸੀ, ਜਿਸ ਕਾਰਨ ਬਦਲੀ ਕਰਵਾ ਚੁੱਕੇ ਜਾਂ ਕਰਵਾਉਣ ਦੇ ਚਾਹਵਾਨ ਮੁਲਾਜ਼ਮ ਕਾਫੀ ਦੁਵਿਧਾ ਅਤੇ ਪ੍ਰੇਸ਼ਾਨੀ ਵਿੱਚ ਸਨ।

# ਕਾਮਰੇਡ ਬਲਵਿੰਦਰ ਸਿੰਘ ਸੰਧੂ ਦਾ ਬਰਸੀ ਸਮਾਗਮ ਭਲਕੇ

**ਜਲੰਧਰ/ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ/ਰਾਜੇਸ਼ ਥਾਪਾ)**- ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਮਹੀਨਾ ਵਾਰ ਮੀਟਿੰਗ ਸਥਾਨਕ ਕਾਮਰੇਡ ਜਸਵੰਤ ਸਿੰਘ ਸਮਰਾ



ਭਵਨ ਵਿਖੇ ਜਥੇਬੰਦੀ ਦੀ ਸੂਬਾ ਕਾਰਜਕਾਰਨੀ ਕਮੇਟੀ ਦੀ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਸ਼ੁਰੂ ਵਿੱਚ ਦੇਸ਼ ਭਗਤ ਯਾਦਗਾਰ ਹਾਲ ਤੇ ਨਵਾਂ ਜ਼ਮਾਨਾ ਅਖ਼ਬਾਰ ਦੇ ਟਰੱਸਟੀ ਕਾਮਰੇਡ ਰਾਜਿੰਦਰ ਸਿੰਘ ਮੰਡ ਐਡਵੋਕੇਟ ਅਤੇ ਕੁੱਝ ਹੋਰ ਸਖਸ਼ੀਅਤਾਂ ਦੇ ਸਦੀਵੀ ਵਿਛੋੜਾ ਦੇ ਜਾਣ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਮੀਟਿੰਗ ਦਾ ਏਜੰਡਾ ਹਾਜ਼ਰੀਨ ਨਾਲ ਸਾਂਝਾ ਕੀਤਾ। ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ ਸਰਕਾਰ ਵੱਲੋਂ ਲਗਾਤਾਰ ਮੁਲਾਜ਼ਮ ਅਤੇ ਪੈਨਸ਼ਨਰ ਮੰਗਾਂ ਦੀ ਅਣਦੇਖੀ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾਈ ਆਗੂ ਜਗਤਾਰ ਸਿੰਘ ਭੁੰਗਰਨੀ, ਗੁਰਜੀਤ ਸਿੰਘ ਘੋੜੇਵਾਹ,ਸਵਰਨ ਸਿੰਘ ਹਠੂਰ, ਮਨਜੀਤ ਸਿੰਘ ਗਿੱਲ, ਇਕਬਾਲ ਸਿੰਘ ਪਠਾਨਕੋਟ, ਪ੍ਰਿਤਪਾਲ ਸਿੰਘ ਪੰਡੋਰੀ, ਕੁਲਵੰਤ ਸਿੰਘ ਚਾਨੀ, ਨਸੀਬ ਸਿੰਘ ਜੜੌਤ, ਸੁੱਚਾ ਸਿੰਘ ਅਜਨਾਲਾ ਬਲਰਾਜ ਸਿੰਘ ਭੰਗੂ, ਵਿਜੇ ਕੁਮਾਰ ਸ਼ਰਮਾ ਜਲੰਧਰ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਗਈ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਸਮੂਹ ਹੱਕੀ ਅਤੇ ਜਾਇਜ਼ ਮੰਗਾਂ ਤੁਰੰਤ ਪ੍ਰਵਾਨ ਕਰੇ। ਮੀਟਿੰਗ ਨੇ ਫੈਸਲਾ ਕੀਤਾ ਕਿ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਸਬੰਧਤ ਏਟਕ ਦੇ ਪ੍ਰਮੁੱਖ ਆਗੂ ਕਾਮਰੇਡ ਬਲਵਿੰਦਰ ਸਿੰਘ ਸੰਧੂ ਦੀ 27 ਜੂਨ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਮਨਾਏ ਜਾ ਰਹੇ ਬਰਸੀ ਸਮਾਗਮ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਸੰਤੋਖ ਸਿੰਘ ਕੈਸ਼ੀਅਰ ਜਲੰਧਰ, ਗੁਰਮੁਖ ਸਿੰਘ ਜਲੰਧਰ, ਅਮਰੀਕ ਸਿੰਘ ਬਟਾਲਾ, ਬਲਵਿੰਦਰ ਸਿੰਘ ਬਟਾਲਾ, ਅਜਮੇਰ ਸਿੰਘ ਅਖਾੜਾ ਮੋਗਾ, ਪਵਿੱਤਰ ਸਿੰਘ ਲੁਧਿਆਣਾ, ਮੋਹਨਜੀਤ ਸਿੰਘ ਲੁਧਿਆਣਾ, ਗੁਰਮੇਲ ਚੰਦ ਨਵਾਂ ਸ਼ਹਿਰ, ਗੁਰਮੀਤ ਸਿੰਘ ਚੰਡੀਗੜ੍ਹ, ਸੱਤ ਪਾਲ ਚੰਡੀਗੜ੍ਹ , ਬਚਿੱਤਰ ਸਿੰਘ ਧੋਥੜ, ਨਿਰਵੈਰ ਸਿੰਘ ਅੰਮ੍ਰਿਤਸਰ, ਮਹਿੰਦਰ ਸਿੰਘ ਰੋਪੜ, ਵੇਦ ਪ੍ਰਕਾਸ਼ ਬਟਾਲਾ, ਜਰਨੈਲ ਸਿੰਘ, ਜਗੀਰ ਸਿੰਘ ਜਲੰਧਰ, ਪਰਮਜੀਤ ਸਿੰਘ ਜਗਰਾਉਂ, ਸੰਤੋਖ ਸਿੰਘ ਜਲੰਧਰ, ਰਾਕੇਸ਼ ਸ਼ਰਮਾ ਨਵਾਂ ਸ਼ਹਿਰ, ਬਲਵਿੰਦਰ ਸਿੰਘ , ਕੀਰਤ ਸਿੰਘ ਚੰਡੀਗੜ੍ਹ , ਗੁਰਦਰਸ਼ਨ ਸਿੰਘ ਢਿੱਲੋਂ ਅਤੇ ਇਕਬਾਲ ਸਿੰਘ ਸ੍ਰੀ ਮੁਕਤਸਰ ਸਾਹਿਬ ਆਦਿ ਹਾਜ਼ਰ ਸਨ।

# ਵਿਦਿਆਰਥੀ ਵੱਲੋਂ ਤਿਆਰ ਕੀਤੇ ਵਰਕਿੰਗ ਮਾਡਲ ਤੇ ਪ੍ਰੋਜੈਕਟ ਪ੍ਰਦਰਸ਼ਤ

**ਜਲੰਧਰ (ਸ਼ੈਲੀ ਐਲਬਰਟ)**- ਨਵੇਂ ਸਾਲ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਹੁੰਦੇ ਹੀ ਜਨਵਰੀ ਮਹੀਨੇ ਵਿੱਚ ਮੇਹਰਚੰਦ ਪੋਲੀਟੈਕਨਿਕ ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਵਿੱਚ ਇੱਕ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਦਾ ਹੈ। ਦੂਜੇ ਅਤੇ ਆਖਰੀ ਸਾਲ ਦੇ ਵਿਦਿਆਰਥੀਆਂ ਨੂੰ ਪਹਿਲਾਂ ਹੀ ਪਤਾ ਹੁੰਦਾ ਹੈ ਕਿ 19 ਅਪ੍ਰੈਲ ਨੂੰ ਸਾਰੇ ਡੀ.ਏ.ਵੀ. ਸਕੂਲਾਂ ਅਤੇ ਕਾਲਜਾਂ ਵਿੱਚ ਮਹਾਤਮਾ ਹੰਸਰਾਜ ਦੀ ਜਯੰਤੀ ਮਨਾਈ ਜਾਂਦੀ ਹੈ। ਉਨ੍ਹਾਂ ਦੇ ਜਨਮ ਦਿਵਸ ਵਾਲੇ ਹਫ਼ਤੇ ਦੌਰਾਨ ਮਹਾਤਮਾ ਹੰਸਰਾਜ ਤਕਨੀਕੀ ਫੈਸਟੀਵਲ ਦਾ ਆਯੋਜਨ ਕੀਤਾ ਜਾਂਦਾ ਹੈ। ਇਸ ਮੌਕੇ ਕਾਲਜ ਦੇ ਆਡੀਟੋਰੀਅਮ ਵਿੱਚ ਇੱਕ ਵਿਸ਼ਾਲ ਪ੍ਰਦਰਸ਼ਨੀ (ਐਗਜ਼ੀਬਿਸ਼ਨ) ਲਗਾਈ ਜਾਂਦੀ ਹੈ, ਜਿੱਥੇ ਵਿਦਿਆਰਥੀ ਆਪਣੇ ਹੁਨਰ ਅਤੇ ਮਿਹਨਤ ਨਾਲ ਤਿਆਰ ਕੀਤੇ ਵਰਕਿੰਗ ਮਾਡਲ ਅਤੇ ਪ੍ਰੋਜੈਕਟ ਪ੍ਰਦਰਸ਼ਿਤ ਕਰਦੇ ਹਨ। ਹਰ ਗਰੁੱਪ ਆਪਣੇ ਪ੍ਰੋਜੈਕਟ ਨੂੰ ਬਿਹਤਰ ਢੰਗ ਨਾਲ ਪੇਸ਼ ਕਰਨ ਦੀ ਕੋਸ਼ਿਸ਼ ਕਰਦਾ ਹੈ। ਇਸ ਦੌਰਾਨ ਅਧਿਆਪਕਾਂ ਅਤੇ ਦਰਸ਼ਕਾਂ ਵੱਲੋਂ ਦਿੱਤੇ ਗਏ ਸੁਝਾਅ ਵਿਦਿਆਰਥੀਆਂ ਨੂੰ ਆਪਣੇ ਪ੍ਰੋਜੈਕਟਾਂ ਵਿੱਚ ਸੁਧਾਰ ਕਰਨ ਲਈ ਪ੍ਰੇਰਿਤ ਕਰਦੇ ਹਨ। ਦਸਵੀਂ, ਗਿਆਰਵੀਂ, ਬਾਰਵੀਂ ਅਤੇ ਡਿਪਲੋਮਾ ਪਹਿਲੇ ਸਾਲ ਦੇ ਵਿਦਿਆਰਥੀ ਇਹ ਪ੍ਰੋਜੈਕਟ ਦੇਖ ਕੇ ਹੈਰਾਨ ਵੀ ਹੁੰਦੇ ਹਨ ਅਤੇ ਪ੍ਰੇਰਿਤ ਵੀ। ਮੇਲੇ ਦਾ ਇੱਕ ਹੋਰ ਮਹੱਤਵਪੂਰਨ ਪੱਖ ਇਹ ਹੈ ਕਿ ਇਸ ਤੋਂ ਕੁਝ ਦਿਨਾਂ ਬਾਅਦ ਪੀ.ਟੀ.ਆਈ.ਐਸ. ਵੱਲੋਂ ਪੰਜਾਬ ਇੰਟਰ ਪੋਲੀਟੈਕਨਿਕ ਤਕਨੀਕੀ ਫੈਸਟੀਵਲ ਕਰਵਾਇਆ ਜਾਂਦਾ ਹੈ, ਜਿਸ ਲਈ ਇਸ ਪ੍ਰਦਰਸ਼ਨੀ ਵਿੱਚੋਂ ਚੁਣੇ ਗਏ ਪ੍ਰੋਜੈਕਟ ਭੇਜੇ ਜਾਂਦੇ ਹਨ। ਇਹੀ ਕਾਰਨ ਹੈ ਕਿ ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਹਰ ਸਾਲ ਕਰਵਾਏ ਜਾਂਦੇ ਪੰਜਾਬ ਪੱਧਰੀ ਤਕਨੀਕੀ ਫੈਸਟੀਵਲ ਵਿੱਚ ਨਵੇਂ ਮਾਪਦੰਡ ਸਥਾਪਿਤ ਕਰਦਾ ਆ ਰਿਹਾ ਹੈ। ਜ਼ਿਕਰਯੋਗ ਹੈ ਕਿ ਹੁਣ ਤੱਕ ਹੋਏ 13 ਸਟੇਟ ਮੁਕਾਬਲਿਆਂ ਵਿੱਚੋਂ 11 ਵਾਰ ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਲੋਂ ਓਵਰਆਲ ਟਰਾਫੀ ਤੇ ਕਬਜ਼ਾ ਕੀਤਾ ਗਿਆ ਹੈ।



# ਨਿਤਿਨ ਨਬੀਨ ਦੀ ਪੰਜਾਬ ਫੇਰੀ ਮਹਿਜ਼ ਫੋਟੋ ਸੈਸ਼ਨ : ਬਰਸਟ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ), ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਦੀ ਪੰਜਾਬ ਫੇਰੀ ਨੂੰ ਸਿਰਫ਼ ਤੇ ਸਿਰਫ਼ ਇੱਕ ਸਿਆਸੀ 'ਫੋਟੋ ਸੈਸ਼ਨ' ਕਰਾਰ ਦਿੰਦਿਆਂ ਕੇਂਦਰ ਦੀ ਭਾਜਪਾ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਲੀਡਰਸ਼ਿਪ ਕੋਲ ਪੰਜਾਬ ਦੀ ਭਲਾਈ, ਤਰੱਕੀ ਅਤੇ ਵਿਕਾਸ ਲਈ ਨਾ ਤਾਂ ਕੋਈ ਸੋਚ ਹੈ ਅਤੇ ਨਾ ਹੀ ਕੋਈ ਠੋਸ ਏਜੰਡਾ। ਇਹ ਭਾਜਪਾ ਆਗੂ ਸਿਰਫ਼ ਝੂਠੀਆਂ ਗੱਲਾਂ ਰਾਹੀਂ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਅਤੇ ਰਾਜਨੀਤਿਕ ਹਿੱਤਾਂ ਦੀ ਪੂਰਤੀ ਲਈ ਪੰਜਾਬ ਦੇ ਚੱਕਰ ਲਗਾ ਰਹੇ ਹਨ। ਬਰਸਟ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਕਰੀਬ 9,821 ਕਰੋੜ ਰੁਪਏ ਦਾ ਰੂਰਲ ਡਿਵੈਲਪਮੈਂਟ ਫੰਡ (ਆਰ.ਡੀ.ਐਫ.) ਰੋਕਿਆ ਹੋਇਆ ਹੈ, ਜਿਸ ਨਾਲ ਪਿੰਡਾਂ ਦੇ ਵਿਕਾਸ ਕਾਰਜ ਪ੍ਰਭਾਵਿਤ ਹੋ ਰਹੇ ਹਨ, ਪਰ ਇਸ ਬਾਰੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਵੱਲੋਂ ਇੱਕ ਸ਼ਬਦ ਵੀ ਨਹੀਂ ਬੋਲਿਆ ਗਿਆ। ਆਰ ਡੀ ਐਫ ਦੇ ਨਾਲ-ਨਾਲ, ਜੀ ਐਸ ਟੀ ਵਿੱਚ ਪੰਜਾਬ ਦੇ ਬਣਦੇ ਹੱਕੀ ਹਿੱਸੇ ਨੂੰ ਵੀ ਕੇਂਦਰ ਵੱਲੋਂ ਸਮੇਂ ਸਿਰ ਜਾਰੀ ਨਾ ਕਰਕੇ ਸੂਬੇ ਨੂੰ ਆਰਥਿਕ ਤੌਰ 'ਤੇ ਤੰਗ ਕਰਨ ਦੀ ਡੂੰਘੀ ਸਾਜ਼ਿਸ਼ ਰਚੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਰੂਰਲ ਡਿਵਲਪਮੈਂਟ ਫੰਡ ਸਮੇਤ ਹੋਰ ਫੰਡਾਂ ਨੂੰ ਵੀ ਤੁਰੰਤ ਜਾਰੀ ਕਰੇ। ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਕੇਂਦਰ ਤੋਂ 20 ਹਜ਼ਾਰ ਕਰੋੜ ਰੁਪਏ ਦੇ ਪੈਕੇਜ ਦੀ ਮੰਗ ਕੀਤੀ ਸੀ, ਜਦਕਿ ਕੇਂਦਰ ਸਰਕਾਰ ਵੱਲੋਂ 1600 ਕਰੋੜ ਰੁਪਏ ਦੇਣ ਦਾ ਐਲਾਨ ਕੀਤਾ ਗਿਆ ਸੀ, ਪਰ ਫਿਰ ਵੀ ਕੇਂਦਰ ਸਰਕਾਰ ਨੇ ਕੁੱਝ ਨਹੀਂ ਦਿੱਤਾ। ਬਰਸਟ ਨੇ ਕਿਹਾ ਕਿ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਦੀ ਪੰਜਾਬ ਫੇਰੀ ਤੋਂ ਸਪੱਸ਼ਟ ਹੋ ਗਿਆ ਹੈ ਕਿ ਭਾਜਪਾ ਕੋਲ ਪੰਜਾਬ ਦੀ ਤਰੱਕੀ, ਕਿਸਾਨੀ, ਉਦਯੋਗ, ਵਿੱਤੀ ਹੱਕਾਂ ਲਈ ਕੋਈ ਨੀਤੀ ਨਹੀਂ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲਗਾਤਾਰ ਸੂਬੇ ਦਾ ਵਿਕਾਸ ਕੀਤਾ ਜਾ ਰਿਹਾ ਹੈ, ਜਿਸ ਤੋਂ ਲੋਕ ਬਹੁਤ ਖੁਸ਼ ਹਨ ਅਤੇ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਮੁੜ ਤੋਂ ਆਮ ਆਦਮੀ ਪਾਰਟੀ ਨੂੰ ਵੋਟਾਂ ਪਾ ਕੇ ਕਾਮਯਾਬ ਕਰਨਗੇ।



# ਹਰੀਕ੍ਰਿਸ਼ਨ ਸੈਣੀ ਬਣੇ ਨਗਰ ਕੌਂਸਲ ਟਾਂਡਾ ਦੇ ਪ੍ਰਧਾਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਬੁੱਧਵਾਰ ਦੁਪਹਿਰ ਨਗਰ ਕੌਂਸਲ ਟਾਂਡਾ ਦੀ ਚੋਣ ਪ੍ਰਕਿਰਿਆ ਦੌਰਾਨ ਸਰਬਸੰਮਤੀ ਨਾਲ ਆਮ ਆਦਮੀ ਪਾਰਟੀ ਦੇ ਕੌਂਸਲਰ ਹਰੀਕ੍ਰਿਸ਼ਨ ਸੈਣੀ ਨੂੰ ਨਗਰ ਕੌਂਸਲ ਟਾਂਡਾ ਦਾ ਪ੍ਰਧਾਨ ਅਤੇ ਨਰਿੰਦਰ ਕੌਰ ਨੂੰ ਮੀਤ ਪ੍ਰਧਾਨ ਚੁਣਿਆ ਗਿਆ । ਇਸ ਮੌਕੇ ਨਗਰ ਕੌਂਸਲ ਦੀ ਚੋਣ ਐਸ.ਡੀ.ਐਮ ਟਾਂਡਾ ਲਵਪ੍ਰੀਤ ਸਿੰਘ ਔਲਖ ਦੀ ਅਗਵਾਈ ਵਿੱਚ ਨਗਰ ਕੌਂਸਲ ਦਫ਼ਤਰ ਟਾਂਡਾ ਵਿਖੇ ਹੋਈ । ਇਸ ਚੋਣ ਪ੍ਰਕਿਰਿਆ ਵਿੱਚ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ । ਬੀਤੇ ਦਿਨੀ ਹੋਈਆਂ ਨਗਰ ਕੌਂਸਲ ਚੋਣਾਂ ਵਿੱਚ 10 ਕੌਂਸਲਰ ਆਮ ਆਦਮੀ ਪਾਰਟੀ ਦੇ ਜੇਤੂ ਹੋਏ ਸਨ ਤੇ 5 ਕੌਂਸਲਰ ਕਾਂਗਰਸ ਪਾਰਟੀ ਦੇ ਜੇਤੂ ਸਨ । ਨਗਰ ਕੌਂਸਲ ਚੋਣ ਵਿੱਚ ਟਾਂਡਾ ਦੇ 15 ਵਾਰਡਾਂ ਦੇ ਸਮੂਹ ਜੇਤੂ ਕੌਂਸਲਰ ਹਾਜ਼ਰ ਹੋਏ । ਐਸ ਡੀ ਐਮ ਲਵਪ੍ਰੀਤ ਸਿੰਘ ਔਲਖ ਨੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਦੀ ਮੌਜੂਦਗੀ ਵਿੱਚ ਚੋਣ ਪ੍ਰਕਿਰਿਆ ਸ਼ੁਰੂ ਕੀਤੀ । ਇਸ ਚੋਣ ਪ੍ਰਕਿਰਿਆ ਦੌਰਾਨ ਆਮ ਆਦਮੀ ਪਾਰਟੀ ਦੇ ਕੌਂਸਲਰ ਪ੍ਰਵੀਨ ਕੁਮਾਰ ਉਰਫ ਸੋਨੂੰ ਖੰਨਾ ਨੇ ਆਪ ਕੌਂਸਲਰ ਹਰੀਕ੍ਰਿਸ਼ਨ ਸੈਣੀ ਦਾ ਨਾਮ ਨਗਰ ਕੌਂਸਲ ਪ੍ਰਧਾਨ ਵਜੋਂ ਪੇਸ਼ ਕੀਤਾ ਜਿਸ 'ਤੇ ਆਮ ਆਦਮੀ ਪਾਰਟੀ ਤੇ ਕਾਂਗਰਸ ਪਾਰਟੀ ਦੇ ਸਮੂਹ ਕੌਂਸਲਰਾਂ ਨੇ ਸਹਿਮਤੀ ਜਤਾਈ । ਇਸ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਕੌਂਸਲਰ ਹਰਮੀਤ ਸਿੰਘ ਵੜੈਚ ਨੇ ਮੀਤ ਪ੍ਰਧਾਨ ਵਜੋਂ ਆਪ ਕੌਂਸਲਰ ਨਰਿੰਦਰ ਕੌਰ ਦੇ ਨਾਮ ਦੀ ਪੇਸ਼ਕਸ਼ ਕੀਤੀ ਜਿਸ 'ਤੇ ਸਮੂਹ ਆਮ ਆਦਮੀ ਪਾਰਟੀ ਤੇ ਕਾਂਗਰਸ ਪਾਰਟੀ ਦੇ ਕੌਂਸਲਰਾਂ ਸਹਿਮਤੀ ਜਤਾਈ । ਵਿਧਾਇਕ ਰਾਜਾ ਗਿੱਲ ਨੇ ਚੁਣੇ ਗਏ ਨਗਰ ਕੌਂਸਲਰ ਟਾਂਡਾ ਦੇ ਪ੍ਰਧਾਨ ਹਰੀਕ੍ਰਿਸ਼ਨ ਸੈਣੀ ਤੇ ਮੀਤ ਪ੍ਰਧਾਨ ਨਰਿੰਦਰ ਕੌਰ ਨੂੰ ਵਧਾਈ ਦਿੱਤੀ । ਹਰੀਕ੍ਰਿਸ਼ਨ ਸੈਣੀ ਨੇ ਸ਼ਹਿਰ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਉਹ ਸ਼ਹਿਰ ਵਿੱਚ ਵਿਕਾਸ ਕਾਰਜ ਬਿਨਾਂ ਕਿਸੇ ਭੇਦਭਾਵ ਨਾਲ ਕਰਵਾਉਣਗੇ ।



# ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਤੋਂ ਬਾਹਰ ਨਹੀਂ ਰਹੇਗਾ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ ( ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਐਸ.ਆਈ.ਆਰ. ਲਈ 1 ਅਕਤੂਬਰ 2026 ਨੂੰ ਯੋਗਤਾ ਮਿਤੀ ਨਿਰਧਾਰਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ 25 ਜੂਨ ਤੋਂ 24 ਜੁਲਾਈ 2026 ਤੱਕ ਬੂਥ ਲੈਵਲ ਅਫ਼ਸਰਾਂ (ਬੀ ਐਲ ਓਜ਼) ਵੱਲੋਂ ਘਰ-ਘਰ ਜਾ ਕੇ ਗਿਣਤੀ ਦਾ ਕੰਮ ਕੀਤਾ ਜਾਵੇਗਾ ਅਤੇ ਹਰ ਵੋਟਰ ਤੋਂ ਗਣਨਾ ਫਾਰਮ ਭਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਜੇ ਕਿਸੇ ਘਰ ਵਿੱਚ ਵੋਟਰ ਗੈਰ-ਹਾਜ਼ਰ ਮਿਲਦਾ ਹੈ ਜਾਂ ਘਰ ਬੰਦ ਹੁੰਦਾ ਹੈ ਤਾਂ ਸੰਬੰਧਤ ਬੀ ਐਲ ਓ ਉਸ ਘਰ ਦਾ ਤਿੰਨ ਵਾਰ ਦੌਰਾ ਕਰੇਗਾ। ਪਹਿਲੇ ਦੌਰੇ ਦੌਰਾਨ ਬੀ ਐਲ ਓ ਆਪਣੇ ਅਗਲੇ ਦੌਰੇ ਦੀ ਜਾਣਕਾਰੀ ਘਰ ਦੇ ਦਰਵਾਜ਼ੇ 'ਤੇ ਚਿਪਕਾਵੇਗਾ। ਉਨ੍ਹਾਂ ਦੱਸਿਆ ਕਿ 3 ਅਗਸਤ 2026 ਨੂੰ ਵੋਟਰ ਸੂਚੀ ਦਾ ਡਰਾਫਟ ਪ੍ਰਕਾਸ਼ਨ ਕੀਤਾ ਜਾਵੇਗਾ। ਇਸ ਤੋਂ ਬਾਅਦ 3 ਅਗਸਤ ਤੋਂ 2 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ ਅਤੇ ਉਨ੍ਹਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ।



# ਵਿਦਿਆਰਥੀਆਂ ਨਾਲ ਵਿਸ਼ੇਸ਼ ਸੰਵਾਦ ਪ੍ਰੋਗਰਾਮ

**ਡੇਰਾਬੱਸੀ, (ਵਿਨੈ ਕੁਮਾਰ ਜੈਨ)**- ਬੀਤੇ ਦਿਨੀਂ 16 ਜੂਨ ਨੂੰ ਕੋਟਾ (ਰਾਜਸਥਾਨ) ਵਿਖੇ ਕਾਂਗਰਸ ਦੇ ਸੀਨੀਅਰ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੱਲੋਂ ਵਿਦਿਆਰਥੀਆਂ ਨਾਲ ਕੀਤੇ ਗਏ ਇਤਿਹਾਸਕ ਸੰਵਾਦ ਦੀ ਤਰਜ਼ 'ਤੇ ਪੰਜਾਬ ਦੇ ਹਲਕਾ ਡੇਰਾਬੱਸੀ ਵਿਖੇ ਵਿਦਿਆਰਥੀਆਂ ਨਾਲ ਇੱਕ ਵਿਸ਼ੇਸ਼ ਅਤੇ ਪ੍ਰਭਾਵਸ਼ਾਲੀ ਸੰਵਾਦ ਪ੍ਰੋਗਰਾਮ 'ਛਾਤਰਾਂ ਕੀ ਗੂੰਜ' ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦੀ ਸਭ ਤੋਂ ਵੱਡੀ ਅਤੇ ਵਿਲੱਖਣ ਖ਼ਾਸੀਅਤ ਇਹ ਰਹੀ ਕਿ ਇਸ ਪੂਰੇ ਸਮਾਗਮ ਨੂੰ ਪੂਰੀ ਤਰ੍ਹਾਂ ਗੈਰ-ਸਿਆਸੀ ਰੱਖਿਆ ਗਿਆ ਅਤੇ ਇਸ ਵਿੱਚ ਕਿਸੇ ਵੀ ਸਿਆਸੀ ਪਾਰਟੀ ਦੀ ਬਿਆਨਬਾਜ਼ੀ ਜਾਂ ਚੋਣਵੀਂ ਰਾਜਨੀਤੀ ਨੂੰ ਸ਼ਾਮਲ ਨਹੀਂ ਹੋਣ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਕੋਟਾ ਵਿੱਚ ਆਯੋਜਿਤ ਪ੍ਰੋਗਰਾਮ ਦੌਰਾਨ ਵੀ ਰਾਹੁਲ ਗਾਂਧੀ ਨੇ ਭਾਜਪਾ, ਕਾਂਗਰਸ, ਚੋਣਾਂ ਜਾਂ ਕਿਸੇ ਵੀ ਕਿਸਮ ਦੇ ਸਿਆਸੀ ਮੁੱਦਿਆਂ ਤੋਂ ਦੂਰੀ ਬਣਾਈ ਰੱਖੀ ਸੀ, ਅਤੇ ਉਸੇ ਪਰੰਪਰਾ ਨੂੰ ਅੱਜ ਡੇਰਾਬੱਸੀ ਦੀ ਧਰਤੀ 'ਤੇ ਵੀ ਬਾਖੂਬੀ ਨਿਭਾਇਆ ਗਿਆ। ਡੇਰਾਬੱਸੀ ਵਿਧਾਨ ਸਭਾ ਹਲਕੇ ਤੋਂ ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਕਾਂਗਰਸ ਦੇ ਬੁਲਾਰੇ ਅਮਿਤ ਬਾਵਾ ਸੈਣੀ ਦੀ ਅਗਵਾਈ ਹੇਠ ਕਰਵਾਏ ਗਏ ਇਸ ਵਿਸ਼ੇਸ਼ ਪ੍ਰੋਗਰਾਮ ਵਿੱਚ ਵੱਖ-ਵੱਖ ਮੁਕਾਬਲਾ ਪ੍ਰੀਖਿਆਵਾਂ (ਕੰਪੀਟੀਸ਼ਨ ਐਗਜ਼ਾਮਸ) ਦੀ ਤਿਆਰੀ ਕਰ ਰਹੇ ਸੈਂਕੜੇ ਨੌਜਵਾਨ ਵਿਦਿਆਰਥੀਆਂ, ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ (ਪਰਵਾਰਕ ਮੈਂਬਰਾਂ) ਅਤੇ ਇਲਾਕੇ ਦੇ ਨਾਮਵਰ ਕੋਚਿੰਗ ਇੰਸਟੀਚਿਊਟਾਂ ਦੇ ਸੰਚਾਲਕਾਂ ਤੇ ਸਿੱਖਿਆ ਸ਼ਾਸਤਰੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਪ੍ਰੋਗਰਾਮ ਦੀ ਮੁੱਖ ਥੀਮ ਪੂਰੀ ਤਰ੍ਹਾਂ ਰਾਹੁਲ ਗਾਂਧੀ ਦੀ ਕੋਟਾ ਮਹਾਂਰੈਲੀ 'ਤੇ ਆਧਾਰਿਤ ਰੱਖੀ ਗਈ ਸੀ, ਜਿਸ ਵਿੱਚ ਦੇਸ਼ ਦੇ ਮੌਜੂਦਾ ਐਜੂਕੇਸ਼ਨ ਸਿਸਟਮ (ਸਿੱਖਿਆ ਪ੍ਰਣਾਲੀ), ਲਗਾਤਾਰ ਹੋ ਰਹੇ ਪੇਪਰ ਲੀਕ ਦੇ ਮਾਮਲਿਆਂ ਅਤੇ ਕੇਂਦਰ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ 'ਤੇ ਕੀਤੇ ਜਾ ਰਹੇ ਬਜਟ ਦੀ ਕਟੌਤੀ ਵਰਗੇ ਅਹਿਮ ਅਤੇ ਗੰਭੀਰ ਵਿਸ਼ਿਆਂ 'ਤੇ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਕਾਂਗਰਸ ਦੇ ਬੁਲਾਰੇ ਅਮਿਤ ਬਾਵਾ ਸੈਣੀ ਨੇ ਮੌਜੂਦਾ ਵਿਵਸਥਾ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਸਾਡੇ ਦੇਸ਼ ਦਾ ਐਜੂਕੇਸ਼ਨ ਸਿਸਟਮ ਬੱਚਿਆਂ ਦੀ ਪ੍ਰਤਿਭਾ ਨੂੰ ਚੁਣਨ (ਸਿਲੈਕਸ਼ਨ) ਦੀ ਬਜਾਏ ਉਨ੍ਹਾਂ ਨੂੰ ਬਾਹਰ ਕੱਢਣ (ਰਿਜੈਕਸ਼ਨ) ਦਾ ਜ਼ਰੀਆ ਬਣਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹੀ ਗੰਭੀਰ ਗੱਲ ਨੇਤਾ ਪ੍ਰਤੀਪੱਖ ਰਾਹੁਲ ਗਾਂਧੀ ਲਗਾਤਾਰ ਦੇਸ਼ ਦੇ ਸਾਹਮਣੇ ਚੁੱਕ ਰਹੇ ਹਨ। ?ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਕਾਂਗਰਸ ਦੇ ਸੂਬਾਈ ਬੁਲਾਰੇ ਮਨਪ੍ਰੀਤ ਸੈਦਪੁਰਾ, ਕੌਂਸਲਰ ਮੁਨੀਸ਼ ਕੁਮਾਰ ਸੈਣੀ, ਮਹਿਲਾ ਕਾਂਗਰਸ ਦੀ ਪ੍ਰਦੇਸ਼ ਜਨਰਲ ਸਕੱਤਰ ਬ੍ਰਿਜਿੰਦਰ ਕੌਰ ਰਾਇ, ਜ਼ਿਲ੍ਹਾ ਉਪ-ਪ੍ਰਧਾਨ ਰੇਣੂ ਨਹਿਰੂ, ਵਿਧਾਨ ਸਭਾ ਪ੍ਰਧਾਨ ਕਿਰਨ ਮਾਖੀਜਾ, ਬਲਾਕ ਪ੍ਰਧਾਨ ਰੇਣੂ ਗੁਪਤਾ, ਵਿਧਾਨ ਸਭਾ ਯੂਥ ਕਾਂਗਰਸ ਦੇ ਉਪ-ਪ੍ਰਧਾਨ ਪਰਮਵੀਰ ਰਾਣਾ ਸਮੇਤ ਵੱਡੀ ਸੰਖਿਆ ਵਿੱਚ ਇਲਾਕੇ ਦੇ ਪਤਵੰਤੇ ਸੱਜਣ, ਮਾਪੇ ਅਤੇ ਨੌਜਵਾਨ ਵਿਦਿਆਰਥੀ ਹਾਜ਼ਰ ਸਨ।



# ਹੈਰੋਇਨ ਸਮੇਤ ਨੌਜਵਾਨ ਕਾਬੂ

**ਬੰਗਾ (ਅਵਤਾਰ ਕਲੇਰ)**- ਥਾਣਾ ਸਿਟੀ ਬੰਗਾ ਦੀ ਪੁਲਿਸ ਵੱਲੋਂ 6.70 ਗ੍ਰਾਮ ਹੈਰੋਇਨ ਸਮੇਤ ਇੱਕ ਨੌਜਵਾਨ ਨੂੰ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਸਿਟੀ ਬੰਗਾ ਦੇ ਅਡੀਸ਼ਨਲ ਐਸ ਐਚ ਓ ਵਿਜੇ ਕੁਮਾਰ ਸ਼ਰਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡੀ ਐੱਸ ਪੀ ਸਬ ਡਿਵੀਜ਼ਨ ਬੰਗਾ ਹਰਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਪੁਲਸ ਟੀਮਾਂ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਪੁਲਸ ਪਾਰਟੀ ਥਾਣਾ ਸਿਟੀ ਬੰਗਾ ਤੋਂ ਬਸ ਸਟੈਂਡ ਬੰਗਾ ਤੋਂ ਹੁੰਦੇ ਹੋਏ ਹੱਪੋਵਾਲ ਰੋਡ ਨੂੰ ਜਾ ਰਹੇ ਸੀ। ਜਦੋਂ ਪੁਲਿਸ ਪਾਰਟੀ ਨੇੜੇ ਸੂਆ ਨਹਿਰ ਪੁੱਜੀ ਤਾਂ ਪਿੰਡ ਹੱਪੋਵਾਲ ਵਾਲੀ ਸਾਈਡ ਤੋਂ ਇੱਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ। ਜੋ ਪੁਲਿਸ ਦੀ ਗੱਡੀ ਦੇਖ ਕੇ ਘਬਰਾ ਗਿਆ ਤੇ ਆਪਣੇ ਹੱਥ ਵਿੱਚ ਫੜਿਆ ਮੋਮੀ ਲਿਫ਼ਾਫ਼ਾ ਸੜਕ ਕਿਨਾਰੇ ਘਾਹ-ਫੂਸ ਵਿੱਚ ਸੁੱਟ ਕੇ ਪਿੱਛੇ ਮੁੜਨ ਲੱਗ ਪਿਆ। ਸ਼ੱਕ ਦੇ ਆਧਾਰ 'ਤੇ ਪੁਲਿਸ ਵੱਲੋਂ ਉਸ ਨੂੰ ਕਾਬੂ ਕਰਕੇ ਪੁੱਛਗਿੱਛ ਕੀਤੀ ਗਈ। ਉਸ ਨੇ ਆਪਣੀ ਪਛਾਣ ਗੁਰਪ੍ਰੀਤ ਸਿੰਘ ਸਪੁੱਤਰ ਮੁੱਖਤਿਆਰ ਸਿੰਘ ਨਿਵਾਸੀ ਬੀਸਲਾ ਥਾਣਾ ਬਹਿਰਾਮ ਵਜੋਂ ਦੱਸੀ। ਪੁਲਸ ਵੱਲੋਂ ਉਸ ਦੇ ਸੁੱਟੇ ਗਏ ਲਿਫ਼ਾਫ਼ੇ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ 6.70 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਵਲੋਂ ਨੌਜਵਾਨ ਨੂੰ ਗ੍ਰਿਫਤਾਰ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਅਮਰਪ੍ਰੀਤ ਸਿੰਘ ਸੋਨੂ ਖਾਲਸਾ ਪ੍ਰਧਾਨ ਤੇ ਸੁਖਵਿੰਦਰ ਕੌਰ ਮੀਤ ਪ੍ਰਧਾਨ ਚੁਣੇ ਗਏ



**ਦਸੂਹਾ (ਕਰਨੈਲ ਮਾਂਗਟ)** - ਨਗਰ ਕੌਂਸਲ ਦਸੂਹਾ ਦੇ ਪ੍ਰਧਾਨ ਅਤੇ ਵਾਇਸ ਪ੍ਰਧਾਨ ਦੀ ਚੋਣ ਐਸ ਡੀ ਐਮ ਦਸੂਹਾ ਕੰਵਲਜੀਤ ਸਿੰਘ ਦੀ ਅਗਵਾਈ ਹੇਠ ਸਰਬ ਸੰਮਤੀ ਨਾਲ ਹੋਈ। ਇਸ ਮੌਕੇ ਚੇਅਰਪਰਸਨ ਜ਼ਿਲ੍ਹਾ ਯੋਜਨਾ ਕਮੇਟੀ ਕਰਮਜੀਤ ਕੌਰ ਬਤੌਰ ਅਬਜ਼ਰਵਰ ਵਜੋਂ ਅਤੇ ਹਲਕਾ ਵਿਧਾਇਕ ਐਡਵੋਕੇਟ ਕਰਮਜੀਤ ਸਿੰਘ ਘੁੰਮਣ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਆਮ ਆਦਮੀ ਪਾਰਟੀ ਦੇ 13 ਨਵ-ਨਿਯੁਕਤ ਕੌਂਸਲਰਾਂ ਵਲੋਂ ਸਰਬਸੰਮਤੀ ਨਾਲ ਅਮਰਪ੍ਰੀਤ ਸਿੰਘ ਸੋਨੂੰ ਖਾਲਸਾ ਨੂੰ ਪ੍ਰਧਾਨ ਅਤੇ ਸੁਖਵਿੰਦਰ ਕੌਰ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਨਵ ਨਿਯੁਕਤ ਪ੍ਰਧਾਨ ਅਮਰਪ੍ਰੀਤ ਸਿੰਘ ਸੋਨੂੰ ਖਾਲਸਾ ਅਤੇ ਮੀਤ ਪ੍ਰਧਾਨ ਸੁਖਵਿੰਦਰ ਕੌਰ ਨੇ ਸਮੂਹ ਕੌਂਸਲਰਾਂ , ਵਿਧਾਇਕ ਕਰਮਬੀਰ ਸਿੰਘ ਘੁੰਮਣ ਤੇ ਹਾਈਕਮਾਨ ਦਾ ਧੰਨਵਾਦ ਕੀਤਾ।ਉਨ੍ਹਾਂ ਸਯੁੰਕਤ ਤੌਰ 'ਤੇ ਕਿਹਾ ਕਿ ਉਹ ਬਿਨਾਂ ਕਿਸੇ ਭੇਦਭਾਵ ਸ਼ਹਿਰ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡਣਗੇ ਅਤੇ ਵਿਕਾਸ ਕਾਰਜਾਂ ਦੀ ਰਫਤਾਰ ਸਾਰਿਆਂ ਦੇ ਸਹਿਯੋਗ ਨਾਲ ਹੋਰ ਵਧਾਉਣਗੇ। ਹਲਕਾ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਨੇ ਕਿਹਾ ਕਿ ਮੈਂ ਸਮੂਹ ਕੌਂਸਲਰਾਂ ਨੂੰ ਯਕੀਨ ਦਿਵਾਉਂਦਾ ਹਾਂ ਕਿ ਜੋ ਵੀ ਉਨ੍ਹਾਂ ਨੇ ਫੈਸਲਾ ਕੀਤਾ ਹੈ , ਉਸ ਤੋਂ ਉਨ੍ਹਾਂ ਨੂੰ ਕਦੀ ਵੀ ਨਿਰਾਸ਼ ਨਹੀਂ ਹੋਣਾ ਪਵੇਗਾ। ਅਬਜ਼ਰਵਰ ਚੇਅਰਪਰਸਨ ਜ਼ਿਲ੍ਹਾ ਯੋਜਨਾ ਕਮੇਟੀ ਕਰਮਜੀਤ ਕੌਰ ਨੇ ਨਵ ਨਿਯੁਕਤ ਪ੍ਰਧਾਨ ਅਮਰਪ੍ਰੀਤ ਸਿੰਘ ਸੋਨੂੰ ਖਾਲਸਾ ਅਤੇ ਮੀਤ ਪ੍ਰਧਾਨ ਸੁਖਵਿੰਦਰ ਕੌਰ ਸਮੇਤ ਸਮੂਹ ਕੌਂਸਲਰਾਂ ਨੂੰ ਵਧਾਈ ਦਿੱਤੀ। ਇਸ ਮੌਕੇ ਜਗਮੋਹਣ ਸਿੰਘ ਬੱਬੂ ਘੁੰਮਣ, ਵਰਿੰਦਰ ਇਕਬਾਲ ਸਿੰਘ ਬਿੰਦੂ ਘੁੰਮਣ, ਕੰਵਲਜੀਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਦਸੂਹਾ, ਬਲਦੇਵ ਠਾਕੁਰ, ਤਰੁਣ ਖੁਲਰ, ਸੰਤੋਖ ਕੁਮਾਰ ਤੋਖੀ, ਹਰਦੀਪ ਕੌਰ ਬਾਜਵਾ, ਈ ਓ ਕਮਲਜਿੰਦਰ ਸਿੰਘ, ਹਰਵਿੰਦਰ ਸਿੰਘ ਕਾਹਲੋਂ, ਚੰਦਰਸ਼ੇਖਰ ਬੰਟੀ, ਸੁਖਵਿੰਦਰ ਸਿੰਘ ਇੰਦੂ ਨੰਬਰਦਾਰ, ਚਮਨ ਲਾਲ, ਰਣਜੀਤ ਕੌਰ, ਜੋਗਿੰਦਰਪਾਲ ਨਿੱਕੂ ਆਦਿ ਹਾਜ਼ਰ ਸਨ।

# ਜਲ ਸਪਲਾਈ ਕਰਮੀਆਂ ਦੀ ਰੈਲੀ 21 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਦੀ ਸ਼ਾਖਾ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੇ ਜਲ ਸਪਲਾਈ ਦਫਤਰ ਤਲਵਾੜਾ ਵਿੱਚ ਵਿਸ਼ਾਲ ਰੋਸ ਰੈਲੀ ਆਯੋਜਿਤ ਕੀਤੀ। ਰੈਲੀ ਦੀ ਪ੍ਰਧਾਨਗੀ ਸ਼ਾਖਾ ਪ੍ਰਧਾਨ ਰਾਜੀਵ ਸ਼ਰਮਾ ਅਤੇ ਮੁਕੇਰੀਆ ਦੇ ਪ੍ਰਧਾਂਨ ਰਵਿੰਦਰ ਕੁਮਾਰ ਨੇ ਕੀਤੀ। ਰੈਲੀ ਨੂੰ ਸੰਬੋਧਨ ਕਰਦਿਆਂ ਮਹਾਸਚਿਵ ਸ਼ਾਮ ਸਿੰਘ ਬਟਵਾੜਾ, ਪੁਰਾਣੀ ਪੈਨਸ਼ਨ ਯੋਜਨਾ ਦੇ ਸਟੇਟ ਕਨਵੀਨਰ ਜਸਬੀਰ ਸਿੰਘ, ਪ ਸ ਸ ਫ ਬਲਾਕ ਸਕੱਤਰ ਵਰਿੰਦਰ ਸਿੰਘ ਬਿੱਕੀ ਅਤੇ ਮਨਰੇਗਾ ਦੇ ਸਟੇਟ ਨੇਤਾ ਦੀਪਕ ਜਰਿਆਲ ਨੇ ਕਿਹਾ ਕਿ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਊਟਸੋਰਸ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਬਣਦੇ ਹੀ ਸਾਰੇ ਕੱਚੇ ਕਰਮਚਾਰੀਆਂ ਨੂੰ ਬਿਨਾਂ ਸ਼ਰਤ ਪੱਕਾ ਕੀਤਾ ਜਾਵੇਗਾ। ਪਰ ਚਾਰ ਸਾਲ ਪੂਰੇ ਹੋਣ ਦੇ ਬਾਵਜੂਦ ਵੀ ਇਹ ਕਰਮਚਾਰੀ ਕੱਚੇ ਦੇ ਕੱਚੇ ਹੀ ਹਨ। ਨੇਤਾਵਾਂ ਨੇ ਕਿਹਾ ਕਿ ਜਲ ਸਪਲਾਈ ਐਂਡ ਸੈਨੀਟੇਸ਼ਨ ਵਿਭਾਗ ਵਿੱਚ ਪਿਛਲੇ 15 ਸਾਲ ਤੋਂ ਲਗਾਤਾਰ ਕੰਮ ਕਰ ਰਹੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵੀ ਆਊਟਸੋਰਸ ਕਰਮਚਾਰੀਆਂ ਵਾਂਗ ਵਿਭਾਗ ਵਿੱਚ ਲੈਣ ਦਾ ਨੋਟੀਫਿਕੇਸ਼ਨ ਜਾਰੀ ਕਰਕੇ ਪੂਰੇ ਸਕੇਲ 'ਤੇ ਪੱਕਾ ਕੀਤਾ ਜਾਵੇ। ਇਸੇ ਦੇ ਤਹਿਤ ਰਾਜ ਕਮੇਟੀ ਨੇ ਫੈਸਲਾ ਲਿਆ ਹੈ ਕਿ 21 ਜੁਲਾਈ ਨੂੰ ਵਿੱਤ ਮੰਤਰੀ ਦੇ ਹਲਕੇ ਦਿੜਬਾ ਵਿੱਚ ਵੱਡੀ ਗਿਣਤੀ ਵਿੱਚ ਕਰਮਚਾਰੀ ਸ਼ਾਮਲ ਹੋ ਕੇ ਵਿਸ਼ਾਲ ਰੈਲੀ ਕਰਨਗੇ।



## ਅਨੁਪੂਰਕ ਪ੍ਰੀਖਿਆ 6 ਤੋਂ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ ਜੁਲਾਈ 2026 ਦੀ ਅਨੁਪੂਰਕ ਪ੍ਰੀਖਿਆ (ਰੀਅਪੀਅਰ/ਕੰਪਾਰਟਮੈਂਟ, ਵਾਧੂ ਵਿਸ਼ਾ, ਕਾਰਗੁਜ਼ਾਰੀ) ਮਿਤੀ 6 ਜੁਲਾਈ 2026 ਤੋਂ 16 ਜੁਲਾਈ 2026 ਤੱਕ ਅਤੇ ਬਾਰਵੀਂ ਸ਼੍ਰੇਣੀ ਜੁਲਾਈ 2026 ਦੀ ਅਨੁਪੂਰਕ ਪ੍ਰੀਖਿਆ (ਰੀਅਪੀਅਰ/ਕੰਪਾਰਟਮੈਂਟ, ਵਾਧੂ ਵਿਸ਼ਾ, ਕਾਰਗੁਜ਼ਾਰੀ) ਮਿਤੀ 4 ਜੁਲਾਈ 2026 ਤੋਂ 6 ਜੁਲਾਈ 2026 ਤੱਕ ਬੋਰਡ ਵੱਲੋਂ ਸਥਾਪਤ ਪ੍ਰੀਖਿਆ ਕੇਂਦਰਾਂ ਵਿੱਚ ਕਰਵਾਈ ਜਾਵੇਗੀ।ਦਸਵੀਂ ਅਤੇ ਬਾਰਵੀਂ ਸ਼੍ਰੇਣੀ ਲਈ ਪ੍ਰੀਖਿਆ ਸ਼ੁਰੂ ਹੋਣ ਦਾ ਸਮਾਂ ਸਵੇਰੇ 11.00 ਵਜੇ ਹੋਵੇਗਾ। ਵਧੇਰੇ ਜਾਣਕਾਰੀ ਲਈ ਬੋਰਡ ਦੀ ਵੈਬਸਾਈਟ www.pseb.ac.in ਤੇ ਵਿਜ਼ਟ ਕੀਤਾ ਜਾ ਸਕਦਾ ਹੈ।

## ਗੁਪਤ ਦਾਨੀ ਸੱਜਣ ਨੇ 'ਮਾਰੂਤੀ ਈਕੋ' ਗੱਡੀ ਭੇਂਟ ਕੀਤੀ

**ਐੱਸ.ਏ.ਐੱਸ. ਨਗਰ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਸਵਾਰਾ ਸਾਹਿਬ ਜੀ ਦੇ ਲਈ ਗੁਪਤ ਦਾਨੀ ਸਜਣ ਵੱਲੋਂ ਟਾਪ ਮਾਡਲ 'ਮਾਰੂਤੀ ਈਕੋ' ਗੱਡੀ ਭੇਂਟ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਗੁਪਤ ਦਾਨੀ ਸਜਣ ਗੱਡੀ ਨਿਸ਼ਾਨ ਸਾਹਿਬ ਕੋਲ ਖੜੀ ਕਰਕੇ ਗੱਡੀ ਦੀ ਚਾਬੀ ਵਿੱਚ ਹੀ ਲੱਗਾ ਕੇ ਚੱਲਾ ਗਿਆ। ਪਹਿਰੇਦਾਰ ਵੱਲੋਂ ਪ੍ਰਬੰਧਕ ਕਮੇਟੀ ਨੂੰ ਜਾਣਕਾਰੀ ਦੇਣ 'ਤੇ ਪਤਾ ਲਗਾ ਕਿ ਗੱਡੀ ਦੇ ਸਾਰੇ ਕਾਗਜ਼ਾਤ, ਬੀਮਾ ਆਦਿ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਨਾਮ 'ਤੇ ਹੈ। ਦਾਨੀ ਸੱਜਣ ਵਲੋਂ ਗੱਡੀ ਵਿੱਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਸਵਾਰਾ ਸਾਹਿਬ ਲਈ ਸੁੰਦਰ ਆਲੀਸ਼ਾਨ ਪਾਲਕੀ ਸਾਹਿਬ ਵੀ ਲਗਵਾ ਕੇ ਦਿੱਤੀ ਗਈ ਹੈ, ਇਸ ਤੋਂ ਇਲਾਵਾ ਗੱਡੀ 'ਤੇ ਲੱਗਣ ਵਾਲਾ ਸਾਰਾ ਸਮਾਨ ਵੀ ਲਗਵਾ ਕੇ ਦਿੱਤਾ ਗਿਆ ਹੈ। ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਵੱਲੋਂ ਇਕੱਠੇ ਹੋ ਕੇ ਕੜਾਹ ਪ੍ਰਸ਼ਾਦਿ ਦੀ ਦੇਗ ਸਜਾ ਕੇ ਅਰਦਾਸੀਆ ਸਿੰਘ ਤੋਂ ਦਾਨੀ ਸੱਜਣ ਦੇ ਪਰਿਵਾਰ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਵਾਈ ਗਈ ।



## ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਰੈਲੀ 17 ਨੂੰ



**ਬੰਗਾ (ਅਵਤਾਰ ਕਲੇਰ)** ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਸਰਕਾਰ ਵਿਰੁੱਧ ਸੰਘਰਸ਼ ਨੂੰ ਤੇਜ਼ ਕਰਨ ਦਾ ਹੋਕਾ ਦਿੱਤਾ। ਪੰਜਾਬ ਪੈਨਸ਼ਨ ਯੂਨੀਅਨ ਦੀ ਮੀਟਿੰਗ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਨਵਾਂ ਸ਼ਹਿਰ ਵਿਖੇ ਬਲਵੀਰ ਸਿੰਘ ਮਹਿਤਪੁਰੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸਰਕਾਰ ਵਿਰੁੱਧ ਯੂਨੀਅਨ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਸੱਦਾ ਦਿੱਤਾ । ਸਰਕਾਰ ਨੇ ਕਿਹਾ ਸੀ ਕਿ ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣਗੇ ਜਦੋਂ ਕਿ ਪਿਛਲੇ ਚਾਰ ਸਾਲ ਤੋਂ ਲਗਾਤਾਰ ਠੇਕੇ ਤੇ ਕੰਮ ਕਰਦੇ ਮੁਲਾਜ਼ਮ ਨਿਗੂਣੀਆਂ ਜਿਹੀਆਂ ਤਨਖਾਹਾਂ ਤੇ ਕੰਮ ਕਰਦੇ ਮੁਲਾਜ਼ਮ ਆਗਣਵਾੜੀ ਵਰਕਰ ਸੰਘਰਸ਼ ਕਰਨ ਲਈ ਮਜਬੂਰ ਹਨ। ਆਉਣ ਵਾਲੇ ਸਮੇਂ ਵਿੱਚ ਮੁਲਾਜ਼ਮ ਵਰਗ ਤੇ ਪੈਨਸ਼ਨਰ ਸਾਂਝੇ ਤੌਰ ਤੇ 17 ਜੁਲਾਈ ਨੂੰ ਮਹਾਂ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ।ਮੀਟਿੰਗ ਵਿੱਚ ਜਗਤਾਰ ਸਿੰਘ, ਸੋਹਣ ਸਿੰਘ, ਰਕੇਸ਼ ਕੁਮਾਰ, ਮਹਿੰਦਰ ਸਿੰਘ, ਸੁਖਦੇਵ ਸਿੰਘ, ਸੁਰਿੰਦਰ ਕੁਮਾਰ ,ਪ੍ਰੇਮ ਸਿੰਘ, ਗੁਰਮੇਲ ਚੰਦ, ਸੇਵਾ ਸਿੰਘ, ਜਸਵਿੰਦਰ ਭੰਗਲ ਅਤੇ ਸੁਰਿੰਦਰ ਸਿੰਘ ਸ਼ਾਮਲ ਸਨ।

# ਕੋਈ ਵੀ ਲਾਭਪਾਤਰੀ ਸਿਹਤ ਬੀਮਾ ਕਾਰਡ ਤੋਂ ਵਾਂਝਾ ਨਾ ਰਹੇ : ਸਿਵਲ ਸਰਜਨ

**ਮੋਹਾਲੀ (ਗੁਰਜੀਤ ਬਿੱਲਾ)** ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਜ਼ਿਲ੍ਹੇ ਦੇ ਸਿਹਤ ਪ੍ਰੋਗਰਾਮ ਅਫ਼ਸਰਾਂ ਅਤੇ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੀਆਂ ਤਮਾਮ ਸਰਕਾਰੀ ਸਿਹਤ ਸੰਸਥਾਵਾਂ ਵਿਚ ਮਰੀਜ਼ਾਂ ਅਤੇ ਹੋਰ ਲੋਕਾਂ ਨੂੰ ਜਾਂਚ, ਇਲਾਜ ਅਤੇ ਦਵਾਈ ਪੱਖੋਂ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਹੀਂ ਹੋਣੀ ਚਾਹੀਦੀ ਅਤੇ ਤਮਾਮ ਉੱਚ ਪੱਧਰ ਦੀਆਂ ਸਿਹਤ ਸਹੂਲਤਾਂ ਯਕੀਨੀ ਬਣਾਈਆਂ ਜਾਣ। ਉਹ ਇਥੇ ਅਧਿਕਾਰੀਆਂ ਦੀ ਮਹੀਨਾਵਾਰ ਸਮੀਖਿਆ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਗੱਲ ਕਰਦਿਆਂ ਡਾ. ਜੈਨ ਨੇ ਹਦਾਇਤ ਕੀਤੀ ਕਿ ਜ਼ਿਲ੍ਹੇ 'ਚ ਹਰ ਲਾਭਪਾਤਰੀ ਦਾ ਸਿਹਤ ਬੀਮਾ ਕਾਰਡ ਯਕੀਨੀ ਤੌਰ 'ਤੇ ਬਣਾਇਆ ਜਾਵੇ ਅਤੇ ਲੋਕਾਂ ਨੂੰ ਇਸ ਯੋਜਨਾ ਦੇ ਫ਼ਾਇਦਿਆਂ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਬੀਮਾ ਕਾਰਡਾਂ ਪ੍ਰਤੀ ਲੋਕ ਕਾਫ਼ੀ ਉਤਸ਼ਾਹਤ ਹਨ ਅਤੇ ਭਾਰੀ ਗਿਣਤੀ ਵਿਚ ਕਾਰਡ ਬਣਾਏ ਜਾ ਰਹੇ ਹਨ। ਇਸ ਦੇ ਬਾਵਜੂਦ ਇਹ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਲਾਭਪਾਤਰੀ ਇਸ ਕਾਰਡ ਤੋਂ ਵਾਂਝਾ ਨਾ ਰਹੇ। ਐਚ.ਪੀ.ਵੀ. ਟੀਕਾਕਰਨ ਮੁਹਿੰਮ ਬਾਰੇ ਉਨ੍ਹਾਂ ਕਿਹਾ ਕਿ ਜ਼ਿਲ੍ਹੇ 'ਚ ਤਮਾਮ ਲਾਭਪਾਤਰੀ ਕੁੜੀਆਂ ਦਾ ਟੀਕਾਕਰਨ ਕਰਵਾਉਣਾ ਬਹੁਤ ਜ਼ਰੂਰੀ ਹੈ ਕਿਉਂਕਿ ਇਹ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਸਮੇਤ ਹੋਰ ਬੀਮਾਰੀਆਂ ਤੋਂ ਰੋਕਥਾਮ ਲਈ ਲੋੜੀਂਦਾ ਹੈ। ਉਨ੍ਹਾਂ ਹਦਾਇਤ ਕੀਤੀ ਕਿ ਐਚ.ਪੀ.ਵੀ. ਟੀਕਾਕਰਨ ਲਈ ਜਾਗਰੂਕਤਾ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇ ਅਤੇ ਲਾਭਪਾਤਰੀ ਕੁੜੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਦਵਾਈ ਦੇ ਫ਼ਾਇਦਿਆਂ ਬਾਰੇ ਚੰਗੀ ਤਰ੍ਹਾਂ ਸਮਝਾਇਆ ਜਾਵੇ।



# ਅਲਮਸਤ ਬਾਬਾ ਨਰੈਣ ਦਾਸ ਦੇ ਮੇਲੇ 'ਚ ਗਾਇਕ ਚੰਨੀ ਗਿੱਲ ਨੇ ਚਾਰ ਚੰਨ ਲਾਏ

**ਨਕੋਦਰ (ਮਨਜੀਤ ਮਾਨ)**- ਬੰਗਾ ਹਲਕੇ ਦੇ ਪ੍ਰਸਿੱਧ ਨਗਰ ਖਾਨਪੁਰ ਵਿਖੇ ਅਲਮਸਤ ਬਾਬਾ ਸਾਈਂ ਲੋਕ 108 ਨਰੈਣ ਦਾਸ ਦਾ ਸਾਲਾਨਾ ਤਿੰਨ ਦਿਨਾਂ ਜੋੜ -ਮੇਲਾ ਪਿੰਡ ਤੇ ਇਲਾਕੇ ਦੀਆਂ ਸੰਗਤਾਂ ਵਲੋਂ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਸੇਵਕਾਂ ਵਲੋਂ ਦੋ ਸ੍ਰੀ ਆਖੰਡ ਪਾਠਾਂ ਦੇ ਭੋਗ ਸ਼ਰਧਾ ਨਾਲ ਪਵਾਏ ਗਏ। ਮੇਲੇ ਦੇ ਦੂਸਰੇ ਦਿਨ ਰਾਜਾ ਸਾਈਂ ਖੁਸਰੋਪੁਰ ਵਾਲਿਆਂ ਦੀ ਰਹਿਨੁਮਾਈ ਵਿੱਚ ਸੰਗਤਾਂ ਸੰਗ ਮਹਿੰਦੀ ਦੀ ਰਸਮ ਕੀਤੀ ਗਈ। ਮੇਲੇ ਦੇ ਆਖਰੀ ਦਿਨ ਬਾਬਾ ਸਾਂਈ ਲੋਕ ਅਤੇ ਗੁਰੂ ਮਹਾਰਾਜ ਦੇ ਜੈਕਾਰਿਆਂ ਵਿੱਚ ਢੋਲ ਨਗਾਰਿਆਂ ਨਾਲ ਝੰਡਾ ਸਾਹਿਬ ਚੜਾਏ ਗਏ। ਮੇਲੇ ਵਿੱਚ ਗਾਇਕਾਂ ਮੁਖਤਿਆਰ ਝੰਮਟ, ਨੀਰਜ, ਦਲਵੀਰ ਸਾਬਰ, ਕੌਰ ਸਿਸਟਰ, ਸਾਬਰੀ ਸਾਬ, ਪ੍ਰੋਫ. ਰਾਮਪਾਲ ਬੰਗਾ,ਰਮਤਾ, ਰਣਜੀਤ ਕੌਰ, ਮਨੀਮਾਨ, ਮੁਬਾਰਕ ਅਲੀ ਅਤੇ ਚੰਨੀ ਗਿੱਲ ਨੇ ਹਾਜ਼ਰੀ ਭਰੀ। ਮੇਲਾ ਲੁੱਟਦਿਆਂ, ਮੇਲੇ ਵਿੱਚ ਸੁਰੀਲੇ ਤੇ ਬਾਕਮਾਲ ਪ੍ਰਫਾਰਮਰ ਗਾਇਕ ਚੰਨੀ ਗਿੱਲ ਨੇ ਆਪਣੀ ਸੂਫ਼ੀ ਤੇ ਵਿਲੱਖਣ ਗਾਇਕੀ ਰਾਹੀਂ ਸਭ ਸੰਗਤਾਂ ਨੂੰ ਨੱਚਣ ਤੇ ਝੂੰਮਣ ਲਾ ਦਿੱਤਾ। ਅਲਮਸਤ ਬਾਬਾ ਨਰੈਣ ਦਾਸ ਸਾਈਂ ਲੋਕ ਟਰੱਸਟ ਮੈਂਬਰਾਨ ਚੇਅਰਮੈਨ ਹੰਸਰਾਜ ਬੰਗਾ,ਰਾਜਾ ਸਾਈਂ ਖੁਸਰੋਪੁਰ, ਇੰਜੀਨੀਅਰ ਨਰਿੰਦਰ ਬੰਗਾ, ਪ੍ਰਧਾਨ ਚਮਨ ਲਾਲ ਬੰਗਾ,ਉਪ ਪ੍ਰਧਾਨ ਦਵਿੰਦਰ ਬੰਗਾ, ਕੁਲਵਿੰਦਰ ਰੱਤੂ ਕੈਸ਼ੀਅਰ, ਸੋਮਨਾਥ ਬੰਗਾ, ਗੋਬਿੰਦ ਬੰਗਾ, ਬਲਜਿੰਦਰ ਸੁੰਮਨ, ਸੁਰਜੀਤ ਰੱਤੂ, ਹਰਨਾਮ ਦਾਸ ਬੰਗਾ, ਤਿਲਕਰਾਜ ਬੰਗਾ, ਜਸਪਾਲ ਬੰਗਾ, ਹਰਚਰਨ ਬੰਗਾ, ਕਸ਼ਮੀਰ ਬੰਗਾ, ਸੋਦਾਗਰ ਬੰਗਾ, ਜਗਨ ਨਾਥ ਬੰਗਾ, ਸਰਪੰਚ ਅਵਤਾਰ ਕੌਰ ਆਦਿ ਨੇ ਕਲਾਕਾਰਾਂ ਅਤੇ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਬਚੜਾਪੱਤੀ ਗੁਰਦੁਆਰਾ ਸਾਹਿਬ ਵਲੋਂ ਛਬੀਲ ਤੇ ਕੋਲਡ ਕੌਫ਼ੀ ਦੇ ਲੰਗਰ ਲਗਾਏ ਗਏ। ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਪ੍ਰਤਾਪ ਸਿੰਘ ਬੰਗਾ ਵਲੋਂ ਸਟੇਜ ਸੰਚਾਲਨ ਬਾਖੂਬੀ ਨਿਭਾਇਆ ਗਿਆ।



# ਗੁਰਮਤਿ ਸੰਗੀਤ ਅਕੈਡਮੀ ਦਾ ਤੀਜਾ ਸਾਲਾਨਾ ਸਮਾਗਮ ਸੰਪੰਨ

## 80 ਤੋਂ ਵੱਧ ਬੱਚੇ ਕੀਰਤਨ, ਗੁਰਬਾਣੀ ਤੇ ਰਵਾਇਤੀ ਸਾਜ਼ਾਂ ਦੀ ਲੈ ਰਹੇ ਹਨ ਸਿੱਖਿਆ

**ਜਲੰਧਰ (ਨ ਜ ਸ)**- ਖਾਲਸਾ ਏਡ ਦੇ ਸਹਿਯੋਗ ਨਾਲ ਚੱਲ ਰਹੀ ਗੁਰਮਤਿ ਸੰਗੀਤ ਅਕੈਡਮੀ ਮਾਨਸਾ ਦਾ ਤੀਜਾ ਸਲਾਨਾ ਸਮਾਗਮ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਰੰਗਾਂ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ, ਮਾਪੇ ਅਤੇ ਇਲਾਕਾ ਵਾਸੀ ਹਾਜ਼ਰ ਹੋਏ। ਸਮਾਗਮ ਦੌਰਾਨ ਬੱਚਿਆਂ ਨੇ ਕੀਰਤਨ, ਗੁਰਬਾਣੀ ਗਾਇਨ ਅਤੇ ਗੁਰਮਤਿ ਸੰਗੀਤ ਦੀਆਂ ਵੱਖ-ਵੱਖ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਨੂੰ ਹਾਜ਼ਰ ਸੰਗਤਾਂ ਵੱਲੋਂ ਭਰਪੂਰ ਸਰਾਹਨਾ ਮਿਲੀ। ਖਾਲਸਾ ਏਡ ਦੇ ਸੀਨੀਅਰ ਆਗੂ ਲਖਵੀਰ ਸਿੰਘ ਰਿੱਪਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਨਸਾ ਬੱਸ ਸਟੈਂਡ ਦੇ ਨੇੜੇ ਸਥਿਤ ਗੁਰਮਤਿ ਸੰਗੀਤ ਅਕੈਡਮੀ ਖਾਲਸਾ ਏਡ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਅਕੈਡਮੀ ਦਾ ਤੀਜਾ ਸਲਾਨਾ ਸਮਾਗਮ ਸਫਲਤਾਪੂਰਵਕ ਕਰਵਾਇਆ ਗਿਆ। ਇਸ ਅਕੈਡਮੀ ਵਿੱਚ 80 ਤੋਂ ਵੱਧ ਬੱਚੇ ਕੀਰਤਨ, ਗੁਰਬਾਣੀ ਅਤੇ ਗੁਰਮਤਿ ਸੰਗੀਤ ਦੀ ਸਿੱਖਿਆ ਹਾਸਲ ਕਰ ਰਹੇ ਹਨ। ਬੱਚਿਆਂ ਨੂੰ ਤਬਲਾ, ਹਰਮੋਨੀਅਮ ਅਤੇ ਹੋਰ ਰਵਾਇਤੀ ਸਾਜ਼ਾਂ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਅਕੈਡਮੀ ਦੇ ਇੰਚਾਰਜ ਸੁਖਵਿੰਦਰ ਸਿੰਘ ਮਾਨਸਾ ਹਨ ਅਤੇ ਅਕਾਲ ਅਕੈਡਮੀ ਦੇ ਅਧਿਆਪਕ ਨਿਯਮਿਤ ਤੌਰ 'ਤੇ ਬੱਚਿਆਂ ਨੂੰ ਸੰਗੀਤ ਅਤੇ ਗੁਰਬਾਣੀ ਦੀ ਸਿੱਖਿਆ ਦੇਣ ਲਈ ਆਉਂਦੇ ਹਨ।ਉਨ੍ਹਾਂ ਨੇ ਕਿਹਾ ਕਿ ਖਾਲਸਾ ਏਡ ਦਾ ਉਦੇਸ਼ ਸਿਰਫ਼ ਮਨੁੱਖਤਾ ਦੀ ਸੇਵਾ ਤੱਕ ਸੀਮਿਤ ਨਹੀਂ, ਸਗੋਂ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਧਾਰਮਿਕ ਅਤੇ ਸੱਭਿਆਚਾਰਕ ਜੜ੍ਹਾਂ ਨਾਲ ਜੋੜਨਾ ਵੀ ਹੈ।



## ਸੰਧੂ 15ਵੀ ਵਾਰ ਬਣੇ ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਦੇ ਪ੍ਰਧਾਨ

**ਫਿਲੌਰ (ਨਿਰਮਲ)**- ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਯੂਨਿਟ ਫਿਲੌਰ ਦੀ ਚੋਣ ਹੋਈ ਜਿਸ ਦੌਰਾਨ ਫੋਟੋਗ੍ਰਾਫਰਾ ਨੂੰ ਆ ਰਹੀਆਂ ਮੁਸਕਲਾਂ ਤੇ ਵਿਚਾਰਾ ਕੀਤੀਆਂ ਗਈਆਂ ਜਿਸ ਉਪਰੰਤ ਪੰਜਾਬ ਫ਼ੋਟੋਗ੍ਰਾਫਰ ਐਸੋਸੀਏਸ਼ਨ ਯੂਨਿਟ ਫਿਲੌਰ ਦੀ ਪ੍ਰਧਾਨਗੀ ਦੀ ਚੋਣ ਕੀਤੀ ਗਈ। ਸਾਰੇ ਮੈਂਬਰਾਂ ਦੀ ਸਹਿਮਤੀ ਨਾਲ ਰਾਜ ਕੁਮਾਰ ਸੰਧੂ ( ਰਾਜਾ ਡਿਜੀਟਲ ਸਟੂਡੀਓ ) ਨੂੰ 15ਵੀਂ ਵਾਰੀ ਪ੍ਰਧਾਨ ਨਿਯੁਕਤ ਕੀਤਾ ਗਿਆ । ਇਸ ਮੌਕੇ ਰਾਜ ਕੁਮਾਰ ਸੰਧੂ ਨੇ ਕਿਹਾ ਕਿ ਉਹ ਪਹਿਲਾਂ ਵਾਂਗ ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਦੀ ਚੜਦੀਕਲਾ ਲਈ ਕੰਮ ਕਰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਜੋ ਫਿਲੌਰ ਯੂਨਿਟ ਨੇ 15ਵੀ ਵਾਰੀ ਪ੍ਰਧਾਨ ਬਣਾ ਕੇ ਜ਼ੋ ਮਾਣ ਬਖਸ਼ਿਆ ਹੈ ਉਸ ਲਈ ਦਿੱਲੋ ਧੰਨਵਾਦ ਕਰਦਾ ਹਾਂ। ਇਸ ਮੌਕੇ ਹਾਜ਼ਰ ਸੈਕਟਰੀ ਗੋਪਾਲ ਕ੍ਰਿਸ਼ਨ, ਕੈਸ਼ੀਅਰ ਸਰੂਪ ਨੇ ਮੁੱਖ ਭੂਮਿਕਾ ਨਿਭਾਈ ।



# ਬਲਾਕ ਕਾਂਗਰਸ ਫਗਵਾੜਾ (ਸ਼ਹਿਰੀ) ਦੀ ਕਾਰਜਕਾਰਨੀ ਦਾ ਐਲਾਨ



**ਫਗਵਾੜਾ (ਜਸਵਿੰਦਰ ਢੱਡਾ)**- ਪੰਜਾਬ ਕਾਂਗਰਸ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ ਬਲਾਕ ਕਾਂਗਰਸ ਫਗਵਾੜਾ (ਸ਼ਹਿਰੀ) ਦੇ ਪ੍ਰਧਾਨ ਨਰੇਸ਼ ਭਾਰਦਵਾਜ ਵੱਲੋਂ ਹਲਕਾ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਕਪੂਰਥਲਾ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ (ਰਿਟਾ. ਆਈ.ਏ.ਐਸ.) ਨਾਲ ਵਿਚਾਰ-ਵਟਾਂਦਰਾ ਕਰਨ ਉਪਰੰਤ ਨਵੀਂ ਕਾਰਜਕਾਰਨੀ ਦਾ ਐਲਾਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਰੇਸ਼ ਭਾਰਦਵਾਜ ਨੇ ਦੱਸਿਆ ਕਿ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਸੁਨੀਲ ਪਾਂਡੇ, ਅਵਿਨਾਸ਼ ਗੁਪਤਾ, ਆਦਰਸ਼ ਪਾਹਵਾ ਅਤੇ ਹੰਸਰਾਜ ਨੂੰ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਨਰਿੰਦਰ ਸਿੰਘ ਠੇਕੇਦਾਰ, ਸ਼ੰਕਰ ਝਾਂਜੀ ਅਤੇ ਡਾ. ਜੋਗਿੰਦਰ ਪਾਲ (ਹੈਪੀ) ਨੂੰ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਕਾਰਜਕਾਰਨੀ ਵਿੱਚ ਅਮਿਤ ਕੱਕੜ, ਸ਼ਮਸ਼ੇਰ ਭਾਰਤੀ, ਜਤਿੰਦਰ ਕੌਰ, ਸੁਰਜੀਤ ਕੌਰ, ਧੀਰਜ ਘਈ, ਡਾ. ਅਸ਼ਵਨੀ ਕੁਮਾਰ, ਭਾਗਮਲ, ਗੁਰਦੀਪ ਕੌਰ ਅਤੇ ਰਾਜੀਵ ਸੂਦ (ਲੱਕੀ) ਨੂੰ ਸਕੱਤਰ ਨਿਯੁਕਤ ਕੀਤਾ ਗਿਆ ਹੈ।

ਇਸ ਮੌਕੇ ਬਲਵਿੰਦਰ ਸਿੰਘ ਧਾਲੀਵਾਲ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਕਿਹਾ ਕਿ ਕਾਂਗਰਸ ਪਾਰਟੀ ਲੋਕ ਮੁੱਦਿਆਂ ਨੂੰ ਲੈ ਕੇ ਹਮੇਸ਼ਾ ਸੰਘਰਸ਼ ਕਰਦੀ ਰਹੀ ਹੈ ਅਤੇ ਨਵੀਂ ਟੀਮ ਪਾਰਟੀ ਨੂੰ ਹੋਰ ਮਜ਼ਬੂਤੀ ਦੇਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਇਸ ਮੌਕੇ ਅਸ਼ੋਕ ਪ੍ਰਾਸ਼ਰ, ਇੰਦਰ ਦੁੱਗਲ, ਮਦਨ ਮੋਹਨ ਬਜਾਜ, ਗੁਰਜੀਤ ਵਾਲੀਆ, ਮੁਨੀਸ਼ ਪ੍ਰਭਾਕਰ ਸਮੇਤ ਪੰਜਾਂ ਐਕਸ-ਬਲਾਕ ਪ੍ਰਧਾਨ ਹਾਜ਼ਰ ਸਨ। ਇਸ ਤੋਂ ਇਲਾਵਾ ਜਤਿੰਦਰ ਵਰਮਾ (ਬੌਬੀ ਪਹਿਲਵਾਨ) ਨੇ ਵੀ ਸਮਾਗਮ ਵਿੱਚ ਸ਼ਿਰਕਤ ਕੀਤੀ।

# ਦਸਵੀਂ ਦਾ ਦਿਹਾੜਾ ਸ਼ਰਧਾ ਨਾਲ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਬੀਬੀ ਵੀਰਪਾਲ ਕੌਰ ਮੋਗੇ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਨੇ ਬੁੱਢਾ ਦਲ ਦੇ ਸੱਤਵੇਂ ਜੱਥੇਦਾਰ ਅਤੇ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਸੁਣਾਇਆ। ਉਨ੍ਹਾਂ ਨੇ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੁਆਰਾ ਦੇਸ਼ ਕੌਮ ਅਤੇ ਧਰਮ ਬਚਾਉਣ ਖਾਤਿਰ ਜਬਰ ਅਤੇ ਜ਼ੁਲਮ ਖਿਲਾਫ ਦਿੱਤੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਭਾਈ ਅਮਨਪ੍ਰੀਤ ਸਿੰਘ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਇਲਾਹੀ ਬਾਣੀ ਨਾਲ ਗਵਾ ਕੇ ਸੰਗਤਾਂ ਨੂੰ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਹਰਜੀਤ ਸਿੰਘ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਲੁਧਿਆਣੇ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਬਾਬਾ ਬੁੱਢਾ ਜੀ ਵੱਲੋਂ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦਾ ਪਹਿਲਾ ਪ੍ਰਕਾਸ਼ ਕਰਵਾਉਣ ਅਤੇ ਖੰਡੇ ਬਾਟੇ ਦੇ ਅੰਮ੍ਰਿਤ ਦੀ ਮਹੱਤਤਾ ਦੱਸਦੇ ਹੋਏ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ।



## ਨਸ਼ੇ ਵਾਲੀਆਂ ਗੋਲੀਆਂ ਸਮੇਤ ਔਰਤ ਸਣੇ ਦੋ ਗ੍ਰਿਫਤਾਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਟਾਂਡਾ ਪੁਲਿਸ ਨੇ ਇੱਕ ਔਰਤ ਤੇ ਇੱਕ ਵਿਅਕਤੀ ਨੂੰ 113 ਨਸ਼ੇ ਵਾਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਤੇ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਏ.ਐਸ.ਆਈ ਲੋਕ ਰਾਮ ਦੀ ਟੀਮ ਵੱਲੋਂ ਬਸਤੀ ਬੋਹੜਾ ਮਿਆਣੀ ਰੋਡ 'ਤੇ ਪੈਦਲ ਆ ਰਹੇ ਔਰਤ ਤੇ ਮਰਦ ਨੂੰ ਸ਼ੱਕ ਦੇ ਅਧਾਰ 'ਤੇ ਰੋਕਿਆ ਜਿਨ੍ਹਾਂ ਦੀ ਪਛਾਣ ਮਨਜਿੰਦਰ ਸਿੰਘ ਪੁੱਤਰ ਸਰਦਾਰ ਸਿੰਘ ਵਾਸੀ ਵਾਰਡ ਨੰਬਰ 6 ਮਿਆਣੀ ਅਤੇ ਨੀਤੂੰ ਉਰਫ ਨਿਸ਼ਾ ਵਾਸੀ ਪਿੰਡ ਰਾਜ ਧਨ ਵਜੋਂ ਹੋਈ ਹੈ, ਦੋਨਾਂ ਪਾਸੋਂ ਟਾਂਡਾ ਪੁਲਿਸ ਨੇ 113 ਨਸ਼ੇ ਵਾਲੀਆਂ ਗੋਲੀਆਂ ਬਰਾਮਦ ਕਰਕੇ ਐਨ.ਡੀ.ਪੀ.ਐਸ ਐਕਟ ਦੀ ਧਾਰਾ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਮਹਾਂਪੁਰਸ਼ਾਂ ਦੇ ਆਦਰਸ਼ਾਂ 'ਤੇ ਚੱਲ ਕੇ ਸਮਾਜ ਨੂੰ ਨਵੀਂ ਦਿਸ਼ਾ ਦਿੱਤੀ ਜਾ ਸਕਦੀ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੰਤ-ਮਹਾਂਪੁਰਸ਼ਾਂ ਦਾ ਜੀਵਨ ਸਮਾਜ ਲਈ ਪ੍ਰੇਰਨਾ ਦਾ ਸਰੋਤ ਹੁੰਦਾ ਹੈ ਅਤੇ ਉਨ੍ਹਾਂ ਦੇ ਦੱਸੇ ਮਾਰਗ 'ਤੇ ਚੱਲ ਕੇ ਹੀ ਮਨੁੱਖਤਾ, ਸੇਵਾ, ਭਾਈਚਾਰੇ ਅਤੇ ਅਧਿਆਤਮਿਕ ਮੁੱਲਾਂ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਗੁਰਦੁਆਰਾ ਸ੍ਰੀ ਗੁਫਾਸਰ ਸਾਹਿਬ, ਰੋਡੇਵਾਲ, ਪਟਿਆਲਾ, ਪੰਜਾਬ ਵਿਖੇ ਆਯੋਜਿਤ ਧਾਰਮਿਕ ਸਮਾਗਮ ਦੇ ਮੌਕੇ 'ਤੇ ਸਾਧ ਸੰਗਤ ਨੂੰ ਸੰਬੋਧਿਤ ਕਰ ਰਹੇ ਸਨ। ਇਹ ਸਮਾਗਮ ਬਾਬਾ ਪੂਰਨ ਦਾਸ ਜੀ ਮਹਾਰਾਜ ਦੀ 60ਵੀਂ ਬਰਸੀ ਅਤੇ ਸੰਤ ਬਾਬਾ ਬਲਵੰਤ ਸਿੰਘ ਜੀ (ਸਿਹੌੜੇ ਵਾਲੇ) ਦੀ 12ਵੀਂ ਬਰਸੀ ਨੂੰ ਸਮਰਪਿਤ ਸੀ।

## ਸ਼ਹੀਦੀ ਦਿਹਾੜੇ 'ਤੇ ਛਬੀਲ ਲਗਾਈ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪਿੰਡ ਅਰਨੌਲੀ ਚ ਸਮੂਹ ਨਗਰ ਨਿਵਾਸੀ ਤੇ ਯੂਥ ਸਭਾ ਅਤੇ ਯੂਥ ਸਪੋਰਟਸ ਕਲੱਬ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਯੂਥ ਸਪੋਰਟਸ ਕਲੱਬ ਅਰਨੌਲੀ ਦੇ ਪ੍ਰਧਾਨ ਬਲਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮੂਹ ਨਗਰ ਨਿਵਾਸੀ, ਯੂਥ ਸਭਾ ਦੇ ਸਹਿਯੋਗ ਨਾਲ ਯੂਥ ਸਪੋਰਟਸ ਕਲੱਬ ਵਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇਕ ਰੋਜ਼ਾ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਉਹਨਾਂ ਸਮੂਹ ਨਗਰ ਨਿਵਾਸੀਆਂ ਤੇ ਨੌਜਵਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਨੂੰ ਗੁਰੂਆਂ ਦੇ ਦਰਸਾਏ ਮਾਰਗ ਤੇ ਚੱਲਣਾ ਚਾਹੀਦਾ ਹੈ। ਪਿੰਡ ਦੇ ਨੌਜਵਾਨਾਂ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਵਿੱਚ ਵੱਧ ਚੜ ਕੇ ਸੇਵਾ ਕੀਤੀ। ਕਲੱਬ ਦੇ ਖਜਾਨਚੀ ਪਰਮਿੰਦਰ ਸਿੰਘ, ਬਲਵਿੰਦਰ ਸਿੰਘ ਸੰਧੂ, ਹਰਮਨਪ੍ਰੀਤ ਸਿੰਘ, ਗੁਰਸੇਵਕ ਸਿੰਘ ਸੰਧੂ, ਅਮਨਦੀਪ ਸਿੰਘ, ਪਰਮਵੀਰ ਸਿੰਘ, ਸੁਖਦੀਪ ਸਿੰਘ, ਗੁਰਕਰਨ ਸਿੰਘ, ਹਰਜੀਤ ਸਿੰਘ, ਸਿਮਰ ਸਿੰਘ ਤੋਂ ਇਲਾਵਾ ਹੋਰ ਵੀ ਪਿੰਡ ਨਿਵਾਸੀ ਹਾਜ਼ਰ ਸਨ।



## ਝੋਨੇ ਦੀ ਮਸ਼ੀਨੀ ਲੁਆਈ ਨੂੰ ਉਤਸ਼ਾਹਤ ਕਰਨ ਲਈ ਖੇਤਾਂ ਦਾ ਦੌਰਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵੱਲੋਂ ਡਾ. ਗੁਰਦੀਪ ਸਿੰਘ ਸਿੱਧੂ ਡਿਪਟੀ ਡਾਇਰੈਕਟਰ (ਸਿਖਲਾਈ) ਦੀ ਅਗਵਾਈ ਹੇਠ ਝੋਨੇ ਦੀ ਮਸ਼ੀਨੀ ਲੁਆਈ ਨੂੰ ਉਤਸ਼ਾਹਤ ਕਰਨ ਤੇ ਕਿਸਾਨਾਂ ਨੂੰ ਆਧੁਨਿਕ ਖੇਤੀ ਤਕਨੀਕਾਂ ਨਾਲ ਜੋੜਨ ਦੇ ਉਦੇਸ਼ ਨਾਲ ਝੋਨੇ ਦੀ ਮਸ਼ੀਨ ਨਾਲ ਲੁਆਈ ਵਾਲੇ ਖੇਤਾਂ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਕਿਸਾਨਾਂ ਨੂੰ ਮਸ਼ੀਨੀ ਲੁਆਈ ਦੇ ਲਾਭਾਂ ਤੇ ਇਸ ਨਾਲ ਸਬੰਧਤ ਵਿਗਿਆਨਕ ਸਿਫ਼ਾਰਸ਼ਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾ. ਗੁਰਦੀਪ ਸਿੰਘ ਸਿੱਧੂ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਖੇਤੀ ਮਜ਼ਦੂਰਾਂ ਦੀ ਘਾਟ ਤੇ ਵਧ ਰਹੀਆਂ ਖੇਤੀ ਲਾਗਤਾਂ ਦੇ ਮੱਦੇਨਜ਼ਰ ਮਸ਼ੀਨੀ ਲੁਆਈ ਕਿਸਾਨਾਂ ਲਈ ਇੱਕ ਲਾਹੇਵੰਦ, ਕਿਫ਼ਾਇਤੀ ਤੇ ਸਮੇਂ ਦੀ ਬਚਤ ਕਰਨ ਵਾਲਾ ਵਿਕਲਪ ਬਣ ਕੇ ਉੱਭਰੀ ਹੈ।ਉਨ੍ਹਾਂ ਕਿਸਾਨਾਂ ਨੂੰ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਮਸ਼ੀਨੀ ਲੁਆਈ ਅਪਣਾਉਣ ਦੀ ਅਪੀਲ ਕੀਤੀ।ਇਸ ਦੌਰਾਨ ਅਧਿਕਾਰੀਆਂ ਤੇ ਮਾਹਰਾਂ ਦੀ ਟੀਮ ਨੇ ਪਿੰਡ ਜੋਗਾਨੰਦ ਦੇ ਅਗਾਂਹਵਧੂ ਕਿਸਾਨ ਸ੍ਰ. ਹਰਦੀਪ ਸਿੰਘ ਦੇ ਖੇਤਾਂ ਦਾ ਦੌਰਾ ਕੀਤਾ, ਜੋ ਲਗਭਗ 50 ਏਕੜ ਰਕਬੇ ਵਿੱਚ ਮਸ਼ੀਨ ਰਾਹੀਂ ਝੋਨੇ ਦੀ ਲੁਆਈ ਕਰ ਰਹੇ ਹਨ।ਮਾਹਰਾਂ ਨੇ ਖੇਤਾਂ ਵਿੱਚ ਕੀਤੇ ਜਾ ਰਹੇ ਕਾਰਜਾਂ ਦਾ ਜਾਇਜ਼ਾ ਲਿਆ ਤੇ ਸ੍ਰ. ਹਰਦੀਪ ਸਿੰਘ ਨਾਲ ਮਸ਼ੀਨੀ ਲੁਆਈ ਦੇ ਤਜਰਬੇ ਤੇ ਇਸ ਦੇ ਲਾਭਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਡਾ. ਗੁਰਮੀਤ ਸਿੰਘ ਢਿੱਲੋਂ ਪ੍ਰੋਫੈਸਰ (ਪਸਾਰ ਸਿੱਖਿਆ) ਨੇ ਦੱਸਿਆ ਕਿ ਮਸ਼ੀਨੀ ਲੁਆਈ ਨਾ ਸਿਰਫ਼ ਮਜ਼ਦੂਰੀ ਦੀ ਲਾਗਤ ਘਟਾਉਂਦੀ ਹੈ, ਸਗੋਂ ਸਮੇਂ ਦੀ ਬਚਤ, ਪਾਣੀ ਦੀ ਸੁਚੱਜੀ ਵਰਤੋਂ ਤੇ ਫਸਲ ਦੀ ਇਕਸਾਰ ਵਾਧਾ ਵੀ ਯਕੀਨੀ ਬਣਾਉਂਦੀ ਹੈ।ਡਾ. ਰਮਨਦੀਪ ਕੌਰ ਨੇ ਝੋਨੇ ਦੀ ਮਸ਼ੀਨੀ ਲੁਆਈ, ਮੈਟ ਨਰਸਰੀ ਰਾਹੀਂ ਪਨੀਰੀ ਦੀ ਤਿਆਰੀ, ਖਾਦ ਪ੍ਰਬੰਧਨ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਬਾਰੇ ਕਿਸਾਨਾਂ ਨੂੰ ਜਾਣੂ ਕਰਵਾਇਆ।

## ਸਪੈਸ਼ਲ ਹੋਮਜ਼ ਦੇ ਬੱਚਿਆਂ ਲਈ 'ਹੁਨਰ ਵਿਕਾਸ ਪ੍ਰੋਗਰਾਮ' ਸ਼ੁਰੂ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ : ਡਾ. ਬਲਜੀਤ ਕੌਰ

### ■ ਪਹਿਲੇ ਪੜਾਅ 'ਚ 211 ਬੱਚਿਆਂ ਨੂੰ ਮਿਲੇਗੀ ਵੋਕੇਸ਼ਨਲ ਟ੍ਰੇਨਿੰਗ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**
ਲੋੜਵੰਦ ਬੱਚਿਆਂ ਦੀਆਂ ਜ਼ਿੰਦਗੀਆਂ ਨੂੰ ਬਦਲਣ ਦੇ ਉਦੇਸ਼ ਨਾਲ ਇੱਕ ਇਤਿਹਾਸਕ ਪਹਿਲਕਦਮੀ ਕਰਦਿਆਂ ਪੰਜਾਬ ਦੇਸ਼ ਭਰ ਵਿੱਚੋਂ ਅਜਿਹਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਨੇ ਅਬਜ਼ਰਵੇਸ਼ਨ ਹੋਮਜ਼ ਤੇ ਸਪੈਸ਼ਲ ਹੋਮਜ਼ ਵਿੱਚ ਰਹਿ ਰਹੇ ਬੱਚਿਆਂ ਲਈ ਇੱਕ ਵਿਵਸਥਿਤ 'ਹੁਨਰ ਵਿਕਾਸ ਪ੍ਰੋਗਰਾਮ' ਦੀ ਸ਼ੁਰੂਆਤ ਕੀਤੀ ਹੈ।ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਫਰੀਦਕੋਟ ਵਿਖੇ ਬਾਲ ਸੰਭਾਲ ਸੰਸਥਾਵਾਂ (ਅਬਜ਼ਰਵੇਸ਼ਨ ਹੋਮ ਫਾਰ ਬੁਆਇਜ਼) ਵਿੱਚ ਰਹਿ ਰਹੇ ਬੱਚਿਆਂ ਲਈ ਸਕਿੱਲ ਡਿਵੈਲਪਮੈਂਟ ਪ੍ਰੋਗਰਾਮ ਦਾ ਰਸਮੀ ਉਦਘਾਟਨ ਕਰਨ ਮੌਕੇ ਕੀਤਾ।ਇਸ ਮੌਕੇ ਵਿਧਾਇਕ ਫ਼ਰੀਦਕੋਟ ਸ੍ਰ. ਗੁਰਦਿੱਤ ਸਿੰਘ ਸੇਖੋਂ ਤੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਅਬਜ਼ਰਵੇਸ਼ਨ ਹੋਮ ਦੇ ਬੱਚਿਆਂ ਦੀ ਟ੍ਰੇਨਿੰਗ ਦਾ ਮੁੱਖ ਫੋਕਸ ਅਨੁਸ਼ਾਸਨ, ਆਤਮ-ਵਿਸ਼ਵਾਸ, ਕੌਂਸਲਿੰਗ ਸਪੋਰਟ ਤੇ ਲਾਭਦਾਇਕ ਰੋਜ਼ੀ-ਰੋਟੀ ਦੇ ਹੁਨਰਾਂ 'ਤੇ ਹੋਵੇਗਾ। ਦੂਜੇ ਪਾਸੇ, ਸਪੈਸ਼ਲ ਹੋਮ ਦੇ ਬੱਚਿਆਂ ਲਈ ਹੁਨਰ ਸਿਖਲਾਈ ਨੂੰ ਲੰਬੇ ਸਮੇਂ ਦੇ ਮੁੜ-ਵਸੇਬਾ ਪਲਾਨ ਨਾਲ ਜੋੜਿਆ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਸਮਾਜਿਕ ਮੁੱਖ ਧਾਰਾ ਵਿੱਚ ਮੁੜ ਸ਼ਾਮਲ ਕੀਤਾ ਜਾ ਸਕੇ।ਉਨ੍ਹਾ ਦੱਸਿਆ ਕਿ ਪਹਿਲੇ ਪੜਾਅ ਦੌਰਾਨ ਸੂਬੇ ਦੀਆਂ 4 ਚਾਈਲਡ ਕੇਅਰ ਸੰਸਥਾਵਾਂ ਦੇ ਕੁੱਲ 420 ਬੱਚਿਆਂ ਵਿੱਚੋਂ 211 ਬੱਚਿਆਂ (ਲਗਭਗ 50%) ਨੂੰ ਉੱਭਰ ਰਹੇ ਰੁਜ਼ਗਾਰ ਦੇ ਮੌਕਿਆਂ ਮੁਤਾਬਕ ਟ੍ਰੇਨਿੰਗ ਦਿੱਤੀ ਜਾਵੇਗੀ।ਸਮਾਗਮ ਦੌਰਾਨ ਵਿਧਾਇਕ ਸ੍ਰ. ਗੁਰਦਿੱਤ ਸਿੰਘ ਸੇਖੋਂ ਨੇ ਬੱਚਿਆਂ ਨੂੰ ਸਕਿੱਲ ਦੇ ਨਾਲ-ਨਾਲ ਪੜ੍ਹਾਈ ਕਰਨ ਲਈ ਵੀ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਕੋਈ ਵੀ ਸਕਿੱਲ ਛੋਟਾ-ਵੱਡਾ ਨਹੀਂ ਹੁੰਦਾ।

ਪੰਜਾਬ ਸਰਕਾਰ ਨੇ ਬੱਚਿਆਂ ਨੂੰ ਤਰੱਕੀ ਦੀ ਇੱਕ ਪੌੜੀ ਦਿੱਤੀ ਹੈ, ਹੁਣ ਇਸ 'ਤੇ ਚੜ੍ਹ ਕੇ ਕੌਣ ਅੱਗੇ ਵੱਧਦਾ ਹੈ, ਇਹ ਬੱਚੇ ਦੀ ਲਗਨ 'ਤੇ ਨਿਰਭਰ ਕਰਦਾ ਹੈ।ਬੱਚਿਆਂ ਦਾ ਭਵਿੱਖ ਉਨ੍ਹਾਂ ਦੇ ਅਤੀਤ ਨਾਲ ਨਹੀਂ, ਸਗੋਂ ਉਨ੍ਹਾਂ ਦੇ ਹੁਨਰ, ਮਿਹਨਤ ਤੇ ਇਰਾਦਿਆਂ ਨਾਲ ਨਿਰਧਾਰਤ ਹੁੰਦਾ ਹੈ।ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਕਿਹਾ ਕਿ ਹੱਥੀਂ ਕਿਰਤ ਕਰਕੇ ਬੱਚੇ ਆਪਣੇ ਭਵਿੱਖ ਨੂੰ ਸੁਧਾਰ ਸਕਦੇ ਹਨ।ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਖ਼ਤਮ ਹੋਣ ਉਪਰੰਤ ਬੱਚਿਆਂ ਨੂੰ ਸਰਟੀਫਿਕੇਟ ਦਿੱਤੇ ਜਾਣਗੇ ਤੇ ਜੇਕਰ ਭਵਿੱਖ ਵਿੱਚ ਉਨ੍ਹਾਂ ਨੂੰ ਆਪਣਾ ਰੁਜ਼ਗਾਰ ਸ਼ੁਰੂ ਕਰਨ ਲਈ ਮਾਲੀ ਸਹਾਇਤਾ ਦੀ ਲੋੜ ਹੋਵੇਗੀ, ਤਾਂ ਪ੍ਰਸ਼ਾਸਨ ਵੱਲੋਂ ਹਰ ਸੰਭਵ ਮਦਦ ਕੀਤੀ ਜਾਵੇਗੀ।

## ਅਮਨਦੀਪ ਸਿੰਘ ਚੌਧਰੀ ਕਾਂਗਰਸ ਯੂਥ ਵਿੰਗ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਣੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਕਾਂਗਰਸ ਪਾਰਟੀ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਅਮਨਦੀਪ ਸਿੰਘ ਚੌਧਰੀ ਨੂੰ ਕਾਂਗਰਸ ਦੀ ਹਾਈ ਕਮਾਂਡ ਵੱਲੋਂ ਪਟਿਆਲਾ ਜ਼ਿਲ੍ਹਾ ਦਿਹਾਤੀ ਪਟਿਆਲਾ ਦੇ ਯੂਥ ਵਿੰਗ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸ ਦੌਰਾਨ ਕਾਂਗਰਸ ਆਗੂ ਅਮਨਦੀਪ ਸਿੰਘ ਚੌਧਰੀ ਨੇ ਕਿਹਾ ਕਿ ਉਹ ਪਾਰਟੀ ਲਈ ਇਮਾਨਦਾਰੀ ਤੇ ਮਿਹਨਤ ਨਾਲ ਕੰਮ ਕਰਨਗੇ ਅਤੇ ਪਾਰਟੀ ਲਈ ਦਿਨ ਰਾਤ ਇੱਕ ਕਰਕੇ ਯੂਥ ਪਾਰਟੀ ਨਾਲ ਜੋੜਨ ਦੇ ਨਾਲ ਨਾਲ ਜ਼ਿਲ੍ਹੇ ਵਿੱਚ ਮਜ਼ਬੂਤ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।ਉਨ੍ਹਾਂ ਕਿਹਾ ਕਿ ਉਹ ਪਿਛਲੇ ਕਾਫੀ ਲੰਬੇ ਸਮੇਂ ਤੋਂ ਕਾਂਗਰਸ ਪਾਰਟੀ ਵਿੱਚ ਰਹਿ ਕੇ ਪਾਰਟੀ ਲਈ ਕੰਮ ਕਰਦੇ ਆ ਰਹੇ ਹਨ ਤੇ ਉਹ ਹੁਣ ਵੀ ਵੱਡੀ ਗਿਣਤੀ ਵਿੱਚ ਆਪਣੇ ਨਾਲ ਯੂਥ ਨੂੰ ਲੈ ਕੇ ਪਾਰਟੀ ਲਈ ਪ੍ਰਚਾਰ ਕਰਨਗੇ।ਇਸ ਮੌਕੇ ਉਨ੍ਹਾਂ ਨਾਲ ਕਾਂਗਰਸ ਪਾਰਟੀ ਦੀ ਹਲਕਾ ਸ਼ੁਤਰਾਣਾ ਤੋਂ ਲੀਡਰਸ਼ਿਪ ਮੌਜੂਦ ਸੀ।

## ਬਾਘਾ ਪੁਰਾਣਾ ਹਲਕੇ 'ਚ ਭੋਲਾ ਸਿੰਘ ਸਮਾਧ ਭਾਈ ਦੀ ਅਗਵਾਈ 'ਚ ਕਾਂਗਰਸ ਉਮੀਦਵਾਰਾਂ ਨੇ ਮਾਰੀ ਬਾਜ਼ੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਾਂਗਰਸ ਪਾਰਟੀ ਦੇ ਤਾਜ਼ਾ ਆਏ ਚੋਣ ਨਤੀਜਿਆਂ ਵਿੱਚ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅੰਦਰ ਪਾਰਟੀ ਨੂੰ ਵੱਡੀ ਕਾਮਯਾਬੀ ਮਿਲੀ ਹੈ।ਇਸ ਜਿੱਤ ਵਿੱਚ ਹਲਕੇ ਦੇ ਸੇਵਾਦਾਰ ਭੋਲਾ ਸਿੰਘ ਸਮਾਧ ਭਾਈ ਦੀ ਅਹਿਮ ਭੂਮਿਕਾ ਰਹੀ, ਜਿਨ੍ਹਾਂ ਦੀ ਅਗਵਾਈ ਹੇਠ ਖੜ੍ਹੇ ਕੀਤੇ ਉਮੀਦਵਾਰਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜਿੱਤ ਦਰਜ ਕੀਤੀ ਹੈ।ਜਾਣਕਾਰੀ ਅਨੁਸਾਰ ਸੂਬਾ ਜਰਨਲ ਸੈਕਟਰੀ ਦੇ ਅਹੁਦੇ ਲਈ ਵਰਿੰਦਰ ਸਿੰਘ ਰਾਜੂ ਵਾਂਦਰ ਨੇ ਮਜ਼ਬੂਤ ਜਿੱਤ ਹਾਸਲ ਕੀਤੀ।ਇਸ ਤੋਂ ਇਲਾਵਾ ਹਲਕਾ ਬਾਘਾ ਪੁਰਾਣਾ ਦੇ ਪ੍ਰਧਾਨ ਅਹੁਦੇ ਲਈ ਭੁਪਿੰਦਰ ਸਿੰਘ ਬਰਾੜ ਨੇ 674 ਵੋਟਾਂ ਨਾਲ ਆਪਣੇ ਨਿਕਟਮ ਮੁਕਾਬਲੇਬਾਜ਼ ਨੂੰ ਹਰਾਇਆ, ਉੱਥੇ ਹੀ ਬਲਾਕ ਪ੍ਰਧਾਨ ਬਾਘਾ ਪੁਰਾਣਾ ਲਈ ਵਰਿੰਦਰ ਸਿੰਘ ਬਰਾੜ ਸਮਾਧ ਭਾਈ ਨੇ 865 ਵੋਟਾਂ ਦੀ ਲੀਡ ਨਾਲ ਸ਼ਾਨਦਾਰ ਜਿੱਤ ਦਰਜ ਕੀਤੀ। ਇਸ ਦੇ ਨਾਲ ਹੀ ਸਮਾਲਸਰ ਬਲਾਕ ਵਿੱਚ ਵੀ ਕਾਂਗਰਸ ਪਾਰਟੀ ਦਾ ਦਬਦਬਾ ਕਾਇਮ ਰਿਹਾ, ਜਿੱਥੇ ਗੁਰਵਿੰਦਰ ਸਿੰਘ ਸਮਾਲਸਰ ਨੂੰ ਵਾਈਸ ਪ੍ਰਧਾਨ ਚੁਣਿਆ ਗਿਆ।ਇਹ ਸਾਰੇ ਨਤੀਜੇ ਦਰਸਾਉਂਦੇ ਹਨ ਕਿ ਹਲਕੇ ਵਿੱਚ ਕਾਂਗਰਸ ਪਾਰਟੀ ਦੀਆਂ ਜੜ੍ਹਾਂ ਮਜ਼ਬੂਤ ਹੋ ਰਹੀਆਂ ਹਨ ਤੇ ਵਰਕਰਾਂ ਵਿੱਚ ਭਰਪੂਰ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਮੌਕੇ ਭੋਲਾ ਸਿੰਘ ਸਮਾਧ ਭਾਈ ਨੇ ਸਾਰੇ ਜੇਤੂ ਉਮੀਦਵਾਰਾਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਜਿੱਤ ਪਾਰਟੀ ਦੇ ਨਿਸ਼ਠਾਵਾਨ ਵਰਕਰਾਂ ਦੀ ਮਿਹਨਤ ਤੇ ਲੋਕਾਂ ਦੇ ਭਰੋਸੇ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉੱਤਰਿਆ ਜਾਵੇਗਾ।ਉਨ੍ਹਾਂ ਕਿਹਾ ਕਿ ਜਿੱਤ ਹਾਸਲ ਕਰਨ ਵਾਲੇ ਸਾਰੇ ਆਗੂ ਆਪਣੇ ਅਹੁਦਿਆਂ ਦੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਪਾਰਟੀ ਦੀਆਂ ਨੀਤੀਆਂ ਨੂੰ ਜਨ-ਜਨ ਤੱਕ ਪਹੁੰਚਾਉਣ ਤੇ ਹਲਕੇ ਦੇ ਵਿਕਾਸ ਲਈ ਮਿਲਜੁਲ ਕੇ ਕੰਮ ਕਰਨਗੇ।

## ਹਲਕੇ ਦੇ ਸੰਗਠਨਾਤਮਕ ਮਾਮਲਿਆਂ ਸੰਬੰਧੀ ਅਹਿਮ ਮੀਟਿੰਗ



**ਜਗਰਾਉਂ (ਅਮਿਤ ਖੰਨਾ)**-ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਜਗਰਾਉਂ ਦੇ ਇੰਚਾਰਜ ਐੱਸ ਆਰ ਕਲੇਰ ਸਾਬਕਾ ਵਿਧਾਇਕ ਦੀ ਅਗਵਾਈ ਹੇਠ ਹਲਕੇ ਦੇ ਸਰਕਲ ਪ੍ਰਧਾਨਾਂ ਤੇ ਸੀਨੀਅਰ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਮੁਲਾਕਾਤ ਕੀਤੀ।ਇਸ ਦੌਰਾਨ ਹਲਕਾ ਜਗਰਾਉਂ ਦੇ ਸੰਗਠਨਾਤਮਕ ਮਾਮਲਿਆਂ, ਪਾਰਟੀ ਦੀ ਮਜ਼ਬੂਤੀ ਤੇ ਭਵਿੱਖੀ ਗਤੀਵਿਧੀਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਐੱਸਜੀਪੀਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ ਸਰਕਲ ਪ੍ਰਧਾਨ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ ਸਰਪੰਚ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਪ੍ਰਧਾਨ ਸੁਰਿੰਦਰ ਸਿੰਘ ਪਰਜੀਆਂ ਬਿਹਾਰੀਪੁਰ, ਸੁੱਖ ਸੰਧੂ (ਪੀ ਏ ਕਲੇਰ), ਗੁਰਿੰਦਰ ਸਿੰਘ ਰੂਮੀ ਸੀਨੀਅਰ ਯੂਥ ਆਗੂ ਬਾਵਾ ਰਾਏਕੋਟ ਤੇ ਸੁਖਪ੍ਰੀਤ ਸਿੰਘ ਢੋਲਣ ਸਮੇਤ ਹੋਰ ਆਗੂ ਹਾਜ਼ਰ ਰਹੇ।ਇਸ ਮੌਕੇ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕਰਨ, ਵਰਕਰਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਤੇ ਆਉਣ ਵਾਲੇ ਸਮੇਂ ਵਿੱਚ ਜਨਤਾ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਰਣਨੀਤੀ 'ਤੇ ਵੀ ਚਰਚਾ ਕੀਤੀ ਗਈ।ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਤੇ ਜਨ ਅਧਾਰ ਨੂੰ ਹੋਰ ਵਧਾਉਣ ਲਈ ਸਾਰੇ ਆਗੂਆਂ ਨੇ ਮਿਲ ਕੇ ਕੰਮ ਕਰਨ ਦਾ ਸੰਕਲਪ ਦੁਹਰਾਇਆ।

## ਰੇਲਵੇ ਸੇਵਾ ਪਾਣੀ ਦਲ ਨੇ ਸਟੇਸ਼ਨ 'ਤੇ ਲਗਾਈ ਛਬੀਲ



**ਮਾਨਸਾ (ਆਤਮਾ ਸਿੰਘ ਪਮਾਰ)**-ਰੇਲਵੇ ਸੇਵਾ ਪਾਣੀ ਦਲ ਮਾਨਸਾ ਨੇ ਗਰਮੀ ਦੇ ਮੱਦੇਨਜ਼ਰ ਰੇਲਵੇ ਸਟੇਸ਼ਨ ਤੇ ਯਾਤਰੀਆਂ, ਰਾਹਗੀਰਾਂ ਤੇ ਆਮ ਲੋਕਾਂ ਲਈ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਗਰਮੀ ਕਾਰਨ ਲੋਕਾਂ ਨੇ ਠੰਢਾ ਮਿੱਠਾ ਪਾਣੀ ਛਕਿਆ ਤੇ ਇਸ 'ਚ ਵਿੱਤੀ ਸਹਿਯੋਗ ਵੀ ਦਿੱਤਾ।ਰਾਹਗੀਰਾਂ ਤੇ ਰੇਲਵੇ ਯਾਤਰੀਆਂ ਨੇ ਦਲ ਦੇ ਇਸ ਕਾਰਜ ਦੀ ਪ੍ਰਸੰਸਾ ਕੀਤੀ।ਰੇਲਵੇ ਸੇਵਾ ਪਾਣੀ ਦਲ ਮਾਨਸਾ ਦੇ ਪ੍ਰਧਾਨ ਹਰਬੰਸ ਭੀਲਾ ਤੇ ਸੈਕਟਰੀ ਪੂਰਨ ਸਿੰਘ ਨੇ ਕਿਹਾ ਕਿ ਇਸ ਛਬੀਲ ਲਗਾਉਣ ਪਿੱਛੇ ਪੁਰਾਤਨ ਇਤਿਹਾਸ ਤੇ ਗੁਰੂਆਂ ਦੀਆਂ ਸਿੱਖਿਆਵਾਂ ਤੋਂ ਮਿਲੀ ਸੇਵਾ ਸਿੱਖਿਆ ਵੀ ਸ਼ਾਮਲ ਹੈ।ਉਨ੍ਹਾਂ ਕਿਹਾ ਕਿ ਅਜਿਹੇ ਕਾਰਜ ਲੋਕਾਂ ਦੇ ਸਹਿਯੋਗ ਨਾਲ ਹੀ ਸੰਪੂਰਨ ਹੁੰਦੇ ਹਨ।ਉਨ੍ਹਾਂ ਕਿਹਾ ਕਿ ਸੇਵਾ ਦਲ ਵੱਲੋਂ ਪਾਣੀ ਦੀ ਸੇਵਾ ਨਿਰੰਤਰ ਚੱਲਦੀ ਹੈ ਤੇ ਚੱਲਦੀ ਰਹੇਗੀ।ਉਨ੍ਹਾਂ ਇਸ 'ਚ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ ਕੀਤਾ।ਰੇਲਵੇ ਅਧਿਕਾਰੀਆਂ, ਯਾਤਰੀਆਂ ਤੇ ਰੇਲ ਡਰਾਈਵਰਾਂ ਨੇ ਵੀ ਗਰਮੀ ਦੇ ਮੌਸਮ 'ਚ ਇਸ ਠੰਢੇ ਪਾਣੀ ਦੀ ਸੇਵਾ ਦੀ ਪ੍ਰਸੰਸਾ ਕੀਤੀ।ਇਸ ਮੌਕੇ ਖਜ਼ਾਨਚੀ ਸਤੀਸ਼ ਬੌਬੀ, ਮੱਖਣ ਗੋਇਲ ਮੀਡੀਆ ਇੰਚਾਰਜ, ਰਾਜਿੰਦਰ ਭੰਮਾ, ਰਜੇਸ਼ ਵਰਮਾ, ਬਲਕਰਨ ਮਾਨਸ਼ਾਹੀਆ, ਜਗਤਾਰ ਸਿੰਘ, ਤਰਸੇਮ ਚੰਦ, ਸਾਬਕਾ ਪ੍ਰਧਾਨ ਚਿਮਨ ਲਾਲ, ਸ਼ਿਵਚਰਨ ਸੂਚਨ, ਤੇਲੂ ਰਾਮ, ਮਦਨ ਲਾਲ ਆਦਿ ਹਾਜ਼ਰ ਸਨ।

## ਮੁੱਖ ਮੰਤਰੀ ਨੇ ਧਰਮਪੁਰਾ 'ਚ ਕੀਤੀ ਲੋਕ ਮਿਲਣੀ

**ਬਰੇਟਾ (ਰੀਤਵਾਲ)**-ਮੁੱਖ ਮੰਤਰੀ ਭਗਵੰਤ ਮਾਨ ਨੇ ਪਿੰਡ ਧਰਮਪੁਰਾ ਵਿੱਚ ਲੋਕ ਮਿਲਣੀ ਕੀਤੀ ਤੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ।ਐੱਮ ਐੱਲ ਏ ਬੁੱਧ ਰਾਮ ਨੇ ਮੁੱਖ ਮੰਤਰੀ ਅੱਗੇ ਬਰੇਟਾ ਜਾਂ ਬੋਹਾ ਨੂੰ ਬਲਾਕ ਬਣਾਉਣ ਦੀ ਮੰਗ ਕੀਤੀ, ਗੋਬਿੰਦਪੁਰਾ ਥਰਮਲ ਦੀ ਜਗ੍ਹਾ ਉੱਪਰ ਹੋਰ ਪ੍ਰੋਜੈਕਟ ਲਾਉਣ ਦੀ ਮੰਗ ਕੀਤੀ।ਮੁੱਖ ਮੰਤਰੀ ਭਗਵੰਤ ਮਾਨ ਨੇ ਸਾਰੇ ਪਿੰਡਾਂ ਦੀਆਂ ਸਮੱਸਿਆਵਾਂ ਹੱਲ ਕਰਨ ਦਾ ਭਰੋਸਾ ਦਿੱਤਾ। ਧਰਮਪੁਰਾ ਦੀ ਪੰਚਾਇਤ ਨੂੰ ਪਿੰਡ ਦੇ ਵਿਕਾਸ ਕਾਰਜਾਂ ਲਈ 51 ਲੱਖ ਦਾ ਚੈੱਕ ਵੀ ਦਿੱਤਾ।ਇਸ ਮੌਕੇ ਗੁਰਪ੍ਰੀਤ ਸਿੰਘ ਭੁੱਚਰ, ਰਣਜੀਤ ਸਿੰਘ ਚੇਅਰਮੈਨ, ਚਰਨਜੀਤ ਸਿੰਘ ਅੱਕਾਂਵਾਲੀ, ਸਤੀਸ਼ ਸਿੰਗਲਾ ਚੇਅਰਮੈਨ, ਚਮਕੌਰ ਸਿੰਘ ਚੇਅਰਮੈਨ, ਬਲਾਕ ਪ੍ਰਧਾਨ ਕੁਲਵਿੰਦਰ ਸਿੰਘ, ਸੰਸਾਰ ਸਿੰਘ, ਪੰਚਾਇਤ ਯੂਨੀਅਨ ਪ੍ਰਧਾਨ ਰਾਜਿੰਦਰ ਸਿੰਘ ਕੇਵਲ ਸ਼ਰਮਾ, ਗਾਇਕ ਆਰ ਨੇਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਡੀ ਸੀ ਦਫ਼ਤਰ ਅੱਗੇ ਰੋਸ ਧਰਨਾ



**ਸੰਗਰੂਰ (ਰਾਜ ਖੁਰਮੀ)**
ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੇ ਸੱਦੇ 'ਤੇ ਸੈਂਕੜਿਆਂ ਦੀ ਗਿਣਤੀ ਵਿੱਚ ਇਕੱਠੇ ਹੋਏ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ।ਇਸ ਦੌਰਾਨ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਮੁਲਾਜ਼ਮਾਂ ਨੇ ਸਰਕਾਰ 'ਤੇ ਮੰਗਾਂ ਪ੍ਰਤੀ ਟਾਲਮਟੋਲ ਤੇ ਲਾਰੇ-ਲੱਪਿਆਂ ਦੀ ਨੀਤੀ ਅਪਣਾਉਣ ਦੇ ਦੋਸ਼ ਲਗਾਏ।ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਸੁਖਦੇਵ ਸਿੰਘ ਚੰਗਾਲੀਵਾਲਾ, ਜਗਦੀਸ਼ ਸ਼ਰਮਾ, ਰਾਜ ਕੁਮਾਰ ਅਰੋੜਾ, ਮੇਲਾ ਸਿੰਘ ਪੁੰਨਾਂਵਾਲ, ਰਾਜਵੀਰ ਬਡਰੁੱਖਾਂ, ਗੁਰਪ੍ਰੀਤ ਸਿੰਘ ਮੰਗਵਾਲ ਅਤੇ ਜਗਦੇਵ ਬਾਹੀਆ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦਾ ਬਕਾਇਆ 18 ਫ਼ੀਸਦੀ ਮਹਿੰਗਾਈ ਭੱਤਾ (ਡੀ.ਏ.) ਤੁਰੰਤ ਜਾਰੀ ਕਰੇ।ਉਨ੍ਹਾਂ ਮੰਗ ਕੀਤੀ ਕਿ ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ ਤੇ ਸਾਰੇ ਕੱਚੇ, ਠੇਕਾ ਅਧਾਰਤ ਤੇ ਇੰਸੈਂਟਿਵ ਮੁਲਾਜ਼ਮਾਂ ਨੂੰ ਰੈਗੂਲਰ ਕੀਤਾ ਜਾਵੇ।ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਛੇਵੇਂ ਤਨਖ਼ਾਹ ਕਮਿਸ਼ਨ ਦੀ ਮੁਕੰਮਲ ਰਿਪੋਰਟ ਲਾਗੂ ਕਰਨ, ਏ.ਸੀ.ਪੀ. ਦੇ ਲਾਭ ਦੇਣ, ਕੱਟੇ ਗਏ 37 ਕਿਸਮ ਦੇ ਭੱਤੇ ਬਹਾਲ ਕਰਨ ਤੇ ਤਿੰਨ ਸਾਲਾ ਪ੍ਰੋਬੇਸ਼ਨ ਸਮੇਂ ਦੌਰਾਨ ਪੂਰੀ ਤਨਖ਼ਾਹ ਦੇਣ ਦੀ ਮੰਗ ਵੀ ਲੰਮੇ ਸਮੇਂ ਤੋਂ ਅਣਸੁਣੀ ਕੀਤੀ ਜਾ ਰਹੀ ਹੈ।ਉਨ੍ਹਾਂ ਪੰਜਾਬ ਦੇ ਤਨਖ਼ਾਹ ਸਕੇਲ ਲਾਗੂ ਕਰਨ ਤੇ ਵਿਕਾਸ ਟੈਕਸ ਦੇ ਨਾਂ 'ਤੇ ਵਸੂਲ ਕੀਤੇ ਜਾਂਦੇ 200 ਰੁਪਏ ਮਹੀਨਾਵਾਰ ਟੈਕਸ ਨੂੰ ਵੀ ਖ਼ਤਮ ਕਰਨ ਦੀ ਮੰਗ ਕੀਤੀ।ਧਰਨਾਕਾਰੀਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੰਗਾਂ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਐਲਾਨ ਕੀਤਾ ਗਿਆ ਕਿ 7 ਜੁਲਾਈ ਨੂੰ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।ਧਰਨੇ ਦੌਰਾਨ ਫਕੀਰ ਸਿੰਘ ਟਿੱਬਾ, ਮਾਲਵਿੰਦਰ ਸਿੰਘ ਸੰਧੂ, ਦਾਤਾ ਸਿੰਘ ਨਮੋਲ, ਜੋਤਿੰਦਰ ਸਿੰਘ, ਸੁਖਵਿੰਦਰ ਸਿੰਘ ਗਿਰ, ਕ੍ਰਿਸ਼ਨ ਸਿੰਘ ਦੁੱਗਾ, ਮਿਸ਼ਰਾ ਸਿੰਘ, ਬਲਵੀਰ ਚੰਦ ਲੌਂਗੋਵਾਲ, ਦੇਵੀ ਦਿਆਲ, ਬਲਦੇਵ ਸਿੰਘ ਬਡਰੁੱਖਾਂ, ਅਨੁਜ ਕੁਮਾਰ, ਸੁਰਿੰਦਰ ਕੁਮਾਰ ਬਾਲੀਆ, ਹਰਦੀਪ ਸਿੰਘ ਤੇ ਅਵਤਾਰ ਸਿੰਘ ਗੰਢੂਆਂ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਆਗੂ ਹਾਜ਼ਰ ਸਨ।

## ਖੇਤ ਬਚਾਓ ਮੁਹਿੰਮ ਤਹਿਤ ਲਗਾਇਆ ਕਿਸਾਨ ਸਿਖਲਾਈ ਕੈਂਪ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਖੇਤੀਬਾੜੀ ਵਿਭਾਗ ਬਲਾਕ ਗਿੱਦੜਬਾਹਾ ਵੱਲੋਂ ਬਲਾਕ ਖੇਤੀਬਾੜੀ ਅਫ਼ਸਰ ਡਾ. ਜਗਮੋਹਨ ਸਿੰਘ ਦੀ ਅਗਵਾਈ ਹੇਠ ਮੱਲਣ ਸਰਕਲ ਦੇ ਕੋਟਲੀ ਅਬਲੂ ਵਿਖੇ ਆਤਮਾ ਸਕੀਮ ਅਧੀਨ ਖੇਤ ਬਚਾਓ ਮੁਹਿੰਮ ਤਹਿਤ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਕੈਂਪ ਦੀ ਸ਼ੁਰੂਆਤ ਕਰਦਿਆਂ ਡਾ. ਸਤਨਾਮ ਕੌਰ ਖੇਤੀਬਾੜੀ ਵਿਕਾਸ ਅਫਸਰ ਨੇ ਸਾਉਣੀ ਦੀਆਂ ਫਸਲਾਂ ਮੱਕੀ, ਮੂੰਗੀ ਤੇ ਖੇਤ ਦੀ ਮਿੱਟੀ ਦੀ ਪਰਖ ਕਰਵਾਉਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਸ ਮੌਕੇ ਡਾ. ਨਰਿੰਦਰਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ ਨੇ ਝੋਨੇ/ਬਾਸਮਤੀ ਦੀ ਸਿੱਧੀ ਬਿਜਾਈ ਬਾਰੇ ਜਾਣਕਾਰੀ ਦਿੱਤੀ, ਜਦੋਂਕਿ ਡਾ. ਮਨਿੰਦਰਦੀਪ ਖੇਤੀਬਾੜੀ ਵਿਕਾਸ ਅਫਸਰ ਨੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਨਿਧੀ ਯੋਜਨਾ ਤੇ ਨਰਮੇ ਦੀ ਫਸਲ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ।ਇਸੇ ਤਰ੍ਹਾਂ ਡਾ. ਧਰਮਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ ਮੰਡੀਕਰਨ ਵੱਲੋਂ ਕਿਸਾਨਾਂ ਨੂੰ ਆਪਣੀ ਝੋਨੇ ਦੀ ਪੱਕੀ ਫਸਲ ਨੂੰ ਸੁੱਕਾ ਕੇ ਮੰਡੀ ਵਿੱਚ ਲਿਆਉਣ ਸਬੰਧੀ ਜਾਣਕਾਰੀ ਦਿੱਤੀ।ਅੰਤ ਵਿੱਚ ਬਲਾਕ ਖੇਤੀਬਾੜੀ ਅਫ਼ਸਰ ਡਾ. ਜਗਮੋਹਨ ਸਿੰਘ ਨੇ ਮਸ਼ੀਨਰੀ ਸਬਸਿਡੀ ਬਾਰੇ ਅਤੇ ਝੋਨੇ ਤੇ ਕਣਕ ਦਾ ਬੀਜ ਘਰੇ ਤਿਆਰ ਕਰਕੇ ਬੀਜਣ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ।ਇਸ ਮੌਕੇ ਅਰਸ਼ਦੀਪ ਸਿੰਘ ਏਐੱਸਆਈ ਤੇ ਜਗਮੀਰ ਸਿੰਘ ਏਟੀਐੱਮ ਵੱਲੋਂ ਸਿਖਲਾਈ ਕੈਂਪ ਵਿੱਚ ਪਹੁੰਚੇ ਕਿਸਾਨਾਂ ਦੀ ਪੀਐੱਮ ਕਿਸਾਨ ਯੋਜਨਾ ਤਹਿਤ ਈਕੇਵਾਈਸੀ ਕੀਤੀ ਤੇ ਝੋਨੇ ਦੀ ਸਿੱਧੀ ਬਿਜਾਈ ਦੀ ਆਨਲਾਈਨ ਰਜਿਸਟ੍ਰੇਸ਼ਨ ਕੀਤੀ।ਇਸ ਕੈਂਪ ਵਿੱਚ ਹੋਰਨਾ ਤੋਂ ਇਲਾਵਾ ਹਰਪ੍ਰੀਤ ਸਿੰਘ ਫੀਲਡਮੈਨ ਵੀ ਮੌਜੂਦ ਸਨ।

## ਨਗਰ ਕੌਂਸਲ ਮਾਲੇਰਕੋਟਲਾ ਦੇ ਅਹੁਦੇਦਾਰਾਂ ਦੀ ਚੋਣ ਸੰਪੰਨ

### ■ ਅਖਤਰੀ ਖਾਤੂਨ ਚੇਅਰਪਰਸਨ, ਆਇਸ਼ਾ ਕੁਰੈਸ਼ੀ ਸੀਨੀਅਰ ਵਾਈਸ ਚੇਅਰਪਰਸਨ ਤੇ ਮੁਹੰਮਦ ਬਸ਼ੀਰ ਵਾਈਸ ਪ੍ਰਧਾਨ ਚੁਣੇ ■ ਸ਼ਹਿਰ ਨੂੰ ਮਾਡਲ ਵਜੋਂ ਵਿਕਸਿਤ ਕਰਨ 'ਚ ਨਵੀਂ ਟੀਮ ਅਹਿਮ ਭੂਮਿਕਾ ਨਿਭਾਵੇਗੀ : ਬਲਤੇਜ ਪੰਨੂ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ ਉਪਰੰਤ ਨਗਰ ਕੌਂਸਲ ਮਾਲੇਰਕੋਟਲਾ ਦੇ ਚੇਅਰਪਰਸਨ, ਸੀਨੀਅਰ ਵਾਈਸ ਚੇਅਰਪਰਸਨ ਤੇ ਵਾਈਸ ਪ੍ਰਧਾਨ ਦੀ ਚੋਣ ਪ੍ਰਕਿਰਿਆ ਉਪ ਮੰਡਲ ਮੈਜਿਸਟ੍ਰੇਟ-ਕਮ-ਰਿਟਰਨਿੰਗ ਅਫ਼ਸਰ ਕਨੂੰ ਗਰਗ ਦੀ ਨਿਗਰਾਨੀ ਹੇਠ ਸ਼ਾਂਤੀਪੂਰਨ ਤੇ ਸੁਚਾਰੂ ਢੰਗ ਨਾਲ ਸੰਪੰਨ ਹੋਈ।ਇਸ ਮੌਕੇ ਐੱਸ.ਡੀ.ਐੱਮ. ਕਨੂ ਗਰਗ ਨੇ ਨਵ ਚੁਣੇ ਮਿਊਂਸਪਲ ਕੌਂਸਲਰਾਂ ਨੂੰ ਸਹੁੰ ਵੀ ਚੁਕਾਈ।ਚੋਣ ਦੌਰਾਨ ਸਥਾਨਕ ਵਾਰਡ ਨੰਬਰ 13 ਤੋਂ ਕੌਂਸਲਰ ਅਖਤਰੀ ਖਾਤੂਨ ਨੂੰ ਨਗਰ ਕੌਂਸਲ ਮਾਲੇਰਕੋਟਲਾ ਦਾ ਚੇਅਰਪਰਸਨ ਚੁਣਿਆ ਗਿਆ।ਇਸੇ ਤਰ੍ਹਾਂ ਵਾਰਡ ਨੰਬਰ 32 ਤੋਂ ਕੌਂਸਲਰ ਆਇਸ਼ਾ ਕੁਰੈਸ਼ੀ ਨੂੰ ਸੀਨੀਅਰ ਵਾਈਸ ਚੇਅਰਪਰਸਨ ਤੇ ਵਾਰਡ ਨੰਬਰ 18 ਤੋਂ ਕੌਂਸਲਰ ਮੁਹੰਮਦ ਬਸ਼ੀਰ ਨੂੰ ਵਾਈਸ ਪ੍ਰਧਾਨ ਚੁਣਿਆ ਗਿਆ।ਇਸ ਮੌਕੇ ਆਮ ਆਦਮੀ ਪਾਰਟੀ ਵਲੋਂ ਚੋਣ ਕਰਵਾਉਣ ਨਈ ਨਿਯੁਕਤ ਕੀਤੇ ਅਬਜ਼ਰਵਰ-ਕਮ-ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ, ਵਿਧਾਇਕ ਮਾਲੇਰਕੋਟਲਾ ਡਾ. ਮੁਹੰਮਦ ਜਮੀਲ ਉਰ ਰਹਿਮਾਨ, ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਮੌਜੂਦ ਰਹੇ।ਵਿਧਾਇਕ ਡਾ. ਜਮੀਲ ਉਰ ਰਹਿਮਾਨ ਤੇ ਵਿਧਾਇਕ ਅਮਰਗੜ੍ਹ ਪ੍ਰੋਫੈਸਰ ਜਸਵੰਤ ਸਿੰਘ ਗੱਜਣਮਾਜਰਾ ਨੇ ਨਵ-ਨਿਯੁਕਤ ਟੀਮ ਨੂੰ ਵਧਾਈ ਦਿੰਦਿਆਂ ਮਾਲੇਰਕੋਟਲਾ ਦੇ ਸਰਵਪੱਖੀ ਵਿਕਾਸ ਲਈ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਵਿਕਾਸ ਕਾਰਜਾਂ ਲਈ ਟੀਮ ਵਜੋਂ ਕੰਮ ਕਰਨ ਦੀ ਅਪੀਲ ਕੀਤੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਨਵੇਂ ਚੁਣੇ ਗਏ ਨਗਰ ਕੌਂਸਲ ਮਲੇਰਕੋਟਲਾ ਦੇ ਚੇਅਰਪਰਸਨ ਤੇ ਵਾਈਸ ਚੇਅਰਪਰਸਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਚੋਣ ਮਲੇਰਕੋਟਲਾ ਦੇ ਲੋਕਾਂ ਵੱਲੋਂ ਵਿਕਾਸ, ਪਾਰਦਰਸ਼ਤਾ ਤੇ ਲੋਕ-ਪੱਖੀ ਪ੍ਰਸ਼ਾਸਨ 'ਤੇ ਪ੍ਰਗਟਾਏ ਗਏ ਭਰੋਸੇ ਦੀ ਜਿੱਤ ਹੈ।ਉਨ੍ਹਾਂ ਕਿਹਾ ਕਿ ਮਲੇਰਕੋਟਲਾ ਨੂੰ ਇੱਕ ਮਾਡਲ ਸ਼ਹਿਰ ਵਜੋਂ ਵਿਕਸਿਤ ਕਰਨ ਲਈ ਨਗਰ ਕੌਂਸਲ ਦੀ ਨਵੀਂ ਟੀਮ ਅਹਿਮ ਭੂਮਿਕਾ ਨਿਭਾਏਗੀ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੇਗੀ। ਸਮਾਗਮ ਦੌਰਾਨ ਨਵ-ਚੁਣੇ ਅਹੁਦੇਦਾਰਾਂ ਨੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ, ਵਿਧਾਇਕਾਂ ਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਸਮੂਹ ਮੈਂਬਰਾਂ ਨੂੰ ਨਾਲ ਲੈ ਕੇ ਸ਼ਹਿਰ ਦੇ ਹਰ ਵਾਰਡ ਦੇ ਸਰਬਪੱਖੀ ਵਿਕਾਸ, ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਤੇ ਪੰਜਾਬ ਸਰਕਾਰ ਦੀਆਂ ਲੋਕ-ਹਿਤੈਸ਼ੀ ਯੋਜਨਾਵਾਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

## ਝੋਨੇ ਦੀ ਬਿਜਾਈ ਦੇ ਮੱਦੇਨਜ਼ਰ ਸਰਕਾਰ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਦੇਵੇ : ਨਿੱਕਾ ਖੇੜਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਿਜਲੀ ਵਿਭਾਗ ਵੱਲੋਂ ਅਣਐਲਾਨੇ ਕੱਟਾਂ ਤੋਂ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਕਾਰਨ ਉਨ੍ਹਾਂ ਨੂੰ ਝੋਨੇ ਦੀ ਬਿਜਾਈ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਨਿੱਕਾ ਸਿੰਘ ਖੇੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਵਿਚ ਕਿਸਾਨਾਂ ਵੱਲੋਂ ਝੋਨੇ ਦੀ ਬਿਜਾਈ ਕੀਤੀ ਜਾ ਰਹੀ ਹੈ, ਜਿਸ ਕਾਰਨ ਉਨ੍ਹਾਂ ਨੂੰ ਪਾਣੀ ਲਈ ਬਿਜਲੀ ਦੀ ਬਹੁਤ ਲੋੜ ਹੈ, ਪਰ ਵਿਭਾਗ ਵੱਲੋਂ ਬਿਜਲੀ ਦੇ ਕੱਟ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਐਲਾਨ ਕੀਤਾ ਗਿਆ ਸੀ ਕਿ ਝੋਨੇ ਦੀ ਬਿਜਾਈ ਸ਼ੁਰੂ ਹੋਣ 'ਤੇ ਨਿਰਵਿਘਨ 8 ਘੰਟੇ ਬਿਜਲੀ ਸਪਲਾਈ ਕੀਤੀ ਜਾਵੇਗੀ, ਪਰ ਇਸ ਦੇ ਉਲਟ 4 ਤੋਂ 5 ਘੰਟੇ ਦੇ ਅਣਐਲਾਨੇ ਕੱਟ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਝੋਨੇ ਲਈ ਮਹਿੰਗੇ ਭਾਅ ਦੇ ਡੀਜ਼ਲ ਫੂਕ ਕੇ ਮੋਟਰਾਂ ਚਲਾਈਆਂ ਜਾ ਰਹੀਆਂ ਹਨ, ਜਿਸ ਕਾਰਨ ਉਨ੍ਹਾਂ ਦਾ ਵਾਧੂ ਖਰਚਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਐਲਾਨ ਫੋਕੇ ਹੀ ਸਾਬਿਤ ਹੋਏ, ਜਦਕਿ ਅਸਲੀਅਤ ਕੋਹਾਂ ਦੂਰ ਹੈ। ਉਨ੍ਹਾਂ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਨੂੰ ਇਸ ਪ੍ਰੇਸ਼ਾਨੀ ਤੋਂ ਬਚਾਉਣ ਲਈ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾਵੇ।

## ਸਰਪੰਚ ਕੰਗ ਨੇ ਨਵੇਂ ਬਣੇ ਪ੍ਰਧਾਨ ਸਚਿਨ ਧੀਰ ਨੂੰ ਦਿੱਤੀ ਮੁਬਾਰਕਬਾਦ



**ਕੋਟ ਈਸੇ ਖਾਂ (ਅਰੋੜਾ)**-ਹਾਲ ਹੀ ਵਿੱਚ ਨਗਰ ਪੰਚਾਇਤ ਕੋਟ ਈਸੇ ਖਾਂ ਦੇ ਨਵੇਂ ਚੁਣੇ ਗਏ ਪ੍ਰਧਾਨ ਸਚਿਨ ਧੀਰ ਨੂੰ ਵਧਾਈਆਂ ਦੇਣ ਦਾ ਤਾਂਤਾ ਲੱਗਾ ਹੋਇਆ ਹੈ।ਇਸੇ ਤਰ੍ਹਾਂ ਬਲਾਕ ਪ੍ਰਧਾਨ ਰਾਜਵੀਰ ਸਿੰਘ ਕੰਗ ਸਰਪੰਚ ਕਿੱਲੀ ਗਾਂਧਰਾ ਨੇ ਨਵੇਂ ਚੁਣੇ ਗਏ ਪ੍ਰਧਾਨ ਸਚਿਨ ਧੀਰ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਮੁਬਾਰਕਾਂ ਦਿੱਤੀਆਂ।ਇਸ ਮੌਕੇ ਸਰਪੰਚ ਰਾਜਵੀਰ ਕੰਗ ਨੇ ਕਿਹਾ ਕਿ ਸਚਿਨ ਧੀਰ ਜੋ ਕਿ ਬਹੁਤ ਵਧੀਆ ਇਨਸਾਨ ਹਨ ਤੇ ਪੜ੍ਹੇ ਲਿਖੇ ਨੌਜਵਾਨ ਆਗੂ ਹਨ, ਸਾਨੂੰ ਪੂਰੀ ਉਮੀਦ ਹੈ ਕਿ ਪ੍ਰਧਾਨ ਸਾਹਿਬ ਆਪਣੀ ਸਮੁੱਚੀ ਟੀਮ ਨੂੰ ਨਾਲ ਲੈ ਕੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਸ਼ਹਿਰ ਕੋਟ ਈਸ ਖਾਂ ਦੇ ਵਿਕਾਸ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ ਤੇ ਸ਼ਹਿਰ ਵਾਸੀਆਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦੇਣਗੇ।ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਵਿਕਾਸ ਨੂੰ ਪਹਿਲ ਦਿੱਤੀ ਹੈ ਤੇ ਹਲਕਾ ਵਿਧਾਇਕ ਲਾਡੀ ਢੋਸ ਨੇ ਪਿੰਡਾਂ ਸ਼ਹਿਰਾਂ ਨੂੰ ਗ੍ਰਾਂਟਾਂ ਦੇ ਗੱਫੇ ਦੇ ਕੇ ਨੁਹਾਰ ਬਦਲ ਦਿੱਤੀ ਹੈ, ਜਿਸ ਕਰਕੇ ਹਲਕਾ ਵਾਸੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੂਰੀ ਤਰ੍ਹਾਂ ਖੁਸ਼ ਹਨ।

## ਪ੍ਰਧਾਨ ਮੰਤਰੀ ਅਨੁਸੂਚਿਤ ਜਾਤੀ ਅਭਿਉਦੈ ਯੋਜਨਾ ਤਹਿਤ ਬੁਟੀਕ ਟ੍ਰੇਨਿੰਗ ਲਈ ਅਰਜ਼ੀਆਂ ਦੀ ਮੰਗ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਪ੍ਰਧਾਨ ਮੰਤਰੀ ਅਨੁਸੂਚਿਤ ਜਾਤੀ ਅਭਿਉਦੈ ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ ਦੇ ਸਹਿਯੋਗ ਨਾਲ ਅਨੁਸੂਚਿਤ ਜਾਤੀਆਂ ਦੇ ਸਮਾਜਿਕ ਤੇ ਆਰਥਿਕ ਸਸ਼ਕਤੀਕਰਨ ਲਈ ਵਿਸ਼ੇਸ਼ ਸਕਿੱਲ ਵਿਕਾਸ ਪ੍ਰੋਗਰਾਮ ਚਲਾਏ ਜਾ ਰਹੇ ਹਨ।ਇਸੇ ਤਹਿਤ ਪੇਂਡੂ ਸਵੈ-ਰੁਜ਼ਗਾਰ ਸਿਖਲਾਈ ਸੰਸਥਾਨ (ਆਰ ਐੱਸ ਈ ਟੀ ਆਈ), ਸੰਗਰੂਰ ਵਿਖੇ ਬੁਟੀਕ ਟਰੇਨਿੰਗ (ਸਿਲਾਈ-ਕਢਾਈ) ਦਾ ਵਿਸ਼ੇਸ਼ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ ਨੇ ਦੱਸਿਆ ਕਿ ਕੋਰਸ ਲਈ 30 ਯੋਗ ਸਿੱਖਿਆਰਥੀਆਂ ਦੀ ਚੋਣ ਕੀਤੀ ਜਾਵੇਗੀ, ਜਿਨ੍ਹਾਂ ਨੂੰ ਆਰ.ਐੱਸ.ਈ.ਟੀ.ਆਈ., ਸੰਗਰੂਰ ਵੱਲੋਂ ਮੁਫ਼ਤ ਟ੍ਰੇਨਿੰਗ ਦਿੱਤੀ ਜਾਵੇਗੀ।ਟ੍ਰੇਨਿੰਗ ਪੂਰੀ ਕਰਨ ਵਾਲੇ ਉਮੀਦਵਾਰਾਂ ਨੂੰ ਸੈਕਟਰ ਸਕਿੱਲ ਕੌਂਸਲ ਵੱਲੋਂ ਮਾਨਤਾ ਪ੍ਰਾਪਤ ਸਰਟੀਫਿਕੇਟ ਵੀ ਜਾਰੀ ਕੀਤਾ ਜਾਵੇਗਾ।ਚਾਹਵਾਨ ਉਮੀਦਵਾਰ 30 ਜੂਨ ਤੱਕ ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ, ਮਾਲੇਰਕੋਟਲਾ ਦੇ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ ਜਾਂ ਤਹਿਸੀਲ ਵੈੱਲਫੇਅਰ ਅਫ਼ਸਰ ਹਰਪ੍ਰੀਤ ਸਿੰਘ ਦੇ ਮੋਬਾਈਲ ਨੰਬਰ 76006-98118 'ਤੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਦਾਖ਼ਲੇ ਲਈ ਆਧਾਰ ਕਾਰਡ, ਅਨੁਸੂਚਿਤ ਜਾਤੀ ਸਰਟੀਫਿਕੇਟ ਅਤੇ ਰੰਗਦਾਰ ਫੋਟੋਆਂ ਲਾਜ਼ਮੀ ਹਨ।

## ਧੂਰੀ ਦੇ ਲੋਕ ਆਪਣੇ ਵਿਧਾਇਕ ਨੂੰ ਮਿਲਣ ਲਈ ਪੱਬਾਂ-ਭਾਰ

### ■ ਪ੍ਰੋਟੋਕੋਲ ਬਣਿਆ ਜਨਤਾ ਤੇ ਮੁੱਖ ਮੰਤਰੀ ਵਿਚਾਲੇ ਦੀਵਾਰ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵੱਡੀ ਸਿਆਸੀ ਸ਼ਕਤੀ ਦੇ ਕੇ ਸੂਬੇ ਦੀ ਸੱਤਾ ਦੇ ਸਿਖਰ ਤੱਕ ਪਹੁੰਚਾਉਣ ਵਾਲੇ ਵਿਧਾਨ ਸਭਾ ਹਲਕਾ ਧੂਰੀ, ਖ਼ਾਸਕਰ ਧੂਰੀ ਸ਼ਹਿਰ ਦੇ ਲੋਕ ਅੱਜਕੱਲ੍ਹ ਆਪਣੇ ਹੀ ਚੁਣੇ ਹੋਏ ਨੁਮਾਇੰਦੇ ਨੂੰ ਮਿਲਣ ਲਈ ਬੇਤਾਬ ਹਨ।ਹਲਕੇ ਦੇ ਵੋਟਰ ਆਪਣੀਆਂ ਰੋਜ਼ਮਰ੍ਹਾ ਦੀਆਂ ਮੁਸ਼ਕਲਾਂ, ਵਿਕਾਸ ਕਾਰਜਾਂ ਦੀਆਂ ਮੰਗਾਂ ਤੇ ਨਿੱਜੀ ਦੁੱਖ-ਤਕਲੀਫ਼ਾਂ ਨੂੰ ਸਿੱਧੇ ਤੌਰ 'ਤੇ ਆਪਣੇ ਵਿਧਾਇਕ ਰੂਪੀ ਮੁੱਖ ਮੰਤਰੀ ਦੇ ਸਨਮੁੱਖ ਰੱਖਣਾ ਚਾਹੁੰਦੇ ਹਨ, ਪਰ ਮੁੱਖ ਮੰਤਰੀ ਦੀ ਉੱਚ ਸੁਰੱਖਿਆ ਤੇ ਪ੍ਰੋਟੋਕੋਲ ਸਥਾਨਕ ਲੋਕਾਂ ਤੇ ਉਨ੍ਹਾਂ ਦੇ ਆਗੂ ਵਿਚਾਲੇ ਇੱਕ ਅਧਿਕਾਰਤ ਦੀਵਾਰ ਬਣ ਕੇ ਖੜ੍ਹ ਗਿਆ ਹੈ।

ਹਾਲਾਂਕਿ, ਮੁੱਖ ਮੰਤਰੀ ਵੱਲੋਂ ਧੂਰੀ ਵਿਖੇ ਸਥਾਪਤ ਕੀਤੇ ਗਏ ਵਿਸ਼ੇਸ਼ ਕੈਂਪ ਦਫ਼ਤਰ ਦੀ ਜ਼ਿੰਮੇਵਾਰੀ ਉਨ੍ਹਾਂ ਦੇ ਓ.ਐੱਸ.ਡੀ. ਸੁਖਵੀਰ ਸਿੰਘ ਸਮੇਤ ਤਿੰਨ ਪ੍ਰਮੁੱਖ ਆਗੂਆਂ ਨੂੰ ਸੌਂਪੀ ਹੋਈ ਹੈ, ਜੋ ਨਿਰੰਤਰ ਲੋਕਾਂ ਦੀਆਂ ਸ਼ਿਕਾਇਤਾਂ ਸੁਣਦੇ ਹਨ, ਪਰ ਇਸ ਦੇ ਬਾਵਜੂਦ ਧੂਰੀ ਸ਼ਹਿਰ ਦੇ ਲੋਕਾਂ ਅੰਦਰ ਆਪਣੇ ਹਲਕਾ ਵਿਧਾਇਕ ਨੂੰ ਨਿੱਜੀ ਤੌਰ 'ਤੇ ਮਿਲਣ ਦੀ ਉਤਸੁਕਤਾ ਤੇ ਚਾਹਤ ਬਰਕਰਾਰ ਹੈ। ਲੋਕਾਂ ਦਾ ਤਰਕ ਹੈ ਕਿ ਜਿਹੜੇ ਸ਼ਹਿਰ ਤੇ ਹਲਕੇ ਨੇ ਮੁੱਖ ਮੰਤਰੀ ਨੂੰ ਇੰਨਾ ਵੱਡਾ ਸਿਆਸੀ ਰੁਤਬਾ ਬਖ਼ਸ਼ਿਆ ਹੈ, ਉੱਥੋਂ ਦੇ ਵਸਨੀਕਾਂ ਦਾ ਆਪਣੇ ਵਿਧਾਇਕ 'ਤੇ ਪਹਿਲਾ ਹੱਕ ਬਣਦਾ ਹੈ।ਲੋਕਾਂ ਦਾ ਕਹਿਣਾ ਹੈ ਕਿ ਜਦੋਂ ਵੀ ਮੁੱਖ ਮੰਤਰੀ ਧੂਰੀ ਫੇਰੀ 'ਤੇ ਆਉਂਦੇ ਹਨ, ਤਾਂ ਉੱਚ ਪ੍ਰੋਟੋਕੋਲ ਤੇ ਸੁਰੱਖਿਆ ਅਮਲਾ ਆਮ ਜਨਤਾ ਨੂੰ ਉਨ੍ਹਾਂ ਦੇ ਨੇੜੇ ਫਟਕਣ ਤੱਕ ਨਹੀਂ ਦਿੰਦਾ।ਅਸੀਂ ਚਾਹੁੰਦੇ ਹਾਂ ਕਿ ਉਹ ਵੀਆਈਪੀ ਕਲਚਰ ਛੱਡ ਕੇ ਇੱਕ ਵਿਧਾਇਕ ਵਜੋਂ ਸਾਡੇ ਵਿਚਕਾਰ ਬੈਠਣ।ਆਮ ਲੋਕਾਂ ਦਾ ਕਹਿਣਾ ਹੈ ਕਿ ਜਦੋਂ ਚੋਣਾਂ ਦੌਰਾਨ ਵੋਟਾਂ ਮੰਗੀਆਂ ਜਾ ਰਹੀਆਂ ਸਨ, ਉਦੋਂ ਕੋਈ ਸੁਰੱਖਿਆ ਘੇਰਾ ਨਹੀਂ ਸੀ, ਪਰ ਹੁਣ ਸਖ਼ਤ ਸਕਿਊਰਟੀ ਕਾਰਨ ਆਮ ਸ਼ਹਿਰੀ ਆਪਣੀਆਂ ਅਰਜ਼ੀਆਂ ਹੱਥਾਂ ਵਿੱਚ ਫੜੀ ਦੂਰੋਂ ਹੀ ਦੇਖਦੇ ਰਹਿ ਜਾਂਦੇ ਹਨ।

ਧੂਰੀ ਜਨਤਾ ਨੇ ਪੁਰਜ਼ੋਰ ਮੰਗ ਕੀਤੀ ਹੈ ਕਿ ਮੁੱਖ ਮੰਤਰੀ ਨੂੰ ਚਾਹੀਦਾ ਹੈ ਕਿ ਉਹ ਮਹੀਨੇ ਵਿੱਚ ਘੱਟੋ-ਘੱਟ ਇੱਕ ਜਾਂ ਦੋ ਦਿਨ ਸਿਰਫ਼ ਧੂਰੀ ਦੇ ਵਿਧਾਇਕ ਵਜੋਂ ਰਾਖਵੇਂ ਰੱਖਣ।ਉਸ ਦਿਨ ਕੋਈ ਸਰਕਾਰੀ ਲਾਮ-ਲਸ਼ਕਰ ਜਾਂ ਸਖ਼ਤ ਪ੍ਰੋਟੋਕੋਲ ਨਹੀਂ ਹੋਣਾ ਚਾਹੀਦਾ, ਤਾਂ ਜੋ ਹਲਕੇ ਦਾ ਗਰੀਬ ਤੋਂ ਗਰੀਬ ਵਿਅਕਤੀ ਵੀ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਆਪਣੇ ਹਲਕਾ ਵਿਧਾਇਕ ਨਾਲ ਸਿੱਧਾ ਰਾਬਤਾ ਕਾਇਮ ਕਰ ਸਕੇ।

## ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਚੁਣੇ ਜਾਣ 'ਤੇ ਸ਼ੁਭਮ ਸ਼ਰਮਾ ਨੂੰ ਦਿੱਤੀ ਮੁਬਾਰਕਬਾਦ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਹਾਲ ਹੀ ਦੌਰਾਨ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਚੁਣੇ ਗਏ ਹਲਕਾ ਧੂਰੀ ਤੋਂ ਕਾਂਗਰਸ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਸ਼ੁਭਮ ਸ਼ਰਮਾ ਨਾਲ ਮਾਰਕਿਟ ਕਮੇਟੀ ਧੂਰੀ ਦੇ ਸਾਬਕਾ ਚੇਅਰਮੈਨ ਤੇ ਸੀਨੀਅਰ ਕਾਂਗਰਸ ਆਗੂ ਅੱਛਰਾ ਸਿੰਘ ਭਲਵਾਨ ਨੇ ਮੁਲਾਕਾਤ ਕਰਦਿਆਂ ਮੂੰਹ ਮਿੱਠਾ ਕਰਵਾ ਕੇ ਮੁਬਾਰਕਬਾਦ ਦਿੱਤੀ ਹੈ।ਸਾਬਕਾ ਚੇਅਰਮੈਨ ਅੱਛਰਾ ਸਿੰਘ ਭਲਵਾਨ ਨੇ ਨਵ-ਨਿਯੁਕਤ ਯੂਥ ਪ੍ਰਧਾਨ ਸ਼ੁਭਮ ਸ਼ਰਮਾ ਦੇ ਗ੍ਰਹਿ ਵਿਖੇ ਪਹੁੰਚ ਕੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਤੇ ਬਾਰਕਬਾਦ ਦਿੱਤੀ।ਇਸ ਮੁਲਾਕਾਤ ਦੌਰਾਨ ਭਲਵਾਨ ਨੇ ਆਖਿਆ ਕਿ ਸ਼ੁਭਮ ਸ਼ਰਮਾ ਦੀ ਇਹ ਜਿੱਤ ਕੇਵਲ ਉਨ੍ਹਾਂ ਦੀ ਨਿੱਜੀ ਜਿੱਤ ਨਹੀਂ ਹੈ, ਸਗੋਂ ਸਮੁੱਚੇ ਪੰਜਾਬ ਦੇ ਨੌਜਵਾਨਾਂ ਦੀ ਆਵਾਜ਼ ਦੀ ਜਿੱਤ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਇੱਕ ਨੌਜਵਾਨ ਨੂੰ ਪੰਜਾਬ ਪੱਧਰ 'ਤੇ ਇੰਨੀ ਵੱਡੀ ਜ਼ਿੰਮੇਵਾਰੀ ਮਿਲਣਾ ਬੇਹੱਦ ਮਾਣ ਵਾਲੀ ਗੱਲ ਹੈ।ਗੱਲਬਾਤ ਕਰਦਿਆਂ ਸੀਨੀਅਰ ਆਗੂ ਅੱਛਰਾ ਸਿੰਘ ਭਲਵਾਨ ਨੇ ਕਿਹਾ ਕਿ ਸ਼ੁਭਮ ਸ਼ਰਮਾ ਲੰਬੇ ਸਮੇਂ ਤੋਂ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਸੇਵਾ ਕਰ ਰਹੇ ਹਨ ਤੇ ਪਾਰਟੀ ਹਿੱਤਾਂ ਲਈ ਚਟਾਨ ਵਾਂਗ ਖੜ੍ਹੇ ਰਹੇ ਹਨ। ਉਨ੍ਹਾਂ ਉਮੀਦ ਜਤਾਈ ਕਿ ਸ਼ੁਭਮ ਸ਼ਰਮਾ ਦੀ ਅਗਵਾਈ ਹੇਠ ਪੰਜਾਬ ਯੂਥ ਕਾਂਗਰਸ ਨਵੇਂ ਜੋਸ਼ ਤੇ ਨਵੀਂ ਦਿਸ਼ਾ ਵੱਲ ਕਦਮ ਵਧਾਏਗੀ, ਜਿਸ ਨਾਲ ਸੂਬੇ ਅੰਦਰ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਬੇਹੱਦ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਸ਼ੁਭਮ ਸ਼ਰਮਾ ਨੌਜਵਾਨਾਂ ਦੇ ਹੱਕਾਂ ਦੀ ਆਵਾਜ਼ ਨੂੰ ਬੁਲੰਦ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਇਸ ਮੌਕੇ ਪੰਜਾਬ ਯੂਥ ਕਾਂਗਰਸ ਦੇ ਨਵੇਂ ਪ੍ਰਧਾਨ ਸ਼ੁਭਮ ਸ਼ਰਮਾ ਨੇ ਸਾਬਕਾ ਚੇਅਰਮੈਨ ਅੱਛਰਾ ਸਿੰਘ ਭਲਵਾਨ ਤੇ ਆਏ ਹੋਏ ਹੋਰ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਦਿਨ-ਰਾਤ ਮਿਹਨਤ ਕਰਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ ਤੇ ਪੂਰੇ ਪੰਜਾਬ ਦੇ ਨੌਜਵਾਨਾਂ ਨੂੰ ਲਾਮਬੰਦ ਕਰਨਗੇ।

## ਬਾਬਾ ਫਰੀਦ 'ਵਰਸਿਟੀ ਵੱਲੋਂ ਖਰੀਦੇ ਵਾਹਨਾਂ ਨੂੰ ਵਾਈਸ ਚਾਂਸਲਰ ਨੇ ਦਿਖਾਈ ਹਰੀ ਝੰਡੀ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ (ਬੀਐੱਫਯੂਐੱਚਐੱਸ) ਫਰੀਦਕੋਟ ਨੇ ਆਪਣੀ ਪ੍ਰੀਖਿਆ ਪ੍ਰਬੰਧਨ ਪ੍ਰਣਾਲੀ ਨੂੰ ਹੋਰ ਵਧੇਰੇ ਸੁਰੱਖਿਅਤ ਤੇ ਮਜ਼ਬੂਤ ਬਣਾਉਂਦੇ ਹੋਏ ਇੱਕ ਅਹਿਮ ਕਦਮ ਚੁੱਕਿਆ ਹੈ।ਯੂਨੀਵਰਸਿਟੀ ਨੇ ਆਪਣੇ ਵਾਹਨ ਬੇੜੇ ਵਿੱਚ ਤਿੰਨ ਨਵੇਂ 'ਅਸ਼ੋਕ ਲੇਲੈਂਡ ਮਿਨੀ ਪਿਕ-ਅੱਪ ਟਰੱਕ' ਸ਼ਾਮਲ ਕੀਤੇ ਹਨ।ਇਹ ਵਾਹਨ ਖ਼ਾਸ ਤੌਰ 'ਤੇ ਪੰਜਾਬ ਭਰ ਵਿੱਚ ਕਰਵਾਈਆਂ ਜਾਣ ਵਾਲੀਆਂ ਅੰਡਰਗ੍ਰੈਜੂਏਟ, ਪੋਸਟਗ੍ਰੈਜੂਏਟ ਤੇ ਵੱਖ-ਵੱਖ ਭਰਤੀ ਪ੍ਰੀਖਿਆਵਾਂ ਦੀ ਸਮੱਗਰੀ ਨੂੰ ਸਮੇਂ ਸਿਰ ਤੇ ਪੂਰੀ ਸੁਰੱਖਿਆ ਨਾਲ ਪ੍ਰੀਖਿਆ ਕੇਂਦਰਾਂ ਤੱਕ ਪਹੁੰਚਾਉਣ ਲਈ ਖਰੀਦੇ ਗਏ ਹਨ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਇਨ੍ਹਾਂ ਨਵੇਂ ਪਿਕ-ਅੱਪ ਟਰੱਕਾਂ ਨੂੰ ਹਰੀ ਝੰਡੀ ਦਿਖਾ ਕੇ ਰਸਮੀ ਤੌਰ 'ਤੇ ਯੂਨੀਵਰਸਿਟੀ ਦੇ ਵਾਹਨ ਬੇੜੇ ਵਿੱਚ ਸ਼ਾਮਲ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਕਿਹਾ ਕਿ ਯੂਨੀਵਰਸਿਟੀ ਪ੍ਰੀਖਿਆ ਪ੍ਰਬੰਧਨ ਵਿੱਚ ਪਾਰਦਰਸ਼ਤਾ, ਕੁਸ਼ਲਤਾ ਤੇ ਉੱਤਮਤਾ ਨੂੰ ਯਕੀਨੀ ਬਣਾਉਣ ਲਈ ਆਪਣੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਅਪਗ੍ਰੇਡ ਕਰ ਰਹੀ ਹੈ।ਇਹ ਨਵੇਂ ਵਾਹਨ ਪੰਜਾਬ ਭਰ ਵਿੱਚ ਪ੍ਰੀਖਿਆਵਾਂ ਤੇ ਭਰਤੀ ਟੈਸਟਾਂ ਦੇ ਸਫਲ ਤੇ ਨਿਰਵਿਘਨ ਆਯੋਜਨ ਲਈ ਲੌਜਿਸਟਿਕ ਸੇਵਾਵਾਂ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨਗੇ।ਇਸ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ 'ਚ ਸ਼੍ਰੀ ਅਰਵਿੰਦ ਕੁਮਾਰ (ਰਜਿਸਟਰਾਰ), ਡਾ. ਰਾਜੀਵ ਜੋਸ਼ੀ (ਐਡੀਸ਼ਨਲ ਰਜਿਸਟਰਾਰ), ਸ਼੍ਰੀ ਸੌਦਾਗਰ ਸਿੰਘ (ਟੈਕਨੀਕਲ ਐਡਵਾਈਜ਼ਰ) ਯੂਨੀਵਰਸਿਟੀ ਦੇ ਟਰਾਂਸਪੋਰਟ ਵਿਭਾਗ ਦੇ ਸਮੂਹ ਕਰਮਚਾਰੀ ਹਾਜ਼ਰ ਸਨ।

## ਕਪੂਰ ਚੰਦ ਬਾਂਸਲ ਜਲਦ ਸ਼ਹਿਰ ਦੀ ਨੁਹਾਰ ਬਦਲ ਦੇਣਗੇ : ਰੱਖੜਾ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਕਪੂਰ ਚੰਦ ਬਾਂਸਲ ਦਾ ਤੀਜੀ ਵਾਰ ਨਗਰ ਕੌਂਸਲ ਦਾ ਸਰਬਸੰਮਤੀ ਨਾਲ ਪ੍ਰਧਾਨ ਚੁਣੇ ਜਾਣਾ ਸ਼ਹਿਰ ਦੇ ਲੋਕਾਂ ਵੱਲੋਂ ਪ੍ਰਗਟਾਏ ਵਿਸ਼ਵਾਸ ਤੇ ਪਿਆਰ ਦੀ ਮਿਸਾਲ ਹੈ। ਸ਼ਹਿਰ ਤੇ ਪੂਰਾ ਹਲਕਾ ਮੇਰਾ ਆਪਣਾ ਪਰਵਾਰ ਹੈ। ਸ਼ਹਿਰ ਦੇ ਨਵੇਂ ਚੁਣੇ ਪ੍ਰਧਾਨ ਕਪੂਰ ਚੰਦ ਬਾਂਸਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਅਸ਼ੀਰਵਾਦ ਨਾਲ ਜਲਦੀ ਹੀ ਸ਼ਹਿਰ ਦੀ ਨੁਹਾਰ ਬਦਲ ਦੇਣਗੇ। ਇਹ ਵਿਚਾਰ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਤੇ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਪ੍ਰਗਟ ਕੀਤੇ। ਇਸ ਸਮੇਂ ਕਪੂਰ ਚੰਦ ਬਾਂਸਲ ਸਮੇਤ ਨਵੇਂ ਚੁਣੇ ਕੌਂਸਲਰ ਵੀ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਚੋਣਾਂ ਵਿੱਚ ਕੀਤੇ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ, ਜਿਨ੍ਹਾਂ ਦਾ ਪੰਜਾਬ ਦੇ ਹਰ ਵਰਗ ਨੂੰ ਲਾਭ ਹੋ ਰਿਹਾ ਹੈ। ਕਿਸਾਨ ਹਰ ਪੱਖੋਂ ਖ਼ੁਸ਼ ਹਨ ਕਿ ਪੂਰੀ ਬਿਜਲੀ ਉਹ ਵੀ ਦਿਨ ਸਮੇਂ ਮਿਲ ਰਹੀ ਹੈ।ਨਹਿਰਾਂ ਵਿੱਚ ਪਾਣੀ ਸਹੀ ਢੰਗ ਨਾਲ ਪਹੁੰਚ ਰਿਹਾ ਹੈ। ਕਿਸਾਨਾਂ ਦੀ ਹਰ ਫ਼ਸਲ ਬਿਨਾਂ ਕਿਸੇ ਅੜਚਨ ਖਰੀਦ ਕੀਤੀ ਗਈ ਹੈ ਤੇ ਭੁਗਤਾਨ ਵੀ ਨਾਲੋ ਨਾਲ ਹੋਇਆ ਹੈ।

## ਯੁੱਧ ਨਸ਼ੇ ਵਿਰੁੱਧ ਮੁਹਿੰਮ ਦੇ ਨਿਕਲ ਰਹੇ ਨੇ ਸਾਰਥਿਕ ਨਤੀਜੇ : ਮੁੰਡੀਆਂ

### ■ ਪੰਜਾਬ ਸਰਕਾਰ ਵੱਲੋਂ ਵਿੱਢੀ ਨਸ਼ਾ ਵਿਰੋਧੀ ਮੁਹਿੰਮ ਦੀ ਪ੍ਰਗਤੀ ਦਾ ਲਿਆ ਜਾਇਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ੇ ਦੇ ਕੋਹੜ ਨੂੰ ਖ਼ਤਮ ਕਰਨ ਲਈ ਸ਼ੁਰੂ ਕੀਤੇ ਗਏ ਯੁੱਧ ਨਸ਼ੇ ਵਿਰੁੱਧ ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆਏ ਹਨ, ਜਿਸ ਨੂੰ ਹੋਰ ਅਸਰਦਾਰ ਢੰਗ ਨਾਲ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਯਤਨ ਕੀਤੇ ਜਾਣਗੇ।ਮੋਗਾ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ੇ ਦੇ ਖਾਤਮੇ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਲੋਕ ਸਹਿਯੋਗ ਕਰਨ ਤਾਂ ਜੋ ਇਸ ਮੁਹਿੰਮ ਨੂੰ ਲੋਕ ਲਹਿਰ ਬਣਾ ਕੇ ਸਮਾਜ ਨੂੰ ਨਸ਼ਾ ਮੁਕਤ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ੇ ਦੀ ਸਪਲਾਈ ਤੋੜਨ ਦੇ ਨਾਲ ਨਾਲ ਨਸ਼ਾ ਤਸਕਰਾਂ ਵੱਲੋਂ ਕਾਲੀ ਕਮਾਈ ਨਾਲ ਬਣਾਈਆਂ ਜਾਇਦਾਦਾਂ ਨੂੰ ਜ਼ਬਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਨਸ਼ਾ ਪੀੜਤਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਲਈ ਵਡੇਰੇ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਉਹ ਵੀ ਆਮ ਵਾਂਗ ਜੀਵਨ ਬਤੀਤ ਕਰ ਸਕਣ।ਉਨ੍ਹਾਂ ਕਿਹਾ ਕਿ ਨਸ਼ਾ ਛੁਡਾਊ ਕੇਂਦਰਾਂ ਵਿੱਚ ਪੀੜਤਾਂ ਦੇ ਇਲਾਜ ਵੱਲ ਹੋਰ ਧਿਆਨ ਦਿੱਤਾ ਜਾਵੇ।ਜ਼ਿਕਰਯੋਗ ਹੈ ਕਿ 2000 ਤੋਂ ਵੱਧ ਪੀੜਤਾਂ ਨੂੰ ਇਲਾਜ ਤੋਂ ਬਾਅਦ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਂਦਾ ਗਿਆ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਪੁਲਸ ਅਧਿਕਾਰੀ ਲਗਾਤਾਰ ਮੀਟਿੰਗਾਂ ਕਰਨ ਤਾਂ ਜੋ ਬਿਹਤਰ ਨਤੀਜੇ ਸਾਹਮਣੇ ਆ ਸਕਣ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਤੇ ਸਮਾਜਿਕ ਗਣਨਾ ਕੀਤੀ ਜਾ ਰਹੀ ਹੈ ਤਾਂ ਜੋ ਨਸ਼ਾ ਪੀੜਤਾਂ ਦੀ ਅਸਲ ਗਿਣਤੀ ਪਤਾ ਲਗਾ ਕੇ ਪੀੜਤਾਂ ਦੇ ਇਲਾਜ ਨੂੰ ਹੋਰ ਅਸਰਦਾਰ ਢੰਗ ਨਾਲ ਕੀਤਾ ਜਾ ਸਕੇ।ਇਸ ਮੌਕੇ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਤੇ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਪੰਜਾਬ ਸਰਕਾਰ ਦੀ ਇਸ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਨੂੰ ਹੋਰ ਸਖ਼ਤ ਕੀਤਾ ਜਾਵੇ।ਇਸ ਮੌਕੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਾ ਛੁਡਾਊ ਕੇਂਦਰਾਂ ਵਿਖੇ ਪੀੜਤਾਂ ਦੇ ਇਲਾਜ ਨੂੰ ਪਹਿਲ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਉਣ ਲਈ ਸੈਮੀਨਾਰ ਕਰਵਾਏ ਜਾ ਰਹੇ ਹਨ।

ਇਸ ਤੋਂ ਇਲਾਵਾ ਪੰਚਾਇਤਾਂ, ਕੌਂਸਲਰਾਂ ਨੂੰ ਇਸ ਮੁਹਿੰਮ ਵਿੱਚ ਭਾਗੀਦਾਰੀ ਬਣਾਇਆ ਜਾ ਰਿਹਾ ਹੈ।ਐੱਸ ਐੱਸ ਪੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਚਾਲੂ ਸਾਲ ਵਿੱਚ ਮੋਗਾ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਵਿਰੁੱਧ 777 ਕੇਸ ਦਰਜ ਕੀਤੇ ਹਨ ਤੇ 900 ਤੋਂ ਵੱਧ ਨਸ਼ਾ ਤਸਕਰਾਂ ਨੂੰ ਜੇਲ੍ਹ ਭੇਜਿਆ ਗਿਆ ਹੈ।ਨਸ਼ੇ ਦੇ ਕਾਰੋਬਾਰ ਨਾਲ ਬਣਾਈ ਗਈ 9 ਕਰੋੜ ਰੁਪਏ ਤੋਂ ਵੱਧ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਯਕੀਨ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਾ ਮੁਕਤ ਸਮਾਜ ਲਈ ਹੋਰ ਅਸਰਦਾਰ ਢੰਗ ਨਾਲ ਕੰਮ ਕੀਤਾ ਜਾਵੇਗਾ।ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਕੋਆਰਡੀਨੇਟਰ, ਵਧੀਕ ਡਿਪਟੀ ਕਮਿਸ਼ਨਰ ਜਸਪਿੰਦਰ ਸਿੰਘ, ਐੱਸ ਡੀ ਐੱਮਜ਼, ਡੀ ਐੱਸ ਪੀਜ਼ ਤੇ ਹੋਰ ਹਾਜ਼ਰ ਸਨ।

## ਠੰਢੇ ਮਿੱਠੇ ਜਲ ਦੀ ਛਬੀਲ ਲਾਈ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਨਿਰਜਲਾ ਇਕਾਦਸੀ ਦੇ ਪਾਵਨ ਮੌਕ ਸ੍ਰੀ ਬਾਲਾ ਜੀ ਮੰਦਰ ਵੱਲੋਂ ਨਿਹਾਲ ਸਿੰਘ ਵਾਲਾ ਵਿਖੇ ਹੇਮਰਾਜ ਰਜਿੰਦਰ ਕੁਮਾਰ ਮੱਝੂਕੇ ਵਾਲਿਆਂ ਦੀ ਦੁਕਾਨ 'ਤੇ ਠੰਡੇ ਮਿੱਠੇ ਜਲ ਦੀ ਛਬੀਲ ਲਾਈ ਗਈ।ਰਾਹਗੀਰਾਂ ਤੇ ਇਲਾਕਾ ਨਿਵਾਸੀਆਂ ਨੂੰ ਠੰਡਾ ਮਿੱਠਾ ਜਲ ਵੰਡਿਆ ਗਿਆ।ਛਬੀਲ ਦੌਰਾਨ ਸਮੂਹ ਭਗਤਾਂ ਨੇ ਸੇਵਾ ਭਾਵਨਾ ਨਾਲ ਹਿੱਸਾ ਲਿਆ ਤੇ ਧਾਰਮਿਕ ਉਤਸ਼ਾਹ ਨਾਲ ਸੇਵਾ ਨਿਭਾਈ।ਹਾਜ਼ਰ ਸੰਗਤ ਨੇ ਨਿਰਜਲਾ ਇਕਾਦਸੀ ਦੇ ਮਹੱਤਵ ਬਾਰੇ ਵੀ ਚਰਚਾ ਕੀਤੀ ਅਤੇ ਸਮਾਜ ਵਿੱਚ ਮਨੁੱਖਤਾ, ਸੇਵਾ ਤੇ ਭਾਈਚਾਰੇ ਦਾ ਸੰਦੇਸ਼ ਦਿੱਤਾ।ਸੇਵਾਦਾਰਾਂ ਨੇ ਕਿਹਾ ਕਿ ਅਜਿਹੇ ਉਪਰਾਲੇ ਲੋਕਾਂ ਵਿੱਚ ਆਪਸੀ ਪਿਆਰ ਤੇ ਸਾਂਝ ਨੂੰ ਮਜ਼ਬੂਤ ਕਰਦੇ ਹਨ।ਸਮਾਗਮ ਦੌਰਾਨ ਸਮੂਹ ਭਗਤਜਨ ਹਾਜ਼ਰ ਰਹੇ।

## ਪੀ ਏ ਯੂ-ਕੇ ਵੀ ਕੇ ਵੱਲੋਂ ਨਾਬਾਰਡ ਦੇ ਸਹਿਯੋਗ ਨਾਲ ਐੱਫ਼ ਪੀ ਓਜ਼ ਲਈ ਵਿਸ਼ੇਸ਼ ਸਿਖਲਾਈ ਕੈਂਪ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਐਸੋਸੀਏਟ ਡਾਇਰੈਕਟਰ ਡਾ. ਕਰਮਜੀਤ ਸ਼ਰਮਾ ਦੀ ਅਗਵਾਈ ਹੇਠ ਨਾਬਾਰਡ ਦੇ ਸਹਿਯੋਗ ਨਾਲ 'ਖੇਤ ਬਚਾਓ ਅਭਿਆਨ' ਤਹਿਤ ਪਿੰਡ ਆਸਾ ਬੁੱਟਰ ਵਿੱਚ ਕਿਸਾਨ ਉਤਪਾਦਕ ਸੰਗਠਨਾਂ (ਐੱਫ਼.ਪੀ.ਓਜ਼.) ਲਈ ਇੱਕ ਵਿਸ਼ੇਸ਼ ਸਿਖਲਾਈ ਤੇ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਡਾ. ਮਨਜੀਤ ਕੌਰ, ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਤ ਵਰਤੋਂ ਲਈ ਮਿੱਟੀ ਅਤੇ ਪਾਣੀ ਦੀ ਪਰਖ ਕਰਾਉਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਸਾਲ ਦਰ ਸਾਲ ਇੱਕੋ ਫਸਲ ਉਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਜਾਂਦੀ ਹੈ, ਇਸ ਲਈ ਮਿੱਟੀ ਦੀ ਜਾਂਚ ਬਹੁਤ ਜ਼ਰੂਰੀ ਹੈ।ਇਸ ਤੋਂ ਇਲਾਵਾ ਉਹਨਾਂ ਨੇ ਜੈਵਿਕ ਖਾਦਾਂ ਦੀ ਵਰਤੋਂ ਨਾਲ ਮਿੱਟੀ ਦੀ ਸਿਹਤ ਸੁਧਾਰ ਬਾਰੇ ਵੀ ਕਿਸਾਨਾਂ ਨਾਲ ਗੱਲਬਾਤ ਕੀਤੀ।ਐੱਸ.ਬੀ.ਆਈ. ਤੋਂ ਅਵਤਾਰ ਸਿੰਘ ਜੱਗਾ ਐੱਲ.ਡੀ.ਐੱਮ. ਨੇ ਕਿਸਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਆਧੁਨਿਕ ਖੇਤੀ ਵਿੱਚ ਨਵੇਂ ਰਾਹ ਲੱਭਣ ਲਈ ਕਿਸਾਨਾਂ ਨੂੰ ਲਗਾਤਾਰ ਕੇ.ਵੀ.ਕੇ. ਦੇ ਮਾਹਿਰਾਂ ਨਾਲ ਸੰਪਰਕ ਵਿੱਚ ਰਹਿਣਾ ਚਾਹੀਦਾ ਹੈ।ਨਾਬਾਰਡ ਦੇ ਡੀ.ਡੀ.ਐੱਮ. ਸੁਰੇਸ਼ ਕੁਮਾਰ ਨੇ ਨਾਬਾਰਡ ਵੱਲੋਂ ਕਿਸਾਨਾਂ ਲਈ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਗੱਲਬਾਤ ਕੀਤੀ ਤੇ ਕਿਸਾਨਾਂ ਨੂੰ ਇਹਨਾਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦੇ ਅਖੀਰ ਵਿੱਚ ਉਨ੍ਹਾਂ ਨੇ ਕੇ.ਵੀ.ਕੇ. ਟੀਮ, ਐੱਸ.ਬੀ.ਆਈ. ਦੇ ਅਧਿਕਾਰੀਆਂ, ਵੱਖ-ਵੱਖ ਐੱਫ.ਪੀ.ਓਜ਼ ਤੋਂ ਪਹੁੰਚੇ ਪ੍ਰਤੀਨਿਧੀਆਂ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ।ਪ੍ਰੋਗਰਾਮ ਦੌਰਾਨ ਕਿਸਾਨਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਖੇਤ ਪੱਧਰੀ ਸਮੱਸਿਆਵਾਂ ਸਬੰਧੀ ਆਪਣੇ ਸਵਾਲ ਵਿਗਿਆਨੀਆਂ ਸਾਹਮਣੇ ਰੱਖੇ, ਜਿਨ੍ਹਾਂ ਦੇ ਸੰਤੁਸ਼ਟੀਜਨਕ ਜਵਾਬ ਦਿੱਤੇ ਗਏ।

# ਖਾਲਸਾ 'ਵਰਸਿਟੀ ਨੇ ਲਾਅ ਕੋਰਸਾਂ ਲਈ ਦਾਖਲਾ ਟੈੱਸਟ ਕਰਵਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ )–ਖਾਲਸਾ ਯੂਨੀਵਰਸਿਟੀ ਅਧੀਨ ਸਕੂਲ ਆਫ਼ ਲਾਅ ਵੱਲੋਂ ਅਕਾਦਮਿਕ ਸੈਸ਼ਨ 2026-27 ਲਈ ਬੀ. ਏ. ਐੱਲ. ਐੱਲ. ਬੀ. (ਪੰਜ ਸਾਲਾ) ਅਤੇ ਬੀ. ਕਾਮ. ਐੱਲ. ਐੱਲ. ਬੀ. (ਪੰਜ ਸਾਲਾ) ਇੰਟੀਗ੍ਰੇਟਿਡ ਕੋਰਸਾਂ 'ਚ ਦਾਖਲੇ ਲਈ ਐਂਟਰੈਂਸ ਟੈਸਟ ਕਰਵਾਇਆ ਗਿਆ। 'ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਇਸ ਟੈਸਟ 'ਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਸਮੇਤ ਹੋਰਨਾਂ ਰਾਜਾਂ ਤੋਂ ਵੀ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਡਾ. ਮਹਿਲ ਸਿੰਘ ਨੇ ਫ਼ੈਕਲਟੀ ਆਫ਼ ਲੀਗਲ ਸਾਇੰਸਿਸ ਡੀਨ ਪ੍ਰੋ: (ਡਾ.) ਜਸਪਾਲ ਸਿੰਘ ਦੀ ਦੇਖ-ਰੇਖ ਹੇਠ ਉਕਤ ਕੋਰਸਾਂ ਸਬੰਧੀ ਕਰਵਾਏ ਗਏ ਐਂਟਰੈਂਸ ਟੈਸਟ ਦੀ ਸਫ਼ਲਤਾ 'ਤੇ ਸੰਤੁਸ਼ਟੀ ਜ਼ਾਹਰ ਕਰਦਿਆਂ ਕਿਹਾ ਕਿ ਅਜੋਕੇ ਸਮੇਂ 'ਚ ਕਾਨੂੰਨ ਦੀ ਪੜ੍ਹਾਈ ਸਿਰਫ਼ ਵਕਾਲਤ ਤੱਕ ਸੀਮਿਤ ਨਹੀਂ ਰਹੀ, ਸਗੋਂ ਇਹ ਪ੍ਰਸ਼ਾਸਨ, ਨਿਆਂ ਪ੍ਰਣਾਲੀ, ਕਾਰਪੋਰੇਟ ਖੇਤਰ ਅਤੇ ਸਮਾਜਿਕ ਵਿਕਾਸ ਨਾਲ ਵੀ ਸਿੱਧੇ ਤੌਰ 'ਤੇ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ 'ਵਰਸਿਟੀ ਦਾ ਸਕੂਲ ਆਫ ਲਾਅ ਵਿਦਿਆਰਥੀਆਂ ਨੂੰ ਉੱਚ ਪੱਧਰੀ ਅਕਾਦਮਿਕ ਗਿਆਨ ਦੇ ਨਾਲ-ਨਾਲ ਵਿਹਾਰਕ ਤਜਰਬਾ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਵੀ ਜੋੜਦਾ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦਾ ਉਦੇਸ਼ ਅਜਿਹੇ ਕਾਨੂੰਨਦਾਨ ਤਿਆਰ ਕਰਨਾ ਹੈ ਜੋ ਨਾ ਸਿਰਫ਼ ਆਪਣੇ ਪੇਸ਼ੇ 'ਚ ਕਾਮਯਾਬ ਹੋਣ, ਸਗੋਂ ਸਮਾਜ 'ਚ ਇਨਸਾਫ਼, ਬਰਾਬਰੀ ਅਤੇ ਮਨੁੱਖੀ ਅਧਿਕਾਰਾਂ ਦੀ ਸਥਾਪਨਾ ਲਈ ਵੀ ਯੋਗਦਾਨ ਪਾਉਣ। ਇਸ ਮੌਕੇ ਡਾ. ਜਸਪਾਲ ਸਿੰਘ ਨੇ ਕਿਹਾ ਕਿ ਖਾਲਸਾ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਕਾਨੂੰਨੀ ਸਿੱਖਿਆ ਦੇ ਖੇਤਰ ਵਿੱਚ ਉੱਚ ਪੱਧਰੀ ਅਕਾਦਮਿਕ ਮਾਹੌਲ ਅਤੇ ਵਿਹਾਰਕ ਸਿਖਲਾਈ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਉਕਤ ਇੰਟੀਗ੍ਰੇਟਿਡ ਕੋਰਸ ਵਿਦਿਆਰਥੀਆਂ ਨੂੰ ਕਾਨੂੰਨ ਦੇ ਨਾਲ-ਨਾਲ ਸਮਾਜਿਕ ਵਿਗਿਆਨ ਅਤੇ ਵਪਾਰਕ ਸਿੱਖਿਆ ਦਾ ਵਿਸਤ੍ਰਿਤ ਗਿਆਨ ਪ੍ਰਦਾਨ ਕਰਦੇ ਹਨ, ਜਿਸ ਨਾਲ ਉਨ੍ਹਾਂ ਦੇ ਰੁਜ਼ਗਾਰ ਅਤੇ ਪੇਸ਼ੇਵਰ ਮੌਕੇ ਹੋਰ ਵੱਧਦੇ ਹਨ। ਉਨ੍ਹਾਂ ਕਿਹਾ ਕਿ ਸਕੂਲ ਆਫ ਲਾਅ ਤਜਰਬੇਕਾਰ ਫੈਕਲਟੀ, ਆਧੁਨਿਕ ਲਾਇਬ੍ਰੇਰੀ, ਮੂਟ ਕੋਰਟ, ਕਾਨੂੰਨੀ ਸਹਾਇਤਾ ਕਲੀਨਿਕ ਅਤੇ ਖੋਜ-ਅਧਾਰਿਤ ਸਿੱਖਿਆ ਰਾਹੀਂ ਵਿਦਿਆਰਥੀਆਂ ਨੂੰ ਕਾਨੂੰਨੀ ਖੇਤਰ ਦੀਆਂ ਚੁਣੌਤੀਆਂ ਲਈ ਤਿਆਰ ਕਰਦਾ ਹੈ। ਉਨ੍ਹਾਂ ਕਿਹਾ ਕਿ ਉਪਰੋਕਤ ਕਰਵਾਏ ਗਏ ਇਸ ਪ੍ਰਵੇਸ਼ ਟੈਸਟ ਦੌਰਾਨ ਵਿਦਿਆਰਥੀਆਂ ਲਈ ਸੁਚੱਜੇ ਅਤੇ ਪਾਰਦਰਸ਼ੀ ਪ੍ਰਬੰਧ ਕੀਤੇ ਗਏ ਸਨ। ਡਾ. ਜਸਪਾਲ ਸਿੰਘ ਨੇ ਕਿਹਾ ਕਿ ਦਾਖਲੇ ਵਾਸਤੇ 350 ਵਿਦਿਆਰਥੀ ਹਾਜ਼ਰ ਹੋਏ। ਉਨ੍ਹਾਂ ਕਿਹਾ ਕਿ ਇਸ ਟੈਸਟ ਦਾ ਨਤੀਜਾ 29 ਜੂਨ ਨੂੰ ਐਲਾਨਿਆ ਜਾਵੇਗਾ ਅਤੇ ਮੈਰਿਟ ਅਤੇ ਪੰਜਾਬ ਸਰਕਾਰ ਦੀ ਰਿਜ਼ਰਵੇਸ਼ਨ ਪਾਲਿਸੀ ਅਨੁਸਾਰ ਵਿਦਿਆਰਥੀ ਦਾਖਲ ਕੀਤੇ ਜਾਣਗੇ। ਦਾਖਲੇ ਲਈ ਕਾਉਂਸਲਿੰਗ ਮੈਰਿਟ ਅਨੁਸਾਰ 30 ਜੂਨ ਤੋਂ ਖਾਲਸਾ ਯੂਨੀਵਰਸਿਟੀ ਦੀ ਵੈਬਸਾਇਟ 'ਤੇ ਪ੍ਰਕਾਸ਼ਿਤ ਹੋਣ ਵਾਲੇ ਵੇਰਵੇ ਅਨੁਸਾਰ ਕਰਵਾਈ ਜਾਵੇਗੀ।

## ਮੁੱਖ ਮੰਤਰੀ ਵੱਲੋਂ ਸਰਪੰਚਾਂ ਲਈ 10,000 ਰੁਪਏ ਮਾਸਿਕ ਮਾਣਭੱਤੇ ਦਾ ਐਲਾਨ ਸ਼ਲਾਘਯੋਗ ਫੈਸਲਾ : ਸ਼ੈਰੀ ਕਲਸੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੀਆਂ ਪੰਚਾਇਤਾਂ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਪਿੰਡਾਂ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਦੇਣ ਲਈ ਵੱਡਾ ਐਲਾਨ ਕੀਤਾ ਹੈ ਅਤੇ 15 ਅਗਸਤ ਤੋਂ ਪੰਜਾਬ ਦੇ ਸਾਰੇ ਸਰਪੰਚਾਂ ਨੂੰ 10,000 ਰੁਪਏ ਪ੍ਰਤੀ ਮਹੀਨਾ ਮਾਣਭੱਤਾ ਦਿੱਤਾ ਜਾਵੇਗਾ।ਮੁੱਖ ਮੰਤਰੀ ਮਾਨ ਦੇ ਇਸ ਵਿਸ਼ੇਸ਼ ਉਪਰਾਲੇ ਦੀ ਸ਼ਲਾਘਾ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੌਜੂਦਾ ਸਮੇਂ ਮਿਲ ਰਹੇ 2,000 ਰੁਪਏ ਮਾਣਭੱਤੇ ਵਿਚ ਪੰਜ ਗੁਣਾ ਵਾਧਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸਰਪੰਚ ਪਿੰਡਾਂ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਦਿਨ-ਰਾਤ ਕੰਮ ਕਰਦੇ ਹਨ, ਇਸ ਲਈ ਉਹ ਅਣਮੁੱਲੇ ਮਾਣ-ਸਤਿਕਾਰ ਦੇ ਹੱਕਦਾਰ ਹਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਚਾਇਤਾਂ ਨੂੰ ਲੋਕਤੰਤਰ ਦੀ ਨੀਂਹ ਵਜੋਂ ਜਾਣਿਆ ਜਾਂਦਾ ਹੈ, ਕਿਉਂਕਿ ਉਨ੍ਹਾਂ ਕੋਲ ਅਥਾਹ ਤਾਕਤ ਹੁੰਦੀ ਹੈ, ਉਨ੍ਹਾਂ ਦੇ ਫ਼ੈਸਲਿਆਂ ਦਾ ਪੂਰੇ ਪਿੰਡ ਵਲੋਂ ਪਾਲਣ ਕੀਤਾ ਜਾਂਦਾ ਹੈ। ਇਸ ਕਰਕੇ ਪਿੰਡ ਵਾਸੀਆਂ ਦੇ ਹਿਤਾਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਦੀਆਂ ਉਮੀਦਾਂ ਨੂੰ ਪੂਰਾ ਕਰਨਾ ਸਰਪੰਚਾਂ ਦਾ ਮੁਢਲਾ ਫ਼ਰਜ਼ ਹੈ।ਉਨ੍ਹਾਂ ਹਲਕੇ ਦੇ ਸਰਪੰਚਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪਿੰਡਾਂ ਵਿੱਚ ਚਹੁਮੁਖੀ ਵਿਕਾਸ ਕਾਰਜਾਂ ਲਈ ਹੋਰ ਮਿਹਨਤ ਕਰਨ ਤਾਂ ਜੋ ਲੋਕਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਫ਼ੰਡਾਂ ਦੀ ਵਰਤੋਂ ਪੂਰੀ ਪਾਰਦਰਸ਼ਤਾ ਨਾਲ ਕਰਨ ਤਾਂ ਜੋ ਟੈਕਸ ਦਾਤਾਵਾਂ ਦੇ ਇਕ-ਇਕ ਪੈਸੇ ਦੀ ਸਹੀ ਵਰਤੋਂ ਹੋ ਸਕੇ।ਵਿਧਾਇਕ ਸ਼ੈਰੀ ਕਲਸੀ ਨੇ ਸਰਪੰਚਾਂ ਨੂੰ ਨਸ਼ਾ ਮੁਕਤੀ ਮੁਹਿੰਮ ਵਿਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਮਾਰ ਤੋਂ ਬਚਾਉਣ ਲਈ ਪਿੰਡ ਪੱਧਰ 'ਤੇ ਹੋਰ ਯਤਨ ਤੇਜ਼ ਕਰਨ ਦੀ ਲੋੜ ਹੈ। ਇਸ ਲਈ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸਮਾਜਿਕ ਬੁਰਾਈ ਨਸ਼ੇ ਨੂੰ ਖਤਮ ਕਰਨ ਲਈ ਰਲ ਕੇ ਹੰਭਲੇ ਮਾਰੇ ਜਾਣ।

# ਵਿਧਾਇਕ ਰੰਧਾਵਾ ਵੱਲੋਂ ਘਣੀਕੇ ਬੇਟ ਵਿਖੇ ਲੋਕ ਮਿਲਣੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)–ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਸਰਹੱਦੀ ਪਿੰਡ ਘਣੀਕੇ ਬੇਟ ਵਿਖੇ ਲੋਕ ਮਿਲਣੀ ਕਰਕੇ ਪਿੰਡ ਵਿੱਚ ਚਹੁਪੱਖੀ ਵਿਕਾਸ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਵਿਧਾਇਕ ਰੰਧਾਵਾ ਵਲੋਂ ਗੁਰਦੇਵ ਸਿੰਘ ਦੇ ਯਤਨਾਂ ਸਦਕਾ ਹੋਈ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੇ ਲੋਕ ਭਲਾਈ ਕੰਮਾਂ ਅਤੇ ਵਿਕਾਸ ਨੀਤੀਆਂ ਬਾਰੇ ਚਰਚਾ ਕੀਤੀ ਗਈ। ਇਸ ਮੌਕੇ ਪਿੰਡ ਵਾਸੀਆਂ ਨੇ ਸਰਕਾਰ ਦੇ ਕੰਮਾਂ ਪ੍ਰਤੀ ਸੰਤੁਸ਼ਟੀ ਜਤਾਉਂਦਿਆਂ ਭਰਪੂਰ ਸਮਰਥਨ ਤੇ ਪਿਆਰ ਦਿੱਤਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਲੋਕ ਹਿੱਤ ਵਿੱਚ ਰਿਕਾਰਡ ਵਿਕਾਸ ਕੰਮ ਕੀਤੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਪੰਜਾਬ ਨੇ ਪਾਣੀ ਪ੍ਰਬੰਧਨ ਵਿੱਚ ਇੱਕ ਵੱਡਾ ਮੀਲ ਪੱਥਰ ਪ੍ਰਾਪਤ ਕੀਤਾ ਹੈ। ਇਸ ਸਾਲ, ਪੰਜਾਬ ਨੇ ਇੱਕ ਸੁਧਰੀ ਸਿੰਚਾਈ ਪ੍ਰਣਾਲੀ ਰਾਹੀਂ 96 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ, ਜਿਸ ਨਾਲ ਰਾਜ ਭਰ ਦੇ ਕਿਸਾਨਾਂ ਨੂੰ ਲਾਭ ਹੋਇਆ। ਪਹਿਲਾਂ ਇਹ ਪਾਣੀ ਬਰਬਾਦ ਹੁੰਦਾ ਸੀ। ਸਾਡੀ ਸਰਕਾਰ ਨੇ ਕਿਸਾਨਾਂ ਦੀਆਂ ਸਿੰਚਾਈ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਲਗਭਗ 14,000 ਕਿਲੋਮੀਟਰ ਪਾਈਪਾਂ ਅਤੇ ਖਾਲੇ ਬਣਾਏ ਹਨ ਅਤੇ ਇਨ੍ਹਾਂ ਰਾਹੀਂ 21,000 ਕਿਊਸਿਕ ਪਾਣੀ ਛੱਡਿਆ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਹੁਣ ਦਿਨ ਵੇਲੇ ਬਿਜਲੀ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਔਰਤਾਂ ਨੂੰ ਸਿੱਧੀ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ। ਉਨ੍ਹਾਂ ਕਿਹਾ ਕਿ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦੋਂ ਕਿ ਅਨੁਸੂਚਿਤ ਜਾਤੀ ਪਰਵਾਰਾਂ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਮਿਲਣਗੇ। ਇਸ ਯੋਜਨਾ ਕਾਰਨ ਔਰਤਾਂ ਦੇ ਚਿਹਰਿਆਂ 'ਤੇ ਮੁਸਕਰਾਹਟ ਮੈਨੂੰ ਬਹੁਤ ਸੰਤੁਸ਼ਟੀ ਦਿੰਦੀ ਹੈ। ਸਿਹਤ ਸੰਭਾਲ ਸੁਧਾਰਾਂ ਬਾਰੇ ਉਨ੍ਹਾਂ ਦੱਸਿਆ ਕਿ 'ਆਪ' ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਹੈ, ਜੋ ਕਿ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਪਹਿਲ ਹੈ। ਉਨ੍ਹਾਂ ਅੱਗੇ ਕਿਹਾ, ਪੰਜਾਬ ਦਾ ਹਰ ਪਰਵਾਰ ਹੁਣ ਸਾਲਾਨਾ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਡਾਕਟਰੀ ਇਲਾਜ ਦਾ ਹੱਕਦਾਰ ਹੈ। ਇਸ ਨਾਲ ਪਰਵਾਰਾਂ 'ਤੇ ਵਿੱਤੀ ਬੋਝ ਕਾਫੀ ਘਟ ਗਿਆ ਹੈ।

## ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਤਹਿਤ ਮਹਿਲਾਵਾਂ ਦੇ ਭਰੇ ਫਾਰਮ



ਚਾਵਿੰਡਾ ਦੇਵੀ (ਖੁਸ਼ਹਾਲ ਸੁੰਦਰ)–ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਜੋ ਸੂਬੇ ਦੇ ਲੋਕਾਂ ਨਾਲ ਵਾਅਦੇ ਕੀਤੇ ਸਨ ਉਹਨਾਂ ਨੂੰ ਮਾਨ ਸਰਕਾਰ ਨੇ ਪੂਰਾ ਕਰਕੇ ਦਿਖਾਇਆ ਹੈ ਅਤੇ ਹਲਕਾ ਮਜੀਠਾ ਵਿੱਚ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਤਹਿਤ ਜਰਨਲ ਜਾਤੀ ਦੀਆਂ ਮਹਿਲਾਵਾਂ ਨੂੰ 1000 ਰੁਪਏ ਅਤੇ ਐਸ.ਸੀ ਜਾਤੀ ਦੀਆਂ ਮਹਿਲਾਵਾਂ ਨੂੰ 1500 ਰੁਪਏ ਦੇਣ ਦੇ ਲਈ ਮਹਿਲਾਵਾਂ ਦੇ ਫਾਰਮ ਭਰੇ ਜਾ ਰਹੇ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਮਜੀਠਾ ਦੇ ਕਬੱਡੀਨੇਟਰ, ਪਿੰਡ ਪੁਰਾਣਾ ਤਨੇਲ ਦੇ ਸਰਪੰਚ ਸਰਦਾਰ ਮਨਦੀਪ ਸਿੰਘ ਨੇ ਦੱਸਿਆ ਕਿ ਹਲਕਾ ਇੰਚਾਰਜ ਤਲਬੀਰ ਸਿੰਘ ਦੀ ਅਗਵਾਈ ਹੇਠ ਪਿੰਡ -ਪਿੰਡ ਕੈਂਪ ਲਗਾਏ ਜਾ ਰਹੇ ਹਨ ਤਾਂ ਕਿ ਕੋਈ ਵੀ ਮਹਿਲਾ ਇਸ ਸਕੀਮ ਦਾ ਲਾਭ ਪ੍ਰਾਪਤ ਕਰਨ ਤੋਂ ਵਾਂਝੀ ਨਾ ਰਹਿ ਜਾਵੇ। ਉਹਨਾਂ ਦੱਸਿਆ ਕਿ ਜੁਲਾਈ ਮਹੀਨੇ ਦੀ ਸ਼ੁਰੂਆਤ ਤੋਂ ਹੀ ਮਾਨ ਸਰਕਾਰ ਦੁਆਰਾ ਮਹਿਲਾਵਾਂ ਦੇ ਖਾਤਿਆਂ ਵਿੱਚ ਤਿੰਨ ਮਹੀਨਿਆਂ ਦੇ ਪੈਸੇ ਆ ਜਾਣਗੇ। ਇਸ ਮੌਕੇ ਪੁਰਾਣਾ ਤਨੇਲ ਦੇ ਸਰਪੰਸ, ਆਸ਼ਾ ਵਰਕਰ ਅਤੇ ਪਿੰਡ ਦੀਆਂ ਮਹਿਲਾਵਾਂ ਮੌਜੂਦ ਸਨ ।

## 'ਵੇਦਾਂ ਤੇ ਸ਼ਾਸਤਰਾਂ ਦੀਆਂ ਕਹਾਣੀਆਂ ਦਾ ਸਾਰ ਹੈ ਸ਼੍ਰੀਮਦ ਭਾਗਵਤ ਕਥਾ'



ਛੇਹਰਟਾ (ਮਨੋਜ ਕੁਮਾਰ) – ਸੁੰਦਰ ਨਗਰ ਦੇ ਅਮਰ ਗਿਆਨ ਪਰਮਧਾਮ ਆਸ਼ਰਮ ਵਿਖੇ ਮਾਤਾ ਪ੍ਰੇਮ ਭੈਣ ਜੀ ਦੀ ਪ੍ਰਧਾਨਗੀ ਹੇਠ ਆਚਾਰੀਆ ਮਹਾਮੰਡਲੇਸ਼ਵਰ ਯੁੱਗਪੁਰਸ਼ ਸਵਾਮੀ ਪਰਮਾਨੰਦ ਗਿਰੀ ਮਹਾਰਾਜ ਦੇ ਆਸ਼ੀਰਵਾਦ ਨਾਲ ਸਵਾਮੀ ਡਾਕਟਰ ਅਨੰਤਾਨੰਦ ਗਿਰੀ ਮਹਾਰਾਜ ਵੱਲੋਂ ਸ਼੍ਰੀਮਦ ਭਾਗਵਤ ਕਥਾ ਸਪਤਾਹ ਗਿਆਨ ਯੱਗ ਕਰਵਾਇਆ ਜਾ ਰਿਹਾ ਹੈ। ਡਾਕਟਰ ਅਨੰਤਾਨੰਦ ਗਿਰੀ ਮਹਾਰਾਜ ਨੇ ਕਿਹਾ ਕਿ ਸ਼੍ਰੀਮਦ ਭਾਗਵਤ ਕਥਾ ਵੇਦਾਂ ਤੇ ਸ਼ਾਸਤਰਾਂ ਦੀਆਂ ਕਹਾਣੀਆਂ ਦਾ ਸਾਰ ਹੈ, ਜਿਸ ਵਿਚ ਸਨਾਤਨ ਧਰਮ ਦੇ ਮੂਲ ਸਿਧਾਂਤਾਂ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਵੱਖ-ਵੱਖ ਕਹਾਣੀਆਂ ਰਾਹੀਂ ਸਮਝਾਇਆ ਗਿਆ ਹੈ, ਜਿਸ ਨਾਲ ਸਾਨੂੰ ਧਰਮ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਮਿਲਦੀ ਹੈ। ਇਸ ਮੌਕੇ ਸਮਾਜ ਸੇਵਕ ਅਨੁਜ ਖੇਮਕਾ, ਮਾਂ ਕਾਂਗੜਾ ਦੇਵੀ ਸੇਵਾ ਸੁਸਾਇਟੀ ਦੇ ਪ੍ਰਧਾਨ ਰਾਜੀਵ ਰੱਤੜਾ, ਵਿਕਰਮ ਜੋਸ਼ੀ, ਸ਼ੰਕਰ ਅਰੋੜਾ, ਅਸ਼ਵਨੀ ਜੋਸ਼ੀ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਮਾਤਾ ਪ੍ਰੇਮ ਭੈਣ ਜੀ ਨੇ ਉਨ੍ਹਾਂ ਨੂੰ ਸਨਮਾਨਿਤ ਕੀਤਾ।

## ਮੰਦਰ ਮਾਂ ਚਾਮੁੰਡਾ ਦੇਵੀ ਵਿਖੇ ਅਟੁੱਟ ਲੰਗਰ ਵਰਤਾਇਆ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ) - ਨਿਰਜਲਾ ਇਕਾਦਸ਼ੀ ਨੂੰ ਪਿੰਡ ਚਵਿੰਡਾ ਦੇਵੀ ਵਿਖੇ ਸਿੱਧ ਪੀਠ ਮਾਂ ਚਾਮੁੰਡਾ ਦੇਵੀ ਜੀ ਦੇ ਮੰਦਰ ਵਿੱਚ ਰਿਸੀਵਰ ਕਮ-ਨਾਈਬ ਤਹਿਸੀਲਦਾਰ ਦੁਆਰਾ ਅਟੁਟ ਲੰਗਰ ਲਗਾਇਆ ਗਿਆ । ਇਸ ਮੌਕੇ ਮੁੱਖ ਪੰਡਿਤ ਅਮਿਤ ਵਾਜਪਾਈ, ਮੈਨੇਜਰ ਲਵਜੀਤ ਸਿੰਘ, ਸੇਵਾਦਾਰ ਸਨੀ ਸੁੰਦਰ, ਸੰਦੀਪ ਬਾਵਾ, ਰਾਜਨ ਸ਼ਰਮਾ, ਸਾਜਨ ਸ਼ਰਮਾ ਆਦੀ ਹਾਜਰ ਸਨ

## ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)–ਥਾਣਾ ਸਿਟੀ ਗੁਰਦਾਸਪੁਰ ਦੇ ਏ.ਐਸ.ਆਈ. ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਤੋਂ ਰਾਜਬੀਰ ਸਿੰਘ ਪੁੱਤਰ ਰਾਜੂ ਸਿੰਘ ਵਾਸੀ ਵਰਸੋਲਾ ਨੂੰ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸੇ ਤਰ੍ਹਾਂ ਏ.ਐਸ.ਆਈ. ਰਣਜੀਤ ਸਿੰਘ ਨੇ ਸਮੇਤ ਪੁਲਸ ਮਿੱਲ ਗਰਾਊਂਡ ਧਾਰੀਵਾਲ ਤੋਂ ਅਵਿਨਾਸ਼ ਪੁੱਤਰ ਪੂਰਨ ਚੰਦ ਵਾਸੀ ਤਲਵੰਡੀ ਵਿਰਕ ਥਾਣਾ ਤਿੱਬੜ, ਸਾਗਰ ਕੁਮਾਰ ਪੁੱਤਰ ਕੇਵਲ ਕ੍ਰਿਸ਼ਨ ਵਾਸੀ ਚੱਕ ਦੀਪੇਵਾਲ ਜੋ ਝਾੜੀਆਂ ਵਿੱਚ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਹੇ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਨ੍ਹਾ ਪਾਸੋਂ ਸਿਲਵਰ ਪੇਪਰ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਈ। ਥਾਣਾ ਕਲਾਨੌਰ ਦੇ ਏ.ਐਸ.ਆਈ. ਸੁਲੱਖਣ ਸਿੰਘ ਨੇ ਸਮੇਤ ਪੁਲਸ ਪਾਰਟੀ ਦਾਨਾ ਮੰਡੀ ਦੋਸਤਪੁਰ ਵਿਖੇ ਰੇਡ ਕਰਕੇ ਸਤਨਾਮ ਲਾਲ ਪੁੱਤਰ ਸੇਵਾ ਰਾਮ ਵਾਸੀ ਦੋਸਤਪੁਰ ਨੂੰ 6000 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਨਿਰਜਲਾ ਏਕਾਦਸ਼ੀ 'ਤੇ ਵਿਸ਼ਾਲ ਭੰਡਾਰਾ ਤੇ ਛਬੀਲ ਵਰਤਾਈ



ਅੰਮ੍ਰਿਤਸਰ (ਅਰੋੜਾ)- ਪਰਮ ਸੰਤ ਅਦਵੈਤ ਸਵਰੂਪ ਮਾਤਾ ਆਰਤੀ ਦੇਵਾ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਆਰਤੀ ਸ਼ਿਵ ਦੁਰਗਾ ਮੰਦਰ ਕਰਤਾਰ ਨਗਰ, ਛੇਹਰਟਾ ਵੱਲੋਂ ਜੀ.ਟੀ.ਰੋਡ 'ਤੇ ਵਿਸ਼ਾਲ ਠੰਢੇ ਮਿੱਠੇ ਜਲ ਦੀ ਛਬੀਲ ਦਾ ਆਯੋਜਨ ਕੀਤਾ ਗਿਆ। ਵੱਡੀ ਗਿਣਤੀ ਵਿੱਚ ਖੇਤਰ ਦੇ ਦੁਕਾਨਦਾਰਾਂ ਅਤੇ ਰਾਹਗੀਰਾਂ ਨੇ ਭੰਡਾਰੇ ਦਾ ਪ੍ਰਸ਼ਾਦ ਅਤੇ ਛਬੀਲ ਦੇ ਜਲ ਨੂੰ ਗ੍ਰਹਿਣ ਕੀਤਾ। ਮੰਦਰ ਦੇ ਪ੍ਰਮੁੱਖ ਸੇਵਕ ਸੁਮਿਤ ਸ਼ਾਸਤਰੀ ਨੇ ਦੱਸਿਆ ਕਿ ਮੰਦਰ ਟਰੱਸਟ ਦੇ ਵੱਲੋਂ ਹਰ ਸਾਲ ਗੁਰਪੁਰਵ ਅਤੇ ਨਿਰਜਲਾ ਏਕਾਦਸ਼ੀ ਦੇ ਮੌਕੇ ਭੰਡਾਰੇ ਅਤੇ ਛਬੀਲ ਦਾ ਆਯੋਜਨ ਕੀਤਾ ਜਾਂਦਾ ਹੈ। ਉਨ੍ਹਾ ਕਿਹਾ ਕੀ ਅੱਗ ਵਰਸਾਉਣ ਵਾਲੀ ਗਰਮੀ ਅਤੇ ਨੇੜੇ ਆ ਰਹੇ ਅੰਨਪੂਰਨਾ ਦਿਵਸ ਦੇ ਮੌਕੇ ਪਿਆਸੇ ਅਤੇ ਭੁੱਖੇ ਲੋਕਾਂ ਨੂੰ ਜਲ ਅਤੇ ਭੋਜਨ ਖਵਾਉਣ ਤੋਂ ਵੱਧ ਕੇ ਹੋਰ ਕੋਈ ਪੁੰਨ ਦਾ ਕੰਮ ਨਹੀਂ। ਮਾਤਾ ਆਰਤੀ ਦੇਵਾ ਜੀ ਅਤੇ ਸੁਮਿਤ ਸ਼ਾਸਤਰੀ ਨੇ ਖੁਦ ਰਾਹਗੀਰਾਂ ਨੂੰ ਜਲ ਪਿਲਾਇਆ। ਇਸ ਮੌਕੇ ਬਿੱਲੂ ਭਗਤ, ਬਾਬੂ ਬਾਲ ਕਿਸ਼ਨ ਸ਼ਰਮਾ, ਭਗਤ ਮਨਜੀਤ ਮਿੰਟਾ, ਸੋਹਨ ਲਾਲ, ਮੋਹਨ ਲਾਲ, ਅਸ਼ੋਕ ਬਿਜਲੀ ਵਾਲੇ, ਅਰਵਿੰਦ ਸ਼ਰਮਾ, ਅਸ਼ੋਕ ਬੇਦੀ, ਸਤੀਸ਼ ਕੁਮਾਰ ਬੱਲੂ, ਕ੍ਰਿਸ਼ਨ ਦਵੇਸਰ ਸਮੇਤ ਵੱਡੀ ਗਿਣਤੀ ਵਿੱਚ ਮੰਦਰ ਕਮੇਟੀ ਦੇ ਮੈਂਬਰ ਅਤੇ ਸੇਵਾਦਾਰ ਮੌਜੂਦ ਸਨ।

## ਸੰਸਦ ਮੈਂਬਰ ਚੱਬੇਵਾਲ ਨੇ ਲੋਕ ਮਿਲਣੀ ਦੌਰਾਨ ਸ਼ਿਕਾਇਤਾਂ ਸੁਣੀਆਂ



ਫਗਵਾੜਾ (ਜਸਵਿੰਦਰ ਢੱਡਾ)–ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਵੀਰਵਾਰ ਨੂੰ ਫਗਵਾੜਾ ਦੇ ਵਾਰਡ ਨੰਬਰ 10 ਅਤੇ 11 ਵਿੱਚ ਲੋਕ ਮਿਲਣੀ ਪ੍ਰੋਗਰਾਮ ਕੀਤੇ, ਜਿੱਥੇ ਉਨ੍ਹਾਂ ਵਾਸੀਆਂ ਨਾਲ ਗੱਲਬਾਤ ਕੀਤੀ, ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਇਕੱਠਾਂ ਨੂੰ ਸੰਬੋਧਨ ਕਰਦਿਆਂ ਡਾ. ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਲੋਕ ਮਿਲਣੀ ਪਹਿਲਕਦਮੀ ਇੱਕ ਵਿਲੱਖਣ ਮੰਚ ਵਜੋਂ ਉੱਭਰੀ ਹੈ ਜੋ ਲੋਕਾਂ ਨੂੰ ਆਪਣੇ ਜਨਤਕ ਨੁਮਾਇੰਦਿਆਂ ਅਤੇ ਸਰਕਾਰੀ ਅਧਿਕਾਰੀਆਂ ਸਾਹਮਣੇ ਸਿੱਧੇ ਆਪਣੇ ਮੁੱਦੇ ਉਠਾਉਣ ਦੇ ਯੋਗ ਬਣਾਉਂਦੀ ਹੈ ਅਤੇ ਉਨ੍ਹਾਂ ਦਾ ਤੁਰੰਤ ਨਿਪਟਾਰਾ ਯਕੀਨੀ ਕਰਦੀ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਨੇ ਪਾਰਦਰਸ਼ਤਾ, ਜਵਾਬਦੇਹੀ ਅਤੇ ਪ੍ਰਸ਼ਾਸਨਿਕ ਕੁਸ਼ਲਤਾ ਵਧਾ ਕੇ ਸਰਕਾਰੀ ਦਫ਼ਤਰਾਂ ਦੇ ਕੰਮਕਾਜ ਵਿੱਚ ਸੁਧਾਰ ਕਰਨ ਵਿੱਚ ਵੀ ਮਦਦ ਕੀਤੀ ਹੈ। ਸੰਸਦ ਮੈਂਬਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਵਿੱਚੋਂ ਬਹੁਤੇ ਪੂਰੇ ਕਰ ਦਿੱਤੇ ਹਨ ਅਤੇ ਹੁਣ 1 ਜੁਲਾਈ ਤੋਂ ਔਰਤਾਂ ਲਈ ਇੱਕ ਹੋਰ ਵੱਡਾ ਵਾਅਦਾ ਪੂਰਾ ਕਰਨ ਲਈ ਤਿਆਰ ਹੈ। ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਅਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਸਨਮਾਨ ਰਾਸ਼ੀ ਮਿਲੇਗੀ। ਉਨ੍ਹਾਂ ਦੱਸਿਆ ਕਿ ਲਾਭਪਾਤਰੀਆਂ ਨੂੰ 1 ਜੁਲਾਈ ਤੋਂ ਤਿੰਨ ਮਹੀਨਿਆਂ ਦੀ ਅਦਾਇਗੀ ਇੱਕੋ ਕਿਸ਼ਤ ਵਿੱਚ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਮਿਲੇਗੀ।

# ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੰਜਾਬ ਸਰਕਾਰ ਵਚਨਬੱਧ : ਸ਼ਮਸ਼ੇਰ ਸਿੰਘ




ਦੀਨਾਨਗਰ/ਗੁਰਦਾਸਪੁਰ (ਬਲਵਿੰਦਰ ਸਿੰਘ ਬਿੱਲਾ)–ਟ੍ਰੇਡਰਜ਼ ਕਮਿਸ਼ਨ ਵਲੋਂ ਅਵਾਂਖਾ ਬਾਜ਼ਾਰ ਵਿਖੇ ਦੁਕਾਨਦਾਰਾਂ ਅਤੇ ਵਪਾਰੀਆਂ ਦੀਆਂ ਮੁਸ਼ਕਿਲਾਂ ਸੁਣਨ ਲਈ ਮੀਟਿੰਗ ਕੀਤੀ ਗਈ ਜਿਸ ਵਿੱਚ ਹਲਕਾ ਦੀਨਾਨਗਰ ਦੇ ਇੰਚਾਰਜ ਸਮਸ਼ੇਰ ਸਿੰਘ, ਐੱਸ ਡੀ ਐਮ ਦੀਨਾਨਗਰ ਗਗਨਦੀਪ ਸਿੰਘ, ਟਰੇਡ ਕਮਿਸ਼ਨ ਦੇ ਚੇਅਰਮੈਨ ਰਾਜੀਵ ਸੈਣੀ, ਡੀ ਐੱਸ ਪੀ ਰਜਿੰਦਰ ਮਿਨਹਾਸ, ਨਾਇਬ ਤਹਿਸੀਲਦਾਰ ਸੁਖਵਿੰਦਰ ਸਿੰਘ ਸਮੇਤ ਦੁਕਾਨਦਾਰ ਅਤੇ ਵਪਾਰੀ ਮੌਜੂਦ ਸਨ।

ਮੀਟਿੰਗ ਦੌਰਾਨ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲ ਸਬੰਧੀ ਵਿਸਥਾਰ ਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਸਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀਆਂ ਦੀਆਂ ਜਾਇਜ਼ ਮੰਗਾਂ ਅਤੇ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸੇ ਤਹਿਤ ਹੀ ਦੁਕਾਨਦਾਰਾਂ/ਵਪਾਰੀਆਂ ਕੋਲ ਹੀ ਉਨ੍ਹਾਂ ਦੇ ਬਾਜ਼ਾਰਾਂ ਵਿੱਚ ਜਾ ਕੇ ਉਨ੍ਹਾਂ ਵਿੱਚ ਵਿਚਰ ਕੇ ਹੀ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਰਿਹਾ ਹੈ ਤੇ ਇਹ ਪ੍ਰੋਗਰਾਮ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹਿਣਗੇ। ਇਸ ਮੌਕੇ ਅਵਾਖਾਂ ਦੇ ਵਿਕਾਸ ਕਾਰਜਾਂ, ਬੁਨਿਆਦੀ ਸਹੂਲਤਾਂ ਦੇ ਸੁਧਾਰ, ਸੁਰੱਖਿਆ ਪ੍ਰਬੰਧਾਂ ਅਤੇ ਕਾਰੋਬਾਰ ਨਾਲ ਜੁੜੀਆਂ ਹੋਰ ਚੁਣੌਤੀਆਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ।

## ਅੰਤਰ ਜ਼ਿਲ੍ਹਾ ਅੰਡਰ-16 ਟੂਰਨਾਮੈਂਟ 'ਚ ਪਠਾਨਕੋਟ ਦੇ ਦੋ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ



ਪਠਾਨਕੋਟ (ਦਵਿੰਦਰ ਸਿੰਘ)–ਪਠਾਨਕੋਟ ਦੇ ਨੌਜਵਾਨ ਕ੍ਰਿਕਟਰਾਂ ਨੇ ਇੱਕ ਵਾਰ ਫਿਰ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਜ਼ਿਲ੍ਹੇ ਦੇ ਦੋ ਹੋਣਹਾਰ ਖਿਡਾਰੀਆਂ ਨਮਿਸ਼ ਅਤੇ ਅਦਵਿਤੇਯ ਕੁਮਾਰ ਦੀ ਚੋਣ ਪ੍ਰਤਿਸ਼ਠਿਤ ਪੰਜਾਬ ਅੰਡਰ-16 ਫਿਟਨੈੱਸ ਕਮ ਫੀਲਡਿੰਗ ਸਟੇਟ ਕੈਂਪ ਲਈ ਹੋਈ ਹੈ। ਇਹ ਰਾਜ ਪੱਧਰੀ ਕੈਂਪ ਆਈ.ਐਸ. ਬਿੰਦਰਾ ਪੀ ਸੀ ਏ ਸਟੇਡੀਅਮ, ਮੋਹਾਲੀ ਵਿੱਚ ਆਯੋਜਿਤ ਕੀਤਾ ਜਾਵੇਗਾ, ਜਿੱਥੇ ਪੰਜਾਬ ਭਰ ਤੋਂ ਚੁਣੇ ਗਏ ਖਿਡਾਰੀ ਗਹਿਰੇ ਪ੍ਰਸ਼ਿਕਸ਼ਣ ਅਤੇ ਮੁਲਾਂਕਣ ਵਿੱਚ ਭਾਗ ਲੈਣਗੇ।ਦੋਵੇਂ ਖਿਡਾਰੀਆਂ ਨੇ ਹਾਲ ਹੀ ਵਿੱਚ ਸੰਪੰਨ ਹੋਏ ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ ਸੀ ਏ) ਦੇ ਇੰਟਰ-ਡਿਸਟ੍ਰਿਕਟ ਅੰਡਰ-16 ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਇਸ ਰਾਜ ਪੱਧਰੀ ਕੈਂਪ ਵਿੱਚ ਆਪਣੀ ਜਗ੍ਹਾ ਬਣਾਈ ਹੈ। ਉਨ੍ਹਾਂ ਦੇ ਲਗਾਤਾਰ ਉਤਕ੍ਰਿਸ਼ਟ ਪ੍ਰਦਰਸ਼ਨ, ਅਨੁਸ਼ਾਸਨ, ਸਮਰਪਣ ਅਤੇ ਬੇਹਤਰੀਨ ਫੀਲਡਿੰਗ ਕੌਸ਼ਲ ਨੇ ਚੋਣਕਰਤਾਵਾਂ ਨੂੰ ਪ੍ਰਭਾਵਿਤ ਕੀਤਾ, ਜਿਸ ਦੇ ਨਤੀਜੇ ਵਜੋਂ ਉਨ੍ਹਾਂ ਨੂੰ ਰਾਜ ਪੱਧਰ 'ਤੇ ਪਠਾਨਕੋਟ ਦੀ ਨੁਮਾਇੰਦਗੀ ਕਰਨ ਦਾ ਇਹ ਮਾਣਮੱਤਾ ਮੌਕਾ ਪ੍ਰਾਪਤ ਹੋਇਆ ਹੈ। ਦੋਵਾਂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਦੇ ਸਕੱਤਰ ਸਨੀ ਮਹਾਜਨ ਨੇ ਕਿਹਾ, ਨਮਿਸ਼ ਅਤੇ ਅਦਵਿਤੇਯ ਕੁਮਾਰ ਦੀ ਇਸ ਉਪਲਬਧੀ 'ਤੇ ਸਾਨੂੰ ਬੇਹੱਦ ਮਾਣ ਹੈ।ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਨੇ ਵੀ ਦੋਵੇਂ ਨੌਜਵਾਨ ਖਿਡਾਰੀਆਂ ਨੂੰ ਉਨ੍ਹਾਂ ਦੀ ਇਸ ਉਪਲਬਧੀ 'ਤੇ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਹੈ।

# ਮੁਰਗੀ ਪਾਲਕਾਂ ਲਈ ਸੰਮੇਲਨ ਦਾ ਆਯੋਜਨ



ਮਜੀਠਾ (ਸੋਇਮ ਆਨੰਦ) – ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ), ਅੰਮ੍ਰਿਤਸਰ ਵੱਲੋਂ ਮੁਰਗੀ ਪਾਲਕਾਂ ਲਈ ਸਾਬਕਾ ਸਿਖਿਆਰਥੀ ਸੰਮੇਲਨ ਦਾ ਆਯੋਜਨ ਕੀਤਾ ਗਿਆ। ਡਾ. ਕੰਵਰਪਾਲ ਸਿੰਘ ਢਿੱਲੋਂ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਕੇ. ਵੀ .ਕੇ, ਅੰਮ੍ਰਿਤਸਰ ਨੇ ਇਸ ਸੰਮੇਲਨ ਵਿੱਚ ਹਿੱਸਾ ਲੈਣ ਵਾਲੇ ਸਿਖਿਆਰਥੀਆਂ ਦਾ ਸਵਾਗਤ ਕਰਦਿਆਂ ਮਿਲਣੀ ਦੇ ਉਦੇਸ਼ ਬਾਰੇ ਜਾਣਕਾਰੀ ਦਿੱਤੀ। ਡਾ. ਬਿਕਰਮਜੀਤ ਸਿੰਘ, ਸਹਿਯੋਗੀ ਨਿਰਦੇਸ਼ਕ (ਸਿਖਲਾਈ), ਕੇ. ਵੀ .ਕੇ, ਅੰਮ੍ਰਿਤਸਰ ਨੇ ਭਾਗ ਲੈਣ ਵਾਲਿਆਂ ਸਿਖਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕੇ. ਵੀ. ਕੇ ਦੁਆਰਾ ਕਰਵਾਏ ਜਾਂਦੇ ਵੱਖ-ਵੱਖ ਕਿਸਮ ਦੇ ਸਿਖਲਾਈ ਕੋਰਸਾਂ ਵਿੱਚ ਘਰੇਲੂ ਆਮਦਨ ਨੂੰ ਵਧਾਉਣ ਦੀ ਸਮਰੱਥਾ ਹੈ ਅਤੇ ਉਹਨਾਂ ਨੇ ਸਿਖਿਆਥੀਆਂ ਵਲੋਂ ਭਵਿੱਖ ਵਿੱਚ ਕੀਤੇ ਜਾਣ ਵਾਲੇ ਯਤਨਾਂ ਲਈ ਵੀ ਹਰ ਤਰ੍ਹਾਂ ਦੀ ਮਦਦ ਕਰਨ ਦਾ ਭਰੋਸਾ ਦਿੱਤਾ । ਡਾ. ਬਿਕਰਮਜੀਤ ਨੇ ਆਏ ਹੋਏ ਸਿਖਿਆਰਥੀਆਂ ਨੂੰ ਐਫ. ਪੀ. ਓ ਬਣਾਉਣ ਅਤੇ ਆਪਣੇ ਉਤਪਾਦਾਂ ਦੀ ਪ੍ਰੋਸੈਸਿੰਗ ਅਤੇ ਮੰਡੀਕਰਨ ਕਰਨ ਲਈ ਉਤਸ਼ਾਹਿਤ ਕੀਤਾ ।'ਖੇਤ ਬਚਾਓ ਅਭਿਆਨ' (ਸਰਪੰਚ ਸੰਮੇਲਨ) ਤਹਿਤ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਿਤ ਅਤੇ ਸੁਝਬੂਝ ਨਾਲ ਵਰਤੋਂ ਕਰਨ ਲਈ ਜਾਗਰੂਕ ਕੀਤਾ ਗਿਆ ਅਤੇ ਮਿੱਟੀ ਦੀ ਸਿਹਤ ਸੁਧਾਰਨ, ਖੇਤੀ ਲਾਗਤ ਘਟਾਉਣ ਅਤੇ ਟਿਕਾਊ ਫਸਲੀ ਉਤਪਾਦਨ ਯਕੀਨੀ ਬਣਾਉਣ ਲਈ ਸਿਫ਼ਾਰਸ਼ ਕੀਤੀਆਂ ਖਾਦਾਂ ਦੀਆਂ ਮਾਤਰਾਵਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸ. ਸਤਬੀਰ ਸਿੰਘ ਸੱਗੂ, ਡਾਇਰੈਕਟੋਰੇਟ ਆਫ ਮਾਰਕੀਟਿੰਗ ਐਂਡ ਇੰਸਪੈਕਸ਼ਨ (ਡੀ.ਐਮ.ਆਈ.), ਅੰਮ੍ਰਿਤਸਰ ਨੇ ਭਾਗੀਦਾਰਾਂ ਨੂੰ ਐਗਮਾਰਕ ਪ੍ਰਮਾਣੀਕਰਨ ਅਤੇ ਵਿਭਾਗ ਵੱਲੋਂ ਖੇਤੀਬਾੜੀ ਉਤਪਾਦਾਂ ਦੀ ਗੁਣਵੱਤਾ ਸੁਨਿਸ਼ਚਿਤ ਕਰਨ, ਗਰੇਡਿੰਗ ਅਤੇ ਮਾਰਕੀਟਿੰਗ ਸਬੰਧੀ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਅਤੇ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਅੰਤ ਵਿੱਚ ਡਾ. ਕੰਵਰਪਾਲ ਨੇ ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ

## "ਪੰਜਾਬ ਬ੍ਰਾਈਟ ਮਾਇੰਡਜ਼ 2026" ਤਹਿਤ ਬਾਰ੍ਹਵੀਂ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਅੱਜ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)–ਵਿਦਿਆਰਥੀਆਂ ਨੂੰ ਸਿੱਖਿਆ ਖੇਤਰ ਵਿੱਚ ਹੋਰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਬਾਰ੍ਹਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ 90 ਫੀਸਦੀ ਤੋਂ ਵੱਧ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ 'ਪੰਜਾਬ ਬ੍ਰਾਈਟ ਮਾਇੰਡਜ਼ 2026' ਦੇ ਤਹਿਤ ਖਹਿਰਾ ਫਾਰਮ, ਤਰਨ ਤਾਰਨ ਵਿਖੇ 26 ਜੂਨ 2026, ਦਿਨ ਸ਼ੁੱਕਰਵਾਰ ਨੂੰ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮ ਦੌਰਾਨ ਸਨਮਾਨਿਤ ਕੀਤਾ ਜਾਵੇਗਾ। ਇਸ ਸਮਾਗਮ ਵਿੱਚ ਵਿਦਿਆਰਥੀਆਂ ਦੇ ਮਾਤਾ-ਪਿਤਾ ਵੀ ਸ਼ਾਮਿਲ ਹੋਣਗੇ । ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਕੁਮਾਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਜਿੰਦਰ ਕੌਰ ਦੀ ਅਗਵਾਈ ਹੇਠ ਇਸ ਪ੍ਰੋਗਰਾਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੇ ਦੱਸਿਆ ਕਿ ਇਸ ਪ੍ਰਭਾਵਸ਼ਾਲੀ ਸਮਾਗਮ ਵਿੱਚ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਸਾਬਕਾ ਉੱਪ ਮੁੱਖ ਮੰਤਰੀ ਦਿੱਲੀ ਮਨੀਸ਼ ਸਿਸੋਦੀਆ, ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਸੋਨਾਲੀ ਗਿਰੀ, ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਪੰਜਾਬ ਸਕੱਤਰ ਸਿੰਘ ਬੱਲ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋ ਕੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰਨਗੀਆਂ।

## 25 ਜੂਨ ਦਾ ਦਿਨ ਭਾਰਤੀ ਲੋਕਤੰਤਰ ਦੇ ਇਤਿਹਾਸ ਦਾ ਕਾਲਾ ਦਿਨ : ਵਾਲੀਆ



ਬਟਾਲਾ (ਤਰਲੋਕ ਬੱਗਾ)– ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ ਜਿਸ ਵਿਚ ਵਿਸ਼ੇਸ਼ ਤੌਰ 'ਤੇ ਪੰਜਾਬ ਦੇ ਵਾਈਸ ਪ੍ਰਧਾਨ ਅਤੇ ਬਟਾਲਾ ਦੇ ਕਨਵੀਨਰ ਸਰਦਾਰ ਫਤਿਹ ਜੰਗ ਸਿੰਘ ਬਾਜਵਾ ਅਤੇ ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਦੀ ਹਾਜ਼ਰੀ ਵਿੱਚ 25 ਜੂਨ 1975 ਨੂੰ ਲਗਾਈ ਗਈ ਐਮਰਜੈਂਸੀ ਨੂੰ ਯਾਦ ਕਰਦਿਆਂ ਉਸ ਦੌਰ ਦੇ ਲੋਕਤੰਤਰ ਵਿਰੋਧੀ ਫੈਸਲਿਆਂ ਦੀ ਸਖ਼ਤ ਨਿੰਦਾ ਕੀਤੀ ਗਈ।

ਇਸ ਮੌਕੇ ਸੰਬੋਧਨ ਕਰਦਿਆਂ ਹਰਸਿਮਰਨ ਸਿੰਘ ਵਾਲੀਆ, ਫਤਿਹ ਜੰਗ ਸਿੰਘ ਬਾਜਵਾ ਅਤੇ ਬਲਵਿੰਦਰ ਲਾਡੀ ਨੇ ਕਿਹਾ ਕਿ 25 ਜੂਨ ਦਾ ਦਿਨ ਭਾਰਤੀ ਇਤਿਹਾਸ ਦੇ ਉਸ ਕਾਲੇ ਦੌਰ ਦੀ ਯਾਦ ਦਿਵਾਉਂਦਾ ਹੈ, ਜਦੋਂ ਦੇਸ਼ ਵਿੱਚ ਐਮਰਜੈਂਸੀ ਲਾਗੂ ਕਰਕੇ ਲੋਕਾਂ ਦੇ ਮੂਲ ਅਧਿਕਾਰਾਂ ਨੂੰ ਕੁਚਲਿਆ ਗਿਆ, ਪ੍ਰੈੱਸ ਦੀ ਆਜ਼ਾਦੀ 'ਤੇ ਪਾਬੰਦੀਆਂ ਲਗਾਈਆਂ ਗਈਆਂ ਅਤੇ ਲੋਕਤੰਤਰਿਕ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਸ ਮੌਕੇ ਜਰਨਲ ਸਕੱਤਰ ਰੋਸ਼ਨ ਲਾਲ, ਵਾਈਸ ਪ੍ਰਧਾਨ ਸ਼ਕਤੀ ਸ਼ਰਮਾ, ਪੰਜਾਬ ਕਾਰਜਕਾਰਨੀ ਮੈਂਬਰ ਭੂਸ਼ਣ ਬਜਾਜ, ਆਸ਼ੂ ਹੰਡਾ, ਸਵਿੰਦਰ ਸਿੰਘ ਖੈਹਰਾ, ਬਲਵਿੰਦਰ ਮਹਿਤਾ, ਗੁਰਦੀਪ ਸਿੰਘ ਗੁਰਾਇਆ, ਦੀਪਕ ਜੋਸ਼ੀ, ਸ਼੍ਰੀ ਕਾਂਤ ਸ਼ਰਮਾ, ਅਨੀਸ਼ ਅਗਰਵਾਲ, ਗੁਰਿੰਦਰਪਾਲ ਸਿੰਘ, ਸੂਰਜ ਸੂਰੀ ਆਦਿ ਹਾਜ਼ਰ ਸਨ।

## ਕਾਦੀਆਂ 'ਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਆਮ ਆਦਮੀ ਪਾਰਟੀ 'ਚ ਸ਼ਾਮਲ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ) – ਹਲਕਾ ਕਾਦੀਆਂ 'ਚ ਸਿਆਸਤ 'ਚ ਉਸ ਵੇਲੇ ਵੱਡਾ ਫੇਰ ਬਦਲ ਦੇਖਣ ਨੂੰ ਮਿਲਿਆ ਜਦ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਆਖਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ। ਹਲਕਾ ਇੰਚਾਰਜ ਗੁਰਇਕਬਾਲ ਮਾਹਲ ਸਾਥੀਆਂ ਸਮੇਤ 'ਆਪ' 'ਚ ਸ਼ਾਮਲ ਹੋਏ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਕੁਝ ਦਿਨ ਪਹਿਲਾਂ ਕਾਦੀਆਂ 'ਚ ਨਗਰ ਕੌਂਸਲ ਦੀਆਂ ਹੋਈਆਂ ਹੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਨੇ ਗੁਰਇਕਬਾਲ ਸਿੰਘ ਮਾਹਲ ਦੀ ਅਗਵਾਈ ਚ ਵੱਡੀ ਜਿੱਤ ਦਰਜ ਕੀਤੀ ਸੀ। ਗੁਰਇਕਬਾਲ ਸਿੰਘ ਮਾਹਲ ਦੇ ਅਚਾਨਕ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਨਾਲ ਹਲਕਾ ਕਾਦੀਆਂ 'ਚ ਸਿਆਸਤ ਪੂਰੀ ਤਰ੍ਹਾਂ ਗਰਮਾ ਚੁੱਕੀ ਹੈ। ਮੁੱਖ ਮੰਤਰੀ ਮਾਨ ਵਲੋਂ ਚੰਡੀਗੜ੍ਹ ਵਿਖੇ ਗੁਰਇਕਬਾਲ ਸਿੰਘ ਮਾਹਲ ਨੂੰ ਆਮ ਆਦਮੀ ਪਾਰਟੀ 'ਚ ਸ਼ਾਮਲ ਕਰਵਾਇਆ ਗਿਆ ਹੈ। ਜਿਸ ਨਾਲ ਹਲਕੇ ਦੇ ਸਿਆਸੀ ਸਮੀਕਰਨ ਬਦਲ ਗਏ ਹਨ ਅਤੇ ਆਉਣ ਵਾਲੀਆਂ ਵਿਧਾਨ ਸਭਾ 2027 ਦੀਆਂ ਚੋਣਾਂ ਦੇ ਲਈ ਵੀ ਇਹ ਬਦਲਾਵ ਸਿਆਸੀ ਸਮੀਕਰਨ ਬਦਲੇਗਾ । ਇੱਥੇ ਦੱਸ ਦਈਏ ਕਿ ਵਿਧਾਨ ਸਭਾ 2022 ਦੀਆਂ ਚੋਣਾਂ ਦੇ ਵਿੱਚ ਗੁਰਇਕਬਾਲ ਸਿੰਘ ਮਾਹਲ ਦੇ ਵੱਲੋਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਟਿਕਟ ਮਿਲਣ 'ਤੇ ਚੋਣਾਂ ਲੜੀਆਂ ਗਈਆਂ ਜਿਸ ਵਿੱਚ ਉਹਨਾਂ ਨੇ ਕਰੀਬ 42 ਹਜਾਰ ਵੋਟਾਂ ਲਈਆਂ ਸਨ।

# ਐੱਸ ਆਈ ਆਰ ਤਹਿਤ ਜ਼ਿਲ੍ਹਾ ਅੰਮ੍ਰਿਤਸਰ 'ਚ ਸ਼ੁਰੂ ਹੋਈ ਗਣਨਾ ਪ੍ਰਕਿਰਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) – ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ) ਸਬੰਧੀ ਵਿਸ਼ੇਸ਼ ਮੁਹਿੰਮ ਵੀਰਵਾਰ ਨੂੰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸ਼ੁਰੂ ਹੋ ਗਈ ਹੈ। ਜ਼ਿਲ੍ਹਾ ਅੰਮ੍ਰਿਤਸਰ ਵਿੱਚ 2134 ਬੀ.ਐੱਲ.ਓਜ਼ ਨੇ ਘਰ-ਘਰ ਜਾ ਕੇ ਵੋਟਰਾਂ ਨੂੰ ਗਣਨਾ ਫਾਰਮ ਵੰਡੇ। ਬੀ.ਐੱਲ.ਓਜ਼ 25 ਜੂਨ ਤੋਂ 24 ਜੁਲਾਈ ਤੱਕ ਘਰ-ਘਰ ਜਾ ਕੇ ਵੋਟਰਾਂ ਨੂੰ ਗਣਨਾ ਫਾਰਮ ਦੇਣਗੇ ਅਤੇ ਉਨ੍ਹਾਂ ਨੂੰ ਭਰਵਾਉਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਧਿਕਾਰੀ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਐੱਸ.ਆਈ.ਆਰ. ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਅੰਮ੍ਰਿਤਸਰ ਦੇ 11 ਵਿਧਾਨ ਸਭਾ ਹਲਕਿਆਂ ਲਈ 11 ਈ.ਆਰ.ਓਜ਼., 22 ਏ.ਈ.ਆਰ.ਓਜ਼., 110 ਐਡੀਸ਼ਨਲ ਏ.ਈ.ਆਰ.ਓਜ਼., 213 ਸੈਕਟਰ ਅਫ਼ਸਰ ਅਤੇ 2134 ਬੂਥ ਲੈਵਲ ਅਫ਼ਸਰ (ਬੀ.ਐੱਲ.ਓਜ਼.) ਲਗਾਏ ਗਏ ਹਨ। ਉਨ੍ਹਾਂ ਦੱਸਿਆ ਕਿ ਪੋਲਿੰਗ ਸਟੇਸ਼ਨ ਦੀ ਰੈਸ਼ਨਲਾਈਜੇਸਨ ਦਾ ਕੰਮ 24 ਜੁਲਾਈ 2026 ਤੱਕ ਕੀਤਾ ਜਾਵੇਗਾ ਜਦ ਕਿ ਵੋਟਰ ਸੂਚੀਆਂ ਦਾ ਖਰੜਾ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਸਬੰਧੀ ਇਤਰਾਜ਼ ਅਤੇ ਦਾਅਵੇ 3 ਅਗਸਤ 2026 ਤੋਂ 2 ਸਤੰਬਰ 2026 ਤੱਕ ਪੇਸ਼ ਕੀਤੇ ਜਾ ਸਕਦੇ ਹਨ। ਇਤਰਾਜ਼ ਅਤੇ ਦਾਅਵਿਆਂ ਦਾ ਨਿਪਟਾਰਾ 3 ਅਗਸਤ 2026 ਤੋਂ 29 ਸਤੰਬਰ 2026 ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 1 ਅਕਤੂਬਰ 2026 ਨੂੰ ਕੀਤੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਿਕ ਜ਼ਿਲ੍ਹਾ ਪ੍ਰਸ਼ਾਸਨ ਇਹ ਯਕੀਨੀ ਬਣਾਏਗਾ ਕਿ ਹਰ ਨਾਗਰਿਕ ਦੀ ਵੋਟ ਲਾਜ਼ਮੀ ਬਣੇ, ਕਿਸੇ ਵੀ ਯੋਗ ਨਾਗਰਿਕ ਦੀ ਵੋਟ ਕੱਟੀ ਨਾ ਜਾਵੇ ਅਤੇ ਕੋਈ ਵੀ ਅਯੋਗ ਵੋਟ, ਵੋਟਰ ਸੂਚੀ ਵਿੱਚ ਦਰਜ ਨਾ ਹੋ ਸਕੇ।

## ਭੁੱਲੇਚੱਕ ਨਜ਼ਦੀਕ ਹਾਦਸੇ ਤੋਂ ਬਾਅਦ ਕਈ ਦਿਨਾਂ ਤੋਂ ਖੜ੍ਹੀ ਹੈ ਲਵਾਰਸ ਕਾਰ



ਗੁਰਦਾਸਪੁਰ (ਜਨਕ ਮਹਾਜਨ)–ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੇ ਪਿੰਡ ਭੁੱਲੇਚੱਕ ਕਾਲੋਨੀ ਦੇ ਸ਼ਿਵ ਮੰਦਰ ਦੇ ਪਿੱਛੇ ਬਿਨਾਂ ਨੰਬਰੀ ਇੱਕ ਕਾਰ ਦਾ ਸੰਤੁਲਨ ਵਿਗੜ ਕਰਕੇ ਕਾਰ ਦਾ ਕਾਫੀ ਨੁਕਸਾਨ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕਈ ਦਿਨਾਂ ਤੋਂ ਸੜਕ 'ਤੇ ਲਾਵਾਰਸ ਰੂਪ ਵਿੱਚ ਖੜ੍ਹੀ ਹੈ। ਲੋਕਾਂ ਨੇ ਦੱਸਿਆ ਕਿ ਇੱਕ ਹਫਤਾ ਪਹਿਲਾਂ ਉਕਤ ਕਾਰ ਅਚਾਨਕ ਸੰਤੁਲਨ ਵਿਗੜਨ ਨਾਲ ਦਰੱਖਤ ਨਾਲ ਟਕਰਾ ਕੇ ਕਾਫੀ ਨੁਕਸਾਨੀ ਗਈ ਪਰ ਸਵਾਰੀਆਂ ਬਾਰੇ ਕਿਸੇ ਨੂੰ ਥਹੁ ਪਤਾ ਨਹੀਂ ਲੱਗ ਸਕਿਆ ਕਿਉਂਕਿ ਇਹ ਹਾਦਸਾ ਦੇਰ ਰਾਤ ਵਾਪਰਿਆ ਅਤੇ ਸਵਾਰੀਆਂ ਸੁਰੱਖਿਅਤ ਜਾਂ ਅਸੁਰੱਖਿਅਤ, ਇਸ ਬਾਰੇ ਕਿਸੇ ਨੂੰ ਕੋਈ ਵੀ ਪਤਾ ਨਹੀਂ।

ਉਨ੍ਹਾਂ ਦੱਸਿਆ ਕਿ ਕਾਰ ਇੱਕ ਦਰੱਖਤ ਵਿਚ ਵੱਜਣ ਕਰਕੇ ਨੀਵੀਂ ਜਗ੍ਹਾ ਵਿੱਚ ਡਿੱਗ ਪਈ ਅਤੇ ਕਾਰ ਦਾ ਅਗਲਾ ਹਿੱਸਾ ਕਾਫੀ ਟੁੱਟ ਭੱਜ ਗਿਆ ਹੈ। ਪਿੰਡ ਵਾਸੀਆਂ ਨੇ ਤਿੱਬੜ ਪੁਲਿਸ ਚੌਕੀ ਪਾਸੋਂ ਮੰਗ ਕੀਤੀ ਕਿ ਕਾਰ ਦੀ ਜਾਂਚ ਕਰਕੇ ਇਸ ਨੂੰ ਆਪਣੇ ਕਬਜ਼ੇ ਵਿੱਚ ਲਿਆ ਜਾਵੇ।

## 'ਖਬਰੀ' ਮੂਵੀ ਓ ਟੀ ਟੀ ਕੇਬਲ-ਵੰਨ 'ਤੇ ਹੋਈ ਰਿਲੀਜ਼



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)–ਗੁਰੂ ਨਗਰੀ ਵਿਖੇ ਮੂਵੀ 'ਖਬਰੀ' ਦਾ ਪ੍ਰੀਮੀਅਮ ਸ਼ੋਅ ਸਮਾਰੋਹ ਹੋਟਲ 'ਕੁਆਲਟੀ ਇਨ ਇਲਾਈਟ' ਵਿਖੇ ਕਰਵਾਇਆ ਗਿਆ। ਇਸ ਦੌਰਾਨ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਤੋਂ ਇਲਾਵਾ ਮੂਵੀ ਦੇ ਕਲਾਕਾਰ ਵੀ ਮੌਜੂਦ ਸਨ।

ਲੇਖਕ ਨਿਰਦੇਸ਼ਕ ਬੱਬਰ ਗਿੱਲ, ਕਲਾਕਾਰ ਲਖਵਿੰਦਰ ਲੱਖਾ, ਪਲਕ ਢਿੱਲੋਂ, ਮਲਕੀਤ ਰੌਣੀ, ਇਕਤਰ ਸਿੰਘ, ਅਦਾਕਾਰ ਸਾਜਨ ਕਪੂਰ, ਸ਼ੈਰੀ ਉੱਪਲ, ਜਸਦੇਵ ਮਾਨ, ਆਸ਼ਮਨ, ਵਿਸ਼ਾਲ, ਵਰੁਣ, ਦੀਕਸ਼ਿਤ ਅਰੋੜਾ, ਮਾਨਸੀ, ਕੋਮਲ, ਨਿਰਮਾਤਾ ਪਰਮਜੀਤ ਸਿੰਘ, ਗਗਨਦੀਪ ਸਿੰਘ ਅਰੋੜਾ, ਅਮਨਦੀਪ ਕੌਰ ਟੱਕਰ ਮੌਜੂਦ ਸਨ। ਇਹ ਫਿਲਮ ਵੀਰਵਾਰ ਨੂੰ ਓ ਟੀ ਟੀ ਕੇਬਲ-ਵੰਨ 'ਤੇ ਰਿਲੀਜ਼ ਕੀਤੀ ਗਈ। ਇਸ ਮੂਵੀ ਨੂੰ ਰਾਜਾ ਐਂਡ ਕੰਪਨੀ ਪ੍ਰਾਈਵੇਟ ਲਿਮਟਡ ਨੇ ਪ੍ਰੋਡਿਊਸ ਕੀਤਾ ਹੈ ਅਤੇ ਇਸ ਦੇ ਨਿਰਮਾਤਾ ਗਗਨਦੀਪ ਸਿੰਘ, ਅਮਨਦੀਪ ਕੌਰ ਟੱਕਰ ਅਤੇ ਪਰਮਦੀਪ ਸਿੰਘ ਹਨ।

ਕਲਾਕਾਰਾਂ ਅਤੇ ਅਮਨਦੀਪ ਕੌਰ ਟੱਕਰ ਨੇ ਦੱਸਿਆ ਕਿ ਇਸ ਮੂਵੀ ਦੀ ਸ਼ੂਟਿੰਗ ਭੱਦਰਵਾਹ ਕਸ਼ਮੀਰ, ਪੰਜਾਬ ਵਿਖੇ ਹੋਈ ਹੈ। ਫਿਲਮ ਦੀ ਕਹਾਣੀ ਜ਼ਫਰ ਨਾਮ ਦਾ ਬੰਦਾ ਰਾਅ ਏਜੰਟ ਵਿਚ ਜਾਣਾ ਚਾਹੁੰਦਾ, ਜ਼ਫਰ ਇੰਡੀਅਨ ਪੁਲਿਸ ਆਰਮੀ ਦੀ ਮਦਦ ਕਰਦਾ ਹੈ । ਦਰਸ਼ਕਾਂ ਨੇ ਫਿਲਮ ਦਾ ਪ੍ਰੀਮੀਅਮ ਸ਼ੋਅ ਦੇਖਣ ਤੋਂ ਬਾਅਦ ਭਰਵਾਂ ਹੁੰਗਾਰਾ ਦਿੱਤਾ ਹੈ ਅਤੇ ਸਾਰੇ ਕਲਾਕਾਰਾਂ ਦੀ ਬਹੁਤ ਤਾਰੀਫ ਕੀਤੀ ਹੈ।

# ਪੰਜਾਬੀ ਸੱਭਿਆਚਾਰ ਸੱਥ ਅਤੇ ਸਾਹਿਤ ਸੰਸਥਾ ਅੰਮ੍ਰਿਤਸਰ ਵੱਲੋਂ ਡਾ. ਸਵੈਮਾਨ ਸਿੰਘ ਪੱਖੋਕੇ ਦਾ ਸਨਮਾਨ



**ਝਬਾਲ (ਹਰਜਿੰਦਰ ਸਿੰਘ ਸੋਨੀ)** – ਪੰਜਾਬੀ ਸੱਭਿਆਚਾਰ ਸੱਥ ਅਤੇ ਸਾਹਿਤ ਸੰਸਥਾ ਅੰਮ੍ਰਿਤਸਰ ਵੱਲੋਂ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਸਾਹਤਿਕ ਸਮਾਗਮ ਸਰਦਾਰ ਕਰਮ ਸਿੰਘ ਹਿਸਟੋਰੀਅਨ ਤੇ ਕਾਮਰੇਡ ਮੋਤਾ ਸਿੰਘ ਝਬਾਲ ਲਾਇਬ੍ਰੇਰੀ ਵਿਖੇ ਹੋਇਆ ਜਿਸ ਦੀ ਪ੍ਰਧਾਨਗੀ ਸੰਸਥਾ ਦੇ ਚੇਅਰਮੈਨ ਅਤੇ ਸੰਸਥਾਪਕ ਸਰਦਾਰ ਜਸਬੀਰ ਸਿੰਘ ਝਬਾਲ , ਡਾਕਟਰ ਦਵਿੰਦਰ ਕੌਰ,ਕਿਸਾਨ ਆਗੂ ਸੁੱਚਾ ਸਿੰਘ ਅਜਨਾਲਾ,ਸਰਦਾਰ ਬਲਵਿੰਦਰ ਸਿੰਘ ਝਬਾਲ ਨੇ ਕੀਤੀ।ਜਿਸ ਵਿੱਚ ਕਿਸਾਨੀ ਮੋਰਚੇ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਸਮਾਜ ਸੇਵਿਕ ਡਾਕਟਰ ਸਵੈਮਾਨ ਸਿੰਘ ਪੱਖੋਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ।ਸੰਸਥਾ ਦੀ ਪ੍ਰਧਾਨ ਡਾ.ਰਾਜਬੀਰ ਕੌਰ ਬੀਰ ਗਰੇਵਾਲ ਅਤੇ ਚੇਅਰਮੈਨ ਸਰਦਾਰ ਜਸਬੀਰ ਸਿੰਘ ਝਬਾਲ ਨੇ ਡਾਕਟਰ ਸਵੈਮਾਨ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਜੀ ਆਇਆਂ ਆਖਿਆ। ਸਮਾਗਮ ਨੂੰ ਡਾ.ਦਵਿੰਦਰ ਪ੍ਰੀਤ ਕੌਰ, ਸੁੱਚਾ ਸਿੰਘ ਅਜਨਾਲਾ ਅਤੇ ਜਸਬੀਰ ਸਿੰਘ ਝਬਾਲ ਨੇ ਸੰਬੋਧਨ ਕੀਤਾ। ਪੰਜਾਬੀ ਸੱਭਿਆਚਾਰ ਸੱਥ ਅਤੇ ਸਾਹਿਤ ਸੰਸਥਾ ਅੰਮ੍ਰਿਤਸਰ ਦਾ ਬੁਲਾਰਾ ਸਤਰੰਗੀ ਮੈਗਜੀਨ ਡਾਕਟਰ ਸਵੈਮਾਨ ਸਿੰਘ ਤੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਨ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਸ ਜਸਬੀਰ ਸਿੰਘ ਝਬਾਲ ਨੇ ਪੰਜਾਬੀ ਸੱਭਿਆਚਾਰ ਦੇ ਵਿਰਸੇ ਅਤੇ ਪੰਜਾਬੀ ਇਤਿਹਾਸ ਤੋਂ ਜਾਣੂ ਕਰਾਉਂਦਿਆਂ ਦੱਸਿਆ ਕਿ ਡਾਕਟਰ ਸਵੈਮਾਨ ਸਿੰਘ ਪੱਖੋਕੇ ਦੇ ਪਿਤਾ ਵੱਲੋਂ ਵਿਦਿਆਰਥੀ ਜੀਵਨ ਵਿੱਚ ਵਿਦਿਆਰਥੀਆਂ ਦੀ ਅਗਵਾਈ ਕਰਦਿਆਂ ਬੱਸ ਪਾਸ ਦਾ ਘੋਲ ਲੜਿਆ ਤੇ ਜਿੱਤਿਆ। ਪਿਤਾ ਪੁਰਖੀ ਪਰਿਵਾਰ ਸੰਘਰਸ਼ਸ਼ੀਲ ਹੋਣ ਕਰਕੇ ਡਾ.ਸਵੈਮਾਨ ਸਿੰਘ ਨੇ ਕਿਸਾਨੀ ਅੰਦੋਲਨ ਵਿੱਚ ਮਨੁੱਖਤਾ ਦਾ ਧਰਮ ਅਪਨਾਉਂਦਿਆਂ ਮੁਫਤ ਮੈਡੀਕਲ ਸਹੂਲਤਾਂ ਦੇ ਸ਼ਲਾਘਾਯੋਗ ਕਾਰਜ ਨਾਲ ਕਿਸਾਨੀ ਸੰਘਰਸ਼ ਵਿੱਚ ਇਤਿਹਾਸ ਰਚਿਆ, ਜਿਸ ਸਦਕਾ ਸਾਡੀ ਸੰਸਥਾ ਅੱਜ ਉਹਨਾਂ ਨੂੰ ਸਮਾਜ ਸੇਵੀ ਭਗਤ ਪੂਰਨ ਸਿੰਘ ਐਵਾਰਡ ਨਾਲ ਸਨਮਾਨਿਤ ਕਰਕੇ ਮਾਣ ਮਹਿਸੂਸ ਕਰ ਰਹੀ ਹੈ। ਡਾਕਟਰ ਸਵੈਮਾਨ ਵੱਲੋਂ ਹਾਜ਼ਰੀਨ ਸਾਰੇ ਲੇਖਕਾਂ ਤੇ ਸਾਹਿਤਕਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੇਰੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਮੈਨੂੰ ਅੱਜ ਮਾਝੇ ਦੇ ਇਤਿਹਾਸਿਕ ਪਿੰਡ ਝਬਾਲ ਵਿੱਚ ਬੁੱਧੀਜੀਵੀ, ਲੇਖਕਾਂ ਵੱਲੋਂ ਸਨਮਾਨ ਦੇ ਕੇ ਨਿਵਾਜਿਆ ਗਿਆ ਹੈ। ਡਾਕਟਰ ਗੁਰਸਿਮਰਨ ਸਿੰਘ ਬੁੱਟਰ ਵੱਲੋਂ ਸੰਤ ਰਾਮ ਉਦਾਸੀ ਦੀ ਕਵਿਤਾ ਤੇ ਡਾ. ਰਾਜਬੀਰ ਕੌਰ ਬੀਰ ਗਰੇਵਾਲ ਵੱਲੋਂ ਡਾਕਟਰ ਸਵੈਮਾਨ ਦੀ ਸ਼ਖਸ਼ੀਅਤ 'ਤੇ ਲਿਖੀ ਕਵਿਤਾ ਪੜੀ ਗਈ । ਬੀਬੀ ਬਲਵਿੰਦਰ ਕੌਰ ਪੰਧੇਰ ਤੇ ਡਾ.ਦਵਿੰਦਰ ਵੱਲੋਂ ਕਿਸਾਨੀ ਸੰਘਰਸ਼ 'ਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਸੰਸਥਾ ਦੇ ਚੇਅਰਮੈਨ ਸਰਦਾਰ ਜਸਬੀਰ ਸਿੰਘ ਝਬਾਲ ਅਤੇ ਪ੍ਰਧਾਨ ਡਾਕਟਰ ਰਾਜਬੀਰ ਕੌਰ ਗਰੇਵਾਲ ਵੱਲੋਂ ਡਾਕਟਰ ਸਵੈਮਾਨ ਸਿੰਘ ਨੂੰ ਲੋਈ ਅਤੇ ਭਗਤ ਪੂਰਨ ਸਿੰਘ ਸਮਾਜ ਸੇਵਾ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਡਾਕਟਰਾਂ ਦੀ ਪੂਰੀ ਟੀਮ ਵਿੱਚ ਸ ਸ਼ਮਸ਼ੇਰ ਸਿੰਘ, ਅਵਤਾਰ ਸਿੰਘ ਸੁਰ ਸਿੰਘ, ਅੰਮ੍ਰਿਤਪਾਲ ਸਿੰਘ, ਅੰਗਰੇਜ ਸਿੰਘ ,ਆਕਾਸ਼ਦੀਪ ਸਿੰਘ, ਪਹਿਲਵਾਨ ਪੱਖੋਕੇ ,ਨਵਰੂਪ ਸਿੰਘ ਨੂੰ ਗੁਰਮੁਖੀ ਅੱਖਰਾਂ ਵਾਲੇ ਸ਼ਾਲਾਂ ਨਾਲ ਸਨਮਾਨਿਤ ਕੀਤਾ ਗਿਆ ।ਇਸ ਸਮਾਗਮ ਵਿੱਚ ਗੁਰਵਿੰਦਰ ਸਿੰਘ ਝਬਾਲ, ਅੰਮ੍ਰਿਤਸਰ ਤੋਂ ਜੇ ਪੀ ਐਸ ਕੁੰਦਰਾ, ਗੁਰਤੇਜ ਸਿੰਘ, ਮਨਜੀਤ ਸਿੰਘ ਝਬਾਲ, ਪ੍ਰੀਤਮ ਸਿੰਘ ਭੱਟੀ ,ਹਰਜੋਤ ਸਿੰਘ ਛਾਪਾ ,ਗੁਰਦੀਪ ਸਿੰਘ ਭਿੱਖੀਵਿੰਡ, ਬਲਵਿੰਦਰ ਸਿੰਘ ਬਾਕੀਪੁਰ, ਕੁਲਵੰਤ ਸਿੰਘ ਛਾਪਾ, ਸ਼ਮਸ਼ੇਰ ਸਿੰਘ, ਨਵਪ੍ਰੀਤ ਸਿੰਘ, ਰਵਿੰਦਰ ਸਿੰਘ, ਸੁਖਦੇਵ ਸਿੰਘ ਠੱਠਾ, ਜੈਮਲ ਸਿੰਘ ਪਹੂਵਿੰਡ ,ਰਣਜੀਤ ਸਿੰਘ ਰਾਣਾ ਪੰਜਵੜ, ਪ੍ਰੇਮ ਸਿੰਘ ਸਿੱਧਵਾਂ, ਰਾਜ ਕੌਰ ਪੱਧਰੀ, ਸੁਖਦੇਵ ਸਿੰਘ ਠੱਠਾ, ਮਹਿੰਦਰ ਸਿੰਘ ਪੱਟੀ, ਪ੍ਰੀਤਮ ਸਿੰਘ ਪੱਟੀ ਹਾਜਰ ਸਨ। ਅੰਤ ਵਿੱਚ ਸੰਸਥਾ ਦੇ ਜਨਰਲ ਸਕੱਤਰ ਸਰਦਾਰ ਸਤਬੀਰ ਸਿੰਘ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## ਗੁਰੂਹਰਸਾਏ ਨਗਰ ਕੌਂਸਲ ਚੋਣਾਂ ਨਿਰਪੱਖ ਢੰਗ ਨਾਲ ਕਰਵਾਈਆਂ ਜਾਣਗੀਆਂ : ਐੱਮ ਐੱਲ ਏ



ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)–ਗੁਰੂਹਰਸਹਾਏ ਵਿੱਚ ਹੋ ਰਹੀਆਂ ਨਗਰ ਕੌਂਸਲ ਚੋਣਾਂ ਲਈ ਉਮੀਦਵਾਰਾਂ ਵਲੋਂ ਐਸ ਡੀ ਐਮ ਦਫਤਰ ਵਿਖੇ ਨਾਮਜ਼ਦਗੀਆਂ ਭਰਨ ਦਾ ਅੱਜ ਆਖਰੀ ਦਿਨ ਸੀ। ਸਾਰੀਆ ਰਵਾਇਤੀ ਪਾਰਟੀਆਂ ਦੇ ਉਮੀਦਵਾਰਾਂ ਨੇ ਆਪਣੇ ਆਪਣੇ ਵਾਰਡ ਤੋਂ ਨਾਮਜ਼ਦਗੀਆਂ ਭਰੀਆਂ।

ਇਸ ਸਮੇ ਆਮ ਪਾਰਟੀ ਦੇ ਵਿਧਾਇਕ ਫੌਜਾ ਸਿੰਘ ਸਰਾਰੀ ਤੇ ਹਰਜਿੰਦਰ ਸਿੰਘ ਘਾਂਗਾ ਜ਼ਿਲ੍ਹਾ ਪ੍ਰਧਾਨ ਆਮ ਪਾਰਟੀ ਦੇ ਉਮੀਦਵਾਰਾਂ ਦੇ ਕਾਗਜ਼ ਦਾਖਲ ਕਰਨ ਵਾਸਤੇ ਐਸ.ਡੀ.ਐਮ ਦਫਤਰ ਪਹੁੰਚੇ। ਇਸ ਮੌਕੇ ਸਰਾਰੀ ਨੇ ਕਿਹਾ ਕਿ ਕਿਸੇ ਉਮੀਦਵਾਰ ਨੂੰ ਦਰਖਾਸਤ ਭਰਨ ਵਿਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

ਉਹਨਾਂ ਕਿਹਾ ਕਿ ਕਿਸੇ ਵੀ ਮੈਂਬਰ ਦੀ ਨਜਾਇਜ਼ ਤੌਰ 'ਤੇ ਫਾਈਲ ਰਿਜੈਕਟ ਨਹੀਂ ਕੀਤੀ ਜਾਵੇਗੀ ਅਤੇ ਲੋਕਤੰਤਰ ਨੂੰ ਬਹਾਲ ਕਰਨ ਵਿੱਚ ਲੋਕ ਆਪਣੀ ਭੂਮਿਕਾ ਨਿਭਾਉਣਗੇ।ਲੋਕ ਸਾਡੇ ਕੀਤੇ ਵਿਕਾਸ ਕਾਰਜਾਂ ਨਾਲ ਸਾਡੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਉਣਗੇ।

# ਰੇਲਵੇ ਫਾਟਕਾਂ ਤੇ ਓਵਰਬ੍ਰਿਜ/ਅੰਡਰਪਾਸ ਬਣਾਉਣ ਲਈ ਰਵਨੀਤ ਬਿੱਟੂ ਨੂੰ ਦਿੱਤਾ ਮੰਗ ਪੱਤਰ

**ਜਲੰਧਰ (ਲਖਵਿੰਦਰ ਸਿੰਘ ਆਧੀ)** ਜਲੰਧਰ ਵੈਸਟ ਤੋਂ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਨੇ ਖੇਤਰ ਦੀ ਜਨਤਾ ਨੂੰ



ਲੰਬੇ ਸਮੇਂ ਤੋਂ ਰੇਲਵੇ ਫਾਟਕਾਂ ਦੀ ਸਮੱਸਿਆ ਤੋਂ ਰਾਹਤ ਦਿਵਾਉਣ ਲਈ ਵੱਡਾ ਕਦਮ ਚੁੱਕਦਿਆਂ ਬਾਬੂ ਲਾਭ ਸਿੰਘ ਨਗਰ, ਸ਼ੀਤਲ ਨਗਰ, ਨਿਊ ਅਮਰ ਨਗਰ, ਗੁਰੂ ਨਾਨਕ ਨਗਰ, ਸ਼ਾਮ ਨਗਰ, ਸ਼ਿਵ ਨਗਰ ਅਤੇ ਨਾਗਰਾ ਇਲਾਕੇ ਵਿੱਚ ਪੈਂਦੇ ਰੇਲਵੇ ਫਾਟਕਾਂ 'ਤੇ ਓਵਰਬ੍ਰਿਜ/ਅੰਡਰਪਾਸ ਬਣਾਉਣ ਦੀ ਮੰਗ ਨੂੰ ਲੈ ਕੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਲਿਖਤੀ ਮੰਗ ਪੱਤਰ ਸੌਂਪਿਆ।ਇਸ ਮੌਕੇ ਉਨ੍ਹਾਂ ਨਾਲ ਸਾਬਕਾ ਵਿਧਾਇਕ ਕੇ ਡੀ0 ਭੰਡਾਰੀ ਅਤੇ ਜਲੰਧਰ ਭਾਜਪਾ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਵੀ ਮੌਜੂਦ ਸਨ। ਸ਼ੀਤਲ ਅੰਗੁਰਾਲ ਨੇ ਕਿਹਾ ਕਿ ਜਲੰਧਰ ਵੈਸਟ ਦੀ ਜਨਤਾ ਸਾਲਾਂ ਤੋਂ ਰੇਲਵੇ ਫਾਟਕਾਂ ਕਾਰਨ ਜਾਮ, ਦੁਰਘਟਨਾਵਾਂ, ਐਂਬੂਲੈਂਸ ਦੀ ਦੇਰੀ, ਸਕੂਲ-ਕਾਲਜ ਜਾਣ ਵਾਲੇ ਬੱਚਿਆਂ ਦੀ ਪ੍ਰੇਸ਼ਾਨੀ ਅਤੇ ਰੋਜ਼ਮਰ੍ਹਾ ਦੀਆਂ ਭਾਰੀ ਮੁਸੀਬਤਾਂ ਝੱਲ ਰਹੀ ਹੈ, ਪਰ ਕਾਂਗਰਸ ਦੇ ਨੇਤਾਵਾਂ ਨੇ ਇਸ ਗੰਭੀਰ ਜਨਤਕ ਸਮੱਸਿਆ ਨੂੰ ਕਦੇ ਪਹਿਲ ਨਹੀਂ ਦਿੱਤੀ।ਉਨ੍ਹਾਂ ਉਮੀਦ ਜਤਾਈ ਕਿ ਕੇਂਦਰ ਸਰਕਾਰ ਜਨਹਿਤ ਨੂੰ ਧਿਆਨ ਵਿੱਚ ਰੱਖਦਿਆਂ ਇਸ ਮੰਗ 'ਤੇ ਸਕਾਰਾਤਮਕ ਕਾਰਵਾਈ ਕਰੇਗੀ, ਤਾਂ ਜੋ ਹਜ਼ਾਰਾਂ ਪਰਵਾਰਾਂ ਨੂੰ ਰਾਹਤ ਮਿਲ ਸਕੇ।

# ਗੁਰਪ੍ਰੀਤ ਸਿੰਘ ਵਿਰਕ ਨਗਰ ਕੌਂਸਲ ਜ਼ੀਰਕਪੁਰ ਦੇ ਬਣੇ ਪ੍ਰਧਾਨ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**- ਨਗਰ ਕੌਂਸਲ ਜ਼ੀਰਕਪੁਰ ਦੇ ਨਵੇਂ ਚੁਣੇ ਹਾਊਸ ਦੀ ਪਹਿਲੀ ਮੀਟਿੰਗ ਦੌਰਾਨ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਵਾਰਡ ਨੰਬਰ 31 ਤੋਂ ਕੌਂਸਲਰ ਗੁਰਪ੍ਰੀਤ ਸਿੰਘ ਵਿਰਕ ਨੂੰ ਪ੍ਰਧਾਨ, ਵਾਰਡ ਨੰਬਰ 21 ਤੋਂ ਕੌਂਸਲਰ ਗੁਰਵਿੰਦਰ ਸਿੰਘ ਰੰਗੀ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਵਾਰਡ ਨੰਬਰ 28 ਤੋਂ ਕੌਂਸਲਰ ਜਸ਼ਨਪ੍ਰੀਤ ਕੌਰ ਨੂੰ ਜੂਨੀਅਰ ਮੀਤ ਪ੍ਰਧਾਨ ਚੁਣਿਆ ਗਿਆ।ਹਾਊਸ ਦੀ ਪਹਿਲੀ ਮੀਟਿੰਗ ਦੀ ਕਾਰਵਾਈ ਉਪ ਮੰਡਲ ਮੈਜਿਸਟਰੇਟ, ਡੇਰਾਬੱਸੀ ਅਮਿਤ ਗੁਪਤਾ ਵੱਲੋਂ ਸੁਚੱਜੇ ਢੰਗ ਨਾਲ ਸੰਪੰਨ ਕਰਵਾਈ ਗਈ। ਉਨ੍ਹਾਂ ਨੂੰ ਇਸ ਚੋਣ ਪ੍ਰਕਿਰਿਆ ਲਈ ਡਿਪਟੀ ਕਮਿਸ਼ਨਰ, ਐੱਸ ਏ ਐੱਸ ਨਗਰ ਵੱਲੋਂ ਕਨਵੀਨਰ ਨਿਯੁਕਤ ਕੀਤਾ ਗਿਆ ਸੀ। ਚੋਣ ਪ੍ਰਕਿਰਿਆ ਸ਼ੁਰੂ ਹੋਣ ਤੋਂ ਪਹਿਲਾਂ ਉਨ੍ਹਾਂ ਵੱਲੋਂ ਨਗਰ ਕੌਂਸਲ ਦੇ ਸਾਰੇ 31 ਨਵੇਂ ਚੁਣੇ ਕੌਂਸਲਰਾਂ ਨੂੰ ਅਹੁਦੇ ਦੀ ਸਹੁੰ ਵੀ ਚੁਕਾਈ ਗਈ।ਨਗਰ ਕੌਂਸਲ ਜ਼ੀਰਕਪੁਰ ਦੇ ਹਾਊਸ ਵਿੱਚ ਆਮ ਆਦਮੀ ਪਾਰਟੀ ਦੇ 16 ਕੌਂਸਲਰ ਹਨ।ਇਸ ਮੌਕੇ ਵਿਧਾਇਕ ਡੇਰਾਬੱਸੀ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਜ਼ੀਰਕਪੁਰ ਦੇ ਨਿਵਾਸੀਆਂ ਵੱਲੋਂ ਪਾਰਟੀ 'ਤੇ ਭਰੋਸਾ ਜਤਾਉਣ ਅਤੇ ਭਾਰੀ ਸਮਰਥਨ ਦੇਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ।



# ਕਾਮਰੇਡ ਬਲਵਿੰਦਰ ਸਿੰਘ ਸੰਧੂ ਦੀ ਬਰਸੀ ਭਲਕੇ ਮਨਾਈ ਜਾਵੇਗੀ : ਚਾਹਲ

**ਮੋਗਾ (ਇਕਬਾਲ ਸਿੰਘ ਖਹਿਰਾ)**- ਉੱਘੇ ਟਰੇਡ ਯੂਨੀਅਨ ਆਗੂ ਤੇ ਟਰਾਂਸਪੋਰਟ ਕਾਮਿਆਂ ਦੇ ਹਰਮਨ ਪਿਆਰੇ ਨੇਤਾ ਕਾਮਰੇਡ ਬਲਵਿੰਦਰ ਸਿੰਘ ਸੰਧੂ ਦੀ ਬਰਸੀ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਪੰਜਾਬ (ਏਟਕ) ਤੇ ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਵੱਲੋਂ 27 ਜੂਨ ਸ਼ਨੀਵਾਰ ਨੂੰ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਮਨਾਈ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਕਾਮਰੇਡ ਦੀਦਾਰ ਸਿੰਘ ਮੰਡ, ਜਨਰਲ ਸਕੱਤਰ ਕਾਮਰੇਡ ਗੁਰਜੰਟ ਸਿੰਘ ਕੋਕਰੀ ਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਕਾਮਰੇਡ ਜਗਦੀਸ਼ ਸਿੰਘ ਚਾਹਲ ਨੇ ਦੱਸਿਆ ਕਿ ਬਰਸੀ ਸਮਾਗਮ ਵਿੱਚ ਪੰਜਾਬ ਰੋਡਵੇਜ਼ ਦੇ 18 ਡਿੱਪੂਆਂ ਦੇ ਮੁਲਾਜ਼ਮ, ਪੈਨਸ਼ਨਰਜ਼, ਟਰਾਂਸਪੋਰਟ ਕਾਮੇ ਤੇ ਮੋਗਾ ਜ਼ਿਲ੍ਹੇ ਦੀਆਂ ਭਰਾਤਰੀ ਜਥੇਬੰਦੀਆਂ ਦੇ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਆਗੂਆਂ ਨੇ ਕਿਹਾ ਕਿ ਕਾਮਰੇਡ ਬਲਵਿੰਦਰ ਸਿੰਘ ਸੰਧੂ ਨੇ ਆਪਣਾ ਸਮੁੱਚਾ ਜੀਵਨ ਮਜ਼ਦੂਰ ਜਮਾਤ, ਟਰਾਂਸਪੋਰਟ ਕਾਮਿਆਂ ਤੇ ਸਮਾਜਿਕ ਇਨਸਾਫ਼ ਦੀ ਲੜਾਈ ਨੂੰ ਸਮਰਪਤ ਕੀਤਾ।ਉਨ੍ਹਾਂ ਵੱਲੋਂ ਮਜ਼ਦੂਰਾਂ ਤੇ ਕਰਮਚਾਰੀਆਂ ਦੇ ਹੱਕਾਂ ਦੀ ਰੱਖਿਆ ਲਈ ਦਿੱਤਾ ਗਿਆ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ।ਬਰਸੀ ਸਮਾਗਮ ਦੌਰਾਨ ਉਨ੍ਹਾਂ ਦੇ ਜੀਵਨ, ਸੰਘਰਸ਼ ਤੇ ਮਜ਼ਦੂਰ ਲਹਿਰ ਲਈ ਪਾਏ ਗਏ ਯੋਗਦਾਨ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ।ਸਮੂਹ ਟਰਾਂਸਪੋਰਟ ਕਾਮਿਆਂ, ਪੈਨਸ਼ਨਰਜ਼ ਤੇ ਲੋਕ ਪੱਖੀ ਜਥੇਬੰਦੀਆਂ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ।



# ਹਰਜੀਤ ਸਿੰਘ ਜੀਤਾ ਤੀਸਰੀ ਵਾਰ ਨਗਰ ਕੌਂਸਲ ਦੇ ਬਣੇ ਪ੍ਰਧਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ 13 ਵਾਰਡਾਂ ਵਾਲੀ ਨਗਰ ਕੌਂਸਲ ਦੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ



ਅਤੇ ਮੀਤ ਪ੍ਰਧਾਨ ਦੀ ਚੋਣ ਸਰਬਸੰਮਤੀ ਨਾਲ ਸੰਪੰਨ ਹੋ ਗਈ। ਚੋਣ ਦੌਰਾਨ ਨਗਰ ਕੌਂਸਲ ਦੇ ਦੋ ਵਾਰ ਪ੍ਰਧਾਨ ਰਹਿ ਚੁੱਕੇ ਹਰਜੀਤ ਸਿੰਘ ਜੀਤਾ ਨੂੰ ਲਗਾਤਾਰ ਤੀਜੀ ਵਾਰ ਪ੍ਰਧਾਨ ਚੁਣਿਆ ਗਿਆ। ਇਸ ਦੇ ਨਾਲ ਹੀ ਜਤਿਨ ਕੌਸ਼ਲ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਹਰਪਾਲ ਕੌਰ ਨੂੰ ਮੀਤ ਪ੍ਰਧਾਨ ਵਜੋਂ ਸਰਬਸੰਮਤੀ ਨਾਲ ਚੁਣ ਲਿਆ ਗਿਆ। ਚੋਣ ਪ੍ਰਕਿਰਿਆ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਐਸਡੀਐਮ ਸੁਖਪਾਲ ਸਿੰਘ ਦੀ ਹਾਜ਼ਰੀ ਵਿੱਚ ਨਗਰ ਕੌਂਸਲ ਦਫ਼ਤਰ ਵਿਖੇ ਕਰਵਾਈ ਗਈ। ਚੋਣ ਦੌਰਾਨ ਨਗਰ ਕੌਂਸਲ ਦੇ ਸਮੂਹ ਕੌਂਸਲਰ ਹਾਜ਼ਰ ਰਹੇ ਅਤੇ ਸਰਬਸੰਮਤੀ ਨਾਲ ਨਵੀਂ ਟੀਮ ਦੀ ਚੋਣ ਨੂੰ ਮਨਜ਼ੂਰੀ ਦਿੱਤੀ ਗਈ। ਨਤੀਜਿਆਂ ਦੇ ਐਲਾਨ ਮਗਰੋਂ ਨਗਰ ਕੌਂਸਲ ਦਫ਼ਤਰ ਵਿੱਚ ਖ਼ੁਸ਼ੀ ਦਾ ਮਾਹੌਲ ਬਣ ਗਿਆ ਅਤੇ ਕੌਂਸਲਰਾਂ, ਪਾਰਟੀ ਆਗੂਆਂ ਅਤੇ ਸ਼ਹਿਰ ਵਾਸੀਆਂ ਵੱਲੋਂ ਨਵ-ਚੁਣੀ ਟੀਮ ਨੂੰ ਵਧਾਈਆਂ ਦਿੱਤੀਆਂ ਗਈਆਂ। ਜ਼ਿਕਰਯੋਗ ਹੈ ਕਿ ਨਗਰ ਕੌਂਸਲ ਦੇ 13 ਵਾਰਡਾਂ ਵਿੱਚੋਂ 11 ਵਾਰਡਾਂ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਿੱਤ ਕੇ ਆਏ ਸਨ, ਜਦਕਿ ਦੋ ਕੌਂਸਲਰ ਆਜ਼ਾਦ ਉਮੀਦਵਾਰਾਂ ਵਜੋਂ ਚੁਣੇ ਗਏ ਸਨ। ਚੋਣ ਮੌਕੇ ਆਜ਼ਾਦ ਕੌਂਸਲਰ ਬੀ.ਟੀ. ਸਿੱਧੂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਇਸ ਨਾਲ ਨਗਰ ਕੌਂਸਲ ਵਿੱਚ ਪਾਰਟੀ ਦੇ ਕੌਂਸਲਰਾਂ ਦੀ ਗਿਣਤੀ 12 ਹੋ ਗਈ ਹੈ, ਜਿਸ ਨਾਲ ਪਾਰਟੀ ਦੀ ਸਥਿਤੀ ਹੋਰ ਮਜ਼ਬੂਤ ਹੋਈ ਹੈ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਨਵ-ਚੁਣੇ ਪ੍ਰਧਾਨ ਹਰਜੀਤ ਸਿੰਘ ਜੀਤਾ, ਸੀਨੀਅਰ ਮੀਤ ਪ੍ਰਧਾਨ ਜਤਿਨ ਕੌਸ਼ਲ, ਮੀਤ ਪ੍ਰਧਾਨ ਹਰਪਾਲ ਕੌਰ ਅਤੇ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਕੌਂਸਲਰ ਅਮਨਦੀਪ ਕੌਰ, ਕੁਲਵੰਤ ਕੌਰ, ਕਮਲਜੀਤ ਸ਼ਬਲੀ, ਇੰਦਰਜੀਤ ਸਿੰਘ ਅਰੋੜਾ, ਕੁਲਵਿੰਦਰ ਕੌਰ, ਸੁਨੀਲ ਅਡਵਾਲ, ਜਸਬੀਰ ਕੌਰ ਗਰਚਾ, ਸੁਖਦੇਵ ਸਿੰਘ, ਦੀਪਕ ਆਂਗਰਾ, ਅਰਸ਼ਵਿੰਦਰ ਕੌਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਬਾਰ੍ਹਵੀਂ ਦੀ ਪ੍ਰੀਖਿਆ 'ਚ ਪਹਿਲਾ ਸਥਾਨ ਹਾਸਲ ਕਰਨ ਵਾਲੀ ਵਿਦਿਆਰਥਣ ਦਾ ਸਵਾਗਤ

**ਜਲੰਧਰ (ਕਮਲਜੀਤ ਥਾਬਲਕੇ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ ਨੇ ਪੰਜਾਬ ਸਕੂਲ ਸਿੱਖਿਆ ਬੋਰਡ (ਪੀ ਐੱਸ ਈ ਬੀ) ਦੀ ਬਾਰ੍ਹਵੀਂ ਜਮਾਤ ਦੀ ਪ੍ਰੀਖਿਆ ਵਿੱਚ ਜਲੰਧਰ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੀ ਹੋਣਹਾਰ ਵਿਦਿਆਰਥਣ ਸ਼ਰਨ ਰਾਣੀ ਦਾ ਬੀ ਕਾਮ ਸੈਸ਼ਨ 2026 ਵਿੱਚ ਦਾਖ਼ਲਾ ਹੋਣ ਉੱਤੇ ਸਵਾਗਤ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਪ੍ਰੋ. (ਡਾ.) ਨਵਜੋਤ ਨੇ ਦੱਸਿਆ ਕਿ ਸ਼ਰਨ ਰਾਣੀ ਨੇ ਪੀ ਐੱਸ ਈ ਬੀ ਦੀ ਬਾਰ੍ਹਵੀਂ ਜਮਾਤ ਦੀ ਪ੍ਰੀਖਿਆ ਵਿੱਚ 500 ਵਿੱਚੋਂ 487 ਅੰਕ (97.4 ਫ਼ੀਸਦੀ) ਪ੍ਰਾਪਤ ਕਰਕੇ ਨਾ ਸਿਰਫ਼ ਜਲੰਧਰ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ, ਸਗੋਂ ਪੰਜਾਬ ਦੇ ਸਭ ਤੋਂ ਉੱਚੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਵੀ ਆਪਣੀ ਵਿਸ਼ੇਸ਼ ਪਛਾਣ ਬਣਾਈ ਹੈ। ਡਾ. ਨਵਜੋਤ ਨੇ ਦੱਸਿਆ ਕਿ ਸ਼ਰਨ ਰਾਣੀ ਦਾ ਉੱਚ ਸਿੱਖਿਆ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਜਲੰਧਰ ਨੂੰ ਚੁਣਿਆ ਹੈ, ਜੋ ਸੰਸਥਾ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਅੱਗੇ ਦੱਸਿਆ ਕਿ ਸ਼ਰਨ ਰਾਣੀ ਦਾ ਸੁਪਨਾ ਇੱਕ ਕਾਮਯਾਬ ਚਾਰਟਰਡ ਅਕਾਊਂਟੈਂਟ (ਸੀਏ) ਬਣਨ ਦਾ ਹੈ ਅਤੇ ਉਸ ਦਾ ਵਿਸ਼ਵਾਸ ਹੈ ਕਿ ਜੀ ਐੱਨ ਡੀਯੂ ਕਾਲਜ ਦਾ ਬੀ.ਕਾਮ. ਪ੍ਰੋਗਰਾਮ ਉਸ ਨੂੰ ਮਜ਼ਬੂਤ ਅਕਾਦਮਿਕ ਨੀਂਹ, ਗੁਣਵੱਤਾ ਭਰਪੂਰ ਮਾਰਗਦਰਸ਼ਨ ਅਤੇ ਭਵਿੱਖੀ ਕਰੀਅਰ ਲਈ ਲੋੜੀਂਦਾ ਵਿਸ਼ਵਾਸ ਪ੍ਰਦਾਨ ਕਰੇਗਾ।ਪ੍ਰੋ. (ਡਾ.) ਨਵਜੋਤ ਨੇ ਸ਼ਰਨ ਰਾਣੀ ਨੂੰ ਉਸ ਦੀ ਸ਼ਾਨਦਾਰ ਸਫ਼ਲਤਾ ਲਈ ਵਧਾਈ ਦਿੱਤੀ।



# ਗੁਰੂ ਨਾਨਕ ਮਿਸ਼ਨ ਹਸਪਤਾਲ ਨੂੰ ਦੋ ਵ੍ਹੀਲ ਚੇਅਰ ਭੇਟ

**ਬੰਗਾ (ਅਵਤਾਰ ਕਲੇਰ)**- ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਢਾਹਾਂ ਕਲੇਰਾਂ ਵਿਖੇ ਬੈਂਕ ਦਾ 119ਵਾਂ ਸਥਾਪਨਾ ਦਿਵਸ ਮਨਾਇਆ ਗਿਆ। ਇਸ ਮੌਕੇ ਬੈਂਕ ਵੱਲੋਂ ਸਮਾਜਿਕ ਜ਼ਿੰਮੇਵਾਰੀ ਨਿਭਾਉਂਦਿਆਂ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਨੂੰ ਮਰੀਜ਼ਾਂ ਦੀ ਸਹੂਲਤ ਲਈ ਦੋ ਵ੍ਹੀਲ ਚੇਅਰਾਂ ਭੇਟ ਕੀਤੀਆਂ ਗਈਆਂ।



ਬੈਂਕ ਦੇ ਮੈਨੇਜਰ ਹਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੈਂਕ ਆਪਣੇ 119ਵੇਂ ਸਥਾਪਨਾ ਦਿਵਸ ਮੌਕੇ ਸਮਾਜ ਸੇਵਾ ਦੇ ਉਦੇਸ਼ ਨਾਲ ਗੁਰੂ ਨਾਨਕ ਮਿਸ਼ਨ ਹਸਪਤਾਲ ਦੇ ਮਰੀਜ਼ਾਂ ਦੀ ਸਹੂਲਤ ਲਈ ਇਹ ਵ੍ਹੀਲ ਚੇਅਰਾਂ ਭੇਟ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਹ ਉਪਰਾਲਾ ਬੈਂਕ ਦੇ ਰਿਜਨਲ ਮੈਨੇਜਰ ਧਰਿੰਦਰ ਵਿਕਰਮ ਸਿੰਘ ਹੁਸ਼ਿਆਰਪੁਰ ਦੀ ਯੋਗ ਅਗਵਾਈ ਹੇਠ ਕੀਤਾ ਗਿਆ ਹੈ। ਹਸਪਤਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਲਈ ਦੋ ਵ੍ਹੀਲ ਚੇਅਰਾਂ ਭੇਟ ਕਰਨ ਲਈ ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ ਢਾਹਾਂ ਕਲੇਰਾਂ ਦਾ ਹਾਰਦਿਕ ਧੰਨਵਾਦ ਕਰਦੇ ਕਿਹਾ ਕਿ ਇਹ ਵੀਲ ਚੇਅਰਾਂ ਹਸਪਤਾਲ ਵਿੱਚ ਇਲਾਜ ਕਰਵਾਉਣ ਆਉਣ ਵਾਲੇ ਮਰੀਜ਼ਾਂ ਲਈ ਬਹੁਤ ਲਾਭਦਾਇਕ ਹੋਣਗੀਆਂ। ਇਸ ਮੌਕੇ ਕਮਲਜੀਤ ਸਿੰਘ ਬੈਂਕ ਅਫਸਰ, ਮੈਡਮ ਮਨੂ ਚੌਧਰੀ ਬੈਂਕ ਅਫਸਰ, ਦੀਪਕ ਕੁਮਾਰ ਕੈਸ਼ੀਅਰ, ਸਤਿੰਦਰ ਕੁਮਾਰ, ਮੈਡਮ ਕ੍ਰਿਸ਼ਨਾ, ਮਹਿੰਦਰਪਾਲ ਸਿੰਘ ਦਫ਼ਤਰ ਸੁਪਰਡੈਂਟ, ਮੈਡਮ ਜੋਤੀ ਭਾਟੀਆ ਓ.ਪੀ.ਡੀ. ਇੰਚਾਰਜ ਅਤੇ ਜੋਗਾ ਰਾਮ ਹਾਊਸ ਕੀਪਿੰਗ ਇੰਚਾਰਜ ਵੀ ਹਾਜ਼ਰ ਸਨ।

# ਮੁਲਾਜ਼ਮ ਤੇ ਪੈਨਸ਼ਨਰਾਂ ਜਥੇਬੰਦੀਆਂ ਵੱਲੋਂ ਰੈਲੀ 17 ਨੂੰ



**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਦੀਆਂ ਸਾਰੀਆਂ ਮੁਲਾਜ਼ਮ ਅਤੇ ਪੈਨਸ਼ਨਰਾਂ ਜਥੇਬੰਦੀਆਂ ਇਕ ਫਰੰਟ ਤੇ ਇਕਠੇ ਹੋ ਕੇ ਡਿਪਟੀ ਕਮਿਸ਼ਨਰ ਦਫ਼ਤਰਾਂ ਦੇ ਦਫ਼ਤਰਾਂ ਸਾਹਮਣੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਜਿਸ ਵਿੱਚ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ ਜਿਸ ਵਿੱਚ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਬਾਸੀ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਦੇ ਸੂਬਾ ਪ੍ਰੈੱਸ ਸਕਤਰ ਸੰਜੀਵ ਕੌਂਡਲ ਤੇ ਜ਼ਿਲਾ ਪ੍ਰਧਾਨ ਪ੍ਰਸ਼ਪਿੰਦਰ ਸਿੰਘ ਤੇ ਜਨਰਲ ਸਕੱਤਰ ਅਮਰੀਕ ਸਿੰਘ ਦੀ ਅਗਵਾਈ ਵਿੱਚ ਆਪਣੇ ਸਾਥੀਆਂ ਨਾਲ ਰੋਸ ਪ੍ਰਦਰਸ਼ਨ ਵਿਚ ਹਾਜ਼ਰੀ ਲਗਵਾਈ। ਤੀਰਥ ਬਾਸੀ ਨੇ ਕਿਹਾ ਕਿ ਸਾਂਝੇ ਫਰੰਟ ਦੇ ਫੈਸਲੇ ਮੁਤਾਬਿਕ 1-10 ਜੁਲਾਈ ਤੱਕ ਸਾਰੇ ਜਿਲ੍ਹਿਆਂ ਵਿੱਚ ਕੈਬਨਿਟ ਮੰਤਰੀਆਂ ਤੇ ਜਾਂ ਐਮ ਐਲ ਏ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ। 17 ਜੁਲਾਈ ਨੂੰ ਮੁਹਾਲੀ ਵਿਖੇ ਮਹਾਂ ਰੈਲੀ ਕੀਤੀ ਜਾਵੇਗੀ ਅਤੇ ਫੇਰ ਚੰਡੀਗੜ੍ਹ ਵੱਲ ਕੂਚ ਕੀਤਾ ਜਾਵੇਗਾ।

ਇਸ ਮੌਕੇ ਸੰਜੀਵ ਕੌਂਡਲ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ ਸਾਰੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨਾ ਕੇਂਦਰ ਸਰਕਾਰ ਬਰਾਬਰ ਡੀ ਏ ਦੇਣਾ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ ਪੈਨਸ਼ਨਰ ਨੂੰ 2.59 ਗੁਣਾਕ ਨਾਲ ਪੈਨਸ਼ਨ ਦੇਣਾ ਅਤੇ ਪ੍ਰੋਬੇਸ਼ਨ ਦੌਰਾਨ ਪੂਰੀ ਤਨਖਾਹ ਦੇਣਾ ਆਦਿ ਮੰਗਾਂ ਹਨ।

ਇਸ ਮੌਕੇ ਰਾਜਨ ਕੁਮਾਰ, ਭੋਪਾਲ ਸਿੰਘ, ਓਮ ਪ੍ਰਕਾਸ਼ , ਹਰੀ ਰਾਮ, ਰਾਜਿੰਦਰ ਕੁਮਾਰ, ਕੁਲਵੀਰ ਸਿੰਘ, ਧਰਮਿੰਦਰ ਸਿੰਘ, ਸੁਨੀਲ ਕੁਮਾਰ, ਸੁੱਚਾ ਸਿੰਘ, ਰੌਸ਼ਨ ਲਾਲ, ਨਰਿੰਦਰ ਸਿੰਘ, ਜਸਵੰਤ ਸਿੰਘ ਤੇ ਚੇਤੂ ਰਾਮ ਆਦਿ ਮੈਂਬਰ ਹਾਜ਼ਰ ਹੋਏ।

# ਮਾਵਾਂ-ਧੀਆਂ ਸਤਿਕਾਰ ਸਕੀਮ ਤਹਿਤ ਮਹਿਲਾਵਾਂ ਨੂੰ ਆ ਰਹੀਆਂ ਮੁਸ਼ਕਲਾਂ ਸੰਬੰਧੀ ਕਾਰਵਾਈ ਦੀ ਮੰਗ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ /ਰਾਮ ਲਾਲ)** ਮਾਵਾਂ-ਧੀਆਂ ਸਕੀਮ ਤਹਿਤ ਭਰੇ ਜਾ ਰਹੇ 1000-1500 ਰੁਪਏ ਵਾਲੇ ਫਾਰਮਾਂ ਦੌਰਾਨ ਮਹਿਲਾਵਾਂ ਨੂੰ ਆ ਰਹੀਆਂ ਮੁਸ਼ਕਿਲਾਂ ਸੰਬੰਧੀ ਬਲਾਚੌਰ ਲੋਕ ਭਲਾਈ ਮੰਚ ਵੱਲੋਂ ਸੀ ਡੀ ਪੀ ਓ ਦਫ਼ਤਰ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ।ਮੰਚ ਦੇ ਆਗੂਆਂ ਨੇ ਦੱਸਿਆ ਕਿ ਸਰਵਰ ਦੀ ਸਮੱਸਿਆ ਅਤੇ ਹੋਰ ਤਕਨੀਕੀ ਰੁਕਾਵਟਾਂ ਕਾਰਨ ਮਹਿਲਾਵਾਂ ਨੂੰ ਕਈ-ਕਈ ਘੰਟੇ ਉਡੀਕ ਕਰਨੀ ਪੈ ਰਹੀ ਹੈ, ਜਿਸ ਕਾਰਨ ਉਨ੍ਹਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਮੰਚ ਵੱਲੋਂ ਸੀ ਡੀ ਪੀ ਓ ਨਾਲ ਸੰਪਰਕ ਕਰਕੇ ਸਮੱਸਿਆ ਦਾ ਜਲਦ ਹੱਲ ਕਰਨ ਦੀ ਮੰਗ ਕੀਤੀ ਗਈ।ਇਸ ਮੌਕੇ ਬਲਾਚੌਰ ਲੋਕ ਭਲਾਈ ਮੰਚ ਦੇ ਮੁੱਖ ਸਰਪਰਸਤ ਚੌਧਰੀ ਅਸ਼ੋਕ ਨਾਨੋਵਾਲ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਹੋਣਾ ਚਾਹੀਦਾ ਹੈ ਤਾਂ ਜੋ ਮਹਿਲਾਵਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਲੈਣ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ।



# ਸਾਲਾਨਾ ਮੇਲੇ ਸੰਬੰਧੀ ਦਿੱਤਾ ਸੱਦਾ ਪੱਤਰ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਕਾਜਲੀ ਰੋਡ ਕਪੂਰਥਲਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬੀਬੀ ਸ਼ੱਬੋ ਸਰਕਾਰ ਜੀ ਮੁੱਖ ਸੇਵਾਦਾਰ ਦੀ ਦੇਖ ਰੇਖ ਹੇਠ ਪੀਰ ਬਾਬਾ ਪੰਜ ਪੀਰ ਦਾ ਸਾਲਾਨਾ ਮੇਲਾ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ ਸਮੂਹ ਸੰਗਤ ਅਤੇ ਐਨ ਆਰ ਆਈ ਦੇ ਸਹਿਯੋਗ ਨਾਲ ਮਨਾਇਆ ਜਾਂਦਾ ਹੈ ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੇਲੇ ਦੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ ਅਤੇ ਮੁੱਖ ਸ਼ਖਸ਼ੀਅਤਾਂ ਨੂੰ ਸੱਦੇ ਪੱਤਰ ਦਿੱਤੇ ਜਾ ਰਹੇ ਹਨ। ਇਸੇ ਲੜੀ ਤਹਿਤ ਪ੍ਰੀਤ ਸੰਗੋਜਲਾ ਪੱਤਰਕਾਰ ਕਪੂਰਥਲਾ, ਅਮਨਦੀਪ ਨਾਹਰ ਐਸ ਐਚ ਓ ਸਿਟੀ, ਹਰਦੀਪ ਸਿੰਘ ਐਸ ਐਚ ਓ ਕੋਤਵਾਲੀ, ਬਾਬਾ ਵਿਜੇ ਕੁਮਾਰ ਮੁੱਖ ਸੇਵਾਦਾਰ ਪੀਰ ਬਾਬਾ ਕਾਹਨੇ ਸ਼ਾਹ, ਬਾਬਾ ਰਜਿੰਦਰ ਢਿਲੋਂ, ਐਡਵੋਕੇਟ ਹਰਜੀਤ ਸਿੰਘ, ਸੁਖਵਿੰਦਰ ਸੋਹੀ ਪੱਤਰਕਾਰ ਕਪੂਰਥਲਾ, ਬਰਿੰਦਰ ਚਾਨਾ, ਜੋਗਿੰਦਰ ਸਿੰਘ ਜਾਤੀਕੇ ਪੱਤਰਕਾਰ ਭੰਡਾਲ ਬੇਟ, ਪ੍ਰਮਜੀਤ ਸਨੀ ਯੂ ਕੇ ਨੂੰ ਸੱਦਾ ਪੱਤਰ ਦਿੱਤਾ ਗਿਆ।ਹੋਰਨਾਂ ਤੋਂ ਇਲਾਵਾ ਬੀਬੀ ਸ਼ੱਬੋ ਸਰਕਾਰ ਮੁਖ ਸੇਵਾਦਾਰ ਪੰਜ ਪੀਰ, ਬਾਬਾ ਵਿਜੇ ਕੁਮਾਰ ਮੁੱਖ ਸੇਵਾਦਾਰ ਪੀਰ ਬਾਬਾ ਕਾਹਨੇ ਸ਼ਾਹ, ਬੰਟੀ ਆਦਿ ਸ਼ਾਮਿਲ ਸਨ।



# ਸਰਟੀਫਿਕੇਟ ਨਾ ਬਣਨ ਕਾਰਨ ਐੱਸ ਸੀ ਸਮਾਜ ਹੋ ਰਿਹਾ ਖੱਜਲ-ਖੁਆਰ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਮਾਵਾਂ ਧੀਆਂ ਸਤਿਕਾਰ ਯੋਜਨਾ ਅਧੀਨ ਅਪਲਾਈ ਕਰਨ ਲਈ ਅਨੁਸੂਚਿਤ ਵਰਗ ਦੀਆਂ ਔਰਤਾਂ ਨੂੰ ਐਸ ਸੀ. ਸਰਟੀਫਿਕੇਟ ਹੁਸ਼ਿਆਰਪੁਰ ਤਹਿਸੀਲ ਵੱਲੋਂ ਜਾਰੀ ਨਾ ਕੀਤੇ ਜਾਣ 'ਤੇ ਬੇਗਮਪੁਰਾ ਟਾਈਗਰ ਫੋਰਸ ਨੇ ਸਖਤ ਨੋਟਿਸ ਲਿਆ ਹੈ। ?ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਤੇ ਜਿਲ੍ਹਾ ਪ੍ਰਧਾਨ ਹੈਪੀ ਫ਼ਤਿਹਗੜ੍ਹ ਨੇ ਦੱਸਿਆ ਕਿ ਹੁਸ਼ਿਆਰਪੁਰ ਦੀ ਤਹਿਸੀਲ ਤੋ ਹਰ ਰੋਜ਼ ਲਗਭਗ 500/- ਸੌ ਲੋਕ ਐਸ ਸੀ ਸਰਟੀਫਿਕੇਟ ਨਾ ਮਿਲਣ ਕਰਕੇ ਖਜਲ-ਖੁਆਰ ਹੋ ਕੇ ਖਾਲੀ ਹੱਥ ਵਾਪਿਸ ਮੁੜ ਰਹੇ ਹਨ। ਦਫਤਰ ਦੇ ਮੁਲਾਜ਼ਮਾ ਵੱਲੋਂ ਹਰ ਵਾਰ ਸਰਵਰ ਡਾਊਨ ਹੋਣ ਦਾ ਬਹਾਨਾ ਬਣਾਇਆ ਜਾਂਦਾ ਹੈ। ?ਬੇਗਮਪੁਰਾ ਟਾਈਗਰ ਫੋਰਸ ਦੇ ਆਗੂਆ ਨੂੰ ਪਤਾ ਲੱਗਾ ਹੈ ਕਿ ਇਕੱਲੇ ਹੁਸ਼ਿਆਰਪੁਰ ਵਿੱਚ ਹੀ ਲਗਭਗ 38,000 ਐਸ ਸੀ ਸਰਟੀਫਿਕੇਟ ਪੈਂਡਿੰਗ ਪਏ ਹਨ। ਆਗੂਆਂ ਨੇ ਸ਼ੱਕ ਪ੍ਰਗਟ ਕੀਤਾ ਕਿ ਜੇਕਰ ਅਜਿਹਾ ਹੀ ਹਾਲ ਤਹਿਸੀਲ ਟਾਂਡਾ, ਮੁਕੇਰੀਆਂ, ਦਸੂਹਾ ਅਤੇ ਗੜ੍ਹਸ਼ੰਕਰ ਦਾ ਰਿਹਾ, ਤਾਂ ਪੈਂਡਿੰਗ ਕੇਸਾਂ ਦੀ ਗਿਣਤੀ ਲੱਖਾਂ ਵਿੱਚ ਪਹੁੰਚ ਜਾਵੇਗੀ। ?ਇਸ ਸਬੰਧੀ ਬੇਗਮਪੁਰਾ ਟਾਈਗਰ ਫੋਰਸ ਦੇ ਵਫ਼ਦ ਦੇ ਆਗੂਆਂ ਨੇ ਪਹਿਲਾਂ ਨਾਇਬ ਤਹਿਸੀਲਦਾਰ ਹੁਸ਼ਿਆਰਪੁਰ ਨੂੰ ਮਿਲ ਕੇ ਗੱਲਬਾਤ ਕੀਤੀ, ਤਾਂ ਉਹਨਾਂ ਨੇ ਸਟਾਫ ਦੀ ਘਾਟ ਦਾ ਰੋਣਾ ਰੋਇਆ। ਇਸ ਤੋਂ ਬਾਅਦ ਜਦੋਂ ਫੋਰਸ ਦੇ ਆਗੂ ਤਹਿਸੀਲਦਾਰ ਨੂੰ ਮਿਲੇ, ਤਾਂ ਉਹਨਾਂ ਨੇ ਇਹ ਕਹਿ ਕੇ ਪੱਲਾ ਝਾੜ ਲਿਆ ਕਿ 'ਸਰਵਰ ਡਾਊਨ ਦੀ ਸੱਮਸਿਆ ਨੂੰ ਠੀਕ ਕਰਨਾ ਮੇਰੀ ਜਿੰਮੇਵਾਰੀ ਨਹੀਂ ਹੈ, ਇਸ ਦਾ ਪ੍ਰਬੰਧ ਡੀ.ਸੀ. ਜਾਂ ਜੀ.ਐਲ.ਏ. ਹੀ ਕਰ ਸਕਦੇ ਹਨ। '



# ਸਹਿਜ ਧਿਆਨ ਯੋਗ ਤੇ ਹੈਪੀਨੈੱਸ ਕੈਂਪ ਲਗਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਆਰਟ ਆਫ ਲਿਵਿੰਗ ਹੈਪੀਨੈਸ ਸੈਂਟਰ ਹੁਸ਼ਿਆਰਪੁਰ ਵੱਲੋਂ ਸਤਿਕਾਰਯੋਗ ਮੈਡਮ ਵੰਦਨਾ ਅਤੇ ਮੋਹਿਤ ਦੀ ਯੋਗ ਅਗਵਾਈ ਹੇਠ ਦੇਚੇਨ ਚੋਖੋਰ ਮੱਠ ( ਮਨਿਸਟਰੀ ) ਜੋ ਕਿ ਕੁੱਲੂ ਸ਼ਹਿਰ ਤੋਂ 12 ਕੁ ਕਿਲੋਮੀਟਰ ਦੀ ਦੂਰੀ ਤੇ ਪਿੰਡ ਸਾਰਾਬਾਈ ਵਿਖੇ ਸਥਿਤ ਹੈ ਵਿਖੇ ਲਗਾਏ ਗਏ ਚਾਰ ਦਿਨ ਦੇ ਯੋਗਾ ਅਤੇ ਮੈਡੀਟੇਸ਼ਨ ਸ਼ਿਵਰ ਦੌਰਾਨ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਦੀਦਾਰੇ ਕੀਤੇ ਗਏ। ਸ਼ਿਵਰ ਵਿੱਚ ਸ਼ਾਮਿਲ ਲਗਭਗ 40 ਸਾਥੀਆਂ ਨੇ ਸਮੇਂ- ਸਮੇਂ ਤੇ ਇਸ ਮਨਿਸਟਰੀ ਅੰਦਰ ਸਥਿਤ ਤਥਾਗਤ ਭਗਵਾਨ ਬੁੱਧ ਦੇ ਸਟੈਚੂ ਨੂੰ ਪ੍ਰਣਾਮ ਕੀਤਾ ਤੇ ਇਸ ਮਨਿਸਟਰੀ ਵਿੱਚ 3 ਤੋਂ ਸਾਢੇ 3 ਵਜੇ ਤੱਕ ਹੁੰਦੀ ਪ੍ਰਾਰਥਨਾ ਵਿੱਚ ਹਿੱਸਾ ਵੀ ਲਿਆ। ਸ਼ਿਵਰ ਵਿੱਚ ਸ਼ਾਮਿਲ ਲਗਭਗ 40 ਵਿਅਕਤੀਆਂ ਨੇ ਇਸ ਅਸਥਾਨ ਦੀ ਸ਼ਾਂਤੀ ਅਤੇ ਪਵਿੱਤਰਤਾ ਦਾ ਆਨੰਦ ਮਾਣਿਆ। ਦੂਜੇ ਦਿਨ ਸ਼ਿਵਰ ਵਿੱਚ ਸ਼ਾਮਿਲ ਕੁਝ ਸਾਥੀ ਕੁੱਲੂ ਤੋਂ ਲਗਭਗ 12 ਕੁ ਕਿਲੋਮੀਟਰ ਦੀ ਦੂਰੀ ਤੇ ਪੈਂਦੇ ਪਿੰਡ ਕਸ਼ਵਰੀ ਦੀ ਕੁੱਲੂ ਘਾਟੀ ਵਿੱਚ ਸਥਿਤ ਬਿਜਲੀ ਮਹਾਦੇਵ ਮੰਦਰ ਦੇ ਦਰਸ਼ਨ ਕਰਨ ਵਾਸਤੇ ਗਏ। ਇਸ ਤੋਂ ਅਗਲੇ ਦਿਨ ਸ਼ਿਵਰ ਵਿੱਚ ਸ਼ਾਮਿਲ ਹੋਏ ਸਾਥੀ ਗੁਰਦੁਆਰਾ ਮਨੀਕਰਨ ਸਾਹਿਬ ਦੇ ਦਰਸ਼ਨ ਕਰਨ ਵਾਸਤੇ ਗਏ। ਇਸ ਦੇ ਨਾਲ ਹੀ ਇੱਕ ਰਾਮ ਮੰਦਿਰ ਵੀ ਹੈ। ਸਿੱਖ ਪਰੰਪਰਾ ਅਨੁਸਾਰ ਇਸ ਅਸਥਾਨ ਤੇ ਧੰਨ- ਧੰਨ ਸ਼੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਆਏ ਸਨ। ਇਸ ਮੌਕੇ ਰਾਘਵੀ, ਭਵਿਆ, ਅਦੀਸ਼ਾ, ਕੁਲਦੀਪ, ਪਰਮਜੀਤ, ਡਾਕਟਰ ਸਵਿਤਾ, ਮਧੂ ਜੀ, ਅਜੇ ਜੀ ਸਮੇਤ ਮੁੰਬਈ, ਗੁਜਰਾਤ,ਦਿੱਲੀ, ਚੰਡੀਗੜ੍ਹ, ਭਿਵਾਨੀ, ਬਠਿੰਡਾ, ਹੁਸ਼ਿਆਰਪੁਰ ਅਤੇ ਮਾਹਿਲਪੁਰ ਤੋਂ ਸ਼ਿਵਰ ਵਿੱਚ ਸ਼ਾਮਿਲ ਹੋਏ ਸਾਥੀ ਹਾਜ਼ਰ ਸਨ।



# ਸਰਕਾਰੀ ਹਸਪਤਾਲ ਵਿਖੇ ਬੱਚਿਆਂ ਤੇ ਮਹਿਲਾਵਾਂ ਦੇ ਦੋ ਮਾਹਰ ਡਾਕਟਰ ਨਿਯੁਕਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸਰਕਾਰੀ ਹਸਪਤਾਲ ਮੋਰਿੰਡਾ ਵਿਖੇ ਬੱਚਿਆਂ ਅਤੇ ਮਹਿਲਾਵਾਂ ਦੇ ਰੋਗਾਂ ਦੋ ਮਾਹਿਰ ਡਾਕਟਰ ਨਿਯੁਕਤ ਕੀਤੇ ਗਏ ਹਨ। ਜਾਣਕਾਰੀ ਦਿੰਦਿਆਂ ਮਹਿਲਾ ਆਗੂ ਰਾਜਵੰਤ ਕੌਰ ਨੇ ਦੱਸਿਆ ਕਿ ਮੋਰਿੰਡਾ ਹਸਪਤਾਲ ਵਿਚ ਪਿਛਲੇ ਕਾਫੀ ਸਮੇਂ ਤੋਂ ਬਚਿਆਂ ਅਤੇ ਮਹਿਲਾ ਰੋਗਾਂ ਦੇ ਮਾਹਿਰ ਡਾਕਟਰਾਂ ਦੀ ਘਾਟ ਦੇ ਖਟਕਦੀ ਸੀ । ਇਸ ਕਾਰਨ ਸਰਕਾਰੀ ਹਸਪਤਾਲ ਦੇ ਵਿੱਚ ਇਲਾਜ ਕਰਵਾਉਣ ਆ ਰਹੇ ਇਲਾਕੇ ਦੇ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਵੱਖ ਵੱਖ ਸਮਾਜਿਕ ਜਥੇਬੰਦੀਆਂ ਅਤੇ ਇਲਾਕੇ ਦੇ ਲੋਕਾਂ ਵੱਲੋਂ ਸਰਕਾਰ ਕੋਲੋਂ ਇਹ ਪੁਰਜੋਰ ਅਪੀਲ ਕੀਤੀ ਜਾ ਰਹੀ ਸੀ ਕਿ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਕਮੀ ਨੂੰ ਤੁਰੰਤ ਪੂਰਾ ਕੀਤਾ ਜਾਵੇ। ਲੋਕਾਂ ਦੀ ਇਸ ਪਰੇਸ਼ਾਨੀ ਨੂੰ ਦੇਖਦੇ ਹੋਏ ਪ੍ਰਸ਼ਾਸਨ ਵੱਲੋਂ ਮਹਿਲਾ ਰੋਗਾਂ ਦੀ ਮਾਹਿਰ ਡਾਕਟਰ ਕਵਿਤਾ ਸ਼ਰਮਾ ਅਤੇ ਬੱਚਿਆਂ ਦੇ ਰੋਗਾਂ ਦੀ ਮਾਹਿਰ ਡਾਕਟਰ ਸੁਰਭੀ ਨੂੰ ਮੋਰਿੰਡਾ ਦੇ ਸਰਕਾਰੀ ਹਸਪਤਾਲ ਵਿੱਚ ਡਿਊਟੀ ਤੇ ਲਗਾਇਆ ਗਿਆ ਹੈ। ਦੋਵੇਂ ਡਾਕਟਰ ਆਪਣੀ ਡਿਊਟੀ ਤੇ ਹਾਜ਼ਰ ਹੋ ਗਏ ਹਨ। ਹਸਪਤਾਲ ਵਿੱਚ ਮੌਜੂਦ ਲੋਕਾਂ ਵੱਲੋਂ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਸ਼ਲਾਘਾ ਕਰਦੇ ਹੋਏ ਕਿਹਾ ਗਿਆ ਕਿ ਜੇਕਰ ਸਰਕਾਰੀ ਹਸਪਤਾਲਾਂ ਵਿੱਚ ਪੂਰੀਆਂ ਸਹੂਲਤਾਂ ਹੋਣ ਤਾਂ ਜ਼ਰੂਰਤਮੰਦ ਲੋਕਾਂ ਦੇ ਲੱਖਾਂ ਰੁਪਏ ਬਚ ਸਕਦੇ ਹਨ।



# ਜੁਗਰਾਜ ਸਿੰਘ ਯੂਥ ਕਾਂਗਰਸ ਦੇ ਪ੍ਰਧਾਨ ਬਣੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਯੂਥ ਕਾਂਗਰਸ ਦੀਆਂ ਹੋਈਆਂ ਚੋਣਾਂ ਦੇ ਨਤੀਜੇ ਵਿੱਚ ਯੁਗਰਾਜ ਸਿੰਘ ਮਾਵੀ 8689 ਵੋਟਾਂ ਲੈ ਕੇ ਹਲਕਾ ਯੂਥ ਕਾਂਗਰਸ ਦੇ ਪ੍ਰਧਾਨ ਚੁਣੇ ਗਏ। ਦੱਸਣ ਯੋਗ ਹੈ ਕਿ ਉਹਨਾਂ ਦੀ ਮਾਤਾ ਬਲਜੀਤ ਕੌਰ ਸਮਾਣਾ ਬਲਾਕ ਸੰਮਤੀ ਮੋਰਿੰਡਾ ਦੇ ਚੇਅਰਪਰਸਨ ਰਹਿ ਚੁੱਕੇ ਹਨ ਜਦਕਿ ਕਿਸਾਨੀ ਨਾਲ ਜੁੜੇ ਉਹਨਾਂ ਦੇ ਪਿਤਾ ਤਰਲੋਚਨ ਸਿੰਘ ਮਾਵੀ ਪਿੰਡ ਦੇ ਸਰਪੰਚ ਰਹਿ ਚੁੱਕੇ ਹਨ। ਜੁਗਰਾਜ ਸਿੰਘ ਮਾਵੀ ਦੀ ਨਿਯੁਕਤੀ ਨੂੰ ਲੈ ਕੇ ਨੌਜਵਾਨਾਂ ਵਿੱਚ ਕਾਫੀ ਖੁਸ਼ੀ ਪ੍ਰਗਟਾਈ ਜਾ ਰਹੀ ਹੈ। ਇਸ ਸਬੰਧੀ ਸਾਬਕਾ ਸਰਪੰਚ ਮਨਪ੍ਰੀਤ ਸਿੰਘ ਮਾਵੀ ਸਮਾਣਾ ਖੁਰਦ, ਹਰਜੋਤ ਸਿੰਘ ਢੰਗਰਾਲੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ, ਕੌਂਸਲਰ ਮਨਦੀਪ ਸਿੰਘ ਬਾਜਵਾ, ਬਲਜਿੰਦਰ ਸਿੰਘ ਸਹੇੜੀ, ਜਗਰੂਪ ਸਿੰਘ ਅਰਨੌਲੀ ਅਤੇ ਨੌਜਵਾਨ ਆਗੂ ਸਨੀ ਭੂਮਕ ਨੇ ਵਧਾਈ ਦਿੰਦਿਆਂ ਕਿਹਾ ਕਿ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਜੁਗਰਾਜ ਸਿੰਘ ਦੀ ਅਗਵਾਈ ਵਿੱਚ ਕਾਂਗਰਸ ਮਜਬੂਤ ਹੋਵੇਗੀ।



# ਸਤਿਗੁਰੂ ਕਬੀਰ ਦਾ ਪ੍ਰਕਾਸ਼ ਉਤਸਵ 28 ਨੂੰ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਸਤਿਗੁਰ ਕਬੀਰ ਇਤਿਹਾਸ ਤੇ ਭਗਤੀ ਲਹਿਰ ਦੇ ਇੱਕ ਮਹਾਨ ਸੰਤ, ਕਵੀ ਅਤੇ ਸਮਾਜ ਸੁਧਾਰਕ ਸਨ, ਜਿਨ੍ਹਾਂ ਨੇ ਆਪਣੀ ਪਵਿੱਤਰ ਬਾਣੀ ਰਾਹੀਂ ਲੋਕਾਂ ਨੂੰ ਸੱਚ ਦਾ ਰਾਹ ਵਿਖਾਇਆ। ਸਤਿਗੁਰ ਕਬੀਰ ਦੀ ਪਵਿੱਤਰ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਉਚੇਚੇ ਤੌਰ 'ਤੇ ਦਰਜ ਹੈ, ਜਿੱਥੇ ਉਨ੍ਹਾਂ ਦੇ 243 ਸਲੋਕ ਅਤੇ ਕਈ ਪਵਿੱਤਰ ਸ਼ਬਦ ਅੱਜ ਵੀ ਸਮੁੱਚੀ ਮਨੁੱਖਤਾ ਦਾ ਮਾਰਗਦਰਸ਼ਨ ਕਰ ਰਹੇ ਹਨ।ਸਤਿਗੁਰੂ ਕਬੀਰ ਦਾ 629ਵਾਂ ਪ੍ਰਕਾਸ਼ ਉਤਸਵ ਦੀ ਜਾਣਕਾਰੀ ਦਿੰਦੇ ਜਨਰਲ ਸਕੱਤਰ ਸੰਜੀਵ ਕੁਮਾਰ ਮਿੰਟੂ ਨੇ ਦੱਸਿਆ ਕਿ ਸਥਾਨਕ ਸ੍ਰੀ ਗੁਰੂ ਰਵਿਦਾਸ ਮੰਦਿਰ, ਵਾਰਡ ਨੰਬਰ 8, ਬਲਾਚੌਰ ਵਿਖੇ ਆਉਂਦੀ 28 ਜੂਨ ਨੂੰ ਬੜੀ ਸ਼ਰਧਾ, ਭਾਵਨਾ ਅਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਮੰਦਿਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੋਮਨਾਥ (ਆਰੇ ਵਾਲੇ), ਵਾਈਸ ਪ੍ਰਧਾਨ ਪਰਮਿੰਦਰ ਮੈਨਕਾ, ਵਾਈਸ ਪ੍ਰਧਾਨ ਸੁਖਵੰਤ ਰਾਏ ਪੱਪੂ ,ਖਜ਼ਾਨਚੀ ਮਲਕੀਤ ਕੁਮਾਰ ਅਤੇ ਸਹਾਇਕ ਰੂਪ ਲਾਲ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਧਾਰਮਿਕ ਸਮਾਗਮਾਂ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਮੁਕੰਮਲ ਕੀਤੀਆਂ ਜਾ ਰਹੀਆਂ ਹਨ।

# ਟਰੱਕ ਤੇ ਮਹਿੰਦਰਾ ਬਲੈਰੋ ਵਿਚਕਾਰ ਟੱਕਰ



**ਫਿਲੌਰ (ਨਿਰਮਲ)**- ਫਿਲੌਰ ਨੈਸ਼ਨਲ ਹਾਈਵੇ 'ਤੇ ਜਲੰਧਰ ਤੋਂ ਲੁਧਿਆਣਾ ਵੱਲ ਜਾ ਰਹੀ ਇੱਕ ਚਿੱਟੇ ਰੰਗ ਦੀ ਮਹਿੰਦਰਾ ਬਲੈਰੋ ਤੇ ਟਰੱਕ ਵਿਚਕਾਰ ਜ਼ੋਰਦਾਰ ਟੱਕਰ ਹੋ ਗਈ। ਟੱਕਰ ਇੰਨੀ ਭਿਆਨਕ ਸੀ ਕਿ ਬਲੈਰੋ ਬੁਰੀ ਤਰ੍ਹਾਂ ਖਸਤਾਹਾਲ ਹੋ ਗਈ, ਹਾਲਾਂਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਫੌਰੀ ਤੌਰ 'ਤੇ ਮੌਕੇ 'ਤੇ ਪਹੁੰਚ ਗਈ। ਟੀਮ ਨੇ ਪਹਿਲ ਦੇ ਆਧਾਰ 'ਤੇ ਟ੍ਰੈਫਿਕ ਕਾਬੂ ਕੀਤਾ ਤਾਂ ਜੋ ਕੋਈ ਹੋਰ ਅਣਸੁਖਾਵੀਂ ਘਟਨਾ ਨਾ ਵਾਪਰੇ।ਸੜਕ ਸੁਰੱਖਿਆ ਫੋਰਸ ਦੇ ਏ ਐੱਸ ਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਨੁਕਸਾਨੇ ਵਾਹਨਾਂ ਨੂੰ ਸੜਕ ਤੋਂ ਹਟਾਉਣ ਲਈ ਹਾਈਡਰਾ ਮਸ਼ੀਨ ਮੰਗਵਾਈ ਗਈ। ਕਾਫ਼ੀ ਜੱਦੋ ਜਹਿਦ ਤੋਂ ਬਾਅਦ ਦੋਵੇਂ ਵਾਹਨ ਸੜਕ ਕਿਨਾਰੇ ਕੀਤੇ ਗਏ ਤੇ ਆਵਾਜਾਈ ਮੁੜ ਸੁਚਾਰੂ ਕੀਤੀ ਗਈ।

# ਸਿਹਤ ਟੀਮਾਂ ਵੱਲੋਂ ਐਚ ਪੀ ਵੀ ਟੀਕਾਕਰਨ ਸੰਬੰਧੀ ਗਤੀਵਿਧੀਆਂ

**ਖਰੜ (ਹਰਨਾਮ ਸਿੰਘ ਡੱਲਾ)**- ਸੀਨੀਅਰ ਮੈਡੀਕਲ ਅਫ਼ਸਰ ਬੂਥਗੜ੍ਹ ਡਾ. ਅਲਕਜੋਤ ਕੌਰ ਦੀ ਅਗਵਾਈ ਹੇਠ ਬਲਾਕ ਬੂਥਗੜ੍ਹ ਅਧੀਨ ਉੱਚ ਜੋਖਮ ਵਾਲੇ ਖੇਤਰਾਂ ਵਿੱਚ ਐਚ ਪੀ ਵੀ ਟੀਕਾਕਰਨ ਸਬੰਧੀ ਵਿਸ਼ੇਸ਼ ਗਤੀਵਿਧੀਆਂ ਕੀਤੀਆਂ ਗਈਆਂ।ਇਸ ਦੌਰਾਨ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਇੱਟਾਂ ਦੇ ਭੱਠਿਆਂ, ਓਮੈਕਸ ਦੇ ਉਸਾਰੀ ਸਥਾਨਾਂ ਅਤੇ ਹੋਰ ਪ੍ਰਵਾਸੀ ਮਜ਼ਦੂਰਾਂ ਦੀਆਂ ਬਸਤੀਆਂ ਵਿੱਚ ਜਾ ਕੇ ਯੋਗ ਬੱਚੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਐਚ ਪੀ ਵੀ ਵੈਕਸੀਨ ਦੇ ਫਾਇਦਿਆਂ ਬਾਰੇ ਜਾਣਕਾਰੀ ਦਿੱਤੀ ਗਈ। ਟੀਮਾਂ ਵੱਲੋਂ ਸਰਵਾਈਕਲ ਕੈਂਸਰ ਦੀ ਰੋਕਥਾਮ ਵਿੱਚ ਐਚ ਪੀ ਵੀ ਟੀਕੇ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਗਰੂਕ ਕੀਤਾ ਗਿਆ ਅਤੇ ਟੀਕਾਕਰਨ ਕਰਵਾਉਣ ਦੀ ਅਪੀਲ ਕੀਤੀ ਗਈ। ਡਾ. ਅਲਕਜੋਤ ਨੇ ਦੱਸਿਆ ਕਿ ਸਿਹਤ ਵਿਭਾਗ ਦਾ ਉਦੇਸ਼ ਹਰ ਯੋਗ ਕੁੜੀ ਤੱਕ ਐਚ ਪੀ ਵੀ ਵੈਕਸੀਨ ਦੀ ਪਹੁੰਚ ਯਕੀਨੀ ਬਣਾਉਣਾ ਹੈ, ਖਾਸ ਕਰਕੇ ਉਹਨਾਂ ਪਰਵਾਰਾਂ ਤੱਕ ਜੋ ਇੱਟਾਂ ਦੇ ਭੱਠਿਆਂ, ਉਸਾਰੀ ਸਥਾਨਾਂ ਅਤੇ ਹੋਰ ਅਸਥਾਈ ਰਿਹਾਇਸ਼ੀ ਖੇਤਰਾਂ ਵਿੱਚ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਸਿਹਤ ਟੀਮਾਂ ਵੱਲੋਂ ਅਜਿਹੇ ਖੇਤਰਾਂ ਦੀ ਨਿਰੰਤਰ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਟੀਕਾਕਰਨ ਤੋਂ ਵਾਂਝਾ ਨਾ ਰਹੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਫਵਾਹਾਂ ਤੋਂ ਦੂਰ ਰਹਿਣ ਅਤੇ ਆਪਣੀਆਂ ਬੱਚੀਆਂ ਦਾ ਐਚ.ਪੀ.ਵੀ. ਟੀਕਾਕਰਨ ਕਰਵਾ ਕੇ ਉਨ੍ਹਾਂ ਨੂੰ ਭਵਿੱਖ ਵਿੱਚ ਗੰਭੀਰ ਬਿਮਾਰੀਆਂ ਤੋਂ ਸੁਰੱਖਿਅਤ ਬਣਾਉਣ ਵਿੱਚ ਸਹਿਯੋਗ ਦੇਣ।ਇਸ ਮੌਕੇ ਨੋਡਲ ਅਫ਼ਸਰ ਡਾ. ਸਿਮਨ ਢਿੱਲੋਂ, ਡਾ. ਵਿਕਾਸ, ਮਲਟੀਪਰਪਜ਼ ਹੈਲਥ ਵਰਕਰ, ਆਸ਼ਾ ਵਰਕਰਾਂ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।



# ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਸਿਹਤ ਡਾਇਰੈਕਟਰ ਨਾਲ ਮੀਟਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਦੀ ਡਾਇਰੈਕਟਰ ਸਿਹਤ ਨਾਲ ਉਹਨਾਂ ਵਲੋਂ ਦਿੱਤੇ ਗਏ ਲਿਖਤੀ ਸਮੇਂ ਅਨੁਸਾਰ ਮੀਟਿੰਗ ਹੋਈ। ਇਹ ਮੀਟਿੰਗ ਪਿਛਲੇ ਦਿਨੀ ਨਵੀਂ ਚੁਣੀ ਗਈ ਕਮੇਟੀ ਦੇ ਸੂਬਾ ਪ੍ਰਧਾਨ ਸੁਖਦੀਪ ਸ਼ਰਮਾ ਅਤੇ ਜਨਰਲ ਸਕੱਤਰ ਸੁਨੀਲ ਦੱਤ ਸ਼ਰਮਾ ਦੀ ਅਗਵਾਈ ਹੇਠ ਕੀਤੀ ਗਈ। ਇਸ ਵਿਚ ਸਿਹਤ ਡਾਇਰੈਕਟਰ ਨੂੰ ਪਹਿਲਾ ਨਵੇਂ ਚੁਣੇ ਗਏ ਕਮੇਟੀ ਮੈਂਬਰਾ ਦੀ ਜਾਣ ਪਛਾਣ ਕਰਵਾਈ ਗਈ । ਮੀਟਿੰਗ ਦੀ ਕਾਰਵਾਈ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੀ ਸੂਬਾ ਪ੍ਰੈਸ ਸਕੱਤਰ ਦੀਪਾਂਜਲੀ ਭੱਟੀ ਨੇ ਦੱਸਿਆ ਕਿ ਮੀਟਿੰਗ ਵਿੱਚ ਫਾਰਮੇਸੀ ਅਫਸਰਾ ਦੀਆਂ ਮੁਸ਼ਕਿਲਾਂ ਬਾਰੇ ਚਰਚਾ ਕੀਤੀ ਗਈ। ਪੰਜਾਬ ਪੇ ਸਕੇਲ ਲੈਣ ਲਈ ਮਾਨਯੋਗ ਹਾਈ ਕੋਰਟ ਦੇ ਫੈਸਲੇ ਅਨੁਸਾਰ ਫਾਰਮੇਸੀ ਅਫਸਰਾ ਦੇ ਜਨਰਲ ਸਪੀਕਿੰਗ ਆਰਡਰ ਜਾਰੀ ਕਰਨ ਦੀ ਮੁੱਖ ਮੰਗ ਰੱਖੀ ਗਈ ਜਿਸ ਵਿਚ ਡਾਇਰੈਕਟਰ ਨੇ ਕਿਹਾ ਕਿ ਸਰਕਾਰ ਵੱਲੋਂ ਲੀਗਲ ਐਡਵਾਈਜ਼ਰ ਨਾਲ ਗੱਲਬਾਤ ਕਰਕੇ ਜਲਦ ਹੀ ਇਸ ਦਾ ਹਲ ਕੀਤਾ ਜਾਵੇਗਾ ।ਫਾਰਮੇਸੀ ਅਫਸਰਾ ਦੀਆਂ ਬਾਕੀ ਰਹਿੰਦੀਆਂ ਰੈਗੂਲਰ ਪੋਸਟਾਂ ਨੂੰ ਭਰਨ ਸਬੰਧੀ ਓਹਨਾ ਆਖਿਆ ਕਿ ਸਰਕਾਰ ਵਲੋਂ ਇਹਨਾਂ 454 ਪੋਸਟਾਂ ਨੂੰ ਜਲਦੀ ਭਰਿਆ ਜਾਵੇਗਾ। ਇਸ ਤੋ ਬਾਅਦ ਸੇਵਾ ਮੁਕਤ ਫਾਰਮੇਸੀ ਅਫਸਰਾ ਦੇ ਲੀਵ ਇਨਕੇਸ਼ਮੈਂਟ ਦੇ ਪੈਂਡਿੰਗ ਕੇਸਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ । ਇਸ ਮੌਕੇ ਤੇ ਵਿੱਤ ਸਕੱਤਰ ਮੀਨਾਕਸ਼ੀ ਧੀਰ, ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ, ਮੀਤ ਪ੍ਰਧਾਨ ਸੁਖਮੰਦਰ ਸਿੰਘ ਸੰਧੂ, ਆਡੀਟਰ ਅਮਨਦੀਪ ਸਿੰਘ, ਮੁੱਖ ਸਲਾਹਕਾਰ ਅਮਰਿੰਦਰ ਸਿੰਘ, ਜੁਆਇੰਟ ਸਕੱਤਰ ਵਿਸ਼ਾਲ ਤਿਆਲ, ਪ੍ਰਬਧਕੀ ਸਕੱਤਰ ਬਲਵਿੰਦਰ ਸਿੰਘ, ਪ੍ਰੋਪੇਗੰਡਾ ਸਕੱਤਰ ਮਲਕੀਤ ਸਿੰਘ ਤੋ ਇਲਵਾ ਸੰਜੇ ਗੁਪਤਾ ਸੁਪਰਡੈਂਟ ਅਤੇ ਗੁਰਪ੍ਰੀਤ ਸਿੰਘ ਸੀਨੀਅਰ ਸਹਾਇਕ ਵੀ ਹਾਜ਼ਰ ਸਨ।



# ਗੋਰਾਇਆ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਅੱਡਾ ਸਰਾਂ (ਜਸਵੀਰ ਕਾਜਲ)**- ਧੰਨ ਧੰਨ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਪਿੰਡ ਗੋਰਾਇਆ ਦੀ ਸਮੂਹ ਸਾਧ ਸੰਗਤ, ਐਨ ਆਰ ਆਈ ਸੰਗਤ, ਗੁਰਨਾਮ ਸਿੰਘ ਦੇ ਪਰਿਵਾਰ ਵੱਲੋਂ ਸਰਬੱਤ ਦੇ ਭਲੇ ਲਈ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਇਸ ਮੌਕੇ ਦਲਵੀਰ ਸਿੰਘ ਬੀਨੂੰ, ਸਾਬਕਾ ਸਰਪੰਚ ਜਗਜੀਤ ਸਿੰਘ, ਰਾਜਵਿੰਦਰ ਕੌਰ, ਸੁਖਦੇਵ ਸਿੰਘ ਪ੍ਰਧਾਨ, ਮਹੀਪ ਕੁਮਾਰ , ਅਮਰਜੀਤ ਸਿੰਘ ਸਾਬਕਾ ਪੰਚ, ਦਲਜੀਤ ਸਿੰਘ ਲਾਡੀ, ਮੋਹਿਤ, ਰੀਨਾ ਕੁਮਾਰੀ, ਵਿਹਾਨ, ਤਮੰਨਾ, ਰਾਘਵ, ਪਰਮਿੰਦਰ ਕੌਰ, ਕਮਲੇਸ਼ ਕੌਰ, ਚਰਨਜੀਤ ਕੌਰ, ਨਿਰਮਲ ਕੌਰ, ਪੈਨੀਅਲ ਆਦਿ ਹਾਜ਼ਰ ਸਨ।

# ਗੁਰੂਆਂ ਤੇ ਰਹਿਬਰਾਂ ਦਾ ਏਕਤਾ ਦਾ ਸੁਨੇਹਾ ਘਰ-ਘਰ ਪਹੁੰਚਾਇਆ ਜਾਵੇਗਾ : ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਵਲੋਂ ਸ੍ਰੀ ਗੁਰੂ ਰਵਿਦਾਸ ਚਰਨਛੋਹ ਇਤਿਹਾਸਕ ਧਰਮ ਅਸਥਾਨ ਬੇਗਮਪੁਰਾ ਵਿਖੇ ਹੋਏ ਆਦਿ ਧਰਮ ਮੰਡਲ ਦੇ ਸ਼ਤਾਬਦੀ ਸਮਾਗਮਾਂ ਦੀ ਸਫਲਤਾ ਲਈ ਦੇਸ਼ ਵਿਦੇਸ਼ ਦੀਆਂ ਲੱਖਾਂ ਸੰਗਤਾਂ ਨੂੰ ਮੁਬਾਰਕਬਾਦ ਦਿੰਦਿਆਂ ਅਤੇ ਧੰਨਵਾਦ ਕਰਦਿਆਂ ਕਿਹਾ ਕਿ ਭਾਰਤ ਦੇ ਕਰੋੜਾਂ ਅਨੁਸੂਚਿਤ ਅਤੇ ਪੱਛੜੇ ਵਰਗਾਂ ਦੇ ਧਾਰਮਿਕ, ਸਮਾਜਿਕ, ਸੰਵਿਧਾਨਕ ਹੱਕਾਂ ਦੀ ਰਾਖੀ ਲਈ ਆਦਿ ਧਰਮ ਮਿਸ਼ਨ ਹਮੇਸ਼ਾਂ ਸੰਘਰਸ਼ਸ਼ੀਲ ਰਿਹਾ ਅਤੇ ਭਵਿੱਖ ਵਿੱਚ ਵੀ ਰਹੇਗਾ। ਉਨਾਂ ਕਿਹਾ ਆਦਿ ਧਰਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ, ਬਾਬੂ ਕਾਂਸ਼ੀ ਰਾਮ, ਬਾਬਾ ਬੰਤਾ ਰਾਮ ਘੇੜਾ ਦੇ ਕੌਮ ਅੰਦਰ ਏਕਤਾ, ਬਰਾਬਰਤਾ ਤੇ ਭਾਈਚਾਰੇ ਦੇ ਸੁਨੇਹੇ ਨੂੰ ਆਦਿ ਧਰਮ ਮਿਸ਼ਨ ਦੇ ਮੰਚ ਤੋਂ ਘਰ ਘਰ ਤੱਕ ਪਹੁੰਚਾਇਆ ਜਾਵੇਗਾ। ਸੰਤ ਸਤਵਿੰਦਰ ਹੀਰਾ ਨੇ ਕਿਹਾ ਬਹੁਤ ਸਾਰੇ ਆਦਿ ਧਰਮ ਮਿਸ਼ਨ ਵਿਰੋਧੀ ਲੋਕ ਮਿਸ਼ਨ ਨੂੰ ਢਾਹ ਲਾਉਣ ਲਈ ਸ਼ਾਜਿਸ਼ਾਂ ਰਚ ਰਹੇ ਹਨ ਪਰ ਇਹ ਮਿਸ਼ਨ ਗੁਰੂਆਂ ਰਹਿਬਰਾਂ ਵਲੋਂ ਆਰਥਿਕ, ਸਮਾਜਿਕ, ਧਾਰਮਿਕ ਤੇ ਰਾਜਨੀਤਕ ਪਰਿਵਰਤਨ ਦਾ ਅੰਦੋਲਨ ਹੈ ਜੋ ਰੁਕੇਗਾ ਨਹੀਂ ਬਲਕਿ ਵੱਡਾ ਪਰਿਵਰਤਨ ਲਿਆ ਕੇ ਆਪਣੀ ਮੰਜ਼ਿਲ ਤੇ ਪਹੁੰਚੇਗਾ। ਸੰਤ ਹੀਰਾ ਨੇ ਪੱਤਰਕਾਰਾਂ ਦੇ ਸਵਾਲਾਂ ਦੇ ਜਬਾਬ ਦਿੰਦਿਆਂ ਕਿਹਾ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਸ੍ਰੀ ਖੁਰਾਲਗੜ੍ਹ ਸਾਹਿਬ 'ਚ ਸਿਹਤ, ਸਿੱਖਿਆ ਅਤੇ ਖੇਡਾਂ ਦੇ ਵੱਡੇ ਪ੍ਰੋਜੈਕਟ ਉਸਾਰੀ ਲਈ ਪਹਿਲਕਦਮੀ ਕਰੇਗਾ ਅਤੇ ਸੱਭਿਆਚਾਰ ਪੱਖੋਂ ਵਿਕਸਤ ਤੇ ਖੁਸ਼ਹਾਲ ਮਾਡਲ ਵਜੋਂ ਪੇਸ਼ ਕਰੇਗਾ।ਸੰਤ ਹੀਰਾ ਨੇ ਕਿਹਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਅਤੇ ਉਨਾਂ ਦੀ ਪਰਮਸ਼ਿਸ਼ ਮੀਰਾਂ ਬਾਈ ਦੇ ਸੁੰਦਰ ਅਲੌਕਿਕ ਮੰਦਿਰ ਉਸਾਰੀ ਲਈ ਦੇਸ਼ ਵਿਦੇਸ਼ ਦੀਆਂ ਸੰਗਤਾਂ ਨਾਲ ਵਿਚਾਰ ਚਰਚਾ ਤੋਂ ਬਾਅਦ ਸੇਵਾ ਮੁਕਤ ਅਫਸਰ ਸਹਿਬਾਨ, ਬੁੱਧੀਜੀਵੀਆਂ ਦੀ ਇਕ ਪ੍ਰਬੰਧਕ ਕਮੇਟੀ ਦੀ ਚੋਣ ਕੀਤੀ ਜਾਵੇਗੀ ਜੋ ਆਦਿ ਧਰਮੀ ਕੌਮ ਦੇ ਮਹਾਨ ਅਸਥਾਨਾਂ ਦੀ ਨਵ ਉਸਾਰੀ ਤੇ ਪ੍ਰਬੰਧ ਪਾਰਦਰਸ਼ੀ ਢੰਗ ਨਾਲ ਚਲਾਕੇ ਆਦਿ ਧਰਮ ਲਈ ਵੱਡਾ ਸੰਘਰਸ਼ ਆਰੰਭ ਕਰਨਗੇ ।



# ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਨੂੰ ਸਮਰਪਤ ਸਮਾਗਮ ਭਲਕੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਅਕਾਲੀ ਦਲ (ਅ) ਵੱਲੋਂ ਮਹਾਰਾਜਾ ਰਣਜੀਤ ਸਿੰਘ ਦੀ 188ਵੀਂ ਬਰਸੀ ਨੂੰ ਸਮਰਪਿਤ ਸਮਾਗਮ ਮਿਤੀ 27 ਜੂਨ ਨੂੰ ਚੌਂਕੀ ਸਰਕਾਰੇ ਖਾਲਸਾ ਰੋਪੜ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜਥੇਦਾਰ ਰਣਜੀਤ ਸਿੰਘ ਸੰਤੋਖਗੜ੍ਹ ਜ਼ਿਲ੍ਹਾ ਪ੍ਰਧਾਨ ਰੋਪੜ ਤੇ ਹਰਜੀਤ ਸਿੰਘ ਢੋਲਣ ਮਾਜਰਾ ਸੀਨੀਅਰ ਮੀਤ ਪ੍ਰਧਾਨ ਨੇ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਸਮਾਗਮ ਵਿੱਚ ਸ਼ਹੀਦ ਬੇਅੰਤ ਸਿੰਘ ਦੇ ਭਤੀਜੇ ਪਰਮਿੰਦਰ ਸਿੰਘ ਮਲੋਆ ਹਲਕਾ ਇੰਚਾਰਜ ਸ੍ਰੀ ਚਮਕੌਰ ਸਾਹਿਬ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਨਗੇ। ਇਸ ਮੌਕੇ 27 ਜੂਨ ਸਵੇਰੇ 10 ਵਜੇ ਸਥਾਨ ਚੌਂਕੀ ਸਰਕਾਰੇ ਖਾਲਸਾ ਵਿਖੇ ਅਰਦਾਸ ਕੀਤੀ ਜਾਵੇਗੀ । ਉਪਰੰਤ 11 ਤੋਂ 1 ਵਜੇ ਤੱਕ ਗੁਰਦੁਆਰਾ ਸ੍ਰੀ ਟਿਬੀ ਸਾਹਿਬ ਰੋਪੜ ਵਿਖੇ ਢਾਡੀ ਦਰਬਾਰ ਸਜਾਇਆ ਜਾਵੇਗਾ। ਇਸ ਸਮਾਗਮ ਵਿੱਚ ਇਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਹਰਜੀਤ ਸਿੰਘ ਚਤਾਮਲਾ ਪ੍ਰਧਾਨ ਯੂਥ ਵਿੰਗ ਜ਼ਿਲ੍ਹਾ ਰੋਪੜ, ਇੰਦਰਜੀਤ ਸਿੰਘ ਖਾਲਸਾ, ਕੁਸ਼ਲਪਾਲ ਸਿੰਘ ਮਾਨ ਕੌਮੀ ਜਨਰਲ ਸਕੱਤਰ ਤੋਂ ਇਲਾਵਾ ਪਾਰਟੀ ਦੀ ਹਾਈ ਕਮਾਂਡ ਅਤੇ ਹੋਰ ਪੰਥਕ ਸ਼ਖਸ਼ੀਅਤਾਂ ਹਾਜ਼ਰੀ ਭਰਨਗੀਆਂ।

# ਵਧੀਕ ਡਿਪਟੀ ਕਮਿਸ਼ਨਰ ਨੇ ਪਲਸ ਪੋਲੀਓ ਮੁਹਿੰਮ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ ਨੇ 28 ਜੂਨ ਤੋਂ ਸ਼ੁਰੂ ਹੋਣ ਵਾਲੀ ਤਿੰਨ ਦਿਨਾ ਇਮਿਊਨਾਈਜ਼ੇਸ਼ਨ ਪਲਸ ਪੋਲੀਓ ਮੁਹਿੰਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਮੁਹਿੰਮ ਅਧੀਨ ਹਰੇਕ ਬੱਚੇ ਨੂੰ ਕਵਰ ਕਰਨ ਲਈ ਠੋਸ ਉਪਰਾਲੇ ਕੀਤੇ ਜਾਣ ਤਾਂ ਜੋ ਕੋਈ ਵੀ ਬੱਚਾ ਪੋਲੀਓ ਰੋਧਕ ਬੂੰਦਾਂ ਪੀਣ ਤੋਂ ਵਾਂਝਾ ਨਾ ਰਹੇ।ਇਸ ਸਬੰਧੀ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਵਲ ਸਰਜਨ ਡਾ. ਰਾਜੇਸ਼ ਗਰਗ ਸਮੇਤ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਸਿਹਤ ਸਟਾਫ਼ ਨੂੰ ਪੂਰੀ ਤਨਦੇਹੀ ਨਾਲ ਕੰਮ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਜਨਮ ਤੋਂ ਲੈ ਕੇ 5 ਸਾਲ ਦੀ ਉਮਰ ਤੱਕ ਦਾ ਕੋਈ ਵੀ ਬੱਚਾ ਪੋਲੀਓ ਦੀ ਖੁਰਾਕ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਲੋਕ 28 ਜੂਨ ਨੂੰ ਆਪਣੇ ਨੇੜੇ ਦੇ ਬੂਥ 'ਤੇ ਜਾ ਕੇ 5 ਸਾਲ ਤੱਕ ਦੀ ਉਮਰ ਦੇ ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾਂ ਪਿਲਾ ਸਕਦੇ ਹਨ।

ਜੇਕਰ ਕਿਸੇ ਕਾਰਨ ਕੋਈ ਬੱਚਾ ਪੋਲੀਓ ਬੂੰਦਾਂ ਪੀਣ ਤੋਂ ਵਾਂਝਾ ਰਹਿ ਜਾਂਦਾ ਹੈ ਤਾਂ ਉਨ੍ਹਾਂ ਨੂੰ 29 ਅਤੇ 30 ਜੂਨ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਘਰ-ਘਰ ਜਾ ਕੇ ਪੋਲੀਓ ਬੂੰਦਾ ਪਿਲਾਈਆਂ ਜਾਣਗੀਆਂ।






## ਜਨਮ ਦਿਨ ਮੁਬਾਰਕ



ਪ੍ਰਭਿੰਦਰ ਪ੍ਰਤਾਪ ਸਿੰਘ ਚਾਹਲ



ਗੁਰਨੂਰ ਕੌਰ ਆਦਮਪੁਰ